ਸ਼ਨੀਵਾਰ, 24 ਜਨਵਰੀ, 2026
11 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 235

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 24 JANUARY, 2026 ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਬਸੰਤ ਪੰਚਮੀ ’ਤੇ ਮੌਸਮ ਖੁਸ਼ਗਵਾਰ



**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਵਿਚ ਅੱਧੀ ਰਾਤ ਤੋਂ ਤੇਜ਼ ਹਵਾਵਾਂ ਦੇ ਨਾਲ ਕਿਤੇ ਭਾਰੀ ਤੇ ਕਿਤੇ ਹਲਕਾ ਮੀਂਹ ਪਿਆ। ਮੀਂਹ ਕਾਰਨ ਕਈ ਥਾਵਾਂ ’ਤੇ ਦਰੱਖਤ ਡਿੱਗਣ ਕਾਰਨ ਆਵਾਜਾਈ ਵਿੱਚ ਵਿਘਨ ਪਿਆ ਤੇ ਖੰਭੇ ਡਿੱਗਣ ਕਾਰਨ ਬਿਜਲੀ ਸੇਵਾਵਾਂ ਪ੍ਰਭਾਵਿਤ ਹੋਈਆਂ। ਚੰਡੀਗੜ੍ਹ ਵਿਚ ਕਈ ਥਾਈਂ ਰੁੱਖ ਜੜ੍ਹੋਂ ਉੱਖੜ ਗਏ, ਜਿਸ ਨਾਲ ਕਈ ਵਾਹਨਾਂ ਨੂੰ ਨੁਕਸਾਨ ਪੁੱਜਾ ਤੇ ਆਵਾਜਾਈ ਵਿਚ ਵੀ ਅੜਿੱਕਾ ਪਿਆ। ਕਈ ਥਾਈਂ ਬਿਜਲੀ ਦੇ ਖੰਭੇ ਨੁਕਸਾਨੇ ਜਾਣ ਦੀਆਂ ਵੀ ਰਿਪੋਰਟਾਂ ਹਨ, ਜਿਸ ਨਾਲ ਬਿਜਲੀ ਸਪਲਾਈ ਪ੍ਰਭਾਵਿਤ ਹੋਈ। ਸ਼ੁੱਕਰਵਾਰ ਸਵੇਰੇ ਸ਼ਹਿਰ ਵਿੱਚ ਮੀਂਹ ਨਾਲ ਤੇਜ਼ ਰਫ਼ਤਾਰ ਹਵਾਵਾਂ ਕਾਰਨ ਸੈਕਟਰ 29 ਡੀ ਵਿੱਚ ਇੱਕ ਵੱਡਾ ਦਰੱਖਤ ਡਿੱਗਣ ਨਾਲ ਦੋ ਕਾਰਾਂ ਨੂੰ ਨੁਕਸਾਨ ਪਹੁੰਚਿਆ ਅਤੇ ਘੱਟੋ-ਘੱਟ 10 ਬਿਜਲੀ ਦੇ ਖੰਭੇ ਉੱਖੜ ਗਏ। ਇਸ ਦੌਰਾਨ ਇੱਕ ਪੁਲਸ ਟੀਮ ਮੌਕੇ ’ਤੇ ਪਹੁੰਚੀ, ਜਿਸ ਤੋਂ ਬਾਅਦ ਐੱਮ ਸੀ ਸਟਾਫ ਨੇ ਸੜਕ ਸਾਫ਼ ਕਰਨ ਲਈ ਡਿੱਗੇ ਹੋਏ ਦਰੱਖਤ ਨੂੰ ਕੱਟਿਆ। ਇਸ ਮੀਂਹ ਨਾਲ ਪੰਜਾਬ ਵਿੱਚ ਲਗਾਤਾਰ ਪੈ ਰਹੀ ਖ਼ੁਸ਼ਕੀ ਚੁੱਕੀ ਜਾਵੇਗੀ ਅਤੇ ਸੁੱਕੀ ਠੰਢ ਨਾਲ ਲੱਗਦੀਆਂ ਬਿਮਾਰੀਆਂ ਤੋਂ ਬਚਾਅ ਹੋਵੇਗਾ। ਇਹ ਮੀਂਹ ਕਣਕ ਦੀ ਫਸਲ ਲਈ ਵੀ ਚੰਗਾ ਹੈ। ਉਂਝ ਇਸ ਮੀਂਹ ਨਾਲ ਇੱਕ ਵਾਰ ਫਿਰ ਠੰਢ ਵਧਣ ਦੇ ਆਸਾਰ ਹਨ। ਤਿੰਨ ਮਹੀਨਿਆਂ ਦੀ ਖ਼ੁਸ਼ਕ ਠੰਢ ਮਗਰੋਂ ਸ਼ਿਮਲਾ ਤੇ ਸ੍ਰੀਨਗਰ ਵਿੱਚ ਸ਼ੁੱਕਰਵਾਰ ਨੂੰ ਸੀਜ਼ਨ ਦੀ ਪਹਿਲੀ ਬਰਫ਼ਬਾਰੀ ਹੋਈ। ਹਿਮਾਚਲ ਪ੍ਰਦੇਸ਼ ਦੇ ਉੱਚੇ ਇਲਾਕਿਆਂ ਵਿੱਚ ਵੀ ਬਰਫ਼ਬਾਰੀ ਹੋ ਰਹੀ ਹੈ, ਜਿਸ ਵਿੱਚ ਰਾਜ ਦਾ ਇੱਕ ਹੋਰ ਪ੍ਰਸਿੱਧ ਸੈਲਾਨੀ ਸਥਾਨ ਮਨਾਲੀ ਵੀ ਸ਼ਾਮਲ ਹੈ। ਸਥਾਨਕ ਮੌਸਮ ਕੇਂਦਰ ਨੇ ਭਾਰੀ ਬਰਫ਼ਬਾਰੀ ਅਤੇ ਮੀਂਹ ਦੀ ਭਵਿੱਖਬਾਣੀ ਕੀਤੀ ਹੈ। ਸ਼ਿਮਲਾ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਮੌਸਮ ਸਾਫ਼ ਹੋਣ ਤੱਕ ਗੱਡੀ ਨਾ ਚਲਾਉਣ ਦੀ ਸਲਾਹ ਦਿੱਤੀ ਹੈ। ਪ੍ਰਸ਼ਾਸਨ ਨੇ ਕਿਹਾ ਕਿ ਚੌਪਾਲ ਸਮੇਤ ਜ਼ਿਲ੍ਹੇ ਦੇ ਉੱਚੇ ਇਲਾਕਿਆਂ ਵਿੱਚ ਵੀ ਬਰਫ਼ਬਾਰੀ ਹੋ ਰਹੀ ਹੈ, ਜਿਸ ਕਾਰਨ ਚੌਪਾਲ-ਦੇਹਾ ਸੜਕ ਬੰਦ ਹੋ ਗਈ ਹੈ। ਪਹਾੜਾਂ ਦੀ ਰਾਣੀ ਸ਼ਿਮਲਾ ਵਿਚ ਬਰਫ਼ਬਾਰੀ ਨਾਲ ਰਾਜਧਾਨੀ ਸ਼ਿਮਲਾ ਤੇ ਨੇੜਲੇ ਇਲਾਕਿਆਂ ਵਿਚ ਤਾਪਮਾਨ ਕਈ ਦਰਜੇ ਹੇਠਾਂ ਡਿੱਗ ਗਿਆ ਹੈ। ਸੱਜਰੀ ਬਰਫ਼ਬਾਰੀ ਨੇ ਸ਼ਹਿਰ ਅਤੇ ਆਲੇ-ਦੁਆਲੇ ਦੇ ਇਲਾਕਿਆਂ ਨੂੰ ਚਿੱਟੇ ਰੰਗ ਦੀ ਚਾਦਰ ਵਿੱਚ ਢੱਕ ਲਿਆ, ਜਿਸ ਨਾਲ ਪਹਾੜੀ ਸ਼ਹਿਰ ਵਿੱਚ ਤਾਪਮਾਨ ਵਿੱਚ ਭਾਰੀ ਗਿਰਾਵਟ ਆਈ। ਮਾਲ ਰੋਡ ਅਤੇ ਰਿਜ ਸਮੇਤ ਪ੍ਰਸਿੱਧ ਥਾਵਾਂ ’ਤੇ ਤਾਜ਼ਾ ਬਰਫ਼ਬਾਰੀ ਹੋਈ, ਜਦੋਂ ਕਿ ਸਾਵਧਾਨੀ ਵਜੋਂ ਕੁਝ ਰੂਟਾਂ ’ਤੇ ਵਾਹਨਾਂ ਦੀ ਆਵਾਜਾਈ ਹੌਲੀ ਹੋ ਗਈ।

ਇਸ ਬਰਫ਼ਬਾਰੀ ਦਾ ਸੈਲਾਨੀਆਂ ਨੇ ਰਿੱਜ ’ਤੇ ਖ਼ੂਬ ਆਨੰਦ ਮਾਣਿਆ। ਮੌਸਮ ਵਿਭਾਗ ਨੇ 24 ਜਨਵਰੀ ਨੂੰ ਹਿਮਾਚਲ ਦੇ ਦਰਮਿਆਨੇ ਇਲਾਕਿਆਂ ਤੇ ਉੱਚੀਆਂ ਪਹਾੜੀਆਂ ’ਤੇ ਬਰਫ਼ਬਾਰੀ ਅਤੇ ਮੀਂਹ, 25 ਜਨਵਰੀ ਨੂੰ ਰਾਜ ਭਰ ਵਿੱਚ ਖ਼ੁਸ਼ਕ ਮੌਸਮ ਅਤੇ 26 ਜਨਵਰੀ ਤੋਂ 28 ਜਨਵਰੀ ਤੱਕ ਭਾਰੀ ਬਰਫ਼ਬਾਰੀ ਅਤੇ ਮੀਂਹ ਦੀ ਭਵਿੱਖਬਾਣੀ ਕੀਤੀ ਹੈ।

## ਸਿਆਣੀ ਗਊ



**ਨਵੀਂ ਦਿੱਲੀ** : ਅਸੀਂ ਅਕਸਰ ਸੋਚਦੇ ਹਾਂ ਕਿ ਗਊਆਂ ਸਿਰਫ ਚਰਦੀਆਂ ਤੇ ਦੁੱਧ ਦਿੰਦੀਆਂ ਹਨ ਤੇ ਬਹੁਤੀ ਸੋਚ-ਵਿਚਾਰ ਨਹੀਂ ਕਰਦੀਆਂ, ਪਰ ਆਸਟਰੀਆ ਦੀ ਗਊ ਵੈਰੋਨਿਕਾ ਨੇ ਇਸ ਧਾਰਨਾ ਨੂੰ ਵੰਗਾਰਿਆ ਹੈ। ਉਸਨੇ ਕੁਝ ਅਜਿਹਾ ਕੀਤਾ ਹੈ, ਜੋ ਹੁਣ ਤਕ ਸਿਰਫ ਚਿੰਪੈਂਜ਼ੀ ਵਰਗੀਆਂ ਬੁੱਧੀਮਾਨ ਨਸਲਾਂ ਵਿੱਚ ਹੀ ਦੇਖਿਆ ਗਿਆ ਹੈ। ਉਸਨੇ ਬੁਰੱਸ਼ ਨਾਲ ਆਪਣੀ ਪਿੱਠ ਖੁਜਿਆ ਕੇ ਹੈਰਾਨ ਕੀਤਾ ਹੈ।

ਵੈਰੋਨਿਕਾ ਸਵਿਸ ਬ੍ਰਾਊਨ ਨਸਲ ਦੀ ਗਊ ਹੈ, ਜਿਹੜੀ 13 ਸਾਲ ਦੀ ਹੋ ਚੁੱਕੀ ਹੈ। ਆਸਟਰੀਆ ਦੇ ਨਿੱਕੇ ਜਿਹੇ ਸ਼ਹਿਰ ਨੌਂਚ ਇਮ ਗਾਈਲਤਾਲ ਵਿੱਚ ਇਹ ਗਊ ਪਾਲ ਰਹੇ ਕਿਸਾਨ ਵਿਟਗਰ ਵਿਗੇਲੇ ਨੇ ਦੱਸਿਆ ਕਿ ਕਈ ਸਾਲ ਪਹਿਲਾਂ ਵੈਰੋਨਿਕਾ ਨੂੰ ਕੀੜੇ ਦੇ ਕੱਟਣ ਕਾਰਨ ਖੁਜਲੀ ਹੋਈ ਸੀ, ਜਿਸਨੂੰ ਦੂਰ ਕਰਨ ਲਈ ਉਹ ਟਹਿਣੀਆਂ ਚੁੱਕ ਕੇ ਖੁਦ ਖੁਜਲਾਉਣ ਲੱਗੀ ਸੀ। ਹੌਲੀ-ਹੌਲੀ ਉਸਨੇ ਇਹ ਕਲਾ ਸਿੱਖ ਲਈ ਤੇ ਹੁਣ ਉਹ ਬੁਰੱਸ਼ ਦਾ ਇਸਤੇਮਾਲ ਕਰਦੀ ਹੈ।

ਵੈਰੋਨਿਕਾ ਖੁੱਲ੍ਹੀ ਥਾਂ ਘੁੰਮਦੀ ਤੇ ਲੋਕਾਂ ਨਾਲ ਜੁੜਦੀ ਹੈ। ਕਾਰਾਂ ਨੂੰ ਦੇਖ ਕੇ ਆਵਾਜ਼ ਲਾਉਂਦੀ ਹੈ, ਕਿਉਂਕਿ ਉਸਨੂੰ ਲੱਗਦਾ ਹੈ ਕਿ ਵਿਗੇਲੇ ਉਸ ਕਾਰ ਵਿੱਚ ਆ ਰਿਹਾ ਹੈ। ਵਿਗਿਆਨੀਆਂ ਦਾ ਕਹਿਣਾ ਹੈ ਕਿ ਇਸ ਮਾਹੌਲ ਵਿੱਚ ਵੈਰੋਨਿਕਾ ਨੂੰ ਖੇਡਣ, ਖੋਜਣ ਤੇ ਚੀਜ਼ਾਂ ਨਾਲ ‘ਗੱਲਾਂ’ ਕਰਨ ਦੀ ਆਜ਼ਾਦੀ ਹੈ। ਸ਼ਾਇਦ ਇਸੇ ਕਰਕੇ ਉਸ ਵਿੱਚ ਅਜਿਹਾ ਵਿਹਾਰ ਦੇਖਣ ਨੂੰ ਮਿਲ ਰਿਹਾ ਹੈ। ਵੈਰੋਨਿਕਾ ਬੁਰੱਸ਼ ਨੂੰ ਦੋ ਤਰ੍ਹਾਂ ਇਸਤੇਮਾਲ ਕਰਦੀ ਹੈ। ਵਾਲਾਂ ਵਾਲੇ ਹਿੱਸੇ ਨਾਲ ਪਿੱਠ ਰਗੜਦੀ ਹੈ, ਕਿਉਂਕਿ ਉੱਥੇ ਮੋਟੀ ਚਮੜੀ ਹੁੰਦੀ ਹੈ, ਜਦਕਿ ਦੂਜੇ ਪਾਸੇ ਦੇ ਪੱਧਰਲੇ ਹਿੱਸੇ ਨਾਲ ਸਰੀਰ ਦੇ ਹੇਠਲੇ ਹਿੱਸੇ ਨੂੰ ਖੁਜਲਾਉਂਦੀ ਹੈ। ਵੈਰੋਨਿਕਾ ਦੀ ਕਹਾਣੀ ਦੱਸਦੀ ਹੈ ਕਿ ਬੁੱਧੀ ਹਰ ਨਸਲ ਵਿੱਚ ਵੱਖ-ਵੱਖ ਰੂਪ ’ਚ ਹੋ ਸਕਦੀ ਹੈ। ਉਸਨੂੰ ਦੇਖਣ ਤੇ ਸਮਝਣ ਦੀ ਲੋੜ ਹੈ। ਜੇ ਅਸੀਂ ਪਸ਼ੂਆਂ ਨੂੰ ਆਜ਼ਾਦੀ ਦੇਈਏ ਤਾਂ ਹੋਰ ਵੀ ਹੈਰਾਨਕੁੰਨ ਨਤੀਜੇ ਸਾਹਮਣੇ ਆ ਸਕਦੇ ਹਨ।

## ਦਾਦੀ ਮੈਂ ਹੁਣੇ ਆਇਆ...

**ਨਾਭਾ (ਵਰਿੰਦਰ ਵਰਮਾ)**



ਕਰਤਾਰਪੁਰ ਮੁਹੱਲੇ ਦਾ 18 ਸਾਲਾ ਭਵਿਸ਼ ਸ਼ੁੱਕਰਵਾਰ ਘਰੋਂ ਇਹ ਕਹਿ ਕੇ ਬਾਹਰ ਨਿਕਲਿਆ ਸੀ ਕਿ ‘ਦਾਦੀ ਮੈਂ ਹੁਣੇ ਆਇਆ ਮੌਸਮ ਦੇਖ ਕੇ’, ਪਰ ਉਹ ਪਰਤਿਆ ਨਹੀਂ, ਕਿਉਂਕਿ ਖੰਭੇ ਵਿੱਚ ਆਏ ਕਰੰਟ ਨੇ ਉਸਦੀ ਜਾਨ ਲੈ ਲਈ। ਭਵਿਸ਼ ਮੀਂਹ ਤੋਂ ਬਾਅਦ ਮੌਸਮ ਸਾਫ ਹੋਣ ’ਤੇ ਘਰੋਂ ਨਿਕਲਿਆ ਸੀ। ਮੁਹੱਲੇ ਵਿੱਚ ਪਾਣੀ ਖੜ੍ਹਾ ਸੀ, ਜਿੱਥੇ ਇੱਕ ਟੈਲੀਫੋਨ ਦੇ ਖੰਭੇ ਨਾਲ ਹੱਥ ਲੱਗਣ ’ਤੇ ਉਸਨੂੰ ਜ਼ਬਰਦਸਤ ਕਰੰਟ ਲੱਗ ਗਿਆ। ਉਸ ਨੂੰ ਹਸਪਤਾਲ ਲਿਜਾਇਆ ਗਿਆ ਪਰ ਡਾਕਟਰਾਂ ਨੇ ਡੈੱਡ ਐਲਾਨ ਦਿੱਤਾ। ਭਵਿਸ਼ ਆਈ ਟੀ ਆਈ ਇਲੈਕਟ੍ਰੀਕਲ ਦਾ ਵਿਦਿਆਰਥੀ ਸੀ। ਪਰਵਾਰਕ ਮੈਂਬਰਾਂ ਨੇ ਕਿਹਾ ਕਿ ਖੜ੍ਹੇ ਪਾਣੀ ਕਾਰਨ ਕਰੰਟ ਨਾਲ ਮੁਹੱਲੇ ਵਿੱਚ ਪਹਿਲਾਂ ਵੀ ਮੌਤ ਹੋਈ ਸੀ, ਪਰ ਸਿਸਟਮ ਵਿੱਚ ਸੁਧਾਰ ਨਹੀਂ ਆਇਆ।

ਮੁਹੱਲਾ ਵਾਸੀਆਂ ਦਾ ਕਹਿਣਾ ਹੈ ਕਿ ਹੋਣਹਾਰ ਮੁੰਡੇ ਦੀ ਮੌਤ ਲਈ ਕਿਸਨੂੰ ਜ਼ਿੰਮੇਵਾਰ ਠਹਿਰਾਇਆ ਜਾਵੇਗਾ? ਨਗਰ ਕੌਂਸਲ ਨਾਭਾ, ਜਿਸਦੀ ਬਰਸਾਤੀ ਪਾਣੀ ਦੀ ਨਿਕਾਸੀ ਨੂੰ ਸਹੀ ਢੰਗ ਨਾਲ ਕੱਢਣਾ ਜ਼ਿੰਮੇਵਾਰੀ ਬਣਦੀ ਹੈ, ਦੂਸਰਾ ਬਿਜਲੀ ਵਿਭਾਗ, ਕਿਉਂਕਿ ਬਿਜਲੀ ਦੀਆਂ ਤਾਰਾਂ ਸਰੇਆਮ ਖੁੱਲ੍ਹੀਆਂ ਨਜ਼ਰ ਆ ਰਹੀਆਂ ਹਨ। ਸਾਬਕਾ ਖੇਤੀਬਾੜੀ ਮੰਤਰੀ ਕਾਕਾ ਰਣਦੀਪ ਸਿੰਘ ਨਾਭਾ ਦਾ ਘਰ ਵੀ ਸਾਹਮਣੇ ਹੈ।

## 4 ਸਕੂਲਾਂ ਨੂੰ ਧਮਕੀ

**ਗੁਰਦਾਸਪੁਰ** : ਪੰਜਾਬ ਉਲ ਖਾਲਿਸਤਾਨ ਨਾਂਅ ਦੇ ਇੱਕ ਸੰਗਠਨ ਵੱਲੋਂ ਗੁਰਦਾਸਪੁਰ ਦੇ ਚਾਰ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਜਿਨ੍ਹਾਂ ਸਕੂਲਾਂ ਨੂੰ ਈ ਮੇਲ ਰਾਹੀਂ ਇਹ ਧਮਕੀ ਮਿਲੀ, ਉਨ੍ਹਾਂ ਵਿੱਚ ਜੀਆ ਲਾਲ ਮਿੱਤਲ ਡੀ ਏ ਵੀ ਪਬਲਿਕ ਸਕੂਲ ਗੁਰਦਾਸਪੁਰ, ਟ੍ਰਿਨਿਟੀ ਪਬਲਿਕ ਸਕੂਲ ਗੁਰਦਾਸਪੁਰ, ਜਵਾਹਰ ਨਵੋਦਿਆ ਵਿਦਿਆਲੇ, ਦਬੂੜੀ ਤੇ ਗੁਰਦਾਸਪੁਰ ਪਬਲਿਕ ਸਕੂਲ ਸ਼ਾਮਲ ਹਨ। ਧਮਕੀ ਮਿਲਣ ਮਗਰੋਂ ਇਹਨਾਂ ਸਕੂਲਾਂ ਵਿੱਚ ਛੁੱਟੀ ਕਰ ਦਿੱਤੀ ਗਈ ਹੈ। ਈਮੇਲ ਵਿੱਚ ਲਿਖਿਆ ਗਿਆ ਕਿ ਸਕੂਲਾਂ ਵਿੱਚ ਦੁਪਹਿਰ 1: 11 ਮਿੰਟ ’ਤੇ ਬੰਬ ਧਮਾਕੇ ਕੀਤੇ ਜਾਣਗੇ, ਨਾਲ ਹੀ ਹਦਾਇਤ ਕੀਤੀ ਗਈ ਕਿ 26 ਜਨਵਰੀ ਦਾ ਸਮਾਗਮ ਕਿਸੇ ਵੀ ਸਕੂਲ ਵਿੱਚ ਤਿਰੰਗਾ ਫਹਿਰਾ ਕੇ ਨਾ ਮਨਾਇਆ ਜਾਵੇ, ਕਿਉਂਕਿ ਇਸ ਤਿਰੰਗੇ ਨੇ ਸਿੱਖਾਂ ਦੀ ਨਸਲਕੁਸ਼ੀ ਕੀਤੀ ਹੈ।

## ਸੋਨਾ 1.59 ਲੱਖ ਦੇ ਪਾਰ ਤੇ ਚਾਂਦੀ 3.40 ਲੱਖ ’ਤੇ ਪਹੁੰਚੀ

**ਨਵੀਂ ਦਿੱਲੀ** : ਅਮਰੀਕੀ ਡਾਲਰ ਦੀ ਕਮਜ਼ੋਰੀ ਅਤੇ ਫੈਡਰਲ ਰਿਜ਼ਰਵ ਵੱਲੋਂ ਵਿਆਜ ਦਰਾਂ ਵਿੱਚ ਕਟੌਤੀ ਦੀਆਂ ਉਮੀਦਾਂ ਦਰਮਿਆਨ ਸ਼ੁੱਕਰਵਾਰ ਨੂੰ ਭਾਰਤੀ ਵਾਅਦਾ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਨੇ ਆਪਣੇ ਹੁਣ ਤੱਕ ਦੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਮਲਟੀ ਕਮੋਡਿਟੀ ਐਕਸਚੇਂਜ ’ਤੇ ਚਾਂਦੀ ਦਾ ਮਾਰਚ ਕੰਟਰੈਕਟ 12,638 ਰੁਪਏ (ਲੱਗਭੱਗ 4 ਫੀਸਦੀ) ਦੇ ਵੱਡੀ ਛਾਲ ਨਾਲ 3,39,927 ਰੁਪਏ ਪ੍ਰਤੀ ਕਿਲੋਗ੍ਰਾਮ ਦੇ ਨਵੇਂ ਸਿਖਰ ’ਤੇ ਪਹੁੰਚ ਗਿਆ। ਇਸੇ ਤਰ੍ਹਾਂ ਸੋਨੇ ਦੀਆਂ ਕੀਮਤਾਂ ਵਿੱਚ ਵੀ ਲਗਾਤਾਰ ਪੰਜਵੇਂ ਦਿਨ ਤੇਜ਼ੀ ਜਾਰੀ ਰਹੀ ਅਤੇ ਫਰਵਰੀ ਡਿਲੀਵਰੀ ਵਾਲਾ ਸੋਨਾ 2,885 ਰੁਪਏ ਵਧ ਕੇ 1,59,226 ਰੁਪਏ ਪ੍ਰਤੀ 10 ਗ੍ਰਾਮ ’ਤੇ ਜਾ ਪਹੁੰਚਿਆ। ਬਾਜ਼ਾਰ ਮਾਹਿਰਾਂ ਅਨੁਸਾਰ ਭੂ-ਰਾਜਨੀਤਿਕ ਤਣਾਅ ਅਤੇ ਆਰਥਿਕ ਅਨਿਸ਼ਚਿਤਤਾ ਕਾਰਨ ਨਿਵੇਸ਼ਕਾਂ ਦਾ ਰੁਝਾਨ ਸੁਰੱਖਿਅਤ ਨਿਵੇਸ਼ ਵੱਲ ਵਧਿਆ ਹੈ, ਜਿਸ ਨੇ ਕੀਮਤਾਂ ਨੂੰ ਇਹ ਵੱਡਾ ਹੁਲਾਰਾ ਦਿੱਤਾ ਹੈ। ਕੌਮੀ ਬਾਜ਼ਾਰਾਂ ਵਿੱਚ ਵੀ ਸਥਿਤੀ ਅਜਿਹੀ ਹੀ ਰਹੀ, ਜਿੱਥੇ ਚਾਂਦੀ ਪਹਿਲੀ ਵਾਰ 99 ਡਾਲਰ ਪ੍ਰਤੀ ਔਂਸ ਦੇ ਅੰਕੜੇ ਨੂੰ ਪਾਰ ਕਰ ਗਈ ਅਤੇ ਸੋਨਾ 5,000 ਡਾਲਰ ਦੇ ਇਤਿਹਾਸਕ ਪੱਧਰ ਦੇ ਬਿਲਕੁਲ ਕਰੀਬ ਪਹੁੰਚ ਗਿਆ। ਕੌਮਾਂਤਰੀ ਪੱਧਰ ’ਤੇ ਸੋਨੇ ਦੀ ਕੀਮਤ 4,970 ਡਾਲਰ ਪ੍ਰਤੀ ਔਂਸ ਦਰਜ ਕੀਤੀ ਗਈ।

## ਜਪਾਨ ਦੀ ਸੰਸਦ ਭੰਗ, ਚੋਣਾਂ 8 ਫਰਵਰੀ ਨੂੰ



**ਟੋਕੀਓ** : ਜਾਪਾਨ ਦੀ ਪ੍ਰਧਾਨ ਮੰਤਰੀ ਸਾਨਾਈ ਤਾਕਾਇਚੀ ਨੇ ਸ਼ੁੱਕਰਵਾਰ ਨੂੰ ਸੰਸਦ ਦੇ ਹੇਠਲੇ ਸਦਨ ਨੂੰ ਭੰਗ ਕਰ ਦਿੱਤਾ, ਜਿਸ ਨਾਲ 8 ਫਰਵਰੀ ਨੂੰ ਚੋਣਾਂ ਲਈ ਰਾਹ ਪੱਧਰਾ ਹੋ ਗਿਆ। ਤਾਕਾਇਚੀ ਦੀ ਇਹ ਪੇਸ਼ਕਦਮੀ ਆਪਣੀ ਹਰਮਨਪਿਆਰਤਾ ਦਾ ਲਾਹਾ ਲੈ ਕੇ ਸੱਤਾਧਾਰੀ ਪਾਰਟੀ ਨੂੰ ਹਾਲੀਆ ਸਾਲਾਂ ਦੌਰਾਨ ਹੋਏ ਵੱਡੇ ਨੁਕਸਾਨ ਤੋਂ ਬਾਅਦ ਮੁੜ ਤੋਂ ਮਜ਼ਬੂਤ ਬਣਾਉਣ ਦੀ ਕੋਸ਼ਿਸ਼ ਹੈ। ਹਾਲਾਂਕਿ ਇਸ ਫੈਸਲੇ ਨਾਲ ਉਸ ਬਜਟ ’ਤੇ ਵੋਟਿੰਗ ਵਿਚ ਦੇਰੀ ਹੋਵੇਗੀ, ਜਿਸ ਦਾ ਮਕਸਦ ਸੰਘਰਸ਼ਸ਼ੀਲ ਅਰਥਚਾਰੇ ਨੂੰ ਹੁਲਾਰਾ ਦੇਣਾ ਅਤੇ ਵਧਦੀਆਂ ਕੀਮਤਾਂ ਨੂੰ ਕਾਬੂ ਹੇਠ ਲਿਆਉਣਾ ਹੈ। ਅਕਤੂਬਰ ਵਿੱਚ ਜਾਪਾਨ ਦੀ ਪਹਿਲੀ ਮਹਿਲਾ ਪ੍ਰਧਾਨ ਮੰਤਰੀ ਬਣੀ ਤਾਕਾਇਚੀ ਨੂੰ ਅਜੇ ਸਿਰਫ ਤਿੰਨ ਮਹੀਨੇ ਹੋਏ ਹਨ, ਪਰ ਉਨ੍ਹਾਂ ਨੂੰ ਲੱਗਭੱਗ 70 ਫੀਸਦ ਦੀ ਮਜ਼ਬੂਤ ਪ੍ਰਵਾਨਗੀ ਰੇਟਿੰਗ ਮਿਲੀ ਹੈ। 465 ਮੈਂਬਰੀ ਹੇਠਲੇ ਸਦਨ ਦੇ ਭੰਗ ਹੋਣ ਨਾਲ 12 ਦਿਨਾਂ ਦੀ ਮੁਹਿੰਮ ਦਾ ਰਾਹ ਪੱਧਰਾ ਹੋ ਗਿਆ ਹੈ, ਜੋ ਮੰਗਲਵਾਰ ਨੂੰ ਅਧਿਕਾਰਤ ਤੌਰ ’ਤੇ ਸ਼ੁਰੂ ਹੋਵੇਗੀ। ਤਾਕਾਇਚੀ ਨੇ ਤਾਇਵਾਨ ਦੀ ਹਮਾਇਤ ਵਿਚ ਬਿਆਨ ਦੇ ਕੇ ਚੀਨ ਨਾਲ ਦੁਸ਼ਮਣੀ ਵੀ ਸਹੇੜੀ ਹੈ।

## ‘ਮੁੱਖ ਮੰਤਰੀ ਸਿਹਤ ਯੋਜਨਾ’ ਨੂੰ ਲਾਗੂ ਕਰਨ ਲਈ ਮੰਤਰੀ ਸਰਗਰਮ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਪੰਜਾਬ ਵਿੱਚ ਮੁਫ਼ਤ ਸਿਹਤ ਸੰਭਾਲ ਮੁਹੱਈਆ ਕਰਨ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਪੰਜਾਬ ਸਰਕਾਰ ਨੇ ‘ਮੁੱਖ ਮੰਤਰੀ ਸਿਹਤ ਯੋਜਨਾ’ ਸ਼ੁਰੂ ਕਰ ਦਿੱਤੀ ਹੈ।ਇਸ ਪਹਿਲਕਦਮੀ ਦੇ ਹਿੱਸੇ ਵਜੋਂ ਕੈਬਨਿਟ ਮੰਤਰੀਆਂ ਦੀ ਅਗਵਾਈ ਹੇਠ ਸ਼ੁੱਕਰਵਾਰ ਪੰਜਾਬ ਭਰ ਵਿੱਚ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਸ਼ੁਰੂ ਹੋ ਗਈ ਹੈ।ਸੁਨਾਮ ਊਧਮ ਸਿੰਘ ਵਾਲਾ ਵਿਖੇ ਰਜਿਸਟ੍ਰੇਸ਼ਨ ਮੁਹਿੰਮ ਦੀ ਅਗਵਾਈ ਕਰਦੇ ਹੋਏ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਯੋਜਨਾ ਦੀ ਸ਼ੁਰੂਆਤ ਨਾਲ ਪੰਜਾਬ ਦਾ ਹਰ ਪਰਿਵਾਰ 10 ਲੱਖ ਤੱਕ ਦਾ ਮੁਫ਼ਤ ਇਲਾਜ ਕਰਵਾਉਣ ਦਾ ਹੱਕਦਾਰ



ਹੋਵੇਗਾ।ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਲਗਭਗ 65 ਲੱਖ ਪਰਿਵਾਰ ਹਨ ਤੇ ਇਨ੍ਹਾਂ ਸਾਰੇ 65 ਲੱਖ ਪਰਿਵਾਰਾਂ (ਲਗਭਗ ਤਿੰਨ ਕਰੋੜ ਨਾਗਰਿਕਾਂ ਨੂੰ ਕਵਰ ਕਰਦੇ ਹੋਏ) ਨੂੰ ਸਿਹਤ ਕਾਰਡ ਜਾਰੀ ਕੀਤੇ ਜਾਣਗੇ।ਇਹ



ਪਹਿਲੀ ਵਾਰ ਹੈ ਜਦੋਂ ਯੋਗਤਾ ਲਈ ਕੋਈ ਆਮਦਨ ਸੀਮਾ ਨਿਰਧਾਰਤ ਨਹੀਂ ਕੀਤੀ ਗਈ ਹੈ, ਜੋ ਕਿ ਦੇਸ਼ ਲਈ ਇੱਕ ਨਵੀਂ ਉਦਾਹਰਣ ਹੈ। ਹੁਣ ਤੱਕ 850 ਸਰਕਾਰੀ ਅਤੇ ਨਿੱਜੀ

• ਬਾਕੀ ਸਫਾ 2 ’ਤੇ

## ਮਰਦਮਸ਼ੁਮਾਰੀ ’ਚ ਪੁੱਛੇ ਜਾਣਗੇ 33 ਸਵਾਲ

**ਨਵੀਂ ਦਿੱਲੀ** : ਕੇਂਦਰ ਸਰਕਾਰ ਨੇ ਪਹਿਲੀ ਅਪਰੈਲ ਤੋਂ ਸ਼ੁਰੂ ਹੋਣ ਵਾਲੀ ਮਰਦਮਸ਼ੁਮਾਰੀ ਦੇ ਪਹਿਲੇ ਪੜਾਅ ਦੌਰਾਨ ਪੁੱਛੇ ਜਾਣ ਵਾਲੇ 33 ਸਵਾਲਾਂ ਦਾ ਇੱਕ ਸੈੱਟ ਜਾਰੀ ਕੀਤਾ ਹੈ। ਗ੍ਰਿਹ ਮੰਤਰਾਲੇ ਵੱਲੋਂ ਇੱਕ ਗਜ਼ਟ ਨੋਟੀਫਿਕੇਸ਼ਨ ਵਿੱਚ ਸਵਾਲਾਂ ਦਾ ਇੱਕ ਸੈੱਟ ਜਾਰੀ ਕੀਤਾ ਹੈ, ਜੋ ਸਵਾਲ ਜਨਗਣਨਾ ਅਧਿਕਾਰੀਆਂ ਵੱਲੋਂ ਘਰ ਸੂਚੀਕਰਨ ਅਤੇ ਰਿਹਾਇਸ਼ ਜਨਗਣਨਾ ਸ਼ਡਿਊਲ ਦੇ ਪਹਿਲੇ ਪੜਾਅ ਵਿੱਚ ਪੁੱਛੇ ਜਾਣਗੇ। ਜਾਤੀ ਜਨਗਣਨਾ ਵੀ ਇਸੇ ਮਸ਼ਕ ਦਾ ਹਿੱਸਾ ਹੋਣ ਕਰਕੇ ਅਧਿਕਾਰੀ ਇਹ ਸਵਾਲ ਵੀ ਪੁੱਛਣਗੇ ਕਿ ਘਰ ਦਾ ਮੁਖੀ ਅਨੁਸੂਚਿਤ ਜਾਤੀ/ਅਨੁਸੂਚਿਤ ਜਨਜਾਤੀ ਨਾਲ ਸੰਬੰਧਤ ਹੈ ਜਾਂ ਹੋਰ ਵਰਗ ਨਾਲ। ਇਹ ਸਵਾਲ ਇੰਟਰਨੈੱਟ ਦੀ ਪਹੁੰਚ, ਖਾਣਾ ਪਕਾਉਣ ਲਈ ਵਰਤੇ ਜਾਣ ਵਾਲੇ ਮੁੱਖ ਬਾਲਣ, ਕੀ ਘਰਾਂ ਵਿੱਚ ਰੇਡੀਓ ਜਾਂ ਟਰਾਂਜਿਸਟਰ ਜਾਂ ਟੀ ਵੀ ਹੈ, ਕੀ ਲੈਪਟਾਪ ਜਾਂ ਕੰਪਿਊਟਰ ਦੀ ਉਪਲੱਬਧਤਾ ਹੈ ਅਤੇ ਇਹ ਵੀ ਕਿ ਕੀ ਘਰ ਵਿੱਚ ਵਰਤਿਆ

• ਬਾਕੀ ਸਫਾ 2 ’ਤੇ

## ਹਰਜੋਤ ਬੈਂਸ ਵੱਲੋਂ ਕੌਮਾਂਤਰੀ ਭਾਈਵਾਲੀ ਰਾਹੀਂ ਸਿੱਖਿਆ ਸੁਧਾਰਾਂ ’ਤੇ ਜ਼ੋਰ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**



ਕੌਮਾਂਤਰੀ ਪੱਧਰ ’ਤੇ ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਤਕਨੀਕੀ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਵੱਲ ਵੱਡਾ ਕਦਮ ਪੁੱਟਦਿਆਂ ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ (ਆਈ.ਕੇ.ਜੀ.ਪੀ.ਟੀ.ਯੂ.), ਜਲੰਧਰ ਨੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ (ਯੂ.ਬੀ.ਐਸ.ਐਸ), ਆਸਟ੍ਰੇਲੀਆ ਨਾਲ ਇੱਕ ਅਹਿਮ ਕੌਮਾਂਤਰੀ ਸਮਝੌਤੇ ’ਤੇ ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਮੰਤਰੀ ਹਰਜੋਤ ਸਿੰਘ ਬੈਂਸ ਦੀ ਮੌਜੂਦਗੀ ਵਿੱਚ ਪੰਜਾਬ ਭਵਨ ’ਚ ਹਸਤਾਖ਼ਰ ਕੀਤੇ। ਇਸ ਸਹਿਯੋਗ ਦਾ ਉਦੇਸ਼ ਅਕਾਦਮਿਕ ਅਦਾਨ-ਪ੍ਰਦਾਨ, ਸਾਂਝੀਆਂ ਖੋਜ ਪਹਿਲਕਦਮੀਆਂ, ਫੈਕਲਟੀ ਅਤੇ ਵਿਦਿਆਰਥੀਆਂ ਦੀਆਂ ਸਰਗਰਮੀਆਂ ਅਤੇ ਸਿੱਖਿਆ, ਸਿਖਲਾਈ ਅਤੇ ਖੋਜ ਵਿੱਚ ਵਿਸ਼ਵਵਿਆਪੀ ਉੱਤਮ ਅਭਿਆਸਾਂ ਨੂੰ ਅਪਨਾਉਣ ਨੂੰ ਉਤਸ਼ਾਹਿਤ ਕਰਨਾ ਹੈ।ਇਸ ਮੌਕੇ ਬੈਂਸ ਨੇ ਕਿਹਾ ਕਿ ਕੌਮਾਂਤਰੀ ਅਕਾਦਮਿਕ ਭਾਈਵਾਲੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸਿੱਖਿਆ ਸੁਧਾਰ ਏਜੰਡੇ ਦਾ ਕੇਂਦਰੀ ਧੁਰਾ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਬਿਜ਼ਨਸ ਸਕੂਲ ਸਿਡਨੀ ਵਰਗੀਆਂ ਵਿਸ਼ਵ ਪੱਧਰੀ ਨਾਮਵਰ ਸੰਸਥਾਵਾਂ ਨਾਲ ਸਹਿਯੋਗ ਪੰਜਾਬ ਦੇ ਤਕਨੀਕੀ ਅਦਾਰਿਆਂ ਵਿੱਚ ਸਿੱਖਿਆ ਅਤੇ ਖੋਜ ਦੇ ਮਿਆਰ ਵਿੱਚ ਮਹੱਤਵਪੂਰਨ ਵਾਧਾ ਕਰੇਗਾ। ਕੈਬਨਿਟ ਮੰਤਰੀ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ਅਜਿਹੇ ਸਮਝੌਤੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੋਵਾਂ ਲਈ ਉੱਨਤ ਅਤੇ ਸਹਿਯੋਗੀ ਖੋਜ, ਸਾਂਝੀ

• ਬਾਕੀ ਸਫਾ 2 ’ਤੇ

## ਅਮਰੀਕਾ ’ਚ ਬੱਚੇ ਨੂੰ ਫੜਨ ’ਤੇ ਰੋਹ

**ਨਵੀਂ ਦਿੱਲੀ** : ਅਮਰੀਕਾ ਵਿੱਚ ਫੈਡਰਲ ਏਜੰਟਾਂ ਵੱਲੋਂ ਪੰਜ ਸਾਲ ਦੇ ਮੁੰਡੇ ਨੂੰ ਉਸ ਦੇ ਪਿਤਾ ਸਮੇਤ ਹਿਰਾਸਤ ਕੇਂਦਰ (ਡਿਟੈਂਸ਼ਨ ਸੈਂਟਰ) ਭੇਜਣ ’ਤੇ ਤਿੱਖਾ ਰੋਹ ਨਜ਼ਰ ਆਇਆ ਹੈ। ਉਂਜ ਸਕੂਲ ਅਧਿਕਾਰੀਆਂ ਅਨੁਸਾਰ ਇਹ ਪਹਿਲੀ ਵਾਰ ਨਹੀਂ ਹੈ, ਜਦੋਂ ਇਮੀਗ੍ਰੇਸ਼ਨ ਏਜੰਟਾਂ ਨੇ ਕਿਸੇ ਬੱਚੇ ਨੂੰ ਹਿਰਾਸਤ ਵਿੱਚ ਲਿਆ ਹੋਵੇ। ਇਹ ਬੱਚਾ ਮਿਨੀਆਪੋਲਿਸ ਦੇ ਆਪਣੇ ਇਲਾਕੇ ਦਾ ਚੌਥਾ ਅਜਿਹਾ ਵਿਦਿਆਰਥੀ ਬਣ ਗਿਆ ਹੈ, ਜਿਸ ਨੂੰ ਹਾਲ ਹੀ ਦੇ ਹਫਤਿਆਂ ਵਿੱਚ ਹਿਰਾਸਤ ਵਿੱਚ ਲਿਆ ਗਿਆ ਹੈ।



ਅਮਰੀਕਾ ਦੀ ਸਾਬਕਾ ਉਪ-ਰਾਸ਼ਟਰਪਤੀ ਕਮਲਾ ਹੈਰਿਸ ਨੇ ਇਸ ਕਾਰਵਾਈ ’ਤੇ ਸਖਤ ਇਤਰਾਜ਼ ਜਤਾਉਂਦਿਆਂ ‘ਐਕਸ’ ’ਤੇ ਪੋਸਟ ਕੀਤਾ ਹੈ, “ਲਿਆਮ ਰਾਮੋਸ ਤਾਂ ਸਿਰਫ ਇੱਕ ਬੱਚਾ ਹੈ, ਉਸ ਨੂੰ ਆਪਣੇ ਪਰਵਾਰ ਨਾਲ ਘਰ ਹੋਣਾ ਚਾਹੀਦਾ ਹੈ, ਨਾ ਕਿ ਇਮੀਗ੍ਰੇਸ਼ਨ ਵਿਭਾਗ ਵੱਲੋਂ ਵਰਤਿਆ ਜਾਣਾ ਚਾਹੀਦਾ ਹੈ ਅਤੇ ਟੈਕਸਾਸ ਦੇ ਡਿਟੈਂਸ਼ਨ ਸੈਂਟਰ ਵਿੱਚ ਰੱਖਿਆ ਜਾਣਾ ਚਾਹੀਦਾ ਹੈ। ਮੈਂ ਬਹੁਤ ਗੁੱਸੇ ਵਿੱਚ ਹਾਂ ਅਤੇ ਤੁਹਾਨੂੰ ਸਭ ਨੂੰ ਵੀ ਹੋਣਾ ਚਾਹੀਦਾ ਹੈ।”

ਕੋਲੰਬੀਆ ਹਾਈਟਸ ਪਬਲਿਕ ਸਕੂਲ ਦੀ ਸੁਪਰਡੈਂਟ ਜੈਨਾ ਸਟੇਨਵਿਕ ਨੇ ਦੱਸਿਆ ਕਿ ਫੈਡਰਲ ਏਜੰਟ ਮੰਗਲਵਾਰ ਦੁਪਹਿਰ ਲਿਆਮ ਕੋਨੇਜੋ ਰਾਮੋਸ ਨੂੰ ਉਸ ਦੇ ਪਰਵਾਰ ਦੀ ਕਾਰ ਵਿੱਚ ਲੈ ਗਏ। ਉਸ ਨੇ ਦੋਸ਼ ਲਾਇਆ ਕਿ

• ਬਾਕੀ ਸਫਾ 2 ’ਤੇ

## ਰੰਗਦਾਰ ਵਿਸ਼ੇਸ਼ ਸਪਲੀਮੈਂਟ



**ਬਲਾਚੌਰ** ਤੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ 2 ਫਰਵਰੀ ਨੂੰ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਜਸਵਿੰਦਰ ਬੈਂਸ** ਨਾਲ ਮੋਬਾਇਲ ਨੰਬਰ 94655-88955 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ

## ਅੱਜ-ਨਾਮਾ

ਸਿਆਲੂ ਮੀਂਹ ਤੇ ਸ਼ਾਮਤ ਪੰਜਾਬੀਆਂ ਦੀ,
ਡਿੱਗਾ ਰੁੱਖ ਕਿਧਰੇ ਤਾਂ ਕਿਤੇ ਕੰਧ ਬੇਲੀ।
ਆਇਆ ਝੱਖੜ ਤਾਂ ਸਾਂਭਿਆ ਨਹੀਂ ਜਾਂਦਾ,
ਕਹਿੰਦੇ ਈ ਓਦਾਂ ਤਾਂ ਬਹੁਤ ਪ੍ਰਬੰਧ ਬੇਲੀ।
ਸਿਆਸਤ ਕਦੇ ਨਾ ਚੱਲਣ ਹੈ ਕੰਮ ਦੇਂਦੀ,
ਭ੍ਰਿਸ਼ਟਾਚਾਰ ਨਾਲ ਹੈ ਬੜਾ ਸੰਬੰਧ ਬੇਲੀ।
ਮਗਰੋਂ ਜਾਵੇ ਕੋਈ ਰੱਖਿਆ ਨੀਂਹ-ਪੱਥਰ,
ਝਾੜਨਾ ਪੈਂਦਾ ਹੈ ਪਹਿਲਾਂ ਦਸਵੰਧ ਬੇਲੀ।
ਜਿੱਲ੍ਹਣ ਵਿੱਚ ਆ ਜਿਵੇਂ ਸਮਾਜ ਫਸਿਆ,
ਸਕਦਾ ਇਹਨੂੰ ਨਾ ਕੋਈ ਵੀ ਕੱਢ ਬੇਲੀ।
ਚੂਹਿਆਂ-ਜੋਕਾਂ ਦੀ ਰਹੀ ਆ ਬਾਤ ਪਿੱਛੇ,
ਰਹੇ ਬਘਿਆੜ ਆ ਦੰਦੀਆਂ ਵੱਢ ਬੇਲੀ।

-ਤੀਸ ਮਾਰ ਖਾਂ

## ਮਾਰਕਸਵਾਦ ਤੇ ਅੰਬੇਡਕਰਵਾਦ ਨੂੰ ਇੱਕੋ ਵੇਲੇ ਅੱਗੇ ਵਧਾ ਕੇ ਸੰਘ ਦੇ ਮਨਸੂਬਿਆਂ ਨੂੰ ਰੋਕਿਆ ਜਾ ਸਕਦੈ

**ਗੰਟੂਰ, ਆਂਧਰਾ ਪ੍ਰਦੇਸ਼ (ਗਿਆਨ ਸੈਦਪੁਰੀ)**

ਇੱਥੇ ਕੁੱਲ ਹਿੰਦ ਦਲਿਤ ਅਧਿਕਾਰ ਅੰਦੋਲਨ ਦੀ ਕੌਮੀ ਕੌਂਸਲ ਦੀ ਸ਼ੁਕਰਵਾਰ ਸ਼ੁਰੂ ਹੋਈ ਮੀਟਿੰਗ ਵਿੱਚ ਤੇਲਗੂ ਬੋਲੀ ਦੇ ਗਾਇਕਾਂ, ਅੰਦੋਲਨ ਦੇ ਕੌਮੀ ਆਗੂਆਂ ਅਤੇ ਵਿਦਵਾਨਾਂ ਨੇ ਆਪੋ ਆਪਣੇ ਢੰਗ ਨਾਲ ਸੁਦ੍ਰਿੜ੍ਹ ਕਰਵਾਉਣ ਦੀ ਕੋਸ਼ਿਸ਼ ਕੀਤੀ ਕਿ ਮਾਰਕਸਵਾਦ ਅਤੇ ਅੰਬੇਡਕਰਵਾਦ ਦਾ ਗਹਿਰ ਗੰਭੀਰ ਅਧਿਐਨ ਕਰਕੇ, ਇਹਨਾਂ ਦੇ ਵਿਚਾਰਾਂ ਨੂੰ ਇੱਕ ਸੇਧ ਦੇ ਕੇ ਅੱਗੇ ਵਧਾਇਆ ਜਾਵੇ, ਤਾਂ ਹੀ ਆਰ ਐੱਸ ਐੱਸ ਦੇ ਮਨਸੂਬਿਆਂ ਨੂੰ ਰੋਕਿਆ ਜਾ ਸਕਦਾ ਹੈ। ਮੀਟਿੰਗ ਦੀ ਬਾ-ਕਾਇਦਗੀ ਨਾਲ ਸ਼ੁਰੂਆਤ ਹੋਣ ਤੋਂ ਪਹਿਲਾਂ ਤੇਲਗੂ ਭਾਸ਼ਾ ਦੇ ਗਾਇਕ ਪੂਨਈਆ ਨੇ ਇਨਕਲਾਬੀ ਗੀਤਾਂ ਰਾਹੀਂ ਆਪਣੇ ਰਾਜ ਆਂਧਰਾ ਪ੍ਰਦੇਸ਼ ਦੀ ਆਭਾ ਨੂੰ ਖ਼ੂਬਸੂਰਤ ਢੰਗ ਨਾਲ ਉਭਾਰਿਆ। ਨਾਲ ਹੀ ਆਪਣੇ ਗੀਤਾਂ ਵਿੱਚ ਭਾਜਪਾ ਅਤੇ ਆਰ ਐੱਸ ਐੱਸ ਦਾ ਵਿਰੋਧ ਵੀ ਕੀਤਾ। ਇਸੇ ਦੌਰਾਨ ਡਾ. ਭੀਮ ਰਾਓ ਅੰਬੇਡਕਰ ਦੀ ਤਸਵੀਰ ’ਤੇ ਫੁੱਲਾਂ ਦੇ ਹਾਰ ਪਾ ਕੇ ਸ਼ਰਧਾਂਜਲੀ ਭੇਟ ਕੀਤੀ ਗਈ। ਸ਼ਰਧਾਂਜਲੀ ਭੇਟ ਕਰਨ ਵਾਲਿਆਂ ਵਿੱਚ ਸੀ ਪੀ ਆਈ ਆਂਧਰਾ ਦੇ ਸਕੱਤਰ ਜੀ ਐਸ਼ਵਰੀਆ, ਵੀ ਐੱਸ ਨਿਰਮਲ,



ਪ੍ਰੋਫੈਸਰ ਰਮੇਸ਼ ਪਟਨਾਇਕ ਸੰਬੋਧਨ ਕਰਦੇ ਹੋਏ।

ਗੁਲਜਾਰ ਸਿੰਘ ਗੋਰੀਆ ਤੇ ਹੋਰ ਬਹੁਤ ਸਾਰੇ ਆਗੂ ਸ਼ਾਮਲ ਸਨ। ਕੌਮੀ ਕੌਂਸਲ ਦੀ ਮੀਟਿੰਗ ‘ਮਨੂੰ ਸਮ੍ਰਿਤੀ, ਭਾਰਤੀ ਸੰਵਿਧਾਨ ਅਤੇ ਅੰਬੇਡਕਰਵਾਦ’ ਦੇ ਵਿਸ਼ੇ ’ਤੇ ਹੋਏ ਸੈਮੀਨਾਰ ਨਾਲ ਹੋਈ। ਇਸ ਦੀ ਸ਼ੁਰੂਆਤ ਕੁੱਲ ਹਿੰਦ ਦਲਿਤ ਅਧਿਕਾਰ ਦੇ ਸੂਬਾਈ ਆਗੂ ਕਰਵੜੀ ਸੁੱਬਾਰਾਣ ਨੇ ਕੀਤੀ। ਉਨ੍ਹਾਂ ਨੇ ਸੈਮੀਨਾਰ ਦੀ ਭੂਮਿਕਾ ਬੰਨ੍ਹਦਿਆਂ ਵੱਖ ਵੱਖ ਵਿਦਵਾਨਾਂ ਅਤੇ ਦਲਿਤ ਤੇ ਕਮਿਊਨਿਸਟ ਆਗੂਆਂ ਨੂੰ ਪ੍ਰਧਾਨਗੀ ਮੰਡਲ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ। ਅਧਿਕਾਰ ਅੰਦੋਲਨ ਦੇ ਕੌਮੀ ਆਗੂ ਏ ਰਾਮਾ ਮੂਰਤੀ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਉਨ੍ਹਾਂ ਦੇ (ਅੰਦੋਲਨ) ਅਕੀਦਿਆਂ ਦਾ ਵਰਣਨ ਕਰਦਿਆਂ ਕਿਹਾ ਕਿ ਦੇਸ਼ ਅੰਦਰ ਭਾਜਪਾ ਅਤੇ ਆਰ ਐਸ ਐਸ ਵੱਲੋਂ ਭਾਈਚਾਰਕ ਸਾਂਝ ਨੂੰ ਤੋੜਨ ਵਿਰੁੱਧ ਸ਼ੁਰੂ ਕੀਤੀ ਲੜਾਈ ਜਿੱਤ ਤੱਕ ਜਾਰੀ ਰੱਖੀ ਜਾਵੇਗੀ।

ਤੇਲਗੂ ਦੇ ਉੱਘੇ ਵਿਦਵਾਨ ਪ੍ਰੋਫੈਸਰ ਰਮੇਸ਼ ਪਟਨਾਇਕ ਨੇ ਵਿਸ਼ੇ ’ਤੇ ਗਹਿਰ ਗੰਭੀਰ ਗੱਲਾਂ ਕੀਤੀਆਂ। ਉਨ੍ਹਾਂ ਨੇ ਇਹ ਵੀ ਸੰਦੇਸ਼ ਦਿੱਤਾ ਕਿ ਮਨੂੰ ਸਮ੍ਰਿਤੀ ਦਾ ਅਧਿਐਨ ‘ਸਵਾਮੀ ਵਿਵੇਕਾਨੰਦ ਤੋਂ ਪਹਿਲਾਂ ਅਤੇ ਵਿਵੇਕਾਨੰਦ ਤੋਂ ਬਾਅਦ’ ਦੇ ਸਮਿਆਂ ਅਨੁਸਾਰ ਕੀਤਾ ਜਾਵੇ। ਤ੍ਰਿਪੁਤੀ ਯੂਨੀਵਰਸਿਟੀ ਤੋਂ ਡਾ. ਬੀ.ਵੀ ਮੁਰਲੀਧਰਨ ਨੇ ਜਾਤੀ-ਪਾਤੀ ਸਿਸਟਮ ’ਤੇ ਵਿਸਥਾਰ ਨਾਲ ਚਾਨਣਾ ਪਾਇਆ। ਵਿਦੇਸ਼ ਵਿੱਚ ਆਪਣੇ ਕਿਆਸ ਦੇ ਤਜਰਬੇ ਦੇ ਹਵਾਲੇ ਨਾਲ ਡਾ. ਮੁਰਲੀਧਰਨ ਨੇ ਕਿਹਾ ਕਿ ਭਾਰਤੀ ਲੋਕ ਜਾਤ ਪਾਤ ਦੇ ਸਿਸਟਮ ਨੂੰ ਇੰਨ ਬਿੰਨ ਵਿਦੇਸ਼ਾਂ ਵਿੱਚ ਲੈ ਗਏ ਹਨ।ਦੋਵਾਂ ਵਿਦਵਾਨਾਂ ਨੂੰ ਪ੍ਰਬੰਧਕਾਂ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਂਧਰਾ ਪ੍ਰਦੇਸ਼ ਦੇ ਅੰਦੋਲਨ ਆਗੂਆਂ ਵੱਲੋਂ ਪ੍ਰਕਾਸ਼ਿਤ ਕੀਤਾ ਜਾਣ ਵਾਲਾ ਮਹੀਨਾਵਰ ਮੈਗਜ਼ੀਨ ‘ਦਲਿਤ ਵਾਈਸ’ ਰਿਲੀਜ਼ ਕੀਤਾ ਗਿਆ। ਮੀਟਿੰਗ ਨੂੰ ਸੀ ਪੀ ਆਈ ਦੇ ਕੌਮੀ ਕਾਰਜਕਾਰਨੀ ਦੇ ਮੈਂਬਰ ਮੋਪਾਲਾ ਨਾਗੇਸ਼ਵਰ ਰਾਓ, ਅੰਦੋਲਨ ਦੇ ਜਨਰਲ ਸਕੱਤਰ ਕਾਮਰੇਡ ਵੀ ਐਸ ਨਿਰਮਲ, ਸਕੱਤਰ ਕਾਮਰੇਡ ਗੁਲਜਾਰ ਸਿੰਘ ਗੋਰੀਆ, ਕੌਮੀ ਆਗੂ ਦੇਵੀ ਕੁਮਾਰੀ ਸਰਹਾਲੀ ਕਲਾਂ, ਆਂਧਰਾ ਪ੍ਰਦੇਸ਼ ਸੀ ਪੀ ਆਈ ਦੇ ਪ੍ਰਮੁੱਖ ਆਗੂ ਐਸ਼ਵਰੀਆ, ਬਿਹਾਰ ਰਾਜ ਦੇ ਸਾਬਕਾ ਵਿਧਾਇਕ ਜਾਨਕੀ ਪਾਸਵਾਨ ਤੇ ਅਨਿਲ ਕੁਮਾਰ, ਦਲਿਤ ਹੱਕ ਸੰਘਰਸ਼ ਸੰਮਤੀ ਆਂਧਰਾ ਦੇ ਪ੍ਰਮੁੱਖ ਆਗੂਆਂ ਨੇ ਵੀ ਸੰਬੋਧਨ ਕੀਤਾ। ਆਲ ਇੰਡੀਆ ਦਲਿਤ ਰਾਈਟਸ ਮੂਵਮੈਂਟ ਆਂਧਰਾ ਪ੍ਰਦੇਸ਼ ਦੇ ਆਗੂ ਐਡਵੋਕੇਟ ਪ੍ਰਭਾਕਰ ਨੇ ਸਟੇਜ ਸੰਚਾਲਨ ਕਰਦਿਆਂ ਮੂਵਮੈਂਟ ਦੀ ਸਮਰੱਥਾ ਅਤੇ ਸੰਭਾਵਨਾਵਾਂ ਦਾ ਵੀ ਵਰਨਣ ਕੀਤਾ। ਮੀਟਿੰਗ ਵਿੱਚ ਹਿੱਸਾ ਲੈਣ ਵਾਲਿਆਂ ਦਾ ਧੰਨਵਾਦ ਆਲ ਇੰਡੀਆ ਦਲਿਤ ਅਧਿਕਾਰ ਅੰਦੋਲਨ ਦੀ ਕੌਮੀ ਕੌਂਸਲ ਦੇ ਮੈਂਬਰ ਬੁੱਟੀ ਰਾਓ ਅੱਪਾ ਨੇ ਕੀਤਾ।

## ਕਾਲਜ ਲਿੰਕ ਰੋਡ ਵਾਸੀਆਂ ਦੀ ਭੁੱਖ ਹੜਤਾਲ ਤੇ ਧਰਨਾ ਜਾਰੀ



**ਮਾਨਸਾ (ਆਤਮਾ ਸਿੰਘ ਪਮਾਰ)**-ਕਾਲਜ ਲਿੰਕ ਰੋਡ ਪ੍ਰੀਤ ਨਗਰ ਵਾਸੀਆਂ ਵੱਲੋਂ ਸੜਕ ਨਾ ਬਣਨ, ਸੀਵਰੇਜ ਅਤੇ ਸਟ੍ਰੀਟ ਲਾਈਟਾਂ ਆਦਿ ਮੰਗਾਂ ਨੂੰ ਲੈ ਕੇ ਕੱਲ੍ਹ ਤੋਂ ਸ਼ੁਰੂ ਕੀਤੀ ਗਈ ਲੜੀਵਾਰ ਭੁੱਖ ਹੜਤਾਲ ਅਤੇ ਧਰਨਾ ਦੂਸਰੇ ਦਿਨ ਵੀ ਜਾਰੀ ਰਿਹਾ। ਵੱਡੀ ਗਿਣਤੀ ਮੁਹੱਲਾ ਨਿਵਾਸੀਆਂ ਵੱਲੋਂ ਇਕੱਤਰ ਹੋ ਕੇ ਨਗਰ ਕੌਂਸਲ ਪ੍ਰਧਾਨ, ਵਿਧਾਇਕ ਵਿਜੇ ਸਿੰਗਲਾ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਆਪਣੀ ਭੜਾਸ ਕੱਢੀ।ਉਨ੍ਹਾਂ ਚਿਤਾਵਨੀ ਭਰੇ ਲਹਿਜੇ 'ਚ ਕਿਹਾ ਕਿ ਜੇਕਰ ਸਬੰਧਤ ਧਿਰਾਂ ਨੇ ਮੰਗਾਂ ਨੂੰ ਅਣਗੌਲਿਆਂ ਕਰਨ ਦਾ ਯਤਨ ਕੀਤਾ ਤਾਂ ਮੀਟਿੰਗ ਕਰਕੇ ਕਿਸੇ ਸਖ਼ਤ ਐਕਸ਼ਨ ਦਾ ਫੈਸਲਾ ਵੀ ਲਿਆ ਜਾ ਸਕਦਾ ਹੈ।ਇਸ ਸਮੇਂ ਉਹਨਾਂ ਜਾਤੀ ਅਧਾਰਿਤ ਵਿਤਕਰੇ ਦੇ ਦੋਸ਼ ਵੀ ਲਗਾਏ। ਰੋਸ ਧਰਨੇ ਦੌਰਾਨ ਜਸਵੰਤ ਸਿੰਘ ਮਾਨਸਾ, ਦਲਵਿੰਦਰ ਸਿੰਘ, ਡਾ. ਸੁਰਿੰਦਰ ਸਿੰਘ, ਨਰਿੰਦਰ ਸਿੰਘ ਮੰਡਲ, ਸੱਤਪਾਲ ਸਿੰਘ, ਜਗਸੀਰ ਸਿੰਘ ਜੱਸੀ, ਮੋਹਨ ਸਿੰਘ ਹੌਲਦਾਰ, ਗੇਜੋ ਕੌਰ, ਰਾਣੀ ਕੌਰ, ਕੁਲਵੰਤ ਕੌਰ, ਸ਼ਿਵਰੰਤ ਸਿੰਘ, ਰਣਜੀਤ ਸਿੰਘ ਵੀਰੀ, ਗੁਰਜੰਟ ਸਿੰਘ, ਆਦਿ ਮੁਹੱਲਾ ਨਿਵਾਸੀ ਵੀ ਹਾਜ਼ਰ ਸਨ।

## 10 ਲੱਖ ਰੁਪਏ ਦਾ ਮੁਫ਼ਤ ਇਲਾਜ ਦੇਣ ਦਾ ਫੈਸਲਾ ਅਤੀ ਸ਼ਲਾਘਾਯੋਗ : ਸੋਹੀਆਂ ਵਾਲਾ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਵਿਧਾਨ ਸਭਾ ਹਲਕਾ ਨਾਭਾ ਦੇ ਹੋਣਹਾਰ ਨੌਜਵਾਨ ਆਗੂ ਅਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਆਪਣੇ ਦਫਤਰ ਵਿਖੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਵਰਗ ਦੇ ਹਰ ਨਾਗਰਿਕ ਨੂੰ 10 ਲੱਖ ਰੁਪਏ ਦਾ ਮੁਫ਼ਤ ਇਲਾਜ ਮਿਲੇਗਾ ਅਤੇ ਪੰਜਾਬ ਦੇ ਵਸਨੀਕ ਇਸ ਸਕੀਮ ਦਾ ਲਾਭ ਲੈ ਸਕਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਇਸ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਹਰ ਪਰਵਾਰ ਦੇ ਸਮਾਰਟ ਕਾਰਡ ਬਣਾਏ ਜਾਣਗੇ ਅਤੇ 65 ਲੱਖ ਪਰਵਾਰ ਇਸ ਯੋਜਨਾ ਦਾ ਲਾਭ ਉਠਾਉਣਗੇ।ਚੇਅਰਮੈਨ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਆਪਣੇ ਨਾਗਰਿਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦੇਣ ਵਾਲਾ ਪੰਜਾਬ ਰਾਜ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ।ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਹਰ ਅਮੀਰ-ਗਰੀਬ ਪਰਵਾਰ ਦੇ ਮੈਂਬਰ ਛੋਟੀ ਸਰਜਰੀ ਜਾਂ ਕਿਡਨੀ, ਕੈਂਸਰ, ਥਾਈਰਸ ਸਰਜਰੀ ਸਮੇਤ ਮਹਿੰਗੇ ਇਲਾਜ ਵਾਲੀਆਂ ਗੰਭੀਰ ਬਿਮਾਰੀਆਂ ਦਾ ਇਲਾਜ ਇਸ ਯੋਜਨਾ ਅਧੀਨ ਮੁਫ਼ਤ ਕਰਵਾ ਸਕਣਗੇ।ਸੋਹੀਆਂ ਵਾਲਾ ਨੇ ਇਹ ਯੋਜਨਾ ਸ਼ੁਰੂ ਕਰਨ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਆਪ ਸੁਪਰੀਮੋ ਅਰਵਿੰਦ ਕੇਜਰੀਵਾਲ, ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ, ਆਪ ਇੰਚਾਰਜ ਮਨੀਸ਼ ਸਿਸੋਦੀਆ ਅਤੇ ਸੂਬਾ ਪ੍ਰਧਾਨ ਅਮਨ ਅਰੋੜਾ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ।

## 'ਅਪਰੇਸ਼ਨ ਪ੍ਰਹਾਰ' ਤਹਿਤ 31 ਦੋਸ਼ੀ ਤੇ 1 ਪੀ ਓ ਕਾਬੂ



**ਮਲੇਰਕੋਟਲਾ (ਅਸਗਰ ਪਰਿਹਾਰ)**-ਸੀਨੀਅਰ ਕਪਤਾਨ ਪੁਲਸ ਮਾਲੇਰਕੋਟਲਾ ਗਗਨ ਅਜੀਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਅਤੇ ਡਾਇਰੈਕਟਰ ਜਨਰਲ ਪੁਲਸ, ਪੰਜਾਬ, ਚੰਡੀਗੜ੍ਹ ਦੇ ਹੁਕਮਾਂ ਅਨੁਸਾਰ ਗੈਂਗਸਟਰਾਂ ਅਤੇ ਮਾੜੇ ਅਨਸਰਾਂ ਖਿਲਾਫ ਚਲਾਏ ਜਾ ਰਹੇ ਵਿਸ਼ੇਸ਼ ਅਭਿਆਨ "ਆਪਰੇਸ਼ਨ ਪ੍ਰਹਾਰ" ਤਹਿਤ ਜ਼ਿਲ੍ਹਾ ਪੁਲਸ ਮਲੇਰਕੋਟਲਾ ਵੱਲੋਂ ਪੰਜਾਬ ਪੁਲਿਸ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਉਨ੍ਹਾਂ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਦੌਰਾਨ 7 ਗਜ਼ਟਡ ਅਫਸਰਾਂ ਅਤੇ 149 ਹੋਰ ਪੁਲਸ ਕਰਮਚਾਰੀਆਂ ਦੀ ਅਗਵਾਈ ਹੇਠ ਕੁੱਲ 28 ਪੁਲਸ ਪਾਰਟੀਆਂ ਬਣਾਈਆਂ ਗਈਆਂ, ਜਿਨ੍ਹਾਂ ਵੱਲੋਂ ਵੱਖ-ਵੱਖ ਅਪਰਾਧਿਕ ਮਾਮਲਿਆਂ ਵਿੱਚ ਦਰਜ ਮੁਕੱਦਮਿਆਂ ਦੇ 31 ਦੋਸ਼ੀਆਂ ਅਤੇ 1 ਘੋਸ਼ਿਤ ਅਪਰਾਧੀ (ਪੀ.ਓ) ਨੂੰ ਕਾਬੂ ਕਰਕੇ ਗ੍ਰਿਫਤਾਰ ਕੀਤਾ ਗਿਆ। ਇਸ ਤੋਂ ਇਲਾਵਾ 20 ਮਾੜੇ ਅਨਸਰਾਂ (ਹਿਸਟਰੀ ਸ਼ੀਟਰਾਂ) ਖਿਲਾਫ ਵੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਐੱਸ.ਐੱਸ.ਪੀ. ਗਗਨ ਅਜੀਤ ਸਿੰਘ ਨੇ ਸਪਸ਼ਟ ਕਿਹਾ ਕਿ ਪੰਜਾਬ ਸਰਕਾਰ ਦੀ ਨੀਤੀ ਅਨੁਸਾਰ ਜ਼ਿਲ੍ਹੇ ਵਿੱਚ ਗੈਂਗਸਟਰਾਂ ਅਤੇ ਅਪਰਾਧੀਆਂ ਲਈ ਕੋਈ ਥਾਂ ਨਹੀਂ ਹੈ ਅਤੇ ਕਿਸੇ ਵੀ ਕੀਮਤ 'ਤੇ ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਮਲੇਰਕੋਟਲਾ ਪੁਲਸ ਲੋਕਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਗੈਂਗਸਟਰਾਂ/ਮਾੜੇ ਅਨਸਰਾਂ ਖਿਲਾਫ ਇਹ ਅਤੇ ਨਿਰੰਤਰ ਕਾਰਵਾਈ ਜਾਰੀ ਰਹੇਗੀ। ਇਸ ਮੌਕੇ ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਗੈਂਗਸਟਰਾਂ ਜਾਂ ਅਪਰਾਧੀਆਂ ਸੰਬੰਧੀ ਕੋਈ ਜਾਣਕਾਰੀ ਹੋਵੇ ਤਾਂ ਤੁਰੰਤ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 9394693946 'ਤੇ ਸੂਚਨਾ ਦਿੱਤੀ ਜਾਵੇ। ਜਾਣਕਾਰੀ ਦੇਣ ਵਾਲੇ ਦੀ ਪਹਿਚਾਣ ਗੁਪਤ ਰੱਖੀ ਜਾਵੇਗੀ।

## ਸੀਰਤ ਕੌਰ ਨੇ ਗੁਰਬਾਣੀ ਮੁਕਾਬਲੇ 'ਚ ਦੂਜਾ ਇਨਾਮ ਹਾਸਲ ਕੀਤਾ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਗੁਥਮੜਾ ਦੀ ਵਿਦਿਆਰਥਣ ਸੀਰਤ ਕੌਰ ਨੇ ਸਰਬ ਕਲਿਆਣ ਟਰਸਟ ਵੱਲੋਂ ਕਰਵਾਏ ਗਏ ਗੁਰਬਾਣੀ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੁਰਬਾਣੀ ਕੰਠ ਮੁਕਾਬਲੇ (ਜੂਨੀਅਰ ਵਰਗ) 'ਚ ਦੂਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਇਸ ਉਪਲਬਧੀ 'ਤੇ ਸਕੂਲ ਦੇ ਡਾਇਰੈਕਟਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਮਮਤਾ ਸ਼ਰਮਾ ਤੇ ਅਕਾਦਮਿਕ ਡਾਇਰੈਕਟਰ ਸ੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਵਿਦਿਆਰਥਣ ਨੂੰ ਦਿਲੋਂ ਵਧਾਈ ਦਿੱਤੀ ਤੇ ਭਵਿੱਖ ਵਿੱਚ ਹੋਣ ਵਾਲੇ ਮੁਕਾਬਲਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਮੁਫ਼ਤ ਬਿਜਲੀ ਤੋਂ ਬਾਅਦ ਸੇਵਾਵਾਂ 'ਚ ਇਨਕਲਾਬ : ਦਲਵੀਰ ਸਿੰਘ ਢਿੱਲੋਂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਦੀ ਰਾਜਨੀਤੀ ਵਿੱਚ ਲੋਕ-ਭਲਾਈ ਦੀਆਂ ਨਵੀਆਂ ਪੈੜਾਂ ਪਾਉਂਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇੱਕ ਹੋਰ ਇਤਿਹਾਸਕ ਮੀਲ ਪੱਥਰ ਸਥਾਪਤ ਕੀਤਾ ਹੈ।ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਅਤੇ ਮੁੱਖ ਮੰਤਰੀ ਕੈਂਪਸ ਦਫ਼ਤਰ ਦੇ ਇੰਚਾਰਜ ਦਲਵੀਰ ਸਿੰਘ ਢਿੱਲੋਂ ਨੇ ਵਿਸ਼ੇਸ਼ ਮਿਲਣੀ ਦੌਰਾਨ ਕਿਹਾ ਕਿ 'ਆਪ' ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤਾ ਇੱਕ ਹੋਰ ਵੱਡਾ ਵਾਅਦਾ ਵਫ਼ਾ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ ਦੀ ਸਫ਼ਲਤਾ ਤੋਂ ਬਾਅਦ ਹੁਣ ਪੰਜਾਬ ਦੇ ਹਰ ਪਰਿਵਾਰ ਲਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਗਾਰੰਟੀ ਨੂੰ ਅਮਲੀ ਜਾਮਾ ਪਹਿਨਾ ਦਿੱਤਾ ਗਿਆ ਹੈ।ਢਿੱਲੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਮੁੱਖ ਮਕਸਦ ਸੂਬੇ ਦੇ ਆਮ ਨਾਗਰਿਕਾਂ ਨੂੰ ਮਹਿੰਗੀਆਂ ਸਿਹਤ ਸਹੂਲਤਾਂ ਦੇ ਬੋਝ ਤੋਂ ਮੁਕਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਕਸਰ ਦੇਖਿਆ ਜਾਂਦਾ ਸੀ ਕਿ ਗੰਭੀਰ ਬਿਮਾਰੀਆਂ ਦੇ ਇਲਾਜ ਦੌਰਾਨ ਗਰੀਬ ਤੇ ਮੱਧਵਰਗੀ ਪਰਵਾਰ ਕਰਜ਼ੇ ਦੇ ਜਾਲ ਵਿੱਚ ਫਸ ਜਾਂਦੇ ਸਨ।ਪਰ ਹੁਣ ਇਸ ਸਕੀਮ ਦੇ ਲਾਗੂ ਹੋਣ ਨਾਲ ਪੰਜਾਬ ਦਾ ਕੋਈ ਵੀ ਵਸਨੀਕ ਪੈਸੇ ਦੀ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹੇਗਾ।ਇਹ ਕਦਮ ਸੂਬੇ ਵਿੱਚ ਸਿਹਤ ਕ੍ਰਾਂਤੀ ਦਾ ਆਗਾਜ਼ ਹੈ।ਚੇਅਰਮੈਨ ਢਿੱਲੋਂ ਨੇ ਜ਼ੋਰ ਦੇ ਕੇ ਕਿਹਾ ਕਿ ਵਿਰੋਧੀ ਪਾਰਟੀਆਂ ਹਮੇਸ਼ਾ ਇਨ੍ਹਾਂ ਗਾਰੰਟੀਆਂ 'ਤੇ ਸਵਾਲ ਚੁੱਕਦੀਆਂ ਸਨ, ਪਰ ਮਾਨ ਸਰਕਾਰ ਨੇ ਆਪਣੇ ਕੰਮਾਂ ਰਾਹੀਂ ਉਨ੍ਹਾਂ ਦੇ ਮੂੰਹ ਬੰਦ ਕਰ ਦਿੱਤੇ ਹਨ।ਉਨ੍ਹਾਂ ਕਿਹਾ ਕਿ ਪਹਿਲਾਂ ਆਮ ਆਦਮੀ ਕਲੀਨਿਕਾਂ ਰਾਹੀਂ ਮੁਢਲੀਆਂ ਸਿਹਤ ਸੇਵਾਵਾਂ ਨੂੰ ਘਰ-ਘਰ ਪੁਚਾਇਆ ਗਿਆ ਤੇ ਹੁਣ ਵੱਡੇ ਹਸਪਤਾਲਾਂ ਵਿੱਚ 10 ਲੱਖ ਤੱਕ ਦਾ ਨਕਦੀ ਰਹਿਤ ਇਲਾਜ ਲੋਕਾਂ ਦੀ ਜੀਵਨ ਰੱਖਿਆ ਲਈ ਸੰਜੀਵਨੀ ਸਾਬਿਤ ਹੋਵੇਗਾ।ਇਹ ਫੈਸਲਾ ਦਰਸਾਉਂਦਾ ਹੈ ਕਿ ਮਾਨ ਸਰਕਾਰ ਸਿਰਫ ਗੱਲਾਂ ਵਿੱਚ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ 'ਰੰਗਲਾ ਪੰਜਾਬ' ਸਿਰਜਣ ਲਈ ਵਚਨਬੱਧ ਹੈ।

## ਹਥਿਆਰਾਂ ਦੀਆਂ ਇੰਸਟਾਗ੍ਰਾਮ 'ਤੇ ਫੋਟੋਆਂ ਪਾਉਣ ਵਾਲਾ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਘੱਲਖੁਰਦ ਪੁਲਸ ਨੇ ਇੰਸਟਾਗ੍ਰਾਮ ਆਈਡੀ 'ਤੇ ਹਥਿਆਰਾਂ ਦੀਆਂ ਫੋਟੋਆਂ ਪਾਉਣ ਦੇ ਦੋਸ਼ ਵਿਚ ਇਕ ਵਿਅਕਤੀ ਖਿਲਾਫ 223 ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਸਾਹਿਲ ਪੁੱਤਰ ਸਾਹਿਬ ਸਿੰਘ ਵਾਸੀ ਰੱਤਾ ਖੇੜਾ ਬਾਜਾ ਕੋਤਵਾਲ ਅਪਰਾਧੀ ਕਿਸਮ ਦਾ ਆਦਮੀ ਹੈ, ਜੋ ਆਪਣੀ ਇੰਸਟਾਗ੍ਰਾਮ ਆਈਡੀ 'ਤੇ ਹਥਿਆਰਾਂ ਦੀ ਨੁਮਾਇਸ਼ ਨਾਲ ਪਾਈਆਂ ਗਈਆਂ ਫੋਟੋਆਂ ਵੀਡੀਓ ਪਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਇੰਸਟਾਗ੍ਰਾਮ 'ਤੇ ਫੋਟੋਆਂ ਅਤੇ ਵੀਡੀਓ ਪਾਉਣ ਦੇ ਦੋਸ਼ ਵਿਚ ਉਸ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਦਿਲਜੋਤ ਲਈ ਇਨਸਾਫ਼ ਨੂੰ ਲੈ ਕੇ ਦਰਜਨਾਂ ਸੰਗਠਨਾਂ ਵੱਲੋਂ ਧਰਨਾ



**ਮਾਨਸਾ (ਆਤਮਾ ਸਿੰਘ ਪਮਾਰ/ਰੀਤਵਾਲ)**-ਐਡਵੋਕੇਟ ਦਿਲਜੋਤ ਕੌਰ ਸ਼ਰਮਾ ਲਈ ਇਨਸਾਫ਼ ਦੀ ਮੰਗ ਨੂੰ ਲੈ ਕੇ ਸਾਂਝੀ ਐਕਸ਼ਨ ਕਮੇਟੀ ਵੱਲੋਂ ਇਥੇ ਜ਼ਿਲ੍ਹਾ ਸਕੱਤਰੇਤ ਵਿੱਚ ਇਕ ਰੋਸ ਧਰਨਾ ਦਿੱਤਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸਮਾਜਿਕ, ਸਿਆਸੀ ਤੇ ਧਾਰਮਿਕ ਸੰਗਠਨਾਂ ਨੇ ਹਿੱਸਾ ਲਿਆ। ਧਰਨਾਕਾਰੀਆਂ ਨੇ ਐਸ ਐਸ ਪੀ ਮਾਨਸਾ ਰਾਹੀਂ ਰਾਜਪਾਲ ਪੰਜਾਬ ਅਤੇ ਡੀ ਜੀ ਪੀ ਪੰਜਾਬ ਨੂੰ ਇਕ ਮੰਗ ਪੱਤਰ ਵੀ ਭੇਜਿਆ ਗਿਆ। ਧਰਨੇ ਵਿੱਚ ਖੱਬੇ ਪੱਖੀ ਪਾਰਟੀਆਂ, ਕਿਸਾਨ ਮਜ਼ਦੂਰ ਜਥੇਬੰਦੀਆਂ ਦੇ ਆਗੂ, ਪੀੜਤ ਪਰਵਾਰ, ਸਥਾਨਕ ਵਕੀਲ ਅਤੇ ਪਿੰਡ ਰੱਲਾ ਵਾਸੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ। ਐਸ ਐਸ ਪੀ ਭੇਜੇ ਪੁਲਸ ਅਧਿਕਾਰੀ ਨੇ ਧਰਨੇ ਵਿੱਚ ਪਹੁੰਚ ਕੇ ਮੰਗ ਪੱਤਰ ਪ੍ਰਾਪਤ ਕੀਤਾ।ਧਰਨੇ ਨੂੰ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਰੁਲਦੂ ਸਿੰਘ ਮਾਨਸਾ, ਬੀ ਕੇ ਯੂ (ਬੁਰਜ ਗਿੱਲ) ਦੇ ਜ਼ਿਲ੍ਹਾ ਪ੍ਰਧਾਨ ਮਹਿੰਦਰ ਸਿੰਘ ਭੈਣੀਬਾਘਾ, ਆਰ ਐੱਮ ਪੀ ਆਈ ਵਲੋਂ ਛੱਜੂ ਰਾਮ ਰਿਸ਼ੀ, ਸੀ ਪੀ ਆਈ ਵਲੋਂ ਕ੍ਰਿਸ਼ਨ ਚੌਹਾਨ, ਰੈੱਡ ਸਟਾਰ ਧੜੇ ਦੇ ਆਗੂ ਲਾਭ ਸਿੰਘ ਅਕਲੀਆ, ਐੱਨ ਐੱਚ ਸੀ ਪੀ ਐੱਮ ਵਲੋਂ ਜਗਰਾਜ ਰੱਲਾ, ਬਾਰ ਐਸੋਸੀਏਸ਼ਨ ਮਾਨਸਾ ਦੇ ਪ੍ਰਧਾਨ ਐਡ. ਗੁਰਦਾਸ ਸਿੰਘ ਮਾਨ, ਸੋਸ਼ਲਿਸਟ ਪਾਰਟੀ ਦੇ ਆਗੂ ਹਰਿੰਦਰ ਮਾਨਸ਼ਾਹੀਆ, ਬ੍ਰਾਹਮਣ ਸਭਾ ਮਾਨਸਾ ਦੇ ਪ੍ਰਧਾਨ ਹਰਵਿੰਦਰ ਭਾਰਦਵਾਜ, ਆਈ ਡੀ ਪੀ ਆਗੂ ਗੁਰਮੇਲ ਸਿੰਘ ਅੱਕਾਂਵਾਲੀ, ਬੀ ਕੇ ਯੂ ਏਕਤਾ ਧਨੇਰ ਵਲੋਂ ਜਸਪਾਲ ਸਿੰਘ ਉੱਭਾ, ਮਜ਼ਦੂਰ ਮੁਕਤੀ ਮੋਰਚਾ ਲਿਬਰੇਸ਼ਨ ਵਲੋਂ ਬਲਵਿੰਦਰ ਘਰਾਂਗਣਾਂ, ਲਲਕਾਰ ਧੜੇ ਦੇ ਸਾਬਕਾ ਆਗੂ ਰਜਿੰਦਰ ਸਿੰਘ ਜਿੰਦਾ, ਵਿਦਿਆਰਥੀ ਆਗੂਆਂ ਰਵਿੰਦਰ ਲੋਹਗੜ੍ਹ ਤੇ ਅਰਵਿੰਦਰ ਕੌਰ, ਸਿੱਧੂ ਮੂਸੇ ਵਾਲਾ ਦੇ ਤਾਇਆ ਚਮਕੌਰ ਸਿੰਘ ਸਿੱਧੂ, ਡਾਕਟਰ ਧੰਨਾ ਮੱਲ ਗੋਇਲ, ਪੱਲੇਦਾਰ ਆਗੂ ਸ਼ਿੰਦਰਪਾਲ ਚਕੇਰੀਆਂ ਤੇ ਜਸਵੀਰ ਮਲਕੋਂ, ਬੀਕੇਯੂ ਲੱਖੋਵਾਲ ਵਲੋਂ ਨਿਰਮਲ ਸਿੰਘ ਝੰਡੂਕੇ, ਬੀ ਕੇ ਯੂ ਵਲੋਂ ਬੋਘ ਸਿੰਘ ਮਾਨਸਾ, ਡੇਰਾ ਐਕਸ਼ਨ ਕਮੇਟੀ ਰੱਲਾ ਵਲੋਂ ਸੁਦਾਗਰ ਸਿੰਘ, ਬੀ ਕੇ ਯੂ ਮਾਲਵਾ ਵਲੋਂ ਧਰਮਿੰਦਰ ਪਸ਼ੌਰ ਨੇ ਸੰਬੋਧਨ ਕੀਤਾ। ਧਰਨੇ ਵਿੱਚ ਦਿਲਜੋਤ ਸ਼ਰਮਾ ਦਾ ਛੋਟਾ ਭਰਾ ਅਭਿਸ਼ੇਕ ਸ਼ਰਮਾ ਅਤੇ ਮਾਮਾ ਕੌਰ ਸੈਨ ਵੀ ਹਾਜ਼ਰ ਸਨ।ਦਿਲਜੋਤ ਸ਼ਰਮਾ ਇਨਸਾਫ਼ ਕਮੇਟੀ ਵਲੋਂ ਬੋਲਦਿਆਂ ਲਿਬਰੇਸ਼ਨ ਆਗੂ ਕਾਮਰੇਡ ਸੁਖਦਰਸ਼ਨ ਨੱਤ ਨੇ ਦੱਸਿਆ ਕਿ ਐਕਸ਼ਨ ਕਮੇਟੀ ਤੇ ਪਰਵਾਰ ਨੂੰ ਪੁਲਸ ਦੇ ਉੱਚ ਅਧਿਕਾਰੀਆਂ ਨੇ ਵੀਰਵਾਰ ਲੁਧਿਆਣਾ ਵਿਖੇ ਗੱਲਬਾਤ ਲਈ ਬੁਲਾਇਆ ਸੀ। ਸਾਰਾ ਮਾਮਲਾ ਸੁਣਨ ਤੋਂ ਬਾਅਦ ਅਧਿਕਾਰੀਆਂ ਨੇ ਪੜਤਾਲ ਲਈ ਕੁਝ ਦਿਨ ਮੰਗਦਿਆਂ ਕਮੇਟੀ ਨੂੰ 29 ਜਨਵਰੀ ਨੂੰ ਦੁਬਾਰਾ ਬੁਲਾਇਆ ਹੈ। ਪਰ ਦਿਲਜੋਤ ਨੂੰ ਇਨਸਾਫ਼ ਸਿਰਫ਼ ਸੰਘਰਸ਼ ਦੇ ਦਬਾਅ ਸਦਕਾ ਹੀ ਮਿਲ ਸਕਦਾ ਹੈ, ਇਸ ਲਈ ਅਸੀਂ 2 ਫਰਵਰੀ ਨੂੰ ਪੁਲਸ ਕਮਿਸ਼ਨਰ ਲੁਧਿਆਣਾ ਸਾਹਮਣੇ ਰੱਖੇ ਧਰਨੇ ਲਈ ਜ਼ੋਰਦਾਰ ਤਿਆਰੀਆਂ ਜਾਰੀ ਰੱਖਾਂਗੇ।ਇਸ ਮੌਕੇ ਐਡ. ਸਵਰਨਜੀਤ ਦਲਿਉ, ਰਤਨ ਭੋਲਾ, ਆਤਮਾ ਸਿੰਘ ਪਮਾਰ, ਬਲੌਰ ਸਿੰਘ ਰੱਲਾ, ਗੁਰਸੇਵਕ ਮਾਨ, ਬਲਵਿੰਦਰ ਕੌਰ ਖਾਰਾ, ਮਲਕੀਤ ਸਿੰਘ ਤੂਰ ਵਣਜਾਰਾ, ਮਨਜੀਤ ਸਿੰਘ ਮੀਹਾਂ, ਆਤਮਾ ਰਾਮ ਸਰਦੂਲਗੜ੍ਹ, ਐਡ. ਅਰੁਣਾ ਰਾਣੀ, ਜਤਿੰਦਰ ਆਗਰਾ, ਸ਼ੈਲਰ ਐਸੋਸੀਏਸ਼ਨ ਵਲੋਂ ਸ਼ਿਵ ਕੁਮਾਰ, ਮੁਕੇਸ਼ ਕੁਮਾਰ, ਹਰੀ ਰਾਮ ਡਿੰਪਾ ਵੀ ਹਾਜ਼ਰ ਸਨ।

## ਕੇਂਦਰ ਓ ਬੀ ਸੀ ਦੀ ਜਾਤੀ ਅਧਾਰਤ ਗਿਣਤੀ ਕਰਾਵੇ : ਡਾ. ਹਰਗੁਰਪ੍ਰਤਾਪ

**ਬੱਧਨੀ ਕਲਾਂ (ਨਛੱਤਰ ਸੰਧੂ)**-ਦਸੰਬਰ ਮਹੀਨੇ ਵਿੱਚ ਆਰਐਸਐਸ ਤੇ ਭਾਰਤੀ ਜਨਤਾ ਪਾਰਟੀ ਵੱਲੋਂ ਬਾਮਸੇਫ ਤੇ ਭਾਰਤ ਮੁਕਤੀ ਮੋਰਚੇ ਵੱਲੋਂ ਹੋਣ ਜਾ ਰਹੇ ਰਾਸ਼ਟਰੀ ਸਮੇਲਣ ਦੀ ਪਰਮਿਸ਼ਨ ਰੱਦ ਕਰਨ ਦੇ ਵਿਰੋਧੀ ਵਿੱਚ ਰੋਸ ਮਾਰਚ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ ਵਿਖੇ ਕੱਢਿਆ ਗਿਆ।ਇਸ ਰੋਸ ਮਾਰਚ ਦੀ ਅਗਵਾਈ ਰਾਸ਼ਟਰੀ ਪਿਛੜਾ ਵਰਗ ਮੋਰਚਾ ਦੇ ਪੰਜਾਬ ਵਾਈਸ ਪ੍ਰਧਾਨ ਡਾ. ਹਰਗੁਰਪ੍ਰਤਾਪ ਸਿੰਘ ਦੀਪ ਹਸਪਤਾਲ ਵਾਲਿਆਂ ਨੇ ਕੀਤੀ।ਬਹੁਜਨ ਮੁਕਤੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਕੁਲਦੀਪ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਬੀਜੇਪੀ ਸਰਕਾਰ ਨੇ ਸੰਮੇਲਨ ਨੂੰ ਰੋਕ ਕੇ ਆਰਟੀਕਲ 19 ਤਹਿਤ ਬੋਲਣ ਦੀ ਅਜ਼ਾਦੀ ਦੀ ਉਲੰਘਣਾ ਕੀਤੀ ਹੈ। ਸਮੇਲਣ ਨੂੰ ਰੋਕ ਬਾਮਸੇਫ ਦੇ ਹੋਏ ਕਰੋੜਾਂ ਰੁਪਏ ਦੇ ਨੁਕਸਾਨ ਦੀ ਭਰਪਾਈ ਸਰਕਾਰ ਕਰੇ।ਡਾ. ਹਰਗੁਰਪ੍ਰਤਾਪ ਸਿੰਘ ਨੇ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਇਸ ਸੰਮੇਲਨ ਵਿੱਚ ਓਬੀਸੀ ਦੀ ਜਾਗ੍ਰਿਤੀ ਸਬੰਧੀ ਬਾਮਸੇਫ ਦੇ ਕੌਮੀ ਪ੍ਰਧਾਨ ਬਾਮਨ ਮੇਸ਼ਰਾਮ ਨੇ ਖਾਸ ਤੌਰ 'ਤੇ ਵਿਸ਼ੇ ਰੱਖੇ ਹੋਏ ਸਨ ਤਾਂ ਜੁ ਓਬੀਸੀ ਨੂੰ ਜਾਗ੍ਰਿਤ ਕਰਕੇ ਹਿੱਸੇਦਾਰੀ ਦਾ ਮਾਮਲਾ ਖੜਾ ਕੀਤਾ ਜਾਵੇ।ਓਬੀਸੀ ਨੂੰ ਸਾਸ਼ਨ-ਪ੍ਰਸ਼ਾਸਨ ਵਿੱਚ ਗਿਣਤੀ ਦੇ ਮੁਤਾਬਕ ਹਿੱਸੇਦਾਰੀ ਮਿਲੇ।ਇਸ ਲਈ ਓਬੀਸੀ ਦੀ ਜਾਤੀ ਅਧਾਰਤ ਤੇ ਸਾਰੀਆਂ ਜਾਤੀਆਂ ਦੀ ਜਾਤੀ ਅਧਾਰਿਤ ਗਿਣਤੀ ਕੀਤੀ ਜਾਵੇ। ਰੋਸ ਮਾਰਚ ਵਿੱਚ ਖਾਸ ਤੌਰ 'ਤੇ ਰਾਸ਼ਟਰੀ ਪਿਛੜੇ ਵਰਗ ਮੋਰਚਾ ਦੇ ਕੌਮੀ ਵਾਈਸ ਪ੍ਰਧਾਨ ਸ: ਮੁਕੰਦ ਸਿੰਘ ਨੇ ਕਿਹਾ ਕਿ ਕੇਂਦਰੀ ਤੇ ਰਾਜ ਸਰਕਾਰਾਂ ਈ.ਵੀ.ਐਮ ਮਸ਼ੀਨ ਵਿੱਚ ਘਪਲਾ ਕਰਕੇ ਬਣਦੀਆਂ ਹਨ।ਈ.ਵੀ.ਐਮ ਹਟਾ ਕੇ ਵੋਟਾਂ ਬੇਲਟ ਪੇਪਰ ਰਾਹੀਂ ਪੁਆਈਆਂ ਜਾਣ।

## ਹਰਿਆਉ 'ਚ ਨਸ਼ਾ ਤਸਕਰਾਂ ਦੀ ਜਾਇਦਾਦ 'ਤੇ ਚੱਲਿਆ ਪੀਲਾ ਪੰਜਾ



**ਸੰਗਰੂਰ/ਮੂਣਕ (ਰਾਜਪਾਲ ਸਿੰਗਲਾ)**
ਸੀਨੀਅਰ ਕਪਤਾਨ ਪੁਲਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ਼ ਚਲਾਈ ਮੁਹਿੰਮ ਤਹਿਤ ਸ੍ਰੀ ਰਾਜੇਸ਼ ਛਿੱਬਰ ਕਪਤਾਨ ਪੁਲਸ ਵੱਲੋਂ ਦੱਸਿਆ ਗਿਆ ਕਿ ਗ੍ਰਾਮ ਪੰਚਾਇਤ ਹਰਿਆਉ ਵੱਲੋਂ ਮਤਾ ਨੰਬਰ 1 ਰਾਹੀਂ 29.12.2025 ਨੂੰ ਖਸਰਾ ਨੰ:291 (4-12) ਦੀ ਨਿਸ਼ਾਨਦੇਹੀ ਕਰਾਉਣ ਦੀ ਮੰਗ ਕੀਤੀ ਗਈ ਸੀ।ਉਕਤ ਮਤੇ ਅਧਾਰ 'ਤੇ ਫੀਲਡ ਕਾਨੂੰਗੋ ਗਾਗਾ ਵੱਲੋਂ ਮਿਤੀ 07.01.2026 ਨੂੰ ਸਰਪੰਚ ਗ੍ਰਾਮ ਪੰਚਾਇਤ ਹਰਿਆਉ ਤੇ ਦਫਤਰ ਦੇ ਕ੍ਰਮਚਾਰੀਆਂ ਦੀ ਹਾਜ਼ਰੀ ਵਿੱਚ ਨਿਸ਼ਾਨਦੇਹੀ ਕੀਤੀ ਗਈ। ਨਿਸ਼ਾਨਦੇਹੀ ਕਰਾਉਣ ਉਪਰੰਤ ਖਸਰਾ ਨੰਬਰ ਉਕਤ ਉਪਰ ਸ਼ਿੰਦਰ ਕੌਰ ਪਤਨੀ ਕਰਨੈਲ ਸਿੰਘ ਵਾਸੀ ਹਰਿਆਉ ਤੇ ਗੁਰਪਾਲ ਸਿੰਘ ਉਰਫ ਗੋਰਾ ਪੁੱਤਰ ਦੱਲ ਸਿੰਘ ਵਾਸੀ ਹਰਿਆਉ ਦਾ ਨਜਾਇਜ਼ ਕਬਜ਼ਾ ਪਾਇਆ ਗਿਆ।ਨਜਾਇਜ਼ ਕਬਜ਼ਾ ਛੁਡਾਉਣ ਲਈ ਬੀ.ਡੀ.ਪੀ.ਓ ਲਹਿਰਾ ਵੱਲੋਂ ਨਜਾਇਜ਼ ਕਬਜ਼ਾ ਦੂਰ ਕਰਾਉਣ ਪੁਲਿਸ ਇਮਦਾਦ ਦੀ ਮੰਗ ਕੀਤੀ ਗਈ ਸੀ, ਜਿਸ ਮਤੇ ਉਪਰ ਦਫਤਰ ਡਿਪਟੀ ਕਮਿਸ਼ਨਰ ਵੱਲੋਂ ਪੱਤਰ ਨੰਬਰ 195 ਰਾਹੀਂ ਮਿਤੀ 21.01.2026 ਨੂੰ ਕੀਤੇ ਗਏ ਨਜਾਇਜ਼ ਕਬਜ਼ੇ ਨੂੰ ਦੂਰ ਕਰਾਉਣ ਸਮੇਂ ਪੁਲਸ/ਲੇਡੀ ਪੁਲਿਸ ਮੁਹੱਈਆ ਕਰਾਉਣ ਦੇ ਹੁਕਮ ਦਿੱਤੇ ਗਏ ਸਨ। ਸ੍ਰੀ ਰਾਜੇਸ਼ ਛਿੱਬਰ ਕਪਤਾਨ ਪੁਲਸ ਦੀ ਅਗਵਾਈ ਵਿੱਚ ਰਣਬੀਰ ਸਿੰਘ ਉਪ ਕਪਤਾਨ ਪੁਲਿਸ ਸਬ ਡਵੀਜ਼ਨ ਲਹਿਰਾ ਤੇ ਇੰਸ: ਮਨਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਲਹਿਰਾ ਸਮੇਤ ਦੀ ਫੋਰਸ ਦੀ ਮਦਦ ਨਾਲ ਸ਼ਿੰਦਰ ਕੌਰ ਪਤਨੀ ਕਰਨੈਲ ਸਿੰਘ ਵਾਸੀ ਹਰਿਆਉ ਜਿਸ ਖਿਲਾਫ਼ 12 ਮੁਕੱਦਮੇ ਤੇ ਗੁਰਪਾਲ ਸਿੰਘ ਉਰਫ਼ ਗੋਰਾ ਪੁੱਤਰ ਦੱਲੂ ਸਿੰਘ ਵਾਸੀ ਹਰਿਆਉ, ਜਿਸ ਦੇ ਖਿਲਾਫ਼ 03 ਅਪਰਾਧਕ ਮੁਕੱਦਮੇ ਦਰਜ ਰਜਿਸਟਰ ਹਨ, ਵੱਲੋਂ ਨਜਾਇਜ਼ ਕਬਜ਼ਾ ਕਰਕੇ ਉਸਾਰੀ ਕੀਤੇ ਗਏ ਮਕਾਨਾਂ ਨੂੰ ਢਾਹ ਕੇ ਕੀਤੇ ਗਏ ਨਜਾਇਜ਼ ਕਬਜ਼ੇ ਨੂੰ ਛੁਡਵਾਇਆ ਗਿਆ।ਇਸ ਤੋਂ ਇਲਾਵਾ ਉਕਤ ਵਿਅਕਤੀਆਂ ਦੇ ਸਾਬਕਾ ਰਿਕਾਰਡ ਤੇ ਉਪਰੋਕਤ ਦੋਨਾਂ 'ਤੇ ਐਨ.ਡੀ.ਪੀ.ਐਸ ਐਕਟ ਅਤੇ ਆਬਕਾਰੀ ਐਕਟ ਦੇ ਕਈ ਮੁਕੱਦਮ ਦਰਜ ਰਜਿਸਟਰ ਹੋਣੇ ਪਾਏ ਗਏ ਹਨ।

## ਸਿੰਥੈਟਿਕ ਡੋਰ ਦੇ ਮਾਰੂ ਪ੍ਰਭਾਵਾਂ ਬਾਰੇ ਡੀ ਸੀ ਮਾਡਲ ਸਕੂਲ ਵੱਲੋਂ ਨੁੱਕੜ ਨਾਟਕ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਵਿਦਿਆਰਥੀਆਂ ਨੂੰ ਸਿੰਥੈਟਿਕ ਡੋਰ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਡੀਸੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਇੱਕ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ। ਇਸ ਨਾਟਕ ਰਾਹੀਂ ਵਿਦਿਆਰਥੀਆਂ ਨੇ ਆਲੇ-ਦੁਆਲੇ ਦੇ ਲੋਕਾਂ ਨੂੰ ਚਾਈਨਾ ਡੋਰ ਦੇ ਖ਼ਤਰਨਾਕ ਨਤੀਜਿਆਂ ਬਾਰੇ ਜਾਣਕਾਰੀ ਦਿੱਤੀ।

ਵਿਦਿਆਰਥੀਆਂ ਦੀ ਇਸ ਪੇਸ਼ਕਾਰੀ ਦੀ ਮਾਪਿਆਂ, ਵੈਨ ਚਾਲਕਾਂ ਅਤੇ ਸਕੂਲ ਦੇ ਨੇੜਲੇ ਨਿਵਾਸੀਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ। ਪ੍ਰਿੰਸੀਪਲ ਯਾਚਨਾ ਚਾਵਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਚਾਈਨਾ ਡੋਰ ਅਸਲ ਵਿਚ ਕੋਈ ਡੋਰ ਨਹੀਂ ਬਲਕਿ 'ਮੌਤ ਦਾ ਖੰਜਰ' ਹੈ, ਜਿਸ ਦੀ ਵਰਤੋਂ ਪਤੰਗ ਉਡਾਉਣ ਲਈ ਬਿਲਕੁਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਇਹ ਖ਼ੂਨੀ ਡੋਰ ਹੁਣ ਤੱਕ ਅਨੇਕਾਂ ਕੀਮਤੀ ਜਾਨਾਂ ਨਿਗਲ ਚੁੱਕੀ ਹੈ ਅਤੇ ਵੱਡੀ ਗਿਣਤੀ ਵਿਚ ਲੋਕਾਂ ਨੂੰ ਗੰਭੀਰ ਜ਼ਖ਼ਮੀ ਕਰ ਚੁੱਕੀ ਹੈ। ਉਨ੍ਹਾਂ ਅਪੀਲ ਕੀਤੀ ਕਿ ਭਾਰਤੀ ਧਾਗੇ ਨਾਲ ਬਣੀ ਡੋਰ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ, ਤਾਂ ਜੋ ਤਿਉਹਾਰ ਦੀ ਮਰਿਆਦਾ ਵੀ ਬਣੀ ਰਹੇ ਅਤੇ ਕਿਸੇ ਦਾ ਜਾਨੀ-ਮਾਲੀ ਨੁਕਸਾਨ ਵੀ ਨਾ ਹੋਵੇ। ਨਾਟਕ ਦੌਰਾਨ ਵਿਦਿਆਰਥੀਆਂ ਨੇ 'ਚੂਜ਼ ਇੰਡੀਅਨ ਡੋਰ, ਸੇਅ ਨੋ ਟੂ ਚਾਈਨੀਜ਼ ਡੋਰ' ਦੇ ਜ਼ੋਰਦਾਰ ਨਾਅਰੇ ਵੀ ਲਗਾਏ। ਵਿਦਿਆਰਥੀਆਂ ਨੇ ਆਪਣੀ ਕਲਾ ਰਾਹੀਂ ਇਹ ਵੀ ਦਿਖਾਇਆ ਕਿ ਕਿਸ ਤਰ੍ਹਾਂ ਇਹ ਸਿੰਥੈਟਿਕ ਡੋਰ ਇਨਸਾਨਾਂ ਦੇ ਨਾਲ-ਨਾਲ ਬੇਜ਼ੁਬਾਨ ਪੰਛੀਆਂ ਲਈ ਵੀ ਘਾਤਕ ਸਿੱਧ ਹੁੰਦੀ ਹੈ। ਡਿਪਟੀ ਪ੍ਰਿੰਸੀਪਲ ਮਨੀਸ਼ ਬਾਂਗਾ ਨੇ ਦੱਸਿਆ ਕਿ ਸਕੂਲ ਵੱਲੋਂ ਸਮੇਂ-ਸਮੇਂ 'ਤੇ ਸਮਾਜਿਕ ਬੁਰਾਈਆਂ ਵਿਰੁੱਧ ਜਨਤਕ ਥਾਵਾਂ 'ਤੇ ਅਜਿਹੇ ਨਾਟਕ ਪੇਸ਼ ਕੀਤੇ ਜਾਂਦੇ ਹਨ ਤਾਂ ਜੋ ਲੋਕਾਂ ਵਿਚ ਜਾਗਰੂਕਤਾ ਪੈਦਾ ਕੀਤੀ ਜਾ ਸਕੇ ਅਤੇ ਸੰਭਾਵੀ ਹਾਦਸਿਆਂ ਨੂੰ ਰੋਕਿਆ ਜਾ ਸਕੇ। ਇਸ ਮੌਕੇ ਡਿਪਟੀ ਪ੍ਰਿੰਸੀਪਲ ਮਨੀਸ਼ ਬਾਂਗਾ, ਸੀਨੀਅਰ ਜੀ.ਐਮ ਰਿਟਾਇਰਡ ਕਰਨਲ ਪੀਯੂਸ਼ ਬੇਰੀ, ਹੈੱਡ ਮਿਸਟਰੈਸ ਰਿਤਿਕਾ ਸੋਨੀ, ਡੀਜੀਐੱਮ ਐਡਮਿਨ ਅਨੂ ਸ਼ਰਮਾ, ਏਵੀਪੀ ਐਲੀਮੈਂਟਰੀ ਪ੍ਰੀਤੀ ਸੇਠੀ, ਏਜੀਐੱਮ ਇਵੈਂਟਸ ਅਤੇ ਐਕਟੀਵਿਟੀ ਹੀਨਾ, ਐਕਟੀਵਿਟੀ ਕੋਆਰਡੀਨੇਟਰ ਲੀਸ਼ਾ, ਮਮਤਾ ਸ਼ਰਮਾ, ਆਰਤੀ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

## ਟਰੱਕ ਦੀ ਲਪੇਟ 'ਚ ਸਾਈਕਲ ਸਵਾਰ ਦੀ ਮੌਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪਿੰਡ ਦੋਦਾ ਵਿੱਚ ਸਵੇਰੇ ਇੱਕ ਦਰਦਨਾਕ ਸੜਕ ਹਾਦਸੇ ਦੌਰਾਨ ਸਾਈਕਲ ਸਵਾਰ ਵਿਅਕਤੀ ਦੀ ਮੌਤ ਹੋ ਗਈ।ਮ੍ਰਿਤਕ ਦੀ ਪਛਾਣ ਇਕਬਾਲ ਸਿੰਘ ਵਜੋਂ ਹੋਈ ਹੈ।ਜਾਣਕਾਰੀ ਅਨੁਸਾਰ ਇਕਬਾਲ ਸਿੰਘ ਸਾਈਕਲ ਸ੍ਰੀ ਮੁਕਤਸਰ-ਬਠਿੰਡਾ ਹਾਈਵੇ 'ਤੇ ਬਠਿੰਡਾ ਵੱਲੋਂ ਸ੍ਰੀ ਮੁਕਤਸਰ ਸਾਹਿਬ ਨੂੰ ਜਾ ਰਹੇ ਇੱਕ ਟਰੱਕ ਦੀ ਲਪੇਟ ਵਿੱਚ ਆ ਗਏ।ਟਰੱਕ ਦੇ ਪਿੱਛਲੇ ਹਿੱਸੇ ਦਾ ਟਾਇਰ ਸਾਈਕਲ ਸਵਾਰ ਦੇ ਸਿਰ ਉੱਪਰੋਂ ਲੰਘ ਗਿਆ, ਜਿਸ ਕਾਰਨ ਇਕਬਾਲ ਸਿੰਘ ਦੀ ਮੌਕੇ 'ਤੇ ਹੀ ਮੌਤ ਹੋ ਗਈ।ਘਟਨਾ ਦੀ ਸੂਚਨਾ ਮਿਲਦੇ ਹੀ ਦੋਦਾ ਪੁਲਿਸ ਮੌਕੇ 'ਤੇ ਪਹੁੰਚੀ।ਚੌਕੀ ਇੰਚਾਰਜ ਗੁਰਤੇਜ ਸਿੰਘ ਨੇ ਦੱਸਿਆ ਕਿ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।ਪੁਲਿਸ ਵੱਲੋਂ ਟਰੱਕ ਨੂੰ ਵੀ ਕਬਜ਼ੇ ਵਿੱਚ ਲੈ ਲਿਆ ਗਿਆ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਸਫਾ 1 ਦੇ ਬਾਕੀ...

### ਮਰਦਮਸ਼ੁਮਾਰੀ 'ਚ ...

ਸਫਾ 1 ਦੇ ਬਾਕੀ...

ਜਾਣ ਵਾਲਾ ਮੋਬਾਈਲ ਫ਼ੋਨ ਸਮਾਰਟ ਫੋਨ ਹੈ ਜਾਂ ਇਸ ਵਿੱਚ ਇੱਕ ਆਮ ਟੈਲੀਫ਼ੋਨ ਕੁਨੈਕਸ਼ਨ ਹੈ, ਨਾਲ ਵੀ ਜੁੜੇ ਹਨ। ਮਰਦਮਸ਼ੁਮਾਰੀ ਲਈ ਆਉਣ ਵਾਲੇ ਅਧਿਕਾਰੀਆਂ ਦੇ ਸਵਾਲ ਨਹਾਉਣ ਦੀ ਸਹੂਲਤ ਦੀ ਉਪਲੱਬਧਤਾ, ਰਸੋਈ ਅਤੇ ਐੱਲ ਪੀ ਜੀ/ਪੀ ਐੱਨ ਜੀ ਕੁਨੈਕਸ਼ਨ ਅਤੇ ਘਰ ਵਿੱਚ ਖਾਣਾ ਪਕਾਉਣ ਲਈ ਵਰਤੇ ਜਾਣ ਵਾਲੇ ਮੁੱਖ ਬਾਲਣ ਨਾਲ ਵੀ ਸੰਬੰਧਤ ਹੋਣਗੇ। ਨਾਲ ਹੀ ਘਰ ਵਿੱਚ ਖਪਤ ਹੋਣ ਵਾਲੇ ਮੁੱਖ ਅਨਾਜ ਬਾਰੇ ਵੀ ਪੁੱਛਿਆ ਜਾਵੇਗਾ। ਮਰਦਮਸ਼ੁਮਾਰੀ ਦਾ ਇਹ ਅਮਲ ਦੋ ਪੜਾਵਾਂ ਵਿੱਚ ਹੋਵੇਗਾ। ਪਹਿਲਾ ਪੜਾਅ 1 ਅਪਰੈਲ 2026 ਤੋਂ ਸ਼ੁਰੂ ਹੋਵੇਗਾ। ਪਹਿਲੇ ਪੜਾਅ ਵਿੱਚ ਘਰਾਂ ਦੀ ਸੂਚੀ ਬਣਾਈ ਜਾਵੇਗੀ, ਜਦੋਂ ਕਿ ਦੂਜਾ ਪੜਾਅ ਜੋ 1 ਫਰਵਰੀ, 2027 ਤੋਂ ਸ਼ੁਰੂ ਹੋਵੇਗਾ, ਵਿੱਚ ਆਬਾਦੀ ਦੀ ਗਣਨਾ ਸ਼ਾਮਲ ਹੋਵੇਗੀ।

### 'ਮੁੱਖ ਮੰਤਰੀ ਸਿਹਤ ਯੋਜਨਾ' ...

ਹਸਪਤਾਲਾਂ ਨੂੰ ਸੂਚੀਬੱਧ ਕੀਤਾ ਗਿਆ ਹੈ, ਜਲਦੀ ਹੀ ਹੋਰ ਹਸਪਤਾਲ ਵੀ ਸ਼ਾਮਿਲ ਕੀਤੇ ਜਾਣਗੇ।ਪਠਾਨਕੋਟ ਵਿੱਚ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪਿੰਡ ਦਾਰੋ ਸਲਾਮ, ਭੋਆ ਅਤੇ ਗੋਬਿੰਦਸਰ ਵਿੱਚ ਘਰ-ਘਰ ਜਾ ਕੇ ਰਜਿਸਟ੍ਰੇਸ਼ਨ ਪ੍ਰਕਿਰਿਆ ਦੀ ਸ਼ੁਰੂਆਤ ਕੀਤੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਦੇ 14 ਹਸਪਤਾਲਾਂ ਨੂੰ ਇਸ ਯੋਜਨਾ ਅਧੀਨ ਜੋੜਿਆ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਇਸ ਯੋਜਨਾ ਤਹਿਤ ਕਾਰਡ ਬਣਾਉਣ ਲਈ ਪਿੰਡਾਂ ਵਿੱਚ ਕੈਂਪ ਲਗਾਏ ਜਾਣਗੇ।ਤਰਨਤਾਰਨ ਜ਼ਿਲ੍ਹੇ ਦੇ ਪਿੰਡ ਸਭਰਾ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕਰਦਿਆਂ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਹੁਣ ਗਰੀਬ ਤੋਂ ਗਰੀਬ ਵੀ ਨਿੱਜੀ ਹਸਪਤਾਲਾਂ ਤੋਂ ਵਧੀਆ ਇਲਾਜ ਸਹੂਲਤਾਂ ਪ੍ਰਾਪਤ ਕਰ ਸਕੇਗਾ।ਇਸ ਤੋਂ ਇਲਾਵਾ ਸੁਲਤਾਨਪੁਰ ਲੋਧੀ ਵਿਖੇ ਰਜਿਸਟ੍ਰੇਸ਼ਨ ਦੀ ਸ਼ੁਰੂਆਤ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਅਤੇ ਹੁਸ਼ਿਆਰਪੁਰ ਵਿਖੇ ਵਿਧਾਇਕ ਬ੍ਰਹਮਸ਼ੰਕਰ ਜ਼ਿੰਪਾ ਵੱਲੋਂ ਕੀਤੀ ਗਈ।

### ਅਮਰੀਕਾ 'ਚ ਬੱਚੇ ...

ਏਜੰਟਾਂ ਨੇ ਬੱਚੇ ਨੂੰ ਘਰ ਦਾ ਦਰਵਾਜ਼ਾ ਖੜਕਾਉਣ ਲਈ ਵਰਤਿਆ ਤਾਂ ਜੋ ਪਤਾ ਲੱਗ ਸਕੇ ਕਿ ਅੰਦਰ ਹੋਰ ਕੌਣ ਹੈ। ਅਸਲ ਵਿੱਚ ਪੰਜ ਸਾਲ ਦੇ ਬੱਚੇ ਨੂੰ ਸਿਰਫ ਜਾਲ ਵਿਛਾਉਣ ਲਈ ਵਰਤਿਆ ਗਿਆ। ਪਰਵਾਰ ਦੇ ਵਕੀਲ ਮਾਰਕ ਪ੍ਰੋਕੋਸ਼ ਨੇ ਕਿਹਾ ਕਿ ਉਹ ਬੱਚੇ ਨੂੰ ਕਾਨੂੰਨੀ ਤਰੀਕੇ ਨਾਲ ਜਾਂ ਨੈਤਿਕ ਦਬਾਅ ਰਾਹੀਂ ਆਜ਼ਾਦ ਕਰਵਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਦੂਜੇ ਪਾਸੇ, ਡਿਪਾਰਟਮੈਂਟ ਆਫ ਹੋਮਲੈਂਡ ਸਕਿਓਰਿਟੀ ਦੀ ਤਰਜਮਾਨ ਟ੍ਰਿਸ਼ੀਆ ਮੈਕਲਗਲਿਨ ਨੇ ਕਿਹਾ ਕਿ ਇਮੀਗ੍ਰੇਸ਼ਨ ਵਿਭਾਗ ਨੇ ਕਿਸੇ ਬੱਚੇ ਨੂੰ ਨਿਸ਼ਾਨਾ ਨਹੀਂ ਬਣਾਇਆ। ਏਜੰਟ ਬੱਚੇ ਦੇ ਪਿਤਾ ਐਡਰੀਅਨ ਅਲੈਗਜ਼ੈਂਡਰ ਕੋਨੇਜੋ ਨੂੰ ਗ੍ਰਿਫਤਾਰ ਕਰਨ ਗਏ ਸਨ, ਜੋ ਕਿ ਇਕਵਾਡੋਰ ਦਾ ਰਹਿਣ ਵਾਲਾ ਹੈ ਅਤੇ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਿਹਾ ਹੈ। ਪਿਤਾ ਆਪਣੇ ਬੱਚੇ ਨੂੰ ਛੱਡ ਕੇ ਪੈਦਲ ਭੱਜ ਗਿਆ ਸੀ, ਜਿਸ ਕਾਰਨ ਬੱਚੇ ਦੀ ਸੁਰੱਖਿਆ ਲਈ ਇੱਕ ਅਧਿਕਾਰੀ ਨੂੰ ਉਸਦੇ ਨਾਲ ਰਹਿਣਾ ਪਿਆ।

### ਹਰਜੋਤ ਬੈਂਸ ਵੱਲੋਂ ਕੌਮਾਂਤਰੀ...

ਪ੍ਰਕਾਸ਼ਨਾ, ਨਵੀਨਤਾ-ਆਧਾਰਤ ਪ੍ਰਾਜੈਕਟਾਂ ਅਤੇ ਕੌਮਾਂਤਰੀ ਖੋਜ ਤੱਕ ਪਹੁੰਚ ਲਈ ਵਿਸ਼ਾਲ ਸੰਭਾਵਨਾਵਾਂ ਦੇ ਰਾਹ ਖੋਲ੍ਹਣਗੇ। ਉਨ੍ਹਾਂ ਕਿਹਾ ਕਿ ਵਿਸ਼ਵਵਿਆਪੀ ਭਾਈਵਾਲੀ ਵਿਦਿਆਰਥੀਆਂ ਲਈ ਆਲਮੀ ਤਜਰਬਾ, ਉਦਯੋਗ-ਮੁਖੀ ਸਿਖਲਾਈ ਅਤੇ ਵਿਦੇਸ਼ਾਂ ਵਿੱਚ ਉਚੇਰੀ ਸਿੱਖਿਆ, ਇੰਟਰਨਸ਼ਿਪ ਅਤੇ ਪਲੇਸਮੈਂਟ ਦੇ ਮੌਕੇ ਪ੍ਰਦਾਨ ਕਰਕੇ ਕਰੀਅਰ ਲਈ ਨਵੇਂ, ਬਿਹਤਰ ਅਤੇ ਵਿਸ਼ਾਲ ਮੌਕੇ ਪੈਦਾ ਕਰੇਗੀ । ਬੈਂਸ ਨੇ ਕਿਹਾ ਕਿ ਮਾਨ ਸਰਕਾਰ ਪੰਜਾਬ ਦੇ ਨੌਜਵਾਨਾਂ ਨੂੰ ਵਿਸ਼ਵ ਪੱਧਰ 'ਤੇ ਢੁਕਵੇਂ ਹੁਨਰਾਂ, ਖੋਜ ਰੁਝਾਨਾਂ ਅਤੇ ਪੇਸ਼ੇਵਰ ਯੋਗਤਾ ਨਾਲ ਲੈਸ ਕਰਨ ਲਈ ਵਚਨਬੱਧ ਹੈ ਤਾਂ ਜੋ ਉਹ ਅੰਤਰਰਾਸ਼ਟਰੀ ਪੱਧਰ 'ਤੇ ਮੁਕਾਬਲੇ ਦੇ ਯੋਗ ਹੋ ਸਕਣ।ਉਨ੍ਹਾਂ ਖ਼ਾਸ ਤੌਰ 'ਤੇ ਕਿਹਾ ਕਿ ਯੂ ਬੀ ਐਸ ਐਸ ਆਸਟ੍ਰੇਲੀਆ ਨਾਲ ਆਈ ਕੇ ਜੀ ਪੀ ਟੀ ਯੂ ਜਲੰਧਰ ਦਰਮਿਆਨ ਭਾਈਵਾਲੀ ਨਾ ਸਿਰਫ਼ ਦੋ ਵੱਡੀਆਂ ਸਿੱਖਿਆ ਸੰਸਥਾਵਾਂ ਦਰਮਿਆਨ ਗਿਆਨ ਦੇ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰੇਗੀ, ਸਗੋਂ ਆਸਟ੍ਰੇਲੀਆ ਦੇ ਉਚੇਰੀ ਸਿੱਖਿਆ ਈਕੋ-ਸਿਸਟਮ ਵਿੱਚ ਆਈ.ਕੇ.ਜੀ. ਪੰਜਾਬ ਤਕਨੀਕੀ ਯੂਨੀਵਰਸਿਟੀ ਦੇ ਸਿੱਖਿਆ ਅਨੁਭਵ ਦੇ ਪਸਾਰ ਨੂੰ ਵੀ ਮਜ਼ਬੂਤੀ ਦੇਵੇਗੀ।ਭਾਰਤ ਅਤੇ ਆਸਟ੍ਰੇਲੀਆ ਦਰਮਿਆਨ ਰਣਨੀਤਕ ਅਕਾਦਮਿਕ ਭਾਈਵਾਲੀ ਦੀ ਸ਼ੁਰੂਆਤ ਕਰਨ ਵਾਲੇ ਇਸ ਸਮਝੌਤੇ 'ਤੇ ਆਈ ਕੇ ਜੀ ਪੀ ਟੀ ਯੂ ਜਲੰਧਰ ਦੇ ਵਾਈਸ-ਚਾਂਸਲਰ ਡਾ. ਸੁਸ਼ੀਲ ਮਿੱਤਲ ਅਤੇ ਯੂਨੀਵਰਸਲ ਬਿਜ਼ਨਸ ਸਕੂਲ ਸਿਡਨੀ ਦੇ ਪ੍ਰੈਜ਼ੀਡੈਂਟ ਗੈਰੀ ਮਲਹੋਤਰਾ ਨੇ ਰਸਮੀ ਤੌਰ 'ਤੇ ਦਸਤਖ਼ਤ ਕੀਤੇ।

## ਸਿੱਧੀ ਭਰਤੀ ਐੱਚ ਟੀ ਤੇ ਸੀ ਐੱਚ ਟੀ ਅਧਿਆਪਕਾਂ ਨੇ ਉਲੀਕੀ ਨਵੀਂ ਰਣਨੀਤੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਫਿਰੋਜ਼ਪੁਰ ਜ਼ਿਲ੍ਹੇ ਦੇ ਸਮੂਹ ਬਲਾਕਾਂ ਦੇ ਸਿੱਧੀ ਭਰਤੀ ਰਾਹੀਂ ਆਏ ਐੱਚ ਟੀ ਅਤੇ ਸੀ ਐੱਚ ਟੀ ਅਧਿਆਪਕਾਂ ਦੀ ਇਕ ਵਿਸ਼ੇਸ਼ ਇਕੱਤਰਤਾ ਹੋਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਅਧਿਆਪਕਾਂ ਦੀਆਂ ਮੰਗਾਂ ਅਤੇ ਹੱਕਾਂ ਦੀ ਰਾਖੀ ਲਈ ਇਕਜੁੱਟ ਹੋਣਾ ਸੀ। ਗੰਭੀਰ ਵਿਚਾਰ-ਵਟਾਂਦਰੇ ਤੋਂ ਬਾਅਦ ਸਰਬਸੰਮਤੀ ਨਾਲ 'ਸਿੱਧੀ ਭਰਤੀ ਐੱਚ ਟੀ/ਸੀ ਐੱਚ ਟੀ ਯੂਨੀਅਨ ਫਿਰੋਜ਼ਪੁਰ' ਦੇ ਨਵੀਂ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ। ਜਥੇਬੰਦੀ ਨੂੰ ਮਜ਼ਬੂਤੀ ਦੇਣ ਲਈ ਅਧਿਆਪਕਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਜਿਨ੍ਹਾਂ ਵਿਚ ਜ਼ਿਲ੍ਹਾ ਪ੍ਰਧਾਨ ਵਰਿੰਦਰਪਾਲ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਫਤਹਿਗੜ੍ਹ ਸਭਰਾਵਾਂ, ਜ਼ਿਲ੍ਹਾ ਉੱਪ ਪ੍ਰਧਾਨ ਅਨਵਰ ਸਰਕਾਰੀ ਪ੍ਰਾਇਮਰੀ ਸਕੂਲ ਝੋਕ ਟਹਿਲ ਸਿੰਘ ਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੀਤ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਛਾਂਗਾ ਖੁਰਦ, ਜ਼ਿਲ੍ਹਾ ਸਕੱਤਰ ਰਕੇਸ਼ ਕੁਮਾਰ ਸਰਕਾਰੀ ਪ੍ਰਾਇਮਰੀ ਸਕੂਲ ਪਿੰਡੀ, ਜ਼ਿਲ੍ਹਾ ਜਨਰਲ ਸਕੱਤਰ ਰਾਜ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਬੂਲਾ ਰਾਏ ਉਤਾੜ, ਜ਼ਿਲ੍ਹਾ ਖਜ਼ਾਨਚੀ ਹਰਭਜਨ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਗੱਟੀ ਮਸਤਾ ਨੰਬਰ 2, ਜ਼ਿਲ੍ਹਾ ਪ੍ਰੈਸ ਸਕੱਤਰ ਕੁਲਵੰਤ ਸਿੰਘ ਸਰਕਾਰੀ ਪ੍ਰਾਇਮਰੀ ਸਕੂਲ ਚੱਕ ਘੁੱਲਾ ਚੁਣੇ ਗਏ ਹਨ। ਜਥੇਬੰਦੀ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪੂਰੇ ਜ਼ਿਲ੍ਹੇ ਨੂੰ ਤਿੰਨ ਜ਼ੋਨਾਂ ਵਿਚ ਵੰਡਿਆ ਗਿਆ ਹੈ। ਜ਼ੋਨ-1 ਮਮਦੋਟ, ਗੁਰੂਹਰਸਹਾਏ-1, ਗੁਰੂਹਰਸਹਾਏ-2 ਦੇ ਪ੍ਰਧਾਨ ਅਮਰੀਕ ਸਿੰਘ ਅਤੇ ਉਪ ਪ੍ਰਧਾਨ ਅਜੀਤ ਸਿੰਘ, ਜ਼ੋਨ-2 ਫਿਰੋਜ਼ਪੁਰ-1, 2, 3, ਸਤੀਏਵਾਲਾ, ਘੱਲਖੁਰਦ ਦੇ ਪ੍ਰਧਾਨ ਗੁਰਜੰਟ ਸਿੰਘ ਅਤੇ ਉਪ ਪ੍ਰਧਾਨ ਕੁਲਵਿੰਦਰ ਸਿੰਘ ਅਤੇ ਜ਼ੋਨ-3 ਮੱਲਾਂਵਾਲਾ ਖਾਸ, ਜ਼ੀਰਾ ਅਤੇ ਮਖੂ ਦੇ ਪ੍ਰਧਾਨ ਵਿਨੈ ਸ਼ਰਮਾ, ਉਪ ਪ੍ਰਧਾਨ ਪੂਜਾ ਹਨ। ਇਸ ਮੌਕੇ ਨਵੀਂ ਚੁਣੀ ਗਈ ਟੀਮ ਨੇ ਵਿਸ਼ਵਾਸ ਦਿਵਾਇਆ ਕਿ ਉਹ ਅਧਿਆਪਕ ਵਰਗ ਦੀਆਂ ਮੁਸ਼ਕਲਾਂ ਨੂੰ ਪ੍ਰਸ਼ਾਸਨ ਅਤੇ ਸਰਕਾਰ ਤੱਕ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਇਸ ਮੌਕੇ ਵੱਡੀ ਗਿਣਤੀ ਵਿਚ ਅਧਿਆਪਕ ਹਾਜ਼ਰ ਸਨ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ 'ਚ ਰਾਸ਼ਟਰੀ ਗਣਿਤ ਦਿਵਸ ਦਾ ਆਯੋਜਨ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗਣਿਤ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ 22 ਜਨਵਰੀ ਨੂੰ ਮਹਾਨ ਗਣਿਤ ਵਿਦਵਾਨ ਸ੍ਰੀਨਿਵਾਸ ਰਾਮਾਨੁਜਨ ਦੀ ਜਨਮ ਜਯੰਤੀ ਦੀ ਯਾਦ ਵਿੱਚ ਰਾਸ਼ਟਰੀ ਗਣਿਤ ਦਿਵਸ ਮਨਾਇਆ ਗਿਆ। ਇਸ ਸਮਾਗਮ ਦਾ ਆਯੋਜਨ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ-ਚਾਂਸਲਰ, ਅਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਦੀ ਯੋਗ ਅਗਵਾਈ ਹੇਠ ਕੀਤਾ ਗਿਆ।ਇਸ ਮੌਕੇ ਕਵੀਜ਼, ਵਰਕਿੰਗ/ਨਾਨ-ਵਰਕਿੰਗ ਮਾਡਲ, ਸਲੋਗਨ ਲਿਖਣ, ਪੋਸਟਰ ਮੇਕਿੰਗ ਅਤੇ ਪੀਪੀਟੀ ਪ੍ਰਜ਼ੈਂਟੇਸ਼ਨ ਵਰਗੀਆਂ ਵੱਖ-ਵੱਖ ਮੁਕਾਬਲਿਆਂ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਸ਼ੇਸ਼ ਲੈਕਚਰ ਡਾ. ਜਸਵਿੰਦਰ ਸਿੰਘ (ਸ਼ਿਖਾ ਰਤਨ) ਵੱਲੋਂ ਦਿੱਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕੁਝ ਦਿਲਚਸਪ ਜਾਦੂਈ ਅੰਕਾਂ ਨਾਲ ਜਾਣੂ ਕਰਵਾਇਆ ਅਤੇ ਸ੍ਰੀਨਿਵਾਸ ਰਾਮਾਨੁਜਨ ਦੇ ਗਣਿਤ ਖੇਤਰ ਵਿੱਚ ਦਿੱਤੇ ਗਏ ਅਦਭੁੱਤ ਯੋਗਦਾਨਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਗਣਿਤ ਦੀ ਸੁੰਦਰਤਾ, ਮਹੱਤਤਾ ਅਤੇ ਵਰਤੋਂ ਨੂੰ ਸਮਝਣ ਲਈ ਪ੍ਰੇਰਿਤ ਕੀਤਾ।ਸਮਾਪਨ ਸਮਾਰੋਹ ਦੌਰਾਨ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਕਾਰਜਕ੍ਰਮ ਦਾ ਸਮਾਪਨ ਵਿਭਾਗ ਮੁਖੀ ਡਾ. ਰਿਚਾ ਬਰਾੜ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਕੀਤਾ ਗਿਆ।

## ਯੂਥ ਅਗਰਵਾਲ ਸਭਾ ਦੀ ਮੀਟਿੰਗ 'ਚ ਯੂਥ ਢਾਂਚੇ 'ਤੇ ਵਿਚਾਰ-ਚਰਚਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਲ ਕ੍ਰਿਸ਼ਨ ਬਾਲੀ ਪ੍ਰਧਾਨ ਬਾਸਮਤੀ ਰਾਈਸ ਐਸੋਸ਼ੀਏਸ਼ਨ ਤੇ ਅਗਰਵਾਲ ਸਭਾ ਦੇ ਪ੍ਰਧਾਨ ਵਿਜੇ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅਗਰਵਾਲ ਸਭਾ ਦੀ ਅਹਿਮ ਮੀਟਿੰਗ ਆਯੋਜਤ ਕੀਤੀ ਗਈ।ਮੀਟਿੰਗ ਸਭਾ ਦੇ ਪ੍ਰਧਾਨ ਪਵਨ ਗੋਇਲ ਤੇ ਸੈਕਟਰੀ ਸੁਰਿੰਦਰ ਬਾਂਸਲ ਦੀ ਅਗਵਾਈ ਹੇਠ ਸੁਚੱਜੇ ਢੰਗ ਨਾਲ ਸੰਪੰਨ ਹੋਈ, ਜਿਸ ਵਿੱਚ ਸਭਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਵੱਡੀ ਗਿਣਤੀ ਵਿੱਚ ਭਾਗ ਲਿਆ ਗਿਆ।ਮੀਟਿੰਗ ਦੌਰਾਨ ਸਭ ਤੋਂ ਮੁੱਖ ਤੌਰ 'ਤੇ ਯੂਥ ਅਗਰਵਾਲ ਸਭਾ ਦੇ ਨਵੇਂ ਢਾਂਚੇ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਬੋਲਦਿਆਂ ਪ੍ਰਧਾਨ ਪਵਨ ਗੋਇਲ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਸੰਗਠਨ ਨਾਲ ਜੋੜਨਾ ਤੇ ਉਨ੍ਹਾਂ ਨੂੰ ਸਮਾਜਿਕ, ਸੱਭਿਆਚਾਰਕ ਅਤੇ ਸੇਵਾ ਕਾਰਜਾਂ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਮਜ਼ਬੂਤ ਯੂਥ ਢਾਂਚਾ ਬਣਾ ਕੇ ਹੀ ਸਭਾ ਦੇ ਭਵਿੱਖ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।ਸੈਕਟਰੀ ਸੁਰਿੰਦਰ ਬਾਂਸਲ ਤੇ ਕੈਸ਼ੀਅਰ ਮਨੋਜ ਗੋਇਲ ਨੇ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੂੰ ਯੂਥ ਵਿੰਗ ਦੇ ਸੰਭਾਵਿਤ ਢਾਂਚੇ, ਉਦੇਸ਼ਾਂ ਤੇ ਆਉਣ ਵਾਲੀਆਂ ਗਤੀਵਿਧੀਆਂ ਬਾਰੇ ਜਾਣੂ ਕਰਾਇਆ।ਉਨ੍ਹਾਂ ਦੱਸਿਆ ਕਿ ਯੂਥ ਵਿੰਗ ਸਮਾਜਿਕ ਸੇਵਾ, ਸਿੱਖਿਆ, ਸੱਭਿਆਚਾਰਕ ਪ੍ਰੋਗਰਾਮਾਂ ਤੇ ਆਪਸੀ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਗਤੀਵਿਧੀਆਂ ਕਰੇਗੀ।ਮੀਟਿੰਗ ਦੌਰਾਨ ਸਭਾ ਦੇ ਸਾਰੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਸਹਿਮਤੀ ਨਾਲ ਇਹ ਫੈਸਲਾ ਕੀਤਾ ਗਿਆ ਕਿ ਯੂਥ ਅਗਰਵਾਲ ਸਭਾ ਦੇ ਨਵੇਂ ਢਾਂਚੇ ਦੀ ਘੋਸ਼ਣਾ ਅਤੇ ਰੂਪ-ਰੇਖਾ ਸਬੰਧੀ ਵਿਸ਼ੇਸ਼ ਪ੍ਰੋਗਰਾਮ 24 ਜਨਵਰੀ ਨੂੰ ਸ਼ਾਮ 06:30 ਵਜੇ ਨਿਹਾਲ ਸਿੰਘ ਵਾਲਾ ਰੋਡ 'ਤੇ ਸਥਿਤ ਸਰਮਨ ਹੋਟਲ ਬਾਘਾ ਪੁਰਾਣਾ ਵਿਖੇ ਆਯੋਜਤ ਕੀਤਾ ਜਾਵੇਗਾ।

## ਗਹਿਣੇ ਚੋਰੀ ਕਰਨ ਦੇ ਦੋਸ਼ ਹੇਠ ਤਿੰਨ ਗ੍ਰਿਫ਼ਤਾਰ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਵਿਖੇ ਇੱਕ ਘਰ ਵਿੱਚੋਂ ਲੱਖਾਂ ਰੁਪਏ ਮੁੱਲ ਦੇ ਸੋਨੇ ਗਹਿਣੇ ਚੋਰੀ ਹੋਣ ਦੇ ਮਾਮਲੇ 'ਚ ਪੁਲਸ ਵੱਲੋਂ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਜਸਵੰਤ ਸਿੰਘ ਵਾਸੀ ਸਰਹਿੰਦ ਮੰਡੀ ਨੇ ਦੱਸਿਆ ਸੀ ਕਿ ਉਸ ਦੇ ਘਰ 'ਚ ਪੇਂਟ ਦਾ ਕੰਮ ਕਰਨ ਆਉਂਦੇ ਕਿਰਨਪਾਲ, ਅਜੀਤ ਤੇ ਕਿਸ਼ਨਪਾਲ ਮੂਲ ਨਿਵਾਸੀ ਉੱਤਰ ਪ੍ਰਦੇਸ਼ ਹਾਲ ਕਿਰਾਏਦਾਰ ਖਰੜ ਨੇ ਉਨ੍ਹਾਂ ਦੇ ਘਰ ਦੀ ਦੂਜੀ ਮੰਜ਼ਲ 'ਤੇ ਰੱਖੀ ਲੋਹੇ ਦੀ ਅਲਮਾਰੀ 'ਚੋਂ ਸੋਨੇ ਦੇ ਗਹਿਣੇ ਚੋਰੀ ਕਰ ਲਏ।ਥਾਣਾ ਫ਼ਤਹਿਗੜ੍ਹ ਸਾਹਿਬ ਵਿਖੇ ਮੁਕੱਦਮਾ ਦਰਜ ਕਰਾ ਕੇ ਮਾਮਲੇ ਦੀ ਤਫ਼ਤੀਸ਼ ਕਰ ਰਹੀ ਸਰਹਿੰਦ ਮੰਡੀ ਚੌਕੀ ਦੀ ਪੁਲਸ ਵੱਲੋਂ ਇਸ ਮਾਮਲੇ 'ਚ ਕਿਰਨਪਾਲ, ਅਜੀਤ ਤੇ ਕਿਸ਼ਨਪਾਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤੇ ਜਾਂਚ ਜਾਰੀ ਹੈ।

## ਸ਼ਹੀਦ ਊਧਮ ਸਿੰਘ ਸਕੂਲ ਆਫ ਐਮੀਨੈਂਸ ਵਿਖੇ ਟਰੈਫਿਕ ਜਾਗਰੂਕਤਾ ਸੈਮੀਨਾਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-37ਵਾਂ ਸੜਕ ਸੁਰੱਖਿਆ ਮਹੀਨਾ ਦੌਰਾਨ ਟਰੈਫਿਕ ਪੁਲਸ ਸੁਨਾਮ ਪੁਲਸ ਇੰਚਾਰਜ ਏ ਐਸ ਆਈ ਨਿਰਭੈ ਸਿੰਘ ਵੱਲੋਂ ਸ਼ਹੀਦ ਊਧਮ ਸਿੰਘ ਸਕੂਲ ਆਫ ਐਮੀਨੈਂਸ ਸੁਨਾਮ ਊਧਮ ਸਿੰਘ ਵਾਲਾ ਵਿਖੇ ਟਰੈਫਿਕ ਅਵੇਅਰਨੈਸ ਸੈਮੀਨਾਰ ਕਰਾਇਆ ਗਿਆ। ਇਸ ਮੌਕੇ ਪੁਲਸ ਇੰਚਾਰਜ ਨੇ ਸਕੂਲੀ ਬੱਚਿਆਂ ਨੂੰ ਟਰੈਫਿਕ ਸੰਬੰਧੀ ਜਾਗਰੂਕ ਕਰਦੇ ਹੋਏ ਕਿਹਾ ਕਿ 18 ਸਾਲ ਤੋਂ ਛੋਟਾ ਬੱਚਾ ਜੇਕਰ ਕੋਈ ਵਹੀਕਲ ਚਲਾਉਂਦਾ ਫੜਿਆ ਗਿਆ ਤੇ ਉਸ 'ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਸ ਦੇ ਲਈ ਸਰਕਾਰ ਨੇ 25000 ਜੁਰਮਾਨਾ ਅਤੇ ਦੋ ਸਾਲ ਦੀ ਸਜ਼ਾ ਤਹਿ ਕੀਤੀ ਹੈ। ਇਸ ਤੋਂ ਇਲਾਵਾ ਪੰਕਜ ਟਰੈਫਿਕ ਅਤੇ ਰੋਡ ਸੇਫਟੀ ਐਡਵਾਈਜ਼ਰ ਨੇ ਬੱਚਿਆਂ ਨੂੰ ਟਰੈਫਿਕ ਪ੍ਰਤੀ ਸਵਾਲ ਜਵਾਬ ਕੀਤੇ। ਇਸ ਮੌਕੇ ਪ੍ਰਿੰਸੀਪਲ ਅਨਿਲ ਜੈਨ ਨੇ ਟਰੈਫਿਕ ਪੁਲਸ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੁਲਸ ਵਿਭਾਗ ਤੋਂ ਦਿਲਬਾਗ ਸਿੰਘ ਵੀ ਹਾਜ਼ਰ ਸਨ।

## ਡੀ ਏ ਵੀ ਸਕੂਲ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ




**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਡੀ ਏ ਵੀ ਪਬਲਿਕ ਸਕੂਲ ਪਾਤੜਾਂ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਿੰਸੀਪਲ ਨਵਦੀਪ ਵਿਸ਼ਿਸ਼ਟ ਨੇ ਦੱਸਿਆ ਕਿ ਇਸ ਮੌਕੇ ਸਕੂਲ ਦੇ ਮਹਾਰਿਸ਼ੀ ਦਯਾਨੰਦ ਹਾਊਸ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ਹੈ।ਪ੍ਰੋਗਰਾਮ ਦੀ ਸ਼ੁਰੂਆਤ ਵਿੱਦਿਆ ਦੀ ਦੇਵੀ ਸਰਸਵਤੀ ਦੀ ਤਸਵੀਰ ਨੂੰ ਫੁੱਲ ਚੜ੍ਹਾਉਣ ਨਾਲ ਹੋਈ।ਇਸ ਤੋਂ ਬਾਅਦ, ਸਕੂਲ ਦੀ ਅਧਿਆਪਕਾ ਸ਼ੈਲੀ ਨੇ ਆਪਣੇ ਭਾਸ਼ਣ ਰਾਹੀਂ ਬਸੰਤ ਪੰਚਮੀ ਦੇ ਪਵਿੱਤਰ ਤਿਉਹਾਰ ਅਤੇ ਬਸੰਤ ਰੁੱਤ ਦੇ ਇਤਿਹਾਸ ਬਾਰੇ ਦੱਸਿਆ।ਇਸ ਉਪਰੰਤ ਅੱਠਵੀਂ ਜਮਾਤ ਦੀ ਵਿਦਿਆਰਥਣ ਗੁਲਮਨ ਕੌਰ ਨੇ ਬਸੰਤ ਸਬੰਧੀ ਵਿਸ਼ੇਸ ਜਾਣਕਾਰੀ ਸਾਂਝੀ ਕੀਤੀ। ਇਸ ਤੋਂ ਬਾਅਦ ਨਰਸਰੀ ਤੋਂ ਦੂਸਰੀ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਸੰਗੀਤ ਅਧਿਆਪਕਾ ਪੂਜਾ ਗਿੱਲ ਅਤੇ ਪੰਜਾਬੀ ਅਧਿਆਪਕਾ ਰਣਜੀਤ ਕੌਰ ਦੁਆਰਾ ਤਿਆਰ ਕਰਵਾਏ ਗਏ ਰੰਗਾ-ਰੰਗ ਪ੍ਰੋਗਰਾਮ ਪੇਸ਼ ਕੀਤੇ। ਸਾਰੇ ਵਿਦਿਆਰਥੀ ਬਸੰਤੀ ਰੰਗ ਦੇ ਕੱਪੜੇ ਪਾ ਕੇ ਆਏ ਅਤੇ ਖਾਣ ਲਈ ਬਸੰਤੀ ਰੰਗ ਦੇ ਚੌਲ ਲੈ ਕੇ ਆਏ।ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਨਵਦੀਪ ਵਿਸ਼ਿਸ਼ਟ ਨੇ ਸਾਰਿਆਂ ਨੂੰ ਇਸ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ਅਤੇ ਪਤੰਗ ਉਡਾਉਂਦੇ ਸਮੇਂ ਚੀਨੀ ਡੋਰ ਦੀ ਵਰਤੋਂ ਤੋਂ ਬਚਣ ਲਈ ਪ੍ਰੇਰਿਤ ਕੀਤਾ।

## ਲਿਵਰ ਦੀ ਜਾਂਚ ਬਿਲਕੁਲ ਮੁਫ਼ਤ, ਅਮਨਦੀਪ ਹਸਪਤਾਲ ਦੀ ਵਿਸ਼ੇਸ਼ ਪਹਿਲ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਲਿਵਰ ਨਾਲ ਸਬੰਧਤ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਅਮਨਦੀਪ ਹਸਪਤਾਲ ਵੱਲੋਂ ਇਕ ਵਿਸ਼ੇਸ਼ ਫਾਈਬਰੋ ਸਕੈਨ ਟੈਸਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ 24 ਜਨਵਰੀ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਹਸਪਤਾਲ ਪ੍ਰੰਗਣ ਵਿੱਚ ਲਗਾਇਆ ਜਾਵੇਗਾ। ਇਸ ਕੈਂਪ ਦੌਰਾਨ ਆਮ ਤੌਰ 'ਤੇ 4000 ਰੁਪਏ ਵਿੱਚ ਹੋਣ ਵਾਲਾ ਫਾਈਬਰੋ ਸਕੈਨ ਟੈਸਟ ਬਿਲਕੁਲ ਮੁਫ਼ਤ ਕੀਤਾ ਜਾਵੇਗਾ। ਇਹ ਜਾਂਚ ਅਧੁਨਿਕ ਇਕੋਸੈਂਸ ਮਿਨੀ ਪਲੱਸ 430 ਮਸ਼ੀਨ ਰਾਹੀਂ ਕੀਤੀ ਜਾਵੇਗੀ, ਜੋ ਏ ਆਈ ਤਕਨਾਲੋਜੀ ਨਾਲ ਸੰਚਾਲਿਤ ਹੈ ਅਤੇ ਲਿਵਰ ਦੀ ਸਥਿਤੀ ਦਾ ਸਹੀ ਮੁਲਾਂਕਣ ਕਰਨ ਵਿੱਚ ਸਮਰੱਥ ਹੈ। ਅਮਨਦੀਪ ਹਸਪਤਾਲ ਵੱਲੋਂ ਇਹ ਆਯੋਜਨ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ। ਹਸਪਤਾਲ ਐਨ ਏ ਬੀ ਐਚ ਪ੍ਰਮਾਣਿਤ ਹੈ, ਜਿਸ ਨਾਲ ਮਰੀਜ਼ਾਂ ਨੂੰ ਗੁਣਵੱਤਾ ਅਤੇ ਸੁਰੱਖਿਆ ਦੋਵਾਂ ਦਾ ਭਰੋਸਾ ਮਿਲਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਅੱਜ ਦੀ ਬਦਲਦੀ ਜੀਵਨਸ਼ੈਲੀ, ਖਾਣ-ਪੀਣ ਦੀਆਂ ਆਦਤਾਂ ਅਤੇ ਤਣਾਅ ਕਾਰਨ ਲਿਵਰ ਨਾਲ ਸੰਬੰਧਤ ਰੋਗ ਤੇਜ਼ੀ ਨਾਲ ਵੱਧ ਰਹੇ ਹਨ। ਅਜਿਹੇ ਵਿੱਚ ਸਮੇਂ-ਸਮੇਂ 'ਤੇ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਇਸ ਮੁਫ਼ਤ ਕੈਂਪ ਦਾ ਮਕਸਦ ਵੱਧ ਤੋਂ ਵੱਧ ਲੋਕਾਂ ਤੱਕ ਜਾਂਚ ਦੀ ਸੁਵਿਧਾ ਪਹੁੰਚਾਉਣਾ ਹੈ, ਤਾਂ ਜੋ ਬਿਮਾਰੀ ਦੀ ਪਛਾਣ ਸ਼ੁਰੂਆਤੀ ਦੌਰ ਵਿੱਚ ਹੋ ਸਕੇ ਅਤੇ ਸਮੇਂ ਸਿਰ ਇਲਾਜ ਸ਼ੁਰੂ ਕੀਤਾ ਜਾ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਰਮਨ ਬਹਿਲ ਨੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ



**ਗੁਰਦਾਸਪੁਰ (ਦਿਨੇਸ਼ ਕੁਮਾਰ)-** ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਅੱਜ 'ਰੰਗਲਾ ਪੰਜਾਬ ਸਕੀਮ' ਅਧੀਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਹਲਕਾ ਇੰਚਾਰਜ ਗੁਰਦਾਸਪੁਰ ਸ਼੍ਰੀ ਰਮਨ ਬਹਿਲ ਵੱਲੋਂ ਜਿਲਾ ਬਾਰ ਐਸ਼ੋਸ਼ੀਏਸ਼ਨ ਗੁਰਦਾਸਪੁਰ ਦੀ ਸਮੁੱਚੀ ਟੀਮ ਦੀ ਮੌਜੂਦਗੀ ਵਿੱਚ ਰੱਖਿਆ ਗਿਆ।ਇਸ ਮੌਕੇ ਸ਼੍ਰੀ ਰਮਨ ਬਹਿਲ ਨੇ ਦੱਸਿਆ ਕਿ ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਵੱਲੋਂ 19 ਲੱਖ 44 ਹਜ਼ਾਰ ਰੁਪਏ ਦੀ ਰਾਸ਼ੀ ਅਲਾਟ ਕੀਤੀ ਗਈ ਹੈ, ਜਿਸ ਨਾਲ ਬਾਰ ਐਸੋਸੀਏਸ਼ਨ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਵੱਲੋਂ ਵਿਕਾਸ ਕਾਰਜਾਂ ਲਈ ਮੁੱਖ ਮੰਤਰੀ ਪੰਜਾਬ ਦਾ ਦਿਲੋਂ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਲਗਾਤਾਰ ਤਰੱਕੀ ਦੇ ਰਾਹ 'ਤੇ ਅੱਗੇ ਵੱਧ ਰਿਹਾ ਹੈ।ਇਸ ਮੌਕੇ ਸ਼੍ਰੀ ਰਾਜਪਾਲ ਸਿੰਘ ਪ੍ਰਧਾਨ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ,ਐਡਵੋਕੇਟ ਸੁੱਚਾ ਸਿੰਘ ਮੁਲਤਾਨੀ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਰਦੀਪ ਕੁਮਾਰ, ਜਗਮੋਹਨ ਸੀਂਘ, ਐਕਸੀਅਨ ਲੋਕ ਨਿਰਮਾਣ ਵਿਭਾਗ ਜਸਪ੍ਰੀਤ ਸਿੰਘ, ਐੱਸ.ਡੀ.ਓ ਲਵਜੀਤ ਸਿੰਘ, ਕਬੀਰ ਬਹਿਲ ਅਤੇ ਸਮੂਹ ਮੈਂਬਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਗੁਰਦਾਸਪੁਰ ਸਮੇਤ ਵੱਖ ਵੱਖ ਸਖਸ਼ੀਅਤਾਂ ਮੌਜੂਦ ਸਨ।

# ਖਾਣ ਵਾਲੇ ਤੇਲ ਬੀਜ ਸਬੰਧੀ ਦੋ ਦਿਨਾ ਸਿਖਲਾਈ ਕੈਂਪ ਦਾ ਆਯੋਜਨ

## ਵੱਧ ਰਹੀ ਮੰਗ ਦੀ ਪੂਰਤੀ ਲਈ ਤੇਲ ਬੀਜ ਫਸਲਾਂ ਹੇਠ ਰਕਬਾ ਵਧਾਉਣ ਦੀ ਲੋੜ : ਡਾ. ਭੁਪਿੰਦਰ ਸਿੰਘ

**ਪੱਟੀ (ਬਲਦੇਵ ਸਿੰਘ ਸੰਧੂ)-** ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਅਤੇ ਮੁੱਖ ਖੇਤੀਬਾੜੀ ਅਫ਼ਸਰ ਤਰਨ ਤਰਨ ਡਾ. ਤੇਜਬੀਰ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਨੈਸ਼ਨਲ ਮਿਸ਼ਨ ਆਫ ਐਡੀਬਲ ਆਇਲ ਸਕੀਮ ਅਧੀਨ ਪੱਟੀ ਅਤੇ ਪਿੰਡ ਘਰਿਆਲਾ ਵਿਖੇ ਦੋ ਰੋਜ਼ਾ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਪੱਟੀ ਡਾ. ਭੁਪਿੰਦਰ ਸਿੰਘ ਨੇ ਕਿਹਾ ਕਿ ਤੇਲ ਬੀਜਾਂ ਵਿੱਚ ਫਾਈਬਰ, ਵਿਟਾਮਿਨ, ਖਣਿਜ, ਲਾਭਦਾਇਕ ਮੋਨੋ ਅਤੇ ਪੋਲੀਅਨਸੈਚੂਰੇਟਿਡ ਫੈਟੀ ਐਸਿਡ ਅਤੇ ਉਮੇਗਾ-3 ਫੈਟੀ ਐਸਿਡ ਦੀ ਮਾਤਰਾ ਵੱਧ ਪਾਈ ਜਾਣ ਕਰਕੇ ਇਸ ਨਾਲ ਕੋਲੈਸਟਰੋਲ, ਬਲੱਡ ਪ੍ਰੈਸ਼ਰ, ਪਾਚਣ ਕਿਰਿਆ, ਦਿਲ ਸਬੰਧੀ, ਸ਼ੱਕਰ ਰੋਗ, ਮੋਟਾਪਾ, ਜੋੜਾਂ ਦੇ ਦਰਦ ਆਦਿ ਕਈ ਤਰ੍ਹਾਂ ਦੀਆਂ ਬਿਮਾਰੀਆਂ ਨੂੰ ਘਟਾਇਆ ਜਾ ਸਕਦਾ ਹੈ।ਦੋ ਰੋਜ਼ਾ ਤਕਨੀਕੀ ਸੈਸ਼ਨ ਦੌਰਾਨ ਉਨ੍ਹਾਂ ਜਾਣਕਾਰੀ ਸਾਂਝੀ ਕੀਤੀ ਕਿ ਰੋਜ਼ਾਨਾ ਖੁਰਾਕ ਵਿੱਚ ਵਰਤੇ ਜਾਣ ਵਾਲੇ ਤੇਲ ਬੀਜ ਜਿਵੇਂ ਸੂਰਜਮੁਖੀ ਦੇ ਬੀਜ, ਅਲਸੀ, ਮੂੰਗਫਲੀ, ਸੋਇਆਬੀਨ, ਸਰ੍ਹੋਂ ਆਦਿ ਦੀ ਮੰਗ ਨੂੰ ਪੂਰਾ ਕਰਨ ਲਈ ਦੇਸ਼ ਵਿੱਚ ਲਗਭਗ ਇੱਕ ਲੱਖ 61 ਹਜਾਰ ਕਰੋੜ ਰੁਪਏ ਦੇ ਤੇਲ ਬੀਜ ਬਾਹਰਲੇ ਦੇਸ਼ਾਂ ਤੋਂ ਮੰਗਵਾਏ ਗਏ ਜਦਕਿ ਇਨ੍ਹਾਂ ਥੱਲੇ ਥੋੜਾ ਰਕਬਾ ਵਧਾਉਣ ਨਾਲ ਮਿਆਰੀ ਤੇਲ ਬੀਜ ਦੇ ਨਾਲ ਨਾਲ ਵਾਧੂ ਆਮਦਨ ਅਤੇ ਜੈਵਿਕ ਵੰਨ ਸੁਵੰਨਤਾ ਨੂੰ ਵਧਾਵਾ ਮਿਲ ਸਕਦਾ ਹੈ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਬੂਹ ਤੋਂ ਡਾ. ਨਵਜੋਤ ਸਿੰਘ ਬਰਾੜ, ਡਾ. ਸੁਰਿੰਦਰ ਸਿੰਘ ਰੰਧਾਵਾ, ਡਾ. ਸੁਖਜਿੰਦਰ ਸਿੰਘ ਨੇ ਇਸ ਦੀ ਸਫਲ ਕਾਸ਼ਤ ਤੇ ਪਸ਼ੂਆਂ ਦੀ ਚੰਗੀ ਸਿਹਤ ਬਾਰੇ ਬਹੁਤ ਸਾਰੇ ਤਕਨੀਕੀ ਨੁਕਤੇ ਸਾਂਝੇ ਕਰਦਿਆਂ ਦੱਸਿਆ ਕਿ ਕਨੋਲਾ ਸਰ੍ਹੋਂ ਦਾ ਤੇਲ ਮਨੁੱਖੀ ਸਿਹਤ ਅਤੇ ਇਸ ਦੀ ਖਲ ਪਸ਼ੂਆਂ ਲਈ ਬਹੁਤ ਲਾਹੇਵੰਦ ਹੈ।ਇਸ ਮੌਕੇ ਕਿਸਾਨਾਂ ਨੂੰ ਉੱਨਤ ਕਿਸਮਾਂ, ਨਦੀਨਾਂ ਦੀ ਰੋਕਥਾਮ, ਮਿੱਟੀ ਪਰਖ, ਫਸਲ ਵਿੱਚ ਸੰਭਾਵਿਤ ਕੀੜੇ ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ, ਮਹਿਕਮੇ ਵੱਲੋਂ ਦਿੱਤੀਆਂ ਜਾ ਰਹੀਆਂ ਸਹਾਇਤਾ ਸਕੀਮਾਂ ਬਾਰੇ ਹਰਮਨਦੀਪ ਕੌਰ ਏਡੀਓ, ਗੁਰਬਰਿੰਦਰ ਸਿੰਘ ਏਡੀਓ, ਗੁਰਪ੍ਰੀਤ ਸਿੰਘ ਬੀਟੀਐੱਮ, ਪਰਮਿੰਦਰ ਕੌਰ ਏਡੀਓ, ਰਜਿੰਦਰ ਕੁਮਾਰ ਏਈਓ ਅਤੇ ਦਇਆਪ੍ਰੀਤ ਸਿੰਘ ਏਈਓ ਨੇ ਜਾਣਕਾਰੀ ਦਿੱਤੀ। ਸੈਸ਼ਨ ਦੌਰਾਨ ਮਨਮੋਹਨ ਸਿੰਘ ਏਈਓ ਨੇ ਸਟੇਜ ਸੰਚਾਲਨ ਦੀ ਭੂਮਿਕਾ ਬਾਖੂਬੀ ਨਿਭਾਈ।ਇਸ ਮੌਕੇ ਰਾਜਬੀਰ ਸਿੰਘ, ਦਵਿੰਦਰ ਸਿੰਘ, ਜਗੀਰ ਸਿੰਘ, ਮਾਸਟਰ ਜਰਨੈਲ ਸਿੰਘ, ਗੁਰਦੇਵ ਸਿੰਘ, ਚਾਨਣ ਸਿੰਘ, ਨਛੱਤਰ ਸਿੰਘ, ਕੁਲਦੀਪ ਸਿੰਘ, ਬਖਸ਼ੀਸ਼ ਸਿੰਘ,ਨਿਸ਼ਾਨ ਸਿੰਘ, ਰਣਜੀਤ ਸਿੰਘ ਸਰਪੰਚ, ਨਰਿੰਦਰ ਸਿੰਘ ਸਰਪੰਚ, ਬਾਜਾ ਸਿੰਘ ਗੁਰਸਿਮਰਨ ਸਿੰਘ ਖੇਤੀ ਉਪ ਨਿਰੀਖਕ, ਦਿਲਬਾਗ ਸਿੰਘ, ਗੁਰਲਾਲ ਸਿੰਘ, ਫਤਿਹ ਸਿੰਘ ਫੀਲਡ ਵਰਕਰ, ਬਲਜੀਤ ਕੌਰ, ਗੁਰਦੇਵ ਸਿੰਘ ਖੇਤੀ ਸਹਾਇਕ ਪ੍ਰਬੰਧਕ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।




# ਤਲਬੀਰ ਗਿੱਲ ਨੇ ਲਾਈਵ ਟੈਲੀਕਾਸਟ ਕਰਕੇ ਸਿਹਤ ਯੋਜਨਾ ਦੀ ਲੋਕਾਂ ਨੂੰ ਦਿੱਤੀ ਵਧਾਈ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਵਿਚਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਦੇ ਹਰੇਕ ਪਰਿਵਾਰ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਵਾਸਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸ਼ੁਰੂ ਕਰਕੇ ਇਕ ਵੱਡਾ ਇਤਿਹਾਸਕ ਫੈਸਲਾ ਲਿਆ ਹੈ ਜਿਸ ਨਾਲ ਪੰਜਾਬ ਦੇ ਹਰੇਕ ਪਰਿਵਾਰ ਦਾ ਬਿਨਾਂ ਸ਼ਰਤ 10 ਲੱਖ ਰੁਪਏ ਤੱਕ ਦਾ ਸਾਰੇ ਹਸਪਤਾਲਾਂ ਵਿਚ ਮੁਫਤ ਇਲਾਜ ਹੋਇਆ ਕਰੇਗਾ।ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਅਨਾਜ ਮੰਡੀ ਮਜੀਠਾ ਵਿਖੇ ਹਲਕੇ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਸਾਰੇ ਖਰਚਿਆਂ ਨੂੰ ਕਵਰ ਕਰੇਗੀ ਜਿਸ ਦਾ ਲਾਭ ਹਰ ਪੰਜਾਬ ਵਾਸੀ ਨੂੰ ਹੋਵੇਗਾ।ਇਸ ਮੌਕੇ ਬਲਜਿੰਦਰ ਸਿੰਘ ਛੀਨਾ ਸਿਆਸੀ ਸਕੱਤਰ ਤਲਬੀਰ ਸਿੰਘ ਗਿੱਲ, ਚੇਅਰਮੈਨ ਪ੍ਰਣਾਮ ਸਿੰਘ ਭੰਗਵਾ, ਜ਼ਿਲਾ ਪ੍ਰੀਸ਼ਦ ਮੈਂਬਰ ਪਰਮਜੀਤ ਸਿੰਘ ਮੱਤੇਵਾਲ, ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ, ਬਲਾਕ ਸੰਮਤੀ ਮੈਂਬਰ ਅਤੇ ਸਰਪੰਚ ਬਲਬੀਰ ਸਿੰਘ ਬੋਪਾਰਾਏ, ਵਾਈਸ ਚੇਅਰਮੈਨ ਤਰਸੇਮ ਸਿੰਘ ਸਿਆਲਕਾ, ਹਰਭੁਪਿੰਦਰ ਸਿੰਘ ਸ਼ਾਹ ਮਜੀਠਾ, ਜਿਲ੍ਹਾ ਪ੍ਰੀਸ਼ਦ ਮੈਂਬਰ ਜਸਵੰਤ ਸਿੰਘ ਪੰਨੂ, ਜਿਲ੍ਹਾ ਪ੍ਰੀਸ਼ਦ ਮੈਬਰ ਹੁਸਨਪ੍ਰੀਤ ਸਿੰਘ ਸਿਆਲਕਾ, ਸਮਤੀ ਮੈਂਬਰ ਗੁਰਬੀਰ ਸਿੰਘ ਮੱਤੇਵਾਲ, ਸਾਹਿਬ ਸਿੰਘ, ਅਨਾਜ ਮੰਡੀ ਪ੍ਰਧਾਨ ਜਸਕਰਨ ਸਿੰਘ, ਸੀਨਿਅਰ ਆਗੂ ਰਾਜ ਬਲਵਿੰਦਰ ਸਿੰਘ ਮਜੀਠਾ, ਸਰਪੰਚ ਚੰਨਪ੍ਰੀਤ ਸਿੰਘ ਅਜੈਬਵਾਲੀ, ਸਰਪੰਚ ਮਨਪ੍ਰੀਤ ਸਿੰਘ ਅਨੰਤਪੁਰਾ, ਸੁਖਚੈਨ ਸਿੰਘ ਸੁੱਖ ਭੰਗਵਾਂ, ਅਨੂਪ ਸਿੰਘ ਸੰਧੂ, ਪਿੰਕਾ ਮਜੀਠਾ, ਰਾਜ ਕੁਮਾਰ ਲੁਧੜ, ਬਲਵਿੰਦਰ ਸਿੰਘ ਮਰੜੀ, ਸਰਪੰਚ ਪਰਮਿੰਦਰ ਸਿੰਘ ਉਪਲ, ਰੋਸ਼ਨ ਸਿੱਧੂ ਸੁਪਾਰੀਵਿੰਡ, ਸਰਪੰਚ ਸਤਨਾਮ ਸਿੰਘ ਨਾਗ ਨਵੇਂ, ਸਾਬਕਾ ਸਰਪੰਚ ਬਿਕਰਮ ਸਿੰਘ ਨਾਗ ਕਲਾਂ, ਬਲਦੇਵ ਸਿੰਘ ਡੱਡੀਆਂ, ਸਰਪੰਚ ਰਾਣਾ ਨੰਗਲ ਪੰਨਵਾਂ, ਮਨਦੀਪ ਸਿੰਘ ਸੁਪਾਰੀਵਿੰਡ, ਪਹਿਲਵਾਨ ਸੁਖ ਭੰਗਵਾਂ, ਸੰਮਤੀ ਮੈਬਰ ਰਿੰਕੂ ਕੋਟਲਾ, ਗੁਰਦੀਪ ਸਿੰਘ ਧਰਮਪੁਰਾ, ਡਾ. ਅਸ਼ਵਨੀ ਸ਼ਰਮਾ ਅਤੇ ਗੋਪੀ ਸਮੇਤ ਵੱਡੀ ਗਿਣਤੀ ਵਿਚ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।



# ਮੱਲ੍ਹੀਆਂ ਦੀ ਡਿਸਪੈਂਸਰੀ 'ਚ ਹੈਲਪਰ ਕੁਲਵੰਤ ਕੌਰ ਦੀ ਸੇਵਾ ਮੁਕਤੀ 'ਤੇ ਪਾਰਟੀ



**ਟਾਂਗਰਾ (ਲਾਡੀ ਮੱਲੀ)-** ਜ਼ਿਲ੍ਹਾ ਅੰਮ੍ਰਿਤਸਰ ਦੇ ਵਿੱਚ ਪੈਂਦੇ ਪਿੰਡ ਮੱਲੀਆਂ ਦੀ ਡਿਸਪੈਂਸਰੀ ਵਿੱਚ ਬਤੌਰ ਹੈਲਪਰ ਕੰਮ ਕਰ ਰਹੀ ਬੀਬੀ ਕਲਵੰਤ ਕੌਰ ਦੀਆਂ ਸੇਵਾਵਾਂ ਪੂਰੀਆਂ ਹੋਣ ਉਪਰੰਤ ਸੇਵਾ ਮੁਕਤੀ ਮੌਕੇ ਮੱਲੀਆਂ ਡਿਸਪੈਂਸਰੀ ਦੇ ਸਿਹਤ ਮਹਿਕਮੇ ਦੇ ਪੂਰੇ ਸਟਾਫ ਵਲੋਂ ਵਿਦਾਇਗੀ ਪਾਰਟੀ ਰੱਖੀ ਗਈ। ਜਿਸ ਵਿੱਚ ਡਾ:ਇੰਦਰਜੀਤ ਸਿੰਘ, ਬਲਬੀਰ ਸਿੰਘ ਜੇਠ, ਸੀ ਐਚ ਓ ਜਸਦੀਪ ਕੌਰ, ਹਰਬਜੀਤ ਕੌਰ, ਪਿੰਡ ਦੇ ਸਰਪੰਚ ਨਵ ਕਿਰਨ ਸਿੰਘ, ਕਰਮਜੀਤ ਕੌਰ, ਸੁੰਦਰ ਸਿੰਘ, ਕੁਲਦੀਪ ਕੌਰ, ਕਵਲਜੀਤ ਕੌਰ, ਰਜਵੰਤ ਕੌਰ, ਦਵਿੰਦਰ ਕੌਰ, ਨਵਦੀਪ ਕੌਰ, ਬਲਜੀਤ ਕੌਰ , ਸੁਖਵਿੰਦਰ ਸਿੰਘ ਵਰਕਰ, ਪੁਸਪਾ ਰਾਣੀ ਆਦਿ ਨੇ ਸਿਰਕਤ ਕੀਤੀ। ਪਿੰਡ ਦੇ ਸਰਪੰਚ ਵਲੋਂ ਬੀਬੀ ਕਲਵੰਤ ਕੌਰ ਦਾ ਸਨਮਾਨ ਕੀਤਾ ਗਿਆ । ਸਮੂਹ ਸਟਾਫ ਵਲੋਂ ਇਸ ਸਮੇਂ ਕਿਹਾ ਗਿਆ ਕਿ ਕਲਵੰਤ ਕੌਰ ਵਲੋਂ ਡਿਊਟੀ ਦੌਰਾਨ ਦਿੱਤੀਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ।

# ਅਜੀਤ ਨਗਰ 'ਚ ਬਣ ਰਹੀ ਗੈਰ-ਕਾਨੂੰਨੀ ਇਮਾਰਤ ਨੂੰ ਤੁਰੰਤ ਰੋਕਣ ਦੀ ਮੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸਥਾਨਕ ਅਜੀਤ ਨਗਰ ਅੰਮ੍ਰਿਤਸਰ ਨਿਵਾਸੀ ਚਰਨਜੀਤ ਸਿੰਘ ਨੇ ਅੰਮ੍ਰਿਤਸਰ ਦੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਅਤੇ ਨਗਰ ਨਿਗਮ ਦੇ ਕਮਿਸ਼ਨਰ ਨੂੰ ਦਰਖਾਸਤ ਦੇ ਕੇ ਮੰਗ ਕੀਤੀ ਹੈ ਕਿ ਅਜੀਤ ਨਗਰ ਵਿਖੇ ਬਣ ਰਹੀ ਗੈਰ-ਕਾਨੂੰਨੀ ਇਮਾਰਤ ਨੂੰ ਤੁਰੰਤ ਪ੍ਰਭਾਵ ਨਾਲ ਰੋਕਣ ਲਈ ਯੋਗ ਕਾਨੂੰਨੀ ਕਾਰਵਾਈ ਕੀਤੀ ਜਾਵੇ। ਚਰਨਜੀਤ ਸਿੰਘ ਨੇ ਪੱਤਰ ਜਿਸ ਦਾ ਡਾਇਰੀ ਨੰਬਰ 8776-ਸੀਸੀ/22-1-2026 ਹੈ, ਵਿੱਚ ਕਿਹਾ ਹੈ ਕਿ ਉਨ੍ਹਾਂ ਦੀ ਅਜੀਤ ਨਗਰ ਇਮਾਰਤ ਦੇ ਨਾਲ ਲੱਗਦੀ ਇੱਕ ਹੋਰ ਇਮਾਰਤ ਗੈਰ-ਕਾਨੂੰਨੀ ਤਰੀਕੇ ਨਾਲ ਨਿਰਮਾਣ ਅਧੀਨ ਹੈ ਉਕਤ ਇਮਾਰਤ ਦਾ ਨਿਰਮਾਣ ਬਿਨਾਂ ਲੋੜਦੀ ਮਨਜ਼ੂਰੀ ਅਤੇ ਬਿਨਾਂ ਕਾਨੂੰਨੀ ਤੌਰ ਤੇ ਲਾਜ਼ਮੀ ਹਾਊਸ ਲਾਈਨ ਛੱਡੇ ਕੀਤਾ ਜਾ ਰਿਹਾ ਹੈ ਜੋ ਕਿ ਮਿਊਂਸੀਪਲ ਨਿਯਮਾਂ ਅਤੇ ਬਿਲਡਿੰਗ ਬਾਇ -ਲਾਜ ਦੇ ਸਪਸ਼ਟ ਉਲੰਘਣ ਦੇ ਅਧੀਨ ਆਉਂਦਾ ਹੈ। ਇਸ ਕਾਰਨ ਇਲਾਕੇ ਦੀ ਸੁਰੱਖਿਆ ਸਫਾਈ ਅਤੇ ਭਵਿੱਖ ਵਿੱਚ ਹੋ ਸਕਣ ਵਾਲੀਆਂ ਕਾਨੂੰਨੀ ਸਮੱਸਿਆ ਬਾਰੇ ਗੰਭੀਰ ਚਿੰਤਾ ਪੈਦਾ ਹੋ ਰਹੀ ਹੈ ਇਸ ਲਈ ਉਕਤ ਮਾਮਲੇ ਦੀ ਤੁਰੰਤ ਜਾਂਚ ਕਰਵਾਈ ਜਾਵੇ ਅਤੇ ਜੇਕਰ ਨਿਰਮਾਣ ਗੈਰ ਕਾਨੂੰਨੀ ਪਾਇਆ ਜਾਵੇ ਤਾਂ ਇਸ ਨੂੰ ਤੁਰੰਤ ਪ੍ਰਭਾਵ ਨਾਲ ਰੋਕਣ ਲਈ ਯੋਗ ਕਾਨੂੰਨੀ ਕਾਰਵਾਈ ਕੀਤੀ ਜਾਵੇ । ਉਹਨਾਂ ਕਿਹਾ ਕਿ ਇਸ ਇਮਾਰਤ ਬਣਨ ਨਾਲ ਅੱਗੇ ਵਾਸਤੇ ਇਲਾਕਾ ਨਿਵਾਸੀਆਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।



# ਰਾਸ਼ਟਰੀ ਵੋਟਰ ਦਿਵਸ ਮੌਕੇ ਦੀਨਾਨਗਰ ਵਿਖੇ ਹੋਵੇਗਾ ਜ਼ਿਲ੍ਹਾ ਪੱਧਰੀ ਸਮਾਗਮ

**ਗੁਰਦਾਸਪੁਰ (ਜਨਕ ਮਹਾਜਨ) -** ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਚੋਣ ਅਧਿਕਾਰੀ-ਕਮ- ਡਿਪਟੀ ਕਮਿਸ਼ਨਰ ਸ੍ਰੀ ਆਦਿੱਤਿਆ ਉੱਪਲ ਦੀ ਅਗਵਾਈ ਹੇਠ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਜ਼ਿਲ੍ਹਾ ਗੁਰਦਾਸਪੁਰ ਵਿੱਚ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਗੁਰਸਿਮਰਨ ਸਿੰਘ ਨੇ ਦੱਸਿਆ ਕਿ 25 ਜਨਵਰੀ ਨੂੰ ਰਾਸ਼ਟਰੀ ਵੋਟਰ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਐੱਸ.ਐੱਸ.ਐੱਮ ਕਾਲਜ, ਦੀਨਾਨਗਰ ਵਿਖੇ ਹੋਵੇਗਾ ਜਦ ਕਿ ਇਸ ਤੋਂ ਇਲਾਵਾ ਜ਼ਿਲ੍ਹੇ ਦੇ ਸਮੂਹ ਬੂਥਾਂ ਉੱਪਰ ਵੀ ਰਾਸ਼ਟਰੀ ਵੋਟਰ ਦਿਵਸ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਵੋਟਰ ਦਿਵਸ ਮੌਕੇ ਵੋਟਰਾਂ ਨੂੰ ਵੋਟ ਦੀ ਮਹੱਤਤਾ ਦੱਸਣ ਦੇ ਨਾਲ ਨਵੇਂ ਬਣੇ ਵੋਟਰਾਂ ਨੂੰ ਐਪਿਕ ਕਿੱਟ ਵੀ ਦਿੱਤੀ ਜਾਵੇਗੀ।

# ਕਿਸਾਨ ਜਥੇਬੰਦੀ ਨੇ ਚਿੱਪ ਵਾਲੇ ਮੀਟਰ ਉਤਾਰ ਕੇ ਬਿਜਲੀ ਦਫਤਰ ਜਮ੍ਹਾ ਕਰਵਾਏ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਥੇਬੰਦੀ ਦੇ ਜ਼ੋਨ ਮੱਖਾ ਸਾਹਿਬ ਦੀ ਕਮੇਟੀ ਵੱਲੋਂ ਪਿੰਡ ਬਿਧ ਧਾਰੀਵਾਲ, ਪਿੰਡ ਲੀਲ ਕਲਾਂ, ਪਿੰਡ ਭੰਗਵਾਂ, ਪਿੰਡ ਭੈਣੀ ਬਾਂਗਰ ਵਿਖੇ ਬਿਜਲੀ ਦਫਤਰ ਕਾਦੀਆਂ ਦੇ ਵੱਲੋਂ ਲਗਵਾਏ ਗਏ ਚਿੱਪ ਵਾਲੇ ਮੀਟਰਾਂ ਨੂੰ ਉਤਾਰ ਕੇ ਬਿਜਲੀ ਦਫਤਰ ਕਾਦੀਆਂ ਵਿਖੇ ਜਮ੍ਹਾ ਕਰਵਾਏ ਗਏ। ਨਾਲ ਹੀ ਕਿਸਾਨ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਖਿਲਾਫ ਜੰਮ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ੋਨ ਪ੍ਰਧਾਨ ਹਰਜੀਤ ਸਿੰਘ ਨੇ ਦੱਸਿਆ ਕਿ ਪ੍ਰਾਈਵੇਟ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਦੇਣ ਦੀ ਸਾਜ਼ਿਸ਼ ਤਹਿਤ ਅਜਿਹੇ ਹੱਥ ਕੰਡੇ ਵਰਤ ਰਹੀ । ਉਹਨਾਂ ਕਿਹਾ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜਥੇਬੰਦੀ ਸ਼ੁਰੂ ਤੋਂ ਹੀ ਇਹਨਾਂ ਚਿੱਪ ਵਾਲੇ ਮੀਟਰਾਂ ਦਾ ਵਿਰੋਧ ਕਰ ਰਹੀ ਹੈ ਅਤੇ ਕਿਸੇ ਵੀ ਪਿੰਡ ਵਿੱਚ ਚਿੱਪ ਵਾਲੇ ਮੀਟਰ ਨਹੀਂ ਲੱਗਣ ਦਿੱਤੇ ਜਾਣਗੇ। ਕਿਸਾਨ ਜਥੇਬੰਦੀ ਨੇ ਚੇਤਾਵਨੀ ਦਿੰਦੇ ਕਿਹਾ ਹੈ ਕਿ ਜੇਕਰ ਬਿਜਲੀ ਵਿਭਾਗ ਦੇ ਵੱਲੋਂ ਦੁਬਾਰਾ ਕਿਸੇ ਵੀ ਪਿੰਡ ਵਿੱਚ ਚਿੱਪ ਵਾਲੇ ਮੀਟਰ ਲਗਵਾਏ ਤਾਂ ਇਹਨਾਂ ਮੀਟਰਾਂ ਨੂੰ ਉਤਾਰ ਕੇ ਬਿਜਲੀ ਦਫਤਰ ਵਿਖੇ ਜਮ੍ਹਾ ਕਰਵਾ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਧਾਨ ਹਰਜੀਤ ਸਿੰਘ, ਮੀਤ ਪ੍ਰਧਾਨ ਹਰਜੀਤ ਸਿੰਘ , ਸੀਨੀਅਰ ਮੀਤ ਪ੍ਰਧਾਨ ਪ੍ਰੀਤਮ ਸਿੰਘ, ਖਜ਼ਾਨਚੀ ਗੁਰਮੇਜ ਸਿੰਘ, ਪ੍ਰੈਸ ਸਕੱਤਰ ਸੁਖਦੇਵ ਸਿੰਘ, ਦਿਲਬਾਗ ਸਿੰਘ ਤੇ ਮੰਗਲ ਸਿੰਘ ਆਦਿ ਹਾਜ਼ਰ ਸਨ।

# ਸ਼੍ਰੀ ਬਾਵਾ ਲਾਲ ਦੇ ਜਨਮ ਦਿਹਾੜੇ ਮੌਕੇ ਧਰਮਪਾਲ ਪਰਵਾਰ ਨੇ ਲੰਗਰ ਭੰਡਾਰਾ ਲਗਾਇਆ



**ਮਜੀਠਾ (ਸੋਇਮ ਆਨੰਦ)-** ਸ੍ਰੀ ਬਾਵਾ ਲਾਲ ਦਿਆਲ ਜੀ ਦੇ ਜਨਮ ਦਿਹਾੜੇ ਸਬੰਧੀ ਦਾਣਾ ਮੰਡੀ ਨੇੜੇ ਧਰਮਪਾਲ ਪਟਵਾਰੀ ਦੇ ਪਰਿਵਾਰ ਵੱਲੋਂ ਲਗਾਏ ਗਏ ਵਿਸ਼ਾਲ ਲੰਗਰ ਭੰਡਾਰੇ ਨੂੰ ਰਾਕੇਸ਼ ਕੁਮਾਰ ਕਾਨੂੰਗੋ, ਦੁਰਗਾ ਦਾਸ ਮਜੀਠਾ, ਅਸ਼ਵਨੀ ਕੁਮਾਰ ਨੀਟਾ, ਰਾਹੁਲ ਸ਼ਰਮਾ, ਰੋਹਿਤ ਸ਼ਰਮਾ, ਪ੍ਰਸ਼ਾਂਤ ਸ਼ਰਮਾ, ਅੰਕੁਸ਼ ਸ਼ਰਮਾ, ਗੌਤਮ ਸ਼ਰਮਾ, ਰਾਜ ਕੁਮਾਰ ਸ਼ਰਮਾ, ਗੋਲਡੀ, ਹਰਜਿੰਦਰ ਸਿੰਘ, ਬਲਰਾਮ ਸਿੰਘ ਗੋਲਾ, ਸੁਖਦੇਵ ਸਿੰਘ, ਬਲਦੇਵ ਸਿੰਘ ਬੱਬੂ, ਰਾਜਨ ਅਰੋੜਾ ਅਤੇ ਹੋਰ ਵਰਤਾਇਆ ਗਿਆ।

# 'ਯੁਵਾ ਆਪਦਾ ਮਿੱਤਰ' ਸਕੀਮ ਤਹਿਤ ਵਲੰਟੀਅਰਾਂ ਨੂੰ ਟ੍ਰੇਨਿੰਗ ਦਿੱਤੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਅਪ ਸਕੇਲਿੰਗ ਆਫ਼ ਆਪਦਾ ਮਿੱਤਰ ਯੁਵਾ ਆਪਦਾ ਮਿੱਤਰ ਸਕੀਮ ਤਹਿਤ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਵਿੱਚ ਪੰਜਾਬ ਦੇ ਯੂਥ ਨੂੰ ਟ੍ਰੇਨਿੰਗ ਦਿੱਤੀ ਜਾ ਰਹੀ ਹੈ ਜਿਸ ਵਿੱਚ ਟ੍ਰੇਨਿੰਗ ਦੇ ਤੀਸਰੇ ਦਿਨ ਵਲੰਟੀਅਰਾਂ ਨੂੰ ਭੂਚਾਲ ਦੇ ਪ੍ਰੈਕਟੀਕਲ ਕਰਵਾਏ ਗਏ। ਬਾਬਾ ਕੁੰਮਾ ਇੰਜੀਨੀਅਰਿੰਗ ਕਾਲਜ ਵਿੱਚ ਫਾਇਰ ਦੀ ਟੀਮ ਪਹੁੰਚੀ ਜਿਸ ਵਿੱਚ ਐੱਨ. ਐੱਫ. ਐੱਸ. ਸੀ. ਸਬ ਫਾਇਰ ਅਫ਼ਸਰ ਸਾਹਿਲ ਗਿੱਲ ਅਤੇ ਮਾਸਟਰ ਟ੍ਰੇਨਰ ਹਾਈਡਰੋਲਿਕ ਅਫਸਰ ਮਨਦੀਪ ਸਿੰਘ ਵੱਲੋਂ ਅੱਗ ਬਝਾਉਣ ਦੇ ਵੱਖ-ਵੱਖ ਤਰੀਕੇ ਵਲੰਟੀਅਰਾਂ ਨੂੰ ਸਿਖਾਏ ਗਏ ਅਤੇ ਫਾਇਰ ਦਾ ਪ੍ਰੈਕਟੀਕਲ ਫਾਇਰ ਮਸ਼ੀਨ ਦੁਆਰਾ ਕਰਵਾਇਆ ਗਿਆ। ਇਸੇ ਦੌਰਾਨ ਟਰੇਨਿੰਗ ਵਿੱਚ ਟ੍ਰੇਨਿੰਗ ਅਫਸਰ ਵਿਜੇ ਰਾਣਾ ਪਹੁੰਚੇ। ਉਨਾਂ ਨੇ ਸਮੂਹ ਮੈਗਸੀਪਾ ਟੀਮ ਨਾਲ ਜਾਣ ਪਛਾਣ ਕੀਤੀ ਅਤੇ ਟ੍ਰੇਨਿੰਗ ਪ੍ਰੋਗਰਾਮ ਦਾ ਪੂਰਾ ਮੁਆਇਨਾ ਕੀਤਾ। ਕੋਰਸ ਕੋਆਰਡੀਨੇਟਰ ਅੰਕੁਰ ਸ਼ਰਮਾ ਵੱਲੋਂ ਟ੍ਰੇਨਿੰਗ ਅਫਸਰਾਂ ਨੂੰ ਟਰੇਨਿੰਗ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਐੱਨਸੀਸੀ ਵਲੰਟੀਅਰ, ਐੱਸਐੱਮਓ ਲਵਦੀਪ ਸਿੰਘ, ਸਮੂਹ ਮੈਗਸੀਪਾ ਟੀਮ ਸ਼ਾਮਿਲ ਸੀ। ਇਸ ਦੇ ਨਾਲ ਹੀ ਇੰਸਟਰਕਟਰ ਸੁਨੀਲ ਜਰਿਆਲ ਅਤੇ ਸਚਿਨ ਵੱਲੋਂ ਆਫਤ ਦੌਰਾਨ ਡਿੱਗੀਆਂ ਹੋਈਆਂ ਇਮਾਰਤਾਂ ਵਿੱਚੋਂ ਵਿਅਕਤੀਆਂ ਨੂੰ ਲੱਭਣ ਦੇ ਵੱਖ-ਵੱਖ ਤਰੀਕੇ ਵੀ ਸਿਖਾਏ ਗਏ।



# ਪੰਜਾਬ 'ਚ ਦੇਸ਼ ਦੀ ਸਭ ਤੋਂ ਵੱਡੀ ਸਿਹਤ ਯੋਜਨਾ ਲਾਗੂ ਕਰਕੇ ਪੰਜਾਬ ਸਰਕਾਰ ਨੇ ਨਵਾਂ ਇਤਿਹਾਸ ਸਿਰਜਿਆ : ਜਗਰੂਪ ਸੇਖਵਾਂ

**ਧਾਰੀਵਾਲ, (ਮਨਦੀਪ ਵਿੱਕੀ)** ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਕਾਦੀਆਂ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਸੂਬੇ ਭਰ 'ਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਆਗਾਜ਼ ਸਬੰਧੀ ਸਮਾਗਮ ਵਿੱਚ ਭਾਗ ਲੈਣ ਲਈ ਜੇਯੂਐੱਸਐੱਸ ਕਾਲਜ ਸੇਖਵਾਂ ਦੇ ਖੁੱਲ੍ਹੇ ਹਾਲ ਵਿੱਚ ਵੱਡੀ ਸਕਰੀਨ ਦਾ ਪ੍ਰਬੰਧ ਕੀਤਾ ਗਿਆ। ਸਮਾਗਮ ਵਿੱਚ ਕਾਦੀਆਂ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਸਰਪੰਚਾਂ, ਪੰਚਾਂ ਤੇ ਹੋਰ ਮੋਹਤਬਰਾਂ ਸਮੇਤ ਪਾਰਟੀ ਆਗੂਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਅੱਜ ਮੁਹਾਲੀ ਵਿਖੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਦੇਸ਼ ਦੇ ਇਤਿਹਾਸ ਵਿੱਚ ਸਭ ਤੋਂ ਵੱਡੀ ਸਿਹਤ ਯੋਜਨਾ ਨੂੰ ਪੰਜਾਬ ਵਿੱਚ ਲਾਗੂ ਕਰਕੇ ਨਵਾਂ ਇਤਿਹਾਸ ਸਿਰਜਿਆ ਹੈ। ਇਸ ਯੋਜਨਾ ਤਹਿਤ ਪੰਜਾਬ ਸੂਬੇ ਦੇ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰੇਕ ਬਿਮਾਰੀ ਦਾ ਇਲਾਜ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਹੋਵੇਗਾ। ਇਸ ਸਬੰਧੀ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਕੀਤਾ ਗਿਆ, ਜਿਸ ਤਹਿਤ ਹਰੇਕ ਪਰਿਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕੀਤਾ ਜਾਵੇਗਾ। ਇਸ ਯੋਜਨਾ ਦਾ ਲਾਭ ਸਰਕਾਰੀ ਕਰਮਚਾਰੀਆਂ ਅਤੇ ਪੈਨਸ਼ਨਰਾਂ ਸਣੇ ਪੰਜਾਬ ਦੇ ਹਰੇਕ ਪਰਿਵਾਰ ਨੂੰ ਮਿਲੇਗਾ। ਸਮਾਗਮ ਵਿੱਚ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜਤਿੰਦਰ ਕੌਰ ਖੁੰਡੀ (ਨੈਸ਼ਨਲ ਐਵਾਰਡੀ ਸਰਪੰਚ), ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਮਾਰਕੀਟ ਕਮੇਟੀ ਕਾਹਨੂੰਵਾਨ ਦੇ ਚੇਅਰਮੈਨ ਜਸਪਾਲ ਸਿੰਘ ਪੰਧੇਰ, ਸੀਨੀਅਰ ਆਗੂ ਸੋਨਾ ਬਾਜਵਾ, ਸੋਹਣ ਸਿੰਘ ਨੈਨੇਕੋਟ, ਕਾਮਰੇਡ ਗੁਰਮੇਜ ਸਿੰਘ ਕਾਦੀਆਂ, ਬਾਬਾ ਅਜੈਬ ਸਿੰਘ ਧਾਰੀਵਾਲ ਕਲਾਂ, ਸਰਪੰਚ ਰਸ਼ਪਾਲ ਸਿੰਘ ਗੋਰਾਇਆ ਫੈਜ਼ਉਲਾ ਚੱਕ, ਸਰਪੰਚ ਹਰਪਾਲ ਸਿੰਘ ਕੰਗ, ਸਰਪੰਚ ਪਰਮਜੀਤ ਸਿੰਘ ਜਫਰਵਾਲ, ਮਨਿੰਦਰਪਾਲ ਸਿੰਘ ਘੁੰਮਣ, ਸੰਮਤੀ ਮੈਂਬਰ ਸਿੰਗਾਰਾ ਸਿੰਘ ਠੱਕਰਸੰਧੂ, ਸਰਪੰਚ ਸੂਬੇਦਾਰ ਜਗਤਾਰ ਸਿੰਘ ਡੇਹਰੀਵਾਲ ਦਰੋਗਾ, ਸਰਪੰਚ ਮਲਕੀਤ ਸਿੰਘ ਨਾਥਪੁਰ, ਜਗਦੀਸ ਰਾਜ ਅਹਿਮਦਾਬਾਦ ਆਦਿ ਸਮੇਤ ਵੱਡੀ ਗਿਣਤੀ ਵਿੱਚ ਆਪ ਪਾਰਟੀ ਦੇ ਆਗੂ ਹਾਜ਼ਰ ਸਨ।



# ਜੀ ਐੱਨ ਡੀ ਯੂ ਵਿਖੇ ਪੰਜ ਦਿਨਾ 'ਟੈਲੀ ਪ੍ਰਾਈਮ' ਵਰਕਸ਼ਾਪ ਆਯੋਜਿਤ

**ਅੰਮ੍ਰਿਤਸਰ ਸਾਹਿਬ (ਜਗਦੀਸ਼ ਕਮਲੇਸ਼)-** ਜੀ.ਐਨ.ਡੀ.ਯੂ ਗੋਲਡਨ ਜੁਬਲੀ ਸੈਂਟਰ ਫਾਰ ਐਂਟਰਪ੍ਰਨਿਓਰਸ਼ਿਪ ਐਂਡ ਇਨੋਵੇਸ਼ਨ ਦੁਆਰਾ ਆਯੋਜਿਤ ਪੰਜ ਦਿਨਾ ਹੁਨਰ ਵਿਕਾਸ ਵਰਕਸ਼ਾਪ, ਟੈਲੀ ਪ੍ਰਾਈਮ: ਬ੍ਰਿਜਿੰਗ ਅਕੈਡਮੀਆ ਐਂਡ ਇੰਡਸਟਰੀ ਸਫਲਤਾ ਪੂਰਵਕ ਸਮਾਪਤ ਹੋਈ। ਵਾਈਸ ਚਾਂਸਲਰ ਪ੍ਰੋ. ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ ਇਸ ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਦੀ ਰੁਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਉਨ੍ਹਾਂ ਨੂੰ ਉਦਯੋਗ ਦੀਆਂ ਵਿਹਾਰਕ ਜ਼ਰੂਰਤਾਂ ਲਈ ਤਿਆਰ ਕਰਨਾ ਸੀ। ਜੀ ਜੇ ਸੀ ਈ ਆਈ ਕੋਆਰਡੀਨੇਟਰ ਡਾ. ਬਲਵਿੰਦਰ ਸਿੰਘ ਨੇ ਕਾਰਪੋਰੇਟ ਸੈਕਟਰ ਵਿੱਚ ਟੈਲੀ ਮਾਹਰਾਂ ਦੀ ਵਧ ਰਹੀ ਮੰਗ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਉਦਯੋਗ-ਮਿਆਰੀ ਸਾਫਟਵੇਅਰ ਵਿੱਚ ਮੁਹਾਰਤ ਅੱਜ ਇੱਕ ਮਹੱਤਵਪੂਰਨ ਲੋੜ ਹੈ। ਯੂਨੀਵਰਸਿਟੀ ਦੇ ਸਕੂਲ ਆਫ਼ ਫਾਈਨੈਂਸ਼ੀਅਲ ਸਟੱਡੀਜ਼ ਦੀ ਮੁਖੀ ਡਾ. ਅਪਰਨਾ ਭਾਟੀਆ ਨੇ ਇਸ ਨੂੰ ਅਨੁਭਵੀ ਸਿੱਖਿਆ ਮਿਸ਼ਨ ਦਾ ਹਿੱਸਾ ਦੱਸਿਆ। ਪੰਜ ਦਿਨਾ ਤਕਨੀਕੀ ਸੈਸ਼ਨਾਂ ਦੌਰਾਨ ਸਰੋਤ ਵਿਅਕਤੀ ਸੀ ਏ ਸਮ੍ਰਿਤੀ ਅਤੇ ਸਿਮਰਨਪਾਲ ਕੌਰ ਨੇ ਵਿਦਿਆਰਥੀਆਂ ਨੂੰ ਕੰਪਨੀ ਗਠਨ, ਲੇਜ਼ਰ ਐਂਟਰੀ, ਜੀ ਐਸ ਟੀ ਕੌਂਫਿਗਰੇਸ਼ਨ, ਇਨਵੈਂਟਰੀ ਪ੍ਰਬੰਧਨ ਅਤੇ ਵਿੱਤੀ ਰਿਪੋਰਟਿੰਗ ਬਾਰੇ ਹੱਥੀਂ ਸਿਖਲਾਈ ਪ੍ਰਦਾਨ ਕੀਤੀ। ਸਮਾਪਤੀ ਸੈਸ਼ਨ ਵਿੱਚ ਡਾ. ਅਪਰਨਾ ਭਾਟੀਆ ਨੇ ਪ੍ਰੋਗਰਾਮ ਕੋਆਰਡੀਨੇਟਰ ਡਾ. ਨਿਸ਼ਚੇ ਅਰੋੜਾ ਅਤੇ ਡਾ. ਮੇਘਾ ਦੇ ਕੁਸ਼ਲ ਆਚਰਣ ਦੀ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਦਿੱਤੇ ਗਏ।



# ਪ੍ਰਭਾਤ ਫੇਰੀਆਂ ਜਾਰੀ, ਨਗਰ ਕੀਰਤਨ 29 ਨੂੰ; ਪ੍ਰਕਾਸ਼ ਪੁਰਬ ਇਕ ਫ਼ਰਵਰੀ ਨੂੰ

**ਧਾਰੀਵਾਲ, 23 ਜਨਵਰੀ (ਮਨਦੀਪ ਵਿੱਕੀ)-** ਸ਼੍ਰੀ ਗੁਰੂ ਰਵਿਦਾਸ ਸਭਾ ਧਾਰੀਵਾਲ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਕ ਫਰਵਰੀ ਨੂੰ ਮਨਾਏ ਜਾ ਰਹੇ ਸ਼੍ਰੋਮਣੀ ਭਗਤ ਗੁਰੂ ਰਵਿਦਾਸ ਜੀ ਦਾ 649ਵਾਂ ਪ੍ਰਕਾਸ਼ ਪੁਰਬ ਸਬੰਧੀ ਨਹਿਰ ਕਿਨਾਰੇ ਸਥਿਤ ਸ਼੍ਰੀ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ 6 ਜਨਵਰੀ ਤੋਂ ਨਿਰੰਤਰ ਪ੍ਰਭਾਤ ਫੇਰੀਆਂ ਜਾਰੀ ਹਨ। ਰੋਜ਼ਾਨਾ ਕਰਮਵਾਰ ਸ਼ਰਧਾਲੂ ਪਰਿਵਾਰ ਵਲੋਂ ਪ੍ਰਭਾਤ ਫੇਰੀਆਂ ਦੀ ਸੇਵਾ ਕੀਤੀ ਜਾ ਰਹੀ ਹੈ। ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ ਅਤੇ ਸੈਕਟਰੀ ਬਲਕਾਰ ਸਿੰਘ ਨੇ ਦੱਸਿਆ ਰੋਜ਼ਾਨਾ ਸਭਾ ਵਲੋਂ ਪ੍ਰਭਾਤ ਫੇਰੀ ਦੀ ਸੇਵਾ ਨਿਭਾਉਣ ਵਾਲੇ ਕਰਮਵਾਰ ਪਰਿਵਾਰ ਨੂੰ ਗੁਰੂ ਰਵਿਦਾਸ ਜੀ ਦੀ ਤਸਵੀਰ ਵਾਲਾ ਯਾਦਗਾਰੀ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਪ੍ਰਭਾਤ ਫੇਰੀਆਂ ਦੌਰਾਨ ਸਤਿਗੁਰੂ ਰਵਿਦਾਸ ਜੀ ਦੀ ਮਹਿਮਾ ਵਿੱਚ ਸ਼ਬਦ ਕੀਰਤਨ ਕਰਨ ਤੋਂ ਇਲਾਵਾ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਚੱਲਣ, ਆਪਸ ਵਿੱਚ ਪ੍ਰੇਮ ਭਾਵਨਾ ਨਾਲ ਰਹਿਣ ਅਤੇ ਵਹਿਮਾਂ ਭਰਮਾਂ ਤੇ ਕਰਮ ਕਾਂਡਾਂ ਤੋਂ ਦੂਰ ਰਹਿਣ ਦਾ ਸਨੇਹਾ ਦਿੱਤਾ ਜਾ ਰਿਹਾ ਹੈ। ਸਭਾ ਦੇ ਆਗੂਆਂ ਦੱਸਿਆ ਪ੍ਰਕਾਸ਼ ਦਿਹਾੜੇ ਦੇ ਸਬੰਧ ਵਿੱਚ 29 ਜਨਵਰੀ ਨੂੰ ਸ਼ਹਿਰ ਵਿੱਚ ਨਗਰ ਕੀਰਤਨ ਕੱਢਿਆ ਜਾਵੇਗਾ ਅਤੇ ਇਕ ਫਰਵਰੀ ਨੂੰ ਗੁਰੂ ਰਵਿਦਾਸ ਧਰਮਸ਼ਾਲਾ ਧਾਰੀਵਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਰਾਗੀ ਜਥੇ ਅਤੇ ਕਥਾਵਾਚਕ ਭਾਈ ਜਸਵਿੰਦਰ ਸਿੰਘ ਸਹੂਰ ਸਮਾਗਮ ਵਿੱਚ ਸ਼ਾਮਲ ਸੰਗਤਾਂ ਨੂੰ ਨਿਹਾਲ ਕਰਨਗੇ। ਸਮਾਗਮ ਦੌਰਾਨ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਸਭਾ ਦੇ ਪ੍ਰਧਾਨ ਗਿਆਨੀ ਮਾਸਟਰ ਪ੍ਰਕਾਸ਼ ਚੰਦ, ਜਨਰਲ ਸੈਕਟਰੀ ਬਲਕਾਰ ਸਿੰਘ,ਪ੍ਰੈਸ਼ ਸਕੱਤਰ ਹਰਭਜਨ ਸਿੰਘ, ਬਚਨ ਲਾਲ ਫੌਜੀ, ਕੈਸ਼ੀਅਰ ਰਮੇਸ਼ ਕੁਮਾਰ, ਮਦਨ ਸਿੰਘ, ਮੰਗਤ ਰਾਮ, ਰਾਕੇਸ਼ ਸੋਨੂੰ ਟੇਲਰ, ਸੁਰਿੰਦਰ ਪਾਲ, ਧਰਮ ਪਾਲ, ਭਾਈ ਚਮਨਲਾਲ ਸਿੰਘ ਐੱਸਡੀਓ, ਰੁਪਜਿੰਦਰ ਸਿੰਘ ਨੋਨੀ, ਏਐੱਸਆਈ ਬੋਧ ਰਾਜ, ਰੂਪ ਲਾਲ, ਮੈਡਮ ਸੋਨੀਆ, ਗੁਰਮੀਤ ਕੌਰ ਆਦਿ ਤੋਂ ਇਲਾਵਾ ਵੀ ਸ਼ਰਧਾਲੂ ਸੰਗਤਾਂ ਸ਼ਾਮਲ ਸਨ।



# ਕੱਲੂ ਸੋਹਲ ਤੋਂ ਬੁੱਟਰ ਕਲਾਂ ਤੱਕ ਲਿੰਕ ਸੜਕ ਦੀ ਰਿਪੇਅਰ ਦਾ ਕੰਮ ਸ਼ੁਰੂ



**ਬਟਾਲਾ, (ਡਾ. ਮਲਵਿੰਦਰ ਸਿੰਘ)-** ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਚਹੁਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸਦੇ ਚੱਲਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਪਿੰਡ ਕੱਲੂ ਸੋਹਲ ਤੋਂ ਬੁੱਟਰ ਕਲਾਂ ਤੱਕ ਦੀ ਲਿੰਕ ਸੜਕ ਦਾ ਸਪੈਸ਼ਲ ਰਿਪੇਅਰ ਦਾ ਕੰਮ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਸ਼ੁਰੂ ਕਰਵਾਇਆ ਗਿਆ।ਇਸ ਮੌਕੇ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਵੱਲੋਂ ਬਟਾਲਾ ਵਿਧਾਨ ਸਭਾ ਹਲਕੇ ਨੂੰ ਵਿਕਾਸ ਪੱਖੋਂ ਮੋਹਰੀ ਹਲਕਾ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ ਅਤੇ ਉਹ ਇਸ ਕੰਮ ਲਈ ਦਿਨ ਰਾਤ ਲੱਗੇ ਹੋਏ ਹਨ।ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਹਲਕੇ ਅੰਦਰ ਸਾਫ ਸੁਥਰੀਆਂ ਲਿੰਕ ਸੜਕਾਂ ਦਾ ਜਾਲ ਵਿਛਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ, ਜੋ ਆਉਂਦੇ ਦਿਨਾਂ ਅੰਦਰ ਮੁਕੰਮਲ ਹੋ ਕੇ ਹਲਕੇ ਦੇ ਲੋਕਾਂ ਨੂੰ ਆਵਾਜਾਈ ਲਈ ਬਿਹਤਰ ਸਹੂਲਤਾਂ ਪ੍ਰਦਾਨ ਹੋਣਗੀਆਂ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿੰਡਾਂ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਜਾ ਰਹੀ ਹੈ ਅਤੇ ਨਵੀਆਂ ਚੁਣੀਆਂ ਪੰਚਾਇਤਾਂ ਰਾਹੀਂ ਪਿੰਡਾਂ ਵਿੱਚ ਪਾਰਦਰਸ਼ੀ ਢੰਗ ਨਾਲ ਕੰਮ ਕਰਵਾਏ ਜਾ ਰਹੇ ਹਨ। ਪਿੰਡਾਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਮੈਦਾਨ ਬਣਾਏ ਗਏ ਹਨ। ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ਼ ਪਾਏ ਗਏ ਹਨ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣਕੇ ਨਿਪਟਾਰਾ ਕੀਤਾ ਜਾ ਰਿਹਾ ਹੈ।

# 'ਆਪਰੇਸ਼ਨ ਪ੍ਰਹਾਰ, ਗੈਂਗਸਟਰ ਉੱਤੇ ਵਾਰ' ਤਿੰਨ ਦਿਨਾ ਮੁਹਿੰਮ ਸੰਪੰਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਜ਼ਿਲ੍ਹਾ ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ 20 ਜਨਵਰੀ ਤੋਂ 22 ਜਨਵਰੀ 2026 ਤੱਕ ਲਗਾਤਾਰ ਤਿੰਨ ਦਿਨਾਂ ਦੌਰਾਨ ਆਪਰੇਸ਼ਨ ਪ੍ਰਹਾਰ, ਗੈਂਗਸਟਰ 'ਤੇ ਵਾਰ ਮੁਹਿੰਮ ਅਧੀਨ ਇੱਕ ਕੇਂਦ੍ਰਿਤ, ਖੁਫੀਆ ਜਾਣਕਾਰੀ-ਅਗਵਾਈ ਵਾਲੀ ਇਨਫੋਰਸਮੈਂਟ ਮੁਹਿੰਮ ਚਲਾਈ। ਇਨ੍ਹਾਂ ਕਾਰਵਾਈਆਂ ਦਾ ਉਦੇਸ਼ ਸ਼ੱਕੀਆਂ ਨੂੰ ਫੜਨਾ, ਅਪਰਾਧਿਕ ਨੈੱਟਵਰਕਾਂ ਨੂੰ ਖਤਮ ਕਰਨਾ, ਭਗੌੜੇ ਅਪਰਾਧੀਆਂ ਨੂੰ ਗ੍ਰਿਫਤਾਰ ਕਰਨਾ ਅਤੇ ਸ਼ਹਿਰ ਭਰ ਵਿੱਚ ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਸ਼ਰਾਬ ਨਾਲ ਸਬੰਧਤ ਅਪਰਾਧਾਂ ਨੂੰ ਰੋਕਣਾ ਸੀ। ਤਿੰਨ ਦਿਨਾਂ ਦੌਰਾਨ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਕੁੱਲ 301 ਸ਼ੱਕੀਆਂ ਨੂੰ ਫੜਿਆ, ਜਿਨ੍ਹਾਂ ਸਾਰਿਆਂ ਨੂੰ ਗ੍ਰਿਫਤਾਰ ਕੀਤਾ ਗਿਆ। ਇਨ੍ਹਾਂ ਕਾਰਵਾਈਆਂ ਦੇ ਨਤੀਜੇ ਵਜੋਂ 134 ਗ੍ਰਾਮ ਹੈਰੋਇਨ, 2,00,361 ਰੁਪਏ ਡਰੱਗ ਮਨੀ, 06 ਆਧੁਨਿਕ ਪਿਸਤੌਲ, 06 ਮੈਗਜ਼ੀਨ, 36 ਜ਼ਿੰਦਾ ਕਾਰਤੂਸ (9 ਐੱਮਐੱਮ ਕਾਰਤੂਸ ਸਮੇਤ), 25 ਮੋਬਾਈਲ ਫੋਨ, ਇੱਕ ਚਾਕੂ, ਇੱਕ ਮੋਟਰਸਾਈਕਲ ਅਤੇ 46 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਮਹੱਤਵਪੂਰਨ ਬਰਾਮਦਗੀਆਂ ਹੋਈਆਂ। ਇਸ ਤੋਂ ਇਲਾਵਾ ਤਿੰਨ ਦਿਨਾਂ ਦੀ ਮੁਹਿੰਮ ਦੌਰਾਨ ਪੰਜ ਭਗੌੜੇ ਅਪਰਾਧੀਆਂ (ਪੀ.ਓ) ਨੂੰ ਗ੍ਰਿਫ਼ਤਾਰ ਕੀਤਾ ਗਿਆ। ਪੰਜ ਗੈਂਗਸਟਰ ਰਿਸ਼ਤੇਦਾਰਾਂ ਅਤੇ ਸਾਥੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ ਅਤੇ ਕਈ ਪੁਰਾਣੀਆਂ ਅਤੇ ਤਾਜ਼ਾ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ, ਜਿਸ ਨਾਲ ਸੰਗਠਿਤ ਅਤੇ ਦੁਹਰਾਈ ਜਾਣ ਵਾਲੀ ਅਪਰਾਧਿਕ ਗਤੀਵਿਧੀ ਨੂੰ ਵੱਡਾ ਝਟਕਾ ਲੱਗਿਆ। ਆਪਰੇਸ਼ਨ ਪ੍ਰਹਾਰ ਦੇ ਪਹਿਲੇ ਦਿਨ, ਪੁਲਿਸ ਟੀਮਾਂ ਨੇ 116 ਸ਼ੱਕੀਆਂ ਨੂੰ ਘੇਰ ਲਿਆ ਅਤੇ ਗ੍ਰਿਫ਼ਤਾਰ ਕੀਤਾ। ਬਰਾਮਦਗੀਆਂ ਵਿੱਚ 27 ਗ੍ਰਾਮ ਹੈਰੋਇਨ, 130 ਡਰੱਗ ਮਨੀ, ਇੱਕ ਚਾਕੂ ਅਤੇ 11 ਬੋਤਲਾਂ ਨਾਜਾਇਜ਼ ਸ਼ਰਾਬ ਸ਼ਾਮਲ ਸੀ। ਇੱਕ ਮੁੱਖ ਪ੍ਰਾਪਤੀ ਵਜੋਂ, ਦੋ ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਇੱਕ ਪੁਰਾਣੀ ਗ੍ਰਿਫ਼ਤਾਰੀ ਨੂੰ ਅੰਜਾਮ ਦਿੱਤਾ ਗਿਆ। ਫਾਲੋ-ਅੱਪ ਕਾਰਵਾਈ ਦੌਰਾਨ 31 ਦੀ ਵਾਧੂ ਰਿਕਵਰੀ ਵੀ ਕੀਤੀ ਗਈ। ਮੁਹਿੰਮ ਜਾਰੀ ਰੱਖਦੇ ਹੋਏ ਕਮਿਸ਼ਨਰੇਟ ਪੁਲਸ ਅੰਮ੍ਰਿਤਸਰ ਨੇ ਦੂਜੇ ਦਿਨ 111 ਸ਼ੱਕੀਆਂ ਨੂੰ ਘੇਰ ਲਿਆ ਅਤੇ ਗ੍ਰਿਫ਼ਤਾਰ ਕੀਤਾ। 98 ਗ੍ਰਾਮ ਹੈਰੋਇਨ, 1200 ਰੁਪਏ ਡਰੱਗ ਮਨੀ, ਛੇ ਪਿਸਤੌਲ, ਛੇ ਮੈਗਜ਼ੀਨ, ਦੋ ਕਾਰਤੂਸ, 25 ਮੋਬਾਈਲ ਫੋਨ ਅਤੇ ਇੱਕ ਮੋਟਰਸਾਈਕਲ ਸਮੇਤ ਕਾਫ਼ੀ ਬਰਾਮਦਗੀਆਂ ਕੀਤੀਆਂ ਗਈਆਂ। ਇਸ ਦਿਨ ਦੇ ਕਾਰਜਸ਼ੀਲ ਨਤੀਜਿਆਂ ਵਿੱਚ ਇੱਕ ਭਗੌੜਾ ਅਪਰਾਧੀ ਅਤੇ ਦੋ ਹੋਰ ਗ੍ਰਿਫ਼ਤਾਰੀਆਂ ਸ਼ਾਮਲ ਸਨ, ਜੋ ਅਪਰਾਧਿਕ ਤੱਤਾਂ 'ਤੇ ਨਿਰੰਤਰ ਦਬਾਅ ਨੂੰ ਉਜਾਗਰ ਕਰਦੀਆਂ ਹਨ। ਤੀਜੇ ਦਿਨ, ਪੁਲਸ ਟੀਮਾਂ ਨੇ 74 ਸ਼ੱਕੀਆਂ ਨੂੰ ਘੇਰ ਲਿਆ ਅਤੇ ਗ੍ਰਿਫ਼ਤਾਰ ਕੀਤਾ। ਬਰਾਮਦਗੀਆਂ ਵਿੱਚ 9 ਗ੍ਰਾਮ ਹੈਰੋਇਨ, 1,99,000 ਰੁਪਏ ਡਰੱਗ ਮਨੀ, 34 ਕਾਰਤੂਸ (9 ਐੱਮਐੱਮ), ਅਤੇ 35 ਬੋਤਲਾਂ ਨਾਜਾਇਜ਼ ਸ਼ਰਾਬ ਸ਼ਾਮਲ ਸਨ। ਪੰਜ ਗੈਂਗਸਟਰ ਰਿਸ਼ਤੇਦਾਰਾਂ ਅਤੇ ਸਾਥੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ ਅਤੇ ਦੋ ਭਗੌੜੇ ਅਪਰਾਧੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਸ ਨਾਲ ਤਿੰਨ ਦਿਨਾਂ ਦੀ ਕਾਰਵਾਈ ਦਾ ਇੱਕ ਮਜ਼ਬੂਤ ਸਿੱਟਾ ਨਿਕਲਿਆ। ਕਮਿਸ਼ਨਰੇਟ ਪੁਲਿਸ ਅੰਮ੍ਰਿਤਸਰ ਨੇ ਸੰਗਠਿਤ ਅਪਰਾਧ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਗੈਰ-ਕਾਨੂੰਨੀ ਹਥਿਆਰਾਂ ਅਤੇ ਸ਼ਰਾਬ ਨਾਲ ਸਬੰਧਤ ਅਪਰਾਧਾਂ ਨੂੰ ਰੋਕਣ ਅਤੇ ਸ਼ਹਿਰ ਭਰ ਵਿੱਚ ਜਨਤਕ ਸੁਰੱਖਿਆ ਅਤੇ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਅਜਿਹੇ ਨਿਰੰਤਰ, ਖੁਫੀਆ ਜਾਣਕਾਰੀ-ਅਧਾਰਤ ਕਾਰਜਾਂ ਨੂੰ ਜਾਰੀ ਰੱਖਣ ਦੇ ਆਪਣੇ ਦ੍ਰਿੜ ਇਰਾਦੇ ਨੂੰ ਦੁਹਰਾਇਆ। ਹੁਣ ਤੱਕ, 205 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਅਸਲਾ ਐਕਟ ਤਹਿਤ 92 ਐੱਫਆਈਆਰ ਦਰਜ ਕੀਤੀਆਂ ਗਈਆਂ ਹਨ। ਮੁੱਖ ਬਰਾਮਦਗੀਆਂ ਵਿੱਚ 256 ਪਿਸਤੌਲ, 10 ਰਿਵਾਲਵਰ, 02 ਰਾਈਫਲਾਂ, 253 ਮੈਗਜ਼ੀਨ ਅਤੇ 453 ਕਾਰਤੂਸ ਸ਼ਾਮਲ ਹਨ, ਨਾਲ ਹੀ18.75 ਲੱਖ ਰੁਪਏ ਹਵਾਲਾ ਰਾਸ਼ੀ ਵੀ ਸ਼ਾਮਲ ਹੈ।

# ਸੀਨੀਅਰ ਉਪ ਪ੍ਰਧਾਨ ਚੁਣੇ ਜਾਣ 'ਤੇ ਆਨੰਦ ਬਾਂਸਲ ਨੂੰ ਕੀਤਾ ਸਨਮਾਨਿਤ

**ਛੇਹਰਟਾ (ਮਨੋਜ ਕੁਮਾਰ)-** ਸ਼੍ਰੀ ਮਾਰਵਾੜੀ ਪੰਚਾਇਤੀ ਵੱਡਾ ਮੰਦਰ ਕਮੇਟੀ ਦੇ ਸਰਵਸੰਮਤੀ ਨਾਲ ਸੀਨੀਅਰ ਉਪ ਪ੍ਰਧਾਨ ਚੁਣੇ ਜਾਣ 'ਤੇ ਆਨੰਦ ਬਾਂਸਲ ਨੂੰ ਮਾਰਵਾੜੀ ਸਮਾਜ ਦੇ ਮੈਂਬਰ ਤੇ ਸਮਾਜ ਸੇਵਕ ਅਨੁਜ ਖੇਮਕਾ ਅਤੇ ਆਸ਼ੀਸ਼ ਖੇਮਕਾ ਦੀ ਟੀਮ ਨੇ ਸਨਮਾਨਿਤ ਕੀਤਾ। ਇਸ ਮੌਕੇ ਅਨੁਜ ਖੇਮਕਾ ਨੇ ਦੱਸਿਆ ਕਿ ਸ਼੍ਰੀ ਮਾਰਵਾੜੀ ਪੰਚਾਇਤੀ ਵੱਡਾ ਮੰਦਰ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ 25 ਜਨਵਰੀ ਨੂੰ ਭੂਤਨਾਥ ਸ਼ਿਵਾਲਾ ਦੇ ਬਾਜ਼ਾਰ ਵਿਚ ਹੋਣ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਮੇਟੀ ਦੇ ਪ੍ਰਧਾਨ ਸੁਨੀਲ ਗੁਪਤਾ ਤੇ ਸੀਨੀਅਰ ਉਪ ਪ੍ਰਧਾਨ ਆਨੰਦ ਬਾਂਸਲ ਪਹਿਲਾਂ ਹੀ ਸਰਵਸੰਮਤੀ ਨਾਲ ਚੁਣ ਲਏ ਗਏ ਹਨ। ਅਨੁਜ ਖੇਮਕਾ ਨੇ ਮਾਰਵਾੜੀ ਸਮਾਜ ਨੂੰ ਅਪੀਲ ਕੀਤੀ ਕਿ ਬਾਕੀ ਅਹੁਦੇਦਾਰਾਂ ਦੀ ਚੋਣ ਦੌਰਾਨ ਵੀ ਉਹ ਆਪਣੀ ਕੀਮਤੀ ਵੋਟ ਚੰਗੇ ਉਮੀਦਵਾਰ ਨੂੰ ਹੀ ਪਾਉਣ, ਤਾਂ ਜੋ ਮੰਦਰ ਪ੍ਰਬੰਧ ਨੂੰ ਬਿਹਤਰ ਬਣਾਇਆ ਜਾ ਸਕੇ। ਐਤਵਾਰ ਨੂੰ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤਕ ਵੋਟਿੰਗ ਹੋਵੇਗੀ ਤੇ ਉਸ ਤੋਂ ਬਾਅਦ ਨਤੀਜੇ ਐਲਾਨੇ ਜਾਣਗੇ। ਇਸ ਮੌਕੇ ਅਨੁਜ ਖੇਮਕਾ ਤੇ ਆਸ਼ੀਸ਼ ਖੇਮਕਾ ਦੀ ਟੀਮ ਨੇ ਆਨੰਦ ਬਾਂਸਲ ਨੂੰ ਸਿਰੋਪਾਊ ਤੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ਼ੰਕਰ ਅਰੋੜਾ, ਸੁਨੀਲ ਨਾਇਅਰ, ਅਸ਼ਵਨੀ ਜੋਸ਼ੀ, ਆਦਿਲ, ਮੁਕੇਸ਼ ਕੁਮਾਰ, ਵਿਕਰਮ ਜੋਸ਼ੀ, ਸਾਹਿਬ, ਨਵਲ ਕਿਸ਼ੋਰ ਸੇਠ ਵੀ ਮੌਜੂਦ ਸਨ।



# ਜਥੇਦਾਰ ਗੜਗੱਜ ਨੇ ਸੱਜਣ ਕੁਮਾਰ ਨੂੰ ਬਰੀ ਕਰਨ 'ਤੇ ਚੁੱਕੇ ਸਵਾਲ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਵੱਲੋਂ ਨਵੰਬਰ 1984 ਸਿੱਖ ਕਤਲੇਆਮ ਦੇ ਜਨਕਪੁਰੀ ਨਾਲ ਸਬੰਧਤ ਇੱਕ ਮਾਮਲੇ ਵਿੱਚ ਕਾਂਗਰਸੀ ਆਗੂ ਸੱਜਣ ਕੁਮਾਰ ਨੂੰ ਬਰੀ ਕਰਨ ਦੇ ਫ਼ੈਸਲੇ ਉੱਤੇ ਸਵਾਲ ਕੀਤਾ ਕਿ ਸਰਕਾਰ ਅਤੇ ਅਦਾਲਤਾਂ ਇਹ ਦੱਸਣ ਕਿ ਫਿਰ ਦਿੱਲੀ ਵਿੱਚ ਸਿੱਖਾਂ ਦਾ ਕਤਲੇਆਮ ਕਿਸ ਨੇ ਕੀਤਾ ਹੈ? ਉਨ੍ਹਾਂ ਕਿਹਾ ਕਿ ਭਾਵੇਂ ਕਿ ਸਿੱਖ ਕਤਲੇਆਮ ਦੇ ਦੋ ਕੇਸਾਂ ਵਿੱਚ ਸੱਜਣ ਕੁਮਾਰ ਅਜੇ ਵੀ ਜੇਲ੍ਹ ਅੰਦਰ ਸਜ਼ਾ ਭੁਗਤ ਰਿਹਾ ਹੈ ਅਤੇ ਉਹ ਜੇਲ੍ਹ ਵਿੱਚ ਹੀ ਰਹੇਗਾ, ਪਰੰਤੂ ਇੱਕ ਕੇਸ ਵਿੱਚ ਉਸ ਦਾ ਬਰੀ ਹੋਣਾ ਸਰਕਾਰ ਦੀਆਂ ਜਾਂਚ ਏਜੰਸੀਆਂ ਦੀ ਸੁਹਿਰਦਤਾ ਅਤੇ ਗੰਭੀਰਤਾ ਉੱਤੇ ਵੱਡਾ ਸਵਾਲੀਆ ਚਿੰਨ੍ਹ ਹੈ ਅਤੇ ਇਹ ਸਿੱਖਾਂ ਦੇ ਜ਼ਖ਼ਮਾਂ ਉੱਤੇ ਲੂਣ ਛਿੜਕਣ ਦੇ ਤੁੱਲ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਸਿੱਖ ਕਤਲੇਆਮ ਮਾਮਲੇ ਵਿੱਚ ਸੱਜਣ ਕੁਮਾਰ ਨੂੰ ਬਰੀ ਕੀਤਾ ਗਿਆ ਹੈ ਉਸ ਵਿੱਚ 17 ਸਾਲ ਦੇ ਨਾਬਾਲਗ ਬੱਚੇ ਕਾਕਾ ਗੁਰਚਰਨ ਸਿੰਘ ਨੂੰ ਕਤਲ ਕਰਨ ਲਈ ਉਸ ਨੂੰ ਜਿਊਂਦਾ ਉਸ ਦੇ ਪਿਤਾ ਸ. ਨਾਥ ਸਿੰਘ ਦੇ ਜਲਦੇ ਟਰੱਕ ਵਿੱਚ ਸੁੱਟਿਆ ਗਿਆ ਸੀ। ਕਾਕਾ ਗੁਰਚਰਨ ਸਿੰਘ ਸਾਲ 1984 ਤੋਂ 2008 ਤੱਕ 24 ਸਾਲ ਅੱਧਾ ਜਲਿਆ ਹੋਇਆ ਇਹ ਕਹਿੰਦਿਆਂ ਇਨਸਾਫ਼ ਦੀ ਗੁਹਾਰ ਲਗਾਉਂਦਾ ਰਿਹਾ ਕਿ ਉਸ ਦਿਨ ਭੀੜ ਦੀ ਅਗਵਾਈ ਸੱਜਣ ਕੁਮਾਰ ਕਰ ਰਿਹਾ ਸੀ, ਪਰੰਤੂ ਉਸ ਦੀ ਗੱਲ ਜਾਂਚ ਏਜੰਸੀਆਂ ਨੇ ਨਹੀਂ ਸੁਣੀ, ਨਾ ਹੀ ਉਸ ਦੀ ਗਵਾਹੀ ਦਰਜ ਕੀਤੀ ਗਈ ਅਤੇ ਉਹ ਚਲਾਣਾ ਕਰ ਗਿਆ। ਉਨ੍ਹਾਂ ਕਿਹਾ ਕਿ ਭਾਵੇਂ ਕਿ 2008 ਵਿੱਚ ਸੀਬੀਆਈ ਨੇ ਕਾਕਾ ਗੁਰਚਰਨ ਸਿੰਘ ਦੀ ਗਵਾਹੀ ਰਿਕਾਰਡ ਕੀਤੀ ਪਰੰਤੂ ਉਸ ਨੂੰ ਦਰਜ ਕਰਕੇ ਕੇਸ ਵਿੱਚ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸੱਜਣ ਕੁਮਾਰ ਵਿਰੁੱਧ ਜਨਕਪੁਰੀ ਵਾਲੇ ਕੇਸ ਦੀ ਜਾਂਚ ਦਿੱਲੀ ਪੁਲਸ ਵੱਲੋਂ ਕੀਤੀ ਜਾ ਰਹੀ ਸੀ ਪਰੰਤੂ ਦਿੱਲੀ ਪੁਲਿਸ ਨੇ ਕਾਕਾ ਗੁਰਚਰਨ ਸਿੰਘ ਦੇ ਬਿਆਨ ਦਰਜ ਕਰੇ ਬਿਨਾਂ ਹੀ ਕੇਸ ਬੰਦ ਕਰ ਦਿੱਤਾ ਸੀ, ਜੋ ਕਿ ਮੰਦਭਾਗਾ ਹੈ ਅਤੇ ਸਰਕਾਰ ਤੇ ਪੁਲਸ ਦੀ ਕਾਰਵਾਈ ਉੱਤੇ ਵੱਡਾ ਸਵਾਲ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਦੂਜਾ ਗਵਾਹ ਸ. ਹਰਵਿੰਦਰ ਸਿੰਘ ਕੋਹਲੀ ਵੀ ਇਹ ਕਹਿੰਦਾ ਰਿਹਾ ਕਿ ਸੱਜਣ ਕੁਮਾਰ ਭੀੜ ਦੀ ਅਗਵਾਈ ਕਰ ਰਿਹਾ ਸੀ, ਪਰੰਤੂ ਉਸ ਦਾ ਮਾਮਲਾ ਵੀ ਬਿਨਾਂ ਜਾਂਚ ਦੇ ਬੰਦ ਕਰ ਦਿੱਤਾ ਗਿਆ। ਬਾਅਦ ਵਿੱਚ ਸਾਲ 2015 ਵਿੱਚ ਜਦੋਂ ਨਵੀਂ ਜਾਂਚ ਟੀਮ ਬਣੀ ਤਾਂ ਸ. ਹਰਵਿੰਦਰ ਸਿੰਘ ਕੋਹਲੀ ਦੇ ਬਿਆਨ ਦਰਜ ਹੋਏ ਪਰੰਤੂ ਉਦੋਂ ਉਹ ਵੀ ਚਲਾਣਾ ਕਰ ਗਿਆ। ਉਨ੍ਹਾਂ ਕਿਹਾ ਕਿ ਦੋਵੇਂ ਮੁੱਖ ਗਵਾਹਾਂ ਦੇ ਪਰਿਵਾਰਕ ਮੈਂਬਰਾਂ ਨੇ ਵੀ ਸੱਜਣ ਕੁਮਾਰ ਨੂੰ ਪਛਾਣ ਕੇ ਉਸ ਵਿਰੁੱਧ ਗਵਾਹੀਆਂ ਦਰਜ ਕਰਵਾਈਆਂ ਪਰ ਇਸ ਦੇ ਬਾਵਜੂਦ ਵੀ ਉਸ ਨੂੰ ਬਰੀ ਕਰ ਦਿੱਤਾ ਗਿਆ, ਜੋ ਕਿ ਮੰਦਭਾਗਾ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਰਕਾਰ ਨੂੰ ਇਹ ਸਵਾਲ ਕੀਤਾ ਕਿ ਨਵੰਬਰ 1984 ਸਿੱਖ ਕਤਲੇਆਮ ਮਾਮਲਿਆਂ ਵਿੱਚ ਸਰਕਾਰੀ ਅੰਕੜਿਆਂ ਅਨੁਸਾਰ 2733 ਕਤਲ ਹੋਏ ਹਨ ਜਦਕਿ ਅਸਲ ਵਿੱਚ ਕਤਲ ਕਿਤੇ ਵੱਧ ਹੋਏ ਹਨ। ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਸ਼ਾਂਤ ਕਰਨ ਲਈ ਸਰਕਾਰ ਦਿੱਲੀ ਅਤੇ ਦੇਸ਼ ਦੇ ਹੋਰ ਸੂਬਿਆਂ ਵਿੱਚ ਹੋਏ ਸਿੱਖ ਕਤਲੇਆਮ ਦੇ ਹਰ ਇੱਕ ਕਤਲ ਮਾਮਲੇ ਵਿੱਚ ਇਹ ਜ਼ਿੰਮੇਵਾਰੀ ਤੈਅ ਕਰੇ ਕਿ ਇਹ ਕਤਲ ਕਿਸ ਨੇ ਕੀਤੇ ਹਨ ਅਤੇ ਇਨ੍ਹਾਂ ਦਾ ਇਨਸਾਫ਼ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਇਨਸਾਫ਼ ਵਿੱਚ ਜਾਣਬੁੱਝ ਕੇ ਸਾਜ਼ਿਸ਼ ਤਹਿਤ ਕੀਤੀ ਗਈ ਦੇਰੀ ਲਈ ਕਿਸ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇ, ਸਰਕਾਰ ਇਹ ਵੀ ਸਪੱਸ਼ਟ ਕਰੇ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਇਨਸਾਫ਼ ਦੇਣਾ ਸਰਕਾਰਾਂ ਦੀ ਜ਼ਿੰਮੇਵਾਰੀ ਸੀ ਪਰੰਤੂ ਇਹ ਕੰਮ ਸੰਜੀਦਗੀ ਤੇ ਗੰਭੀਰਤਾ ਨਾਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਿੱਖ ਕਾਕਾ ਗੁਰਚਰਨ ਸਿੰਘ ਦੇ ਜਨਕਪੁਰੀ ਇਰਾਦਾ ਕਤਲ ਮਾਮਲੇ ਵਿੱਚ ਵੀ ਇਨਸਾਫ਼ ਲਈ ਸੰਘਰਸ਼ ਜਾਰੀ ਰੱਖਣ ਅਤੇ ਅਦਾਲਤ ਵੱਲੋਂ ਕੀਤੇ ਗਏ ਤਾਜ਼ਾ ਆਦੇਸ਼ ਨੂੰ ਉੱਚ ਅਦਾਲਤ ਵਿੱਚ ਚੁਣੌਤੀ ਦਿੱਤੀ ਜਾਵੇ।



# ਸ਼੍ਰੀ ਬਾਵਾ ਲਾਲ ਦਿਆਲ ਦਾ 671ਵਾਂ ਜਨਮ ਦਿਹਾੜਾ ਮਨਾਇਆ



**ਮਜੀਠਾ (ਸੋਇਮ ਆਨੰਦ)-** ਸ੍ਰੀ ਬਾਵਾ ਲਾਲ ਦਿਆਲ ਜੀ ਮਾਹਰਾਜ ਦਾ 671ਵਾਂ ਜਨਮ ਦਿਹਾੜਾ ਗੱਦੀਨਸ਼ੀਨ ਮਹੰਤ ਰਾਮ ਸੁੰਦਰ ਦਾਸ ਦੇ ਆਸ਼ੀਰਵਾਦ ਸਦਕਾ ਮੰਦਰ ਸ੍ਰੀ ਬਾਵਾ ਲਾਲ ਦੁਆਰ ਮਜੀਠਾ ਵਿਖੇ ਮੰਦਰ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਬਾਵਾ ਲਾਲ ਮੰਦਰ ਦੇ ਪੁਜਾਰੀ ਪੰਡਤ ਮਨੋਜ ਕੁਮਾਰ ਵੱਲੋਂ ਭਜਨ ਅਤੇ ਸਤਸੰਗ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸੰਗਤਾਂ ਨੇ ਬਾਵਾ ਲਾਲ ਦਿਆਲ ਜੀ ਦੀ ਸ਼ੋਭਾ ਵਿਚ ਭੇਟਾਂ ਗਾਈਆਂ ਅਤੇ ਮੰਦਰ ਵਿੱਚ ਕੇਕ ਕੱਟੇ ਅਤੇ ਮਠਿਆਈਆਂ ਵੰਡ ਕੇ ਵਧਾਈਆਂ ਦਿੱਤੀਆਂ। ਇਸ ਮੌਕੇ ਲੰਗਰ ਭੰਡਾਰਾ ਵੀ ਲਗਾਇਆ ਗਿਆ।ਇਸ ਮੌਕੇ ਮੰਦਰ ਵਿਚ ਪੰਡਤ ਮਨੋਜ ਕੁਮਾਰ, ਪ੍ਰਧਾਨ ਨਰਿੰਦਰ ਕੁਮਾਰ, ਚੇਅਰਮੈਨ ਕੁਲਦੀਪ ਕੁਮਾਰ, ਕੈਸ਼ੀਅਰ ਰਾਜਕਰਨ ਰਾਜੂ, ਐਨ.ਕੇ ਬੱਬਰ, ਡਾ. ਬਲਰਾਮ ਸ਼ਰਮਾ, ਰਵਿੰਦਰ ਕਪਾਹੀ, ਮਿੰਕੂ ਨਈਅਰ, ਅਸ਼ਵਨੀ ਕੁਮਾਰ ਨੀਟਾ, ਇੰਦਰਜੀਤ ਸ਼ਰਮਾ,ਜੁਗਲ ਕਿਸ਼ੋਰ, ਰਾਜੀਵ ਵਰਮਾ, ਬਿਕਰਮ ਸ਼ਰਮਾ, ਸਾਬ ਸਿੰਘ, ਰਾਜਨ ਸ਼ਰਮਾ, ਅਮਨ ਬਬੂਟਾ, ਪ੍ਰਦੀਪ ਕੁਮਾਰ, ਵਿਕਰਮ ਸਿੰਘ, ਅਰਜਨ ਸਿੰਘ, ਜਸ਼ਨ ਸਿੰਘ, ਰਮਨ ਆਦਿ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਬੁੱਢੀ ਘੋੜੀ ਲਾਲ ਲਗਾਮ

ਮੱਧ ਪ੍ਰਦੇਸ਼ ਦੇ ਦੇਸ਼ ਦੇ ਸਵੱਛਤਮ ਸ਼ਹਿਰ ਇੰਦੌਰ ਵਿੱਚ ਦੂਸ਼ਿਤ ਪਾਣੀ ਨਾਲ ਦੋ ਦਰਜਨ ਤੋਂ ਵੱਧ ਲੋਕਾਂ ਦੀ ਮੌਤ ਦਾ ਮਾਮਲਾ ਅਜੇ ਠੰਢਾ ਨਹੀਂ ਪਿਆ ਕਿ ਸ਼ਹਿਰ ਦੇ ਮਹੂ ਖੇਤਰ ਵਿੱਚ ਦੂਸ਼ਿਤ ਪਾਣੀ ਨਾਲ ਕਰੀਬ ਦੋ ਦਰਜਨ ਲੋਕਾਂ ਦੇ ਬਿਮਾਰ ਪੈਣ ਦੀ ਖ਼ਬਰ ਆ ਗਈ ਹੈ। ਪਿਛਲੇ ਮਹੀਨੇ ਭਾਗੀਰਥ ਪੁਰਾ ਇਲਾਕੇ ਵਿੱਚ ਟਿਊਬਵੈੱਲਾਂ ਤੇ ਪਾਈਪ ਲਾਈਨ ਵਿੱਚ ਸੀਵਰ ਦਾ ਪਾਣੀ ਮਿਲ ਜਾਣ ਕਾਰਨ ਮੌਤਾਂ ਹੋਈਆਂ ਸਨ। ਸਰਕਾਰੀ ਰਿਪੋਰਟ ਮੁਤਾਬਕ 51 ਟਿਊਬਵੈੱਲ ਦੂਸ਼ਿਤ ਪਾਏ ਗਏ ਸਨ। ਮਾਮਲਾ ਹਾਈ ਕੋਰਟ ਤੱਕ ਪੁੱਜਾ ਤੇ ਸਰਕਾਰ ਨੇ ਕੁਝ ਅਫਸਰ ਬਦਲ ਕੇ ਜਾਂਚ ਲਈ ਉੱਚ ਪੱਧਰੀ ਕਮੇਟੀ ਦਾ ਗਠਨ ਕਰ ਦਿੱਤਾ। ਪਰ ਮਹੂ ਵਿੱਚ ਵੀ ਦੂਸ਼ਿਤ ਪਾਣੀ ਨਾਲ ਲੋਕਾਂ ਦੇ ਬਿਮਾਰ ਹੋਣ ਨੇ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਸਿਰਫ ਭਾਗੀਰਥ ਹੀ ਨਹੀਂ, ਬਾਕੀ ਸ਼ਹਿਰ ਦੇ ਹਾਲਾਤ ਵੀ ਚੰਗੇ ਨਹੀਂ।

ਦੇਸ਼ ਭਰ ਦੇ ਸ਼ਹਿਰਾਂ ਵਿੱਚ ਕੀਤੇ ਜਾਂਦੇ ਸਵੱਛਤਾ ਸਰਵੇਖਣ 'ਚ ਇੰਦੌਰ ਨੂੰ 2017 ਤੋਂ ਲਗਾਤਾਰ ਨੰਬਰ ਇੱਕ ਦਾ ਖਿਤਾਬ ਮਿਲਦਾ ਆ ਰਿਹਾ ਹੈ। ਸਰਵੇਖਣ ਮੁੱਖ ਤੌਰ 'ਤੇ ਸਾਲਿਡ ਵੇਸਟ ਮੈਨੇਜਮੈਂਟ, ਸਟਰੀਟ-ਪਬਲਿਕ ਪਲੇਸ ਦੀ ਸਫਾਈ, ਖੁੱਲ੍ਹੇ ਵਿੱਚ ਸ਼ੌਚ ਤੋਂ ਮੁਕਤੀ, ਟਾਇਲੇਟ ਕਵਰੇਜ, ਪਲਾਸਟਿਕ ਵੇਸਟ ਮੈਨੇਜਮੈਂਟ, ਸਿਟੀਜ਼ਨ ਫੀਡਬੈਕ ਅਤੇ ਨਜ਼ਰ ਆਉਂਦੀ ਸਫਾਈ 'ਤੇ ਫੋਕਸ ਕਰਦਾ ਹੈ। ਇਹ ਡੋਰ-ਟੂ ਡੋਰ ਕਚਰਾ ਕੁਲੈਕਸ਼ਨ, ਸਵੱਛਤਾ ਐਪਸ ਤੇ ਜ਼ਮੀਨੀ ਸਫਾਈ ਨੂੰ ਹਾਈ ਸਕੋਰ ਦਿੰਦਾ ਹੈ। ਪੀਣ ਵਾਲੇ ਪਾਣੀ ਦੀ ਕੁਆਲਿਟੀ ਜਾਂ ਪਾਈਪ ਲਾਈਨ ਢਾਂਚੇ ਦੀ ਜਾਂਚ ਨੂੰ ਬਹੁਤ ਘੱਟ ਵਜ਼ਨ ਦਿੰਦਾ ਹੈ। 'ਕਲੀਨ ਵਾਟਰ ਬਾਡੀਜ਼' ਵਰਗੀ ਕੈਟੇਗਰੀ ਹੁੰਦੀ ਹੈ ਪਰ ਪਾਈਪ ਵਿੱਚ ਲੀਕੇਜ ਜਾਂ ਸੀਵੇਜ ਮਿਕਸਿੰਗ ਦਾ ਪਤਾ ਨਹੀਂ ਲਾਇਆ ਜਾਂਦਾ। ਸਰਵੇਖਣ ਦੇ ਇਨ੍ਹਾਂ ਪੈਮਾਨਿਆਂ ਨਾਲ ਹੀ ਇੰਦੌਰ ਸਵੱਛਤਮ ਬਣਦਾ ਆ ਰਿਹਾ ਹੈ। ਦਸੰਬਰ ਦੇ ਅਖੀਰ ਤੇ ਜਨਵਰੀ ਦੇ ਸ਼ੁਰੂ ਦੌਰਾਨ ਇੱਕ ਪਬਲਿਕ ਟਾਇਲੇਟ ਦਾ ਗੰਦਾ ਪਾਣੀ ਹੇਠੋਂ ਲੰਘਦੀ ਵਾਟਰ ਪਾਈਪ ਲਾਈਨ ਵਿੱਚ ਜਾ ਵੜਨ ਕਾਰਨ ਕਈ ਜਾਨਾਂ ਚਲੇ ਗਈਆਂ। ਲੋਕਾਂ ਨੇ ਗੰਦਾ ਪਾਣੀ ਆਉਣ ਬਾਰੇ ਸ਼ਿਕਾਇਤਾਂ ਵੀ ਕੀਤੀਆਂ ਸਨ, ਪਰ ਕਿਸੇ ਨੇ ਧਿਆਨ ਨਹੀਂ ਦਿੱਤਾ।

ਇਹ ਠੀਕ ਹੈ ਕਿ ਇੰਦੌਰ ਨੇ ਕੂੜੇ ਦੇ ਪ੍ਰਬੰਧਨ ਬਾਰੇ ਅਸਾਧਾਰਨ ਕੰਮ ਕੀਤਾ ਹੈ, ਪਰ ਪਾਣੀ ਦੀ ਸਵੱਛਤਾ ਵਿੱਚ ਲਾਪਰਵਾਹੀ ਕਰਦਾ ਆ ਰਿਹਾ ਹੈ। ਇਹ ਪੂਰੇ ਸਿਸਟਮ ਵਿੱਚ ਗੈਪ ਨੂੰ ਦਿਖਾਉਂਦਾ ਹੈ-ਸਵੱਛਤਾ ਸਿਰਫ ਬਾਹਰ ਦੀ ਨਹੀਂ, ਅੰਦਰੂਨੀ ਵੀ ਹੋਣੀ ਚਾਹੀਦੀ ਹੈ। ਸਵੱਛਤਾ ਦਾ ਮਤਲਬ ਸਿਰਫ ਸੜਕਾਂ ਚਮਕਾਉਣਾ ਨਹੀਂ, ਸਗੋਂ ਜ਼ਿੰਦਗੀ ਬਚਾਉਣ ਵਾਲੇ ਢਾਂਚੇ ਨੂੰ ਦਰੁਸਤ ਕਰਨਾ ਹੋਣਾ ਚਾਹੀਦਾ ਹੈ। ਉਂਜ ਇਸ ਮਾਮਲੇ ਵਿੱਚ ਇੰਦੌਰ ਹੀ ਨਹੀਂ, ਦੇਸ਼-ਭਰ ਦੇ ਸ਼ਹਿਰਾਂ ਤੇ ਕਸਬਿਆਂ ਦੀ ਹਾਲਤ ਇੱਕੋ ਜਿਹੀ ਹੈ। ਪਾਈਪ ਲਾਈਨਾਂ ਤੇ ਸੀਵਰੇਜ ਸਿਸਟਮ ਆਦਮ ਵੇਲੇ ਦੇ ਵਿਛੇ ਹੋਏ ਹਨ। ਲੋੜ ਹੈ ਕਿ ਸਰਕਾਰਾਂ ਵੱਲੋਂ ਸਾਰੇ ਸ਼ਹਿਰਾਂ ਤੇ ਕਸਬਿਆਂ ਵਿੱਚ ਇਨ੍ਹਾਂ ਢਾਂਚਿਆਂ ਦਾ ਵਿਆਪਕ ਸਰਵੇਖਣ ਕਰਵਾਇਆ ਜਾਏ ਤੇ ਨੁਕਸ ਵਾਲੀਆਂ ਪਾਈਪ ਲਾਈਨਾਂ ਤੇ ਸੀਵਰੇਜ ਪਾਈਪ ਲਾਈਨਾਂ ਨੂੰ ਪਹਿਲ ਦੇ ਆਧਾਰ 'ਤੇ ਬਦਲਿਆ ਜਾਵੇ। ਵਰਨਾ, ਧਰਤੀ ਉਤਲੀ ਸਫਾਈ ਉੱਤੇ ਤਾਂ ਬੁੱਢੀ ਘੋੜੀ, ਲਾਲ ਲਗਾਮ ਵਾਲੀ ਕਹਾਵਤ ਹੀ ਢੁਕੇਗੀ।

## ਤਕਦੀਰ ਕੁੜੇ !

ਕੋਈ ਜਾਂਦਾ ਹੈ ਗੁਰੂ ਦੁਆਰੇ, ਕੋਈ ਮਨਾਉਂਦਾ ਪੀਰ ਕੁੜੇ।
ਇੱਕ ਦੂਜੇ ਵਿੱਚ ਘੁਲ ਜਾਂਦੇ ਨੇ, ਜਿਵੇਂ ਖੰਡ ਤੇ ਖੀਰ ਕੁੜੇ।
ਜਦੋਂ ਕਿਸੇ ਦਾ ਰਾਂਝਾ ਰੁੱਸਦਾ, ਰੋਂਦੀ ਫਿਰਦੀ ਹੀਰ ਕੁੜੇ।
ਇੱਕ ਦੇ ਹੱਥ ਤਲਵਾਰ ਹੁੰਦੀ ਹੈ, ਦੂਜੇ ਹੱਥ ਸ਼ਮਸ਼ੀਰ ਕੁੜੇ।
ਖੜਕਾ ਦੜਕਾ ਕਰ ਦਿੰਦੇ ਨੇ, ਸੌਂ ਜਾਏ ਜਦੋਂ ਜ਼ਮੀਰ ਕੁੜੇ।
ਕਤਲ ਹੁੰਦਾ ਹਰ ਪਾਸੇ ਦੇਖੋ, ਅੰਮਾ ਜਾਏ ਵੀਰ ਕੁੜੇ।
ਨਫ਼ਰਤ ਵਾਲਾ ਜੰਮਣ ਲਾ ਕੇ, ਬਣ ਗਏ ਆਪ ਵਜ਼ੀਰ ਕੁੜੇ।
ਕਿੰਨਾ ਸੋਹਣਾ ਧਰਤੀ ਅੰਬਰ, ਕੀ ਸਾਡੀ ਤਕਦੀਰ ਕੁੜੇ।

-ਗੁਲਪੁਰ

# ਪਹਾੜਾਂ ਦੀ ਚੀਰ-ਫਾੜ, ਮੌਤ ਦੇ ਵਰੰਟ ?


ਗੁਰਪ੍ਰੀਤ

ਇਸ ਵੇਲੇ ਅਰਾਵਲੀ ਪਰਬਤ ਲਹੂ-ਲੁਹਾਣ ਹੋ ਰਹੇ ਨੇ । ਕਈ ਪਰਬਤ ਲਹੂ-ਲੁਹਾਣ ਪਹਿਲਾਂ ਹੀ ਕਾਰਪੋਰੇਟ ਘਰਾਣਿਆਂ ਨੇ ਕਰ ਦਿੱਤੇ ਨੇ ਅਤੇ ਕਈਆਂ ਉੱਪਰ ਤਾਂ ਕਬਜ਼ੇ ਕਰਨੇ ਸ਼ੁਰੂ ਕਰ ਦਿੱਤੇ ਹਨ, ਜਦੋਂਕਿ ਕਈ ਪਰਬਤ ਤਾਂ ਨਜਾਇਜ਼ ਮਾਈਨਿੰਗ ਦੀ ਭੇਟ ਵੀ ਚੜ੍ਹ ਚੁੱਕੇ ਹਨ । ਪਹਿਲਾਂ ਯਾਤਰਾਵਾਂ ਦੇ ਨਾਂਅ 'ਤੇ ਸਰਕਾਰਾਂ ਵੱਲੋਂ ਇਹਨਾਂ ਪਹਾੜਾਂ ਨੂੰ ਚੀਰਿਆ ਗਿਆ, ਜਿਸ ਦੇ ਨਾਲ ਪਿਛਲੇ ਕੋਈ ਢਾਈ ਦਹਾਕਿਆਂ ਤੋਂ ਦੇਸ਼ ਭਰ ਦੇ ਅੰਦਰ ਤਬਾਹੀ ਮੱਚੀ ਪਈ ਹੈ। ਦੇਸ਼ ਦੇ ਬਹੁਤ ਸਾਰੇ ਸੂਬਿਆਂ ਦੇ ਅੰਦਰ ਲਗਾਤਾਰ ਹੋ ਰਹੀਆਂ ਲੈਂਡ ਸਲਾਈਡ ਅਤੇ ਹੜ੍ਹਾਂ ਦੇ ਕਾਰਨ ਜਿੱਥੇ ਸਭ ਕੁਝ ਉਲਟ-ਪੁਲਟ ਹੋਇਆ ਪਿਆ ਹੈ, ਉੱਥੇ ਹੀ ਵੱਡੇ ਪੱਧਰ 'ਤੇ ਨੁਕਸਾਨ ਦੇਸ਼ ਦੀ ਅਵਾਮ ਦਾ ਹੋ ਰਿਹਾ ਹੈ। ਦੇਸ਼ ਦੀਆਂ ਸਰਕਾਰਾਂ ਨੂੰ ਇਸ ਦੀ ਬਿਲਕੁਲ ਫ਼ਿਕਰ ਨਹੀਂ ਹੈ, ਜਿਹੜਾ ਵਾਤਾਵਰਨ ਪ੍ਰੇਮੀ ਇਹਨਾਂ ਪਹਾੜਾਂ ਨੂੰ, ਵਾਤਾਵਰਨ, ਹਵਾ, ਪਾਣੀ ਅਤੇ ਧਰਤੀ ਨੂੰ ਬਚਾਉਣ ਦੀ ਗੱਲ ਕਰਦਾ ਹੈ, ਉਸ ਨੂੰ ਇਹਨਾਂ ਹਕੂਮਤਾਂ ਵੱਲੋਂ ਜੇਲ੍ਹਾਂ ਦੇ ਅੰਦਰ ਸੁੱਟਿਆ ਜਾ ਰਿਹਾ ਹੈ। ਅਰਾਵਲੀ ਪਰਬਤ ਦਾ ਵਿਵਾਦ ਇਸ ਕਰਕੇ ਅਹਿਮ ਹੋ ਜਾਂਦਾ ਹੈ, ਕਿਉਂਕਿ ਇਸ ਦੀ ਹੱਦ ਕੋਈ 700 ਕਿਲੋਮੀਟਰ ਤੋਂ ਜ਼ਿਆਦਾ ਹੈ। ਕਈ ਸੂਬਿਆਂ ਨੂੰ ਇਹ ਅਰਾਵਲੀ ਪਰਬਤ ਬਚਾ ਰਹੇ ਨੇ ਗਰਮ ਹਵਾਵਾਂ ਤੋਂ ਅਤੇ ਪ੍ਰਦੂਸ਼ਣ ਤੋਂ, ਪਰ ਜਦੋਂ ਇਹਨਾਂ ਅਰਾਵਲੀ ਪਰਬਤਾਂ ਨੂੰ ਨਸ਼ਟ ਕਰਨ ਵਾਸਤੇ ਸਰਕਾਰਾਂ ਵੱਲੋਂ ਕਾਨੂੰਨ ਪਾਸ ਕਰ ਦਿੱਤੇ ਜਾਣ ਤਾਂ ਉਸ ਵੇਲੇ ਇਹ ਸਾਨੂੰ ਲੱਗ ਜਾਣਾ ਚਾਹੀਦਾ ਹੈ ਕਿ ਆਗਾਮੀ ਸਮਾਂ ਬਹੁਤ ਭਿਆਨਕ ਹੋਣ ਵਾਲਾ ਹੈ।

ਵੈਸੇ, ਅਰਾਵਲੀ ਪਰਬਤ ਮਸਲਾ ਕੋਈ ਅੱਜ ਦਾ ਨਹੀਂ, ਬਲਕਿ ਇਹ ਪਿਛਲੇ ਲੰਬੇ ਸਮੇਂ ਤੋਂ ਚਲਦਾ ਆ ਰਿਹਾ ਹੈ, ਜਦੋਂ ਵੀ ਕੋਈ ਵਿਕਾਸ ਦੀ ਗੱਲ ਕਰਦਾ ਹੈ ਤਾਂ ਸਮਝਦਾਰ ਅਤੇ ਸਿਆਣੇ ਲੋਕਾਂ ਦੀ ਜ਼ੁਬਾਨ 'ਤੇ ਇੱਕੋ ਸ਼ਬਦ ਆਉਂਦਾ ਹੈ ਕਿ ਹੁਣ ਵਿਕਾਸ ਨਹੀਂ ਵਿਨਾਸ਼ ਹੋਣ ਜਾ ਰਿਹਾ। ਪਹਿਲਾਂ ਚੌੜੀਆਂ ਸੜਕਾਂ ਅਤੇ ਹੋਰ ਵਿਕਾਸ ਦੇ ਕੰਮਾਂ ਲਈ ਦਰੱਖਤਾਂ ਨੂੰ ਕੱਟਿਆ ਗਿਆ, ਕਈ ਜੰਗਲਾਂ ਨੂੰ ਉਜਾੜ ਕੇ ਮਹਿਲ, ਮਾੜੀਆਂ, ਕੋਠੀਆਂ, ਕਾਲੋਨੀਆਂ ਅਤੇ ਹੋਰ ਕਾਰਖ਼ਾਨੇ ਬਣਾਏ ਗਏ। ਇਹ ਕੋਈ ਇਕੱਲਾ ਮਸਲਾ ਨਹੀਂ ਜੰਗਲਾਂ ਦਾ, ਪਾਣੀ ਨੂੰ ਵੀ ਇਸੇ ਤਰ੍ਹਾਂ ਤਬਾਹ ਕੀਤਾ ਜਾ ਰਿਹਾ। ਸਮੇਂ-ਸਮੇਂ 'ਤੇ ਸਰਕਾਰਾਂ ਵੱਲੋਂ ਕਾਨੂੰਨ ਤਾਂ ਬਣਾਏ ਜਾਂਦੇ ਨੇ, ਪਰ ਉਹ ਕਾਨੂੰਨ ਕਿਤਾਬਾਂ ਦੇ ਵਿੱਚ ਹੀ ਸਿਮਟ ਕੇ ਰਹਿ ਜਾਂਦੇ ਨੇ।

ਅਰਾਵਲੀ ਪਰਬਤ ਜਿਨ੍ਹਾਂ ਨੂੰ ਅਸੀਂ ਪਹਿਲਾਂ ਸਵਰਗ ਦੇ ਨਾਂਅ ਤੋਂ ਜਾਣਦੇ ਹੁੰਦੇ ਸਾਂ, ਅੱਜਕੱਲ੍ਹ ਉਹ ਆਪਣੀ ਮੌਤ ਦੇ ਕੰਢੇ 'ਤੇ ਆਣ ਖੜ੍ਹੇ ਨੇ, ਭਾਵੇਂ ਕਿ ਸੱਤਾ ਧਿਰ ਇਹ ਕਹਿ ਰਹੀ ਹੈ ਕਿ ਅਰਾਵਲੀ ਪਰਬਤਾਂ ਨੂੰ ਕੁਝ ਨਹੀਂ ਹੋਣਾ, ਪਰ ਅਸਲੀਅਤ ਇਹ ਹੈ ਕਿ ਜਦੋਂ ਸਰਕਾਰੇ ਦਰਬਾਰੇ ਹੁਕਮ ਕੋਈ ਨਿਕਲ ਆਉਂਦਾ ਹੈ ਤਾਂ ਇੱਕ ਨਾ ਇੱਕ ਦਿਨ ਤਬਾਹੀ ਤਾਂ ਮਚਦੀ ਹੀ ਹੈ। ਅਰਾਵਲੀ ਦੀ ਤਬਾਹੀ ਦਾ ਮਤਲਬ ਸਿੱਧਾ-ਸਿੱਧਾ ਜੇਕਰ ਸਮਝੀਏ ਤਾਂ ਉਹ ਸਾਡਾ ਡੈੱਥ ਵਾਰੰਟ ਹੈ। ਜਿੱਥੋਂ ਸਾਨੂੰ ਸਾਫ਼ ਹਵਾ ਪਾਣੀ ਮਿਲਦਾ ਹੈ, ਉਸ ਨੂੰ ਹੀ ਜੇਕਰ ਤਬਾਹ ਕਰ ਦੇਵਾਂਗੇ ਤਾਂ ਸਾਡੀ ਮੌਤ ਦੇ ਦਿਨ ਨੇੜੇ ਆ ਜਾਣਗੇ।

ਅਰਾਵਲੀ ਦੀ ਨਵੀਂ ਪਰਿਭਾਸ਼ਾ ਨਾ ਸਿਰਫ਼ ਅਰਾਵਲੀ ਨੂੰ, ਸਗੋਂ ਪੂਰੇ ਦੇਸ਼ ਨੂੰ ਭਾਰੀ ਨੁਕਸਾਨ ਪਹੁੰਚਾਏਗੀ। ਵਿਵਾਦ ਇਹ ਹੈ ਕਿ ਉਹ ਪਹਾੜੀਆਂ, ਜਿਨ੍ਹਾਂ ਦੀ ਉਚਾਈ 100 ਮੀਟਰ ਜਾਂ ਇਸ ਤੋਂ ਵੱਧ ਹੈ, ਸਥਾਨਕ ਭਿੰਨਤਾ ਦੀ ਪਰਵਾਹ ਕੀਤੇ ਬਿਨਾਂ, 'ਅਰਾਵਲੀ ਪਹਾੜੀਆਂ' ਮੰਨੀਆਂ ਜਾਣਗੀਆਂ। ਇਸ ਪਰਿਭਾਸ਼ਾ ਦੇ ਅਨੁਸਾਰ ਰਾਸ਼ਟਰੀ ਰਾਜਧਾਨੀ ਦਿੱਲੀ ਤੋਂ ਸ਼ੁਰੂ ਹੋ ਕੇ ਹਰਿਆਣਾ, ਰਾਜਸਥਾਨ ਅਤੇ ਗੁਜਰਾਤ ਤੱਕ ਫੈਲੀ 692 ਕਿਲੋਮੀਟਰ ਲੰਮੀ ਪਹਾੜੀ ਲੜੀ ਵਿੱਚ 100 ਮੀਟਰ ਤੋਂ ਘੱਟ ਛੋਟੀਆਂ ਪਹਾੜੀਆਂ ਅਤੇ ਢਲਾਣਾਂ ਨੂੰ ਹੁਣ 'ਅਰਾਵਲੀ' ਨਹੀਂ ਮੰਨਿਆ ਜਾਵੇਗਾ ? ਮਾਹਰਾਂ ਦੇ ਅਨੁਸਾਰ ਇਹ ਨਵੀਂ ਉਚਾਈ-ਆਧਾਰਤ ਪਰਿਭਾਸ਼ਾ ਅਰਾਵਲੀ ਖੇਤਰ ਦੇ ਲਗਭਗ 90 ਪ੍ਰਤੀਸ਼ਤ ਨੂੰ 'ਅਰਾਵਲੀ' ਦੇ ਦਾਇਰੇ ਤੋਂ ਬਾਹਰ ਕਰ ਸਕਦੀ ਹੈ।

ਜੇਕਰ ਦੂਜੇ ਸ਼ਬਦਾਂ ਵਿੱਚ ਸਮਝੀਏ ਤਾਂ ਇਸ ਦਾ ਮਤਲਬ ਹੈ ਕਿ ਪਿਛਲੇ ਤਿੰਨ ਦਹਾਕਿਆਂ ਤੋਂ ਅਰਾਵਲੀ ਖੇਤਰ ਨੂੰ ਮਿਲੀ ਕਾਨੂੰਨੀ ਸੁਰੱਖਿਆ ਹੁਣ ਹਟਾ ਦਿੱਤੀ ਗਈ ਹੈ। ਕੀ ਅਰਾਵਲੀ ਦੇ ਬਹੁਤ ਸਾਰੇ



ਖੇਤਰ ਨੂੰ ਮਾਇਨਿੰਗ ਕੰਪਨੀਆਂ ਲਈ ਖ਼ੋਲ੍ਹ ਦਿੱਤਾ ਜਾਵੇਗਾ ? ਇਸ ਦਾ ਮਤਲਬ ਹੈ ਕਿ ਜੇਕਰ ਸਰਕਾਰ ਚਾਹੇ ਤਾਂ ਇਸ 100 ਮੀਟਰ ਤੋਂ ਹੇਠਾਂ ਦੇ ਖੇਤਰਾਂ ਨੂੰ ਠੇਕੇਦਾਰਾਂ ਨੂੰ ਸੌਂਪ ਸਕਦੀ ਹੈ ਅਤੇ ਢਾਹੁਣ ਦੀ ਆਗਿਆ ਦੇ ਸਕਦੀ ਹੈ। ਇਹ ਪਰਿਭਾਸ਼ਾ ਇਹਨਾਂ ਖੇਤਰਾਂ ਨੂੰ ਪੁਰਾਣੇ ਸੁਰੱਖਿਆ ਨਿਯਮਾਂ ਤੋਂ ਮੁਕਤ ਕਰੇਗਾ ਅਤੇ ਮਾਈਨਿੰਗ, ਨਿਰਮਾਣ ਅਤੇ ਹੋਰ ਵਿਕਾਸ ਗਤੀਵਿਧੀਆਂ ਦਾ ਦਬਾਅ ਵਧਾਏਗਾ।

ਅਰਾਵਲੀ ਪਹਾੜੀ ਸ਼੍ਰੇਣੀ ਥਾਰ ਮਾਰੂਥਲ ਅਤੇ ਪੂਰਬੀ ਮੈਦਾਨੀ ਇਲਾਕਿਆਂ ਵਿਚਕਾਰ ਇੱਕ 'ਸੁਰੱਖਿਆ ਢਾਲ' ਵਜੋਂ ਕੰਮ ਕਰਦੀ ਹੈ, ਪੱਛਮ ਤੋਂ ਆਉਣ ਵਾਲੀਆਂ ਗਰਮ ਹਵਾਵਾਂ ਅਤੇ ਧੂੜ ਦੇ ਤੂਫਾਨਾਂ ਨੂੰ ਕਾਫ਼ੀ ਹੱਦ ਤੱਕ ਰੋਕਦੀ ਹੈ ਜਾਂ ਹੌਲੀ ਕਰਦੀ ਹੈ। ਪੂਰਬੀ ਰਾਜਸਥਾਨ, ਹਰਿਆਣਾ ਅਤੇ ਦਿੱਲੀ 'ਤੇ ਇਹਨਾਂ ਹਵਾਵਾਂ ਦੇ ਪ੍ਰਭਾਵ ਨੂੰ ਘਟਾਉਂਦੀ ਹੈ।ਇਹ ਦੇਸ਼ ਦੇ ਉੱਤਰ-ਪੱਛਮ ਵਿੱਚ ਮਾਰੂਥਲੀਕਰਨ ਦੇ ਫੈਲਾਅ ਨੂੰ ਰੋਕਣ ਵਿੱਚ ਮਦਦ ਕਰਦੀ ਹੈ, ਭੂਮੀਗਤ ਪਾਣੀ ਨੂੰ ਰੀਚਾਰਜ ਕਰਦੀ ਹੈ ਅਤੇ ਹਵਾ ਨੂੰ ਸਾਫ਼ ਰੱਖਦੀ ਹੈ। ਅਰਾਵਲੀ ਰੇਂਜ ਇਸ ਵਿਸ਼ਾਲ ਖੇਤਰ ਵਿੱਚ ਸੰਤੁਲਿਤ ਜਲਵਾਯੂ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਇਹ ਦਿੱਲੀ-ਐੱਨ ਸੀ ਆਰ, ਹਰਿਆਣਾ ਅਤੇ ਪੂਰਬੀ ਰਾਜਸਥਾਨ ਵਿੱਚ ਧੂੜ ਭਰੇ ਤੂਫਾਨਾਂ ਨੂੰ ਘਟਾਉਂਦੀ ਹੈ ਅਤੇ ਤਾਪਮਾਨ ਨੂੰ ਕੁਝ ਹੱਦ ਤੱਕ ਮੱਧਮ ਕਰਦੀ ਹੈ।

ਵਾਤਾਵਰਨ ਵਿਗਿਆਨੀਆਂ ਦੇ ਅਨੁਸਾਰ ਅਰਾਵਲੀ ਰੇਂਜ ਤੋਂ ਬਿਨਾਂ ਦਿੱਲੀ ਦੀ ਹਵਾ ਦੀ ਗੁਣਵੱਤਾ ਹੋਰ ਵਿਗੜ ਸਕਦੀ ਹੈ, ਕਿਉਂਕਿ ਇਹ ਉੱਤਰੀ ਭਾਰਤ ਲਈ ਇੱਕੋ-ਇੱਕ ਵੱਡਾ ਕਾਰਬਨ ਸਿੰਕ ਹੈ। ਜੇਕਰ ਅਸੀਂ ਹੋਰ ਵਿਸਥਾਰ ਵਿੱਚ ਜਾਂਦੇ ਹਾਂ, ਤਾਂ ਅਰਾਵਲੀ ਰੇਂਜ ਦਿੱਲੀ ਅਤੇ ਐੱਨ ਸੀ ਆਰ (ਰਾਸ਼ਟਰੀ ਰਾਜਧਾਨੀ ਖੇਤਰ) ਲਈ ਇੱਕ ਕੁਦਰਤੀ 'ਸੁਰੱਖਿਆ ਢਾਲ' ਵਜੋਂ ਕੰਮ ਕਰਦੀ ਹੈ। ਅਰਾਵਲੀ ਰੇਂਜ ਤੋਂ ਬਿਨਾਂ ਦਿੱਲੀ ਦੀਆਂ ਹਵਾ ਪ੍ਰਦੂਸ਼ਣ ਸਮੱਸਿਆਵਾਂ ਵਿਗੜ ਸਕਦੀਆਂ ਹਨ, ਜਿਸ ਨਾਲ ਸਾਹ ਸੰਬੰਧੀ ਸਮੱਸਿਆਵਾਂ ਵਧ ਸਕਦੀਆਂ ਹਨ।

ਵਾਤਾਵਰਨ ਵਿਗਿਆਨੀਆਂ ਦੇ ਅਨੁਸਾਰ ਅਰਾਵਲੀ ਰੇਂਜ ਦੀ ਪਥਰੀਲੀ ਬਣਤਰ ਮੀਂਹ ਦੇ ਪਾਣੀ ਨੂੰ ਸਟੋਰ ਕਰਦੀ ਹੈ ਅਤੇ ਭੂਮੀਗਤ ਪਾਣੀ ਨੂੰ ਰੀਚਾਰਜ ਕਰਦੀ ਹੈ। ਮਾਹਰਾਂ ਦਾ ਕਹਿਣਾ ਹੈ ਕਿ 10-30 ਮੀਟਰ ਉੱਚੀਆਂ ਛੋਟੀਆਂ ਪਹਾੜੀਆਂ ਧੂੜ ਨੂੰ ਫਸਾਉਣ ਵਿੱਚ ਬਰਾਬਰ ਪ੍ਰਭਾਵਸ਼ਾਲੀ ਹਨ ।

ਮੌਜੂਦਾ ਅਰਾਵਲੀ ਵਿਵਾਦ ਕੀ ਹੈ ਅਤੇ ਕਿਉਂ ਸਰਕਾਰ ਨੂੰ ਕਟਹਿਰੇ ਵਿੱਚ ਵਾਤਾਵਰਨ ਪ੍ਰੇਮੀ ਅਤੇ ਵਿਰੋਧੀ ਧਿਰਾਂ ਰੱਖ ਰਹੀਆਂ ਹਨ । ਇਸ ਦੇ ਪਿੱਛੇ ਵਾਤਾਵਰਨ ਪ੍ਰੇਮੀਆਂ ਅਤੇ ਵਿਰੋਧੀ ਧਿਰਾਂ ਨੇ ਦਲੀਲ ਦਿੱਤੀ ਹੈ ਕਿ ਨਵੀਂ ਪਰਿਭਾਸ਼ਾ 90 ਫੀਸਦੀ ਖੇਤਰ (ਨੀਵੀਆਂ ਉਚਾਈਆਂ) ਨੂੰ ਕਮਜ਼ੋਰ ਛੱਡ ਦੇਵੇਗੀ, ਇਸ ਨੂੰ ਮਾਈਨਿੰਗ ਅਤੇ ਉਸਾਰੀ ਲਈ ਖ਼ੋਲ੍ਹ ਦੇਵੇਗੀ, ਜਿਸ ਨਾਲ ਮਾਈਨਿੰਗ, ਉਸਾਰੀ ਅਤੇ ਵਪਾਰਕ ਗਤੀਵਿਧੀਆਂ ਵਿੱਚ ਵਾਧਾ ਹੋਵੇਗਾ। ਵਾਤਾਵਰਨ ਪ੍ਰੇਮੀ ਇਸ ਨੂੰ 'ਮੌਤ ਦਾ ਵਾਰੰਟ' ਕਹਿੰਦੇ ਹਨ, ਕਿਉਂਕਿ ਇਹ ਜੈਵ ਵਿਭਿੰਨਤਾ, ਪਾਣੀ ਅਤੇ ਹਵਾ ਨੂੰ ਪ੍ਰਭਾਵਤ ਕਰੇਗਾ ।

ਇਸ ਵਿਵਾਦ ਦੀਆਂ ਜੜ੍ਹਾਂ 1985 ਤੋਂ ਸ਼ੁਰੂ ਹੋਈਆਂ ਹਨ, ਜਦੋਂ ਅਰਾਵਲੀ ਵਿੱਚ ਮਾਈਨਿੰਗ ਸਬੰਧੀ ਇੱਕ ਪਟੀਸ਼ਨ ਦਾਇਰ ਕੀਤੀ ਗਈ ਸੀ, ਪਰ ਤਾਜ਼ਾ ਵਿਵਾਦ ਨਵੰਬਰ 2025 ਵਿੱਚ ਸ਼ੁਰੂ ਹੋਇਆ ਸੀ, ਜਿਸ ਨੇ ਮਾਹਰ ਕਮੇਟੀ ਦੀ 100 ਮੀਟਰ ਪਰਿਭਾਸ਼ਾ ਨੂੰ ਸਵੀਕਾਰ ਕਰ ਲਿਆ ਸੀ। 2010 ਵਿੱਚ ਭਾਰਤ ਦੇ ਜੰਗਲਾਤ ਸਰਵੇਖਣ ਨੇ ਇੱਕ ਪਰਿਭਾਸ਼ਾ ਪ੍ਰਦਾਨ ਕੀਤੀ ਸੀ, ਜਿਸ ਵਿੱਚ ਢਲਾਣਾਂ, ਬਫਰਾਂ ਅਤੇ ਹੋਰ ਵਿਸ਼ੇਸ਼ਤਾਵਾਂ ਸ਼ਾਮਲ ਸਨ, ਜੋ ਰਾਜਸਥਾਨ ਸਰਕਾਰ (ਉਸ ਸਮੇਂ ਕਾਂਗਰਸ ਦੇ ਮੁੱਖ ਮੰਤਰੀ ਅਸ਼ੋਕ ਗਹਿਲੋਤ ਦੇ ਅਧੀਨ) ਨਾਲ ਸੰਬੰਧਤ ਸਨ। ਹੁਣ ਗਹਿਲੋਤ ਵਿਰੋਧ ਕਰ ਰਹੇ ਹਨ, ਇਹ ਕਹਿ ਰਹੇ ਹਨ ਕਿ ਭਾਜਪਾ ਇਸ ਨੂੰ ਲਾਗੂ ਕਰਕੇ ਵਾਤਾਵਰਨ ਨੂੰ ਤਬਾਹ ਕਰ ਰਹੀ ਹੈ ਅਤੇ ਭਾਜਪਾ ਸਰਕਾਰ ਅਰਾਵਲੀਆਂ ਨੂੰ ਨੁਕਸਾਨ ਪਹੁੰਚਾਉਣ ਲਈ ਮਾਈਨਿੰਗ ਮਾਫ਼ੀਆ ਨਾਲ ਮਿਲੀਭੁਗਤ ਕਰ ਰਹੀ ਹੈ। ਹਾਲਾਂਕਿ, ਭਾਜਪਾ ਕਹਿੰਦੀ ਹੈ ਕਿ ਗਹਿਲੋਤ ਦੀ ਮੁਹਿੰਮ ਰਾਜਨੀਤਕ ਹੈ।

ਹਾਲਾਂਕਿ ਵਾਤਾਵਰਨ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਹੈ ਕਿ ਇਹ ਪਰਿਭਾਸ਼ਾ ਸੰਭਾਲ ਨੂੰ ਮਜ਼ਬੂਤ ਕਰਦੀ ਹੈ। ਕੁੱਲ 1.44 ਲੱਖ ਵਰਗ ਕਿਲੋਮੀਟਰ ਵਿੱਚੋਂ ਸਿਰਫ਼ 0.19 ਫੀਸਦੀ ਮਾਈਨਿੰਗ ਲਈ ਯੋਗ ਹੈ, ਬਾਕੀ 90 ਫੀਸਦੀ ਸੁਰੱਖਿਅਤ ਰਹੇਗਾ। ਇੱਕ ਟਿਕਾਊ ਮਾਈਨਿੰਗ ਯੋਜਨਾ ਵਿਕਸਤ ਹੋਣ ਤੱਕ ਨਵੇਂ ਮਾਈਨਿੰਗ ਲੀਜ਼ਾਂ ਨੂੰ ਫ੍ਰੀਜ਼ ਕਰ ਦਿੱਤਾ ਗਿਆ ਹੈ। ਕੋਈ ਛੋਟ ਨਹੀਂ ਦਿੱਤੀ ਗਈ ਹੈ, ਇਸ ਦੀ ਬਜਾਏ, ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਿਆ ਗਿਆ ਹੈ।

ਔਸਤ ਸਮੁੰਦਰ ਤਲ ਦੁਨੀਆ ਭਰ ਵਿੱਚ ਇੱਕ ਆਮ ਸੰਦਰਭ ਬਿੰਦੂ ਹੈ, ਜੋ ਔਸਤ ਸਮੁੰਦਰ ਤਲ 'ਤੇ ਆਧਾਰਤ ਹੈ, ਪਰ ਅਰਾਵਲੀ ਪਰਿਭਾਸ਼ਾ ਵਿੱਚ '100 ਮੀਟਰ' ਸਮੁੰਦਰ ਤਲ ਨੂੰ ਨਹੀਂ, ਸਗੋਂ ਸਥਾਨਕ ਰਾਹਤ (ਆਸ-ਪਾਸ ਦੀ ਜ਼ਮੀਨ ਤੋਂ ਉਚਾਈ ਵਿੱਚ ਅੰਤਰ) ਨੂੰ ਦਰਸਾਉਂਦਾ ਹੈ, ਭਾਵ ਜੇਕਰ ਕੋਈ ਪਹਾੜੀ ਆਲੇ-ਦੁਆਲੇ ਦੀ ਘਾਟੀ ਤੋਂ 100 ਮੀਟਰ ਉੱਚੀ ਹੈ, ਤਾਂ ਇਹ ਇੱਕ ਅਰਾਵਲੀ ਪਹਾੜੀ ਹੈ, ਭਾਵੇਂ ਇਸ ਦੀ ਕੁੱਲ ਉਚਾਈ ਸਮੁੰਦਰ ਤਲ ਤੋਂ ਕੁਝ ਵੀ ਹੋਵੇ। ਉਲਝਣ ਇਹ ਹੈ ਕਿ ਕੁੱਝ ਲੋਕ ਇਸ ਨੂੰ ਸਮੁੰਦਰ ਦੇ ਪੱਧਰ ਨਾਲ ਜੋੜ ਰਹੇ ਹਨ, ਪਰ ਮੰਤਰੀ ਯਾਦਵ ਨੇ ਸਪੱਸ਼ਟ ਕੀਤਾ: ਇਹ ਉੱਪਰ ਤੋਂ ਹੇਠਾਂ 100 ਮੀਟਰ ਫੈਲਾਅ ਹੈ, ਨਾ ਕਿ ਉਪਰਲੇ 100 ਮੀਟਰ।ਇਹ ਅਰਾਵਲੀ ਖੇਤਰ ਦੀਆਂ ਜ਼ਿਆਦਾਤਰ ਨੀਵੀਂਆਂ ਪਹਾੜੀਆਂ (ਜੋ ਸਮੁੰਦਰ ਦੇ ਪੱਧਰ ਤੋਂ ਉੱਚੀਆਂ ਹਨ, ਪਰ ਸਥਾਨਕ ਤੌਰ 'ਤੇ ਨੀਵੀਂਆਂ ਹਨ) ਨੂੰ ਪ੍ਰਭਾਵਤ ਕਰ ਸਕਦਾ ਹੈ, ਜੇਕਰ ਉਨ੍ਹਾਂ ਨੂੰ ਪਰਿਭਾਸ਼ਾ ਤੋਂ ਬਾਹਰ ਰੱਖਿਆ ਜਾਂਦਾ ਹੈ।

ਪਿਛਲੇ ਦਹਾਕਿਆਂ ਵਿੱਚ ਬਹੁਤ ਜ਼ਿਆਦਾ ਮਾਈਨਿੰਗ ਨੇ ਹਵਾ ਪ੍ਰਦੂਸ਼ਣ ਵਿੱਚ ਵਾਧਾ ਕੀਤਾ ਹੈ, ਭੂਮੀਗਤ ਪਾਣੀ ਦਾ ਪੱਧਰ ਘਟਿਆ ਹੈ ਅਤੇ ਜੈਵ ਵਿਭਿੰਨਤਾ ਨੂੰ ਤਬਾਹ ਕਰ ਦਿੱਤਾ ਹੈ। ਗੈਰ-ਕਾਨੂੰਨੀ ਮਾਈਨਿੰਗ ਜਾਰੀ ਹੈ, ਜਿਸ ਨਾਲ ਮਾਰੂਥਲੀਕਰਨ ਦਾ ਖ਼ਤਰਾ ਹੈ। ਸੁਪਰੀਮ ਕੋਰਟ ਨੇ ਕਿਹਾ ਕਿ ਪੂਰੀ ਪਾਬੰਦੀ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਵਧਾਏਗੀ, ਇਸ ਲਈ ਇੱਕ ਨਿਯੰਤਰਿਤ ਪਹੁੰਚ ਅਪਣਾਈ ਗਈ ਹੈ । ਹਾਲਾਂਕਿ 2018 ਦੀ ਇੱਕ ਰਿਪੋਰਟ ਦੇ ਅਨੁਸਾਰ ਗੈਰ-ਕਾਨੂੰਨੀ ਮਾਈਨਿੰਗ ਇੱਕ ਸਮੱਸਿਆ ਬਣੀ ਹੋਈ ਹੈ। ਮੌਜੂਦਾ ਜਲਵਾਯੂ ਪਰਿਵਰਤਨ ਨੂੰ ਵੇਖਦੇ ਹੋਏ ਅਤੇ ਲਗਾਤਾਰ ਵਧ ਰਹੇ ਤਾਪਮਾਨ ਕਾਰਨ ਵਧ ਰਹੀਆਂ ਬਿਮਾਰੀਆਂ ਦੇ ਮੱਦੇਨਜ਼ਰ ਹੁਣ ਪਹਾੜਾਂ, ਪੌਦਿਆਂ ਅਤੇ ਪਾਣੀ ਨੂੰ ਨਹੀਂ ਛੇੜਨਾ ਚਾਹੀਦਾ, ਸਗੋਂ ਇਸ ਨੂੰ ਬਚਾਉਣ ਵਾਸਤੇ ਵੱਧ ਤੋਂ ਵੱਧ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਅਗਲੀਆਂ ਜ਼ਿੰਦਗੀਆਂ ਸੌਖੀਆਂ ਹੋ ਸਕਣ।

# ਸੰਪਰਕ : 95698-20314

# ਨੌਜਵਾਨਾਂ ਨੂੰ ਘੁਣ ਵਾਂਗੂੰ ਖਾ ਰਿਹਾ ਸੋਸ਼ਲ ਮੀਡੀਆ


ਮੁਹੰਮਦ ਅੱਬਾਸ ਧਾਲੀਵਾਲ

ਬਿਨਾਂ ਸ਼ੱਕ ਸੋਸ਼ਲ ਮੀਡੀਆ ਨਾਲ ਜੋ ਪ੍ਰਭਾਵ ਸਾਡੀ ਨੌਜਵਾਨ ਪੀੜ੍ਹੀ 'ਤੇ ਪੈ ਰਹੇ ਹਨ, ਉਹ ਬੇਹੱਦ ਚਿੰਤਤ ਕਰਨ ਵਾਲੇ ਹਨ। ਬੱਚੇ ਹੁੰਦੇ ਜਦੋਂ ਅਸੀਂ ਕਿਸੇ ਚੀਜ਼ ਦੇ ਲਾਭ ਅਤੇ ਨੁਕਸਾਨ ਬਾਰੇ ਲੇਖ ਲਿਖਿਆ ਕਰਦੇ ਸਾਂ ਤਾਂ ਅਕਸਰ ਅਸੀਂ ਸ਼ੁਰੂ ਵਿੱਚ ਲਿਖਿਆ ਕਰਦੇ ਸਾਂ ਕਿ ਜਿੱਥੇ ਫੁੱਲ ਹੁੰਦੇ ਹਨ ਤਾਂ ਉੱਥੇ ਕੰਢੇ ਵੀ ਹੋਇਆ ਕਰਦੇ ਹਨ। ਅੱਜ ਅਸੀਂ ਸੋਸ਼ਲ ਮੀਡੀਆ ਦੇ ਜਦੋਂ ਲਾਭ ਤੇ ਹਾਨੀਆਂ ਦੀ ਗੱਲ ਕਰਨ ਲੱਗੇ ਹਾਂ ਤਾਂ ਪਿਛਲੇ ਕੁਝ ਸਾਲਾਂ ਦਾ ਅਨੁਭਵ ਇਹੋ ਦੱਸਦਾ ਹੈ ਕਿ ਜਿੰਨਾ ਸੋਸ਼ਲ ਮੀਡੀਆ ਨੇ ਨੌਜਵਾਨ ਪੀੜ੍ਹੀ ਦਾ ਘਾਣ ਕੀਤਾ ਹੈ, ਓਨਾ ਸ਼ਾਇਦ ਹੀ ਮੌਜੂਦਾ ਸਮੇਂ ਵਿੱਚ ਕਿਸੇ ਹੋਰ ਚੀਜ਼ ਨੇ ਕੀਤਾ ਹੋਵੇ।

ਸ਼ਾਇਦ ਇਸ ਸਭ ਦੇ ਚਲਦਿਆਂ ਹੀ ਪਿਛਲੇ ਦਿਨੀਂ ਆਸਟ੍ਰੇਲੀਆ ਦੀ ਸੰਸਦ ਨੇ 16 ਸਾਲਾਂ ਦੇ ਬੱਚਿਆਂ ਦੇ ਸੋਸ਼ਲ ਮੀਡੀਆ ਐਪਸ ਚਲਾਉਣ 'ਤੇ ਪਾਬੰਦੀ ਲਾਉਣ ਸੰਬੰਧੀ ਇੱਕ ਕਾਨੂੰਨ ਪਾਸ ਕਰ ਆਪਣੇ ਦੇਸ਼ ਦੇ ਭਵਿੱਖ ਨੂੰ ਅੰਧਕਾਰ 'ਚ ਜਾਣ ਤੋਂ ਬਚਾਉਣ ਲਈ ਸਾਰਥਕ ਕਦਮ ਚੁੱਕਿਆ ਜਾਪਦਾ ਹੈ ।ਆਸਟ੍ਰੇਲੀਆ ਦੇ ਇਸ ਕਦਮ ਨੂੰ ਵੇਖਦੇ ਹੋਏ ਯੂਰਪ ਦੇ ਨਾਲ-ਨਾਲ ਦੁਨੀਆ ਦੇ ਹੋਰ ਕਈ ਦੇਸ਼ ਵੀ ਸੋਸ਼ਲ ਮੀਡੀਆ ਨੂੰ ਚਲਾਉਣ ਦੇ ਸੰਦਰਭ ਵਿੱਚ ਅਜਿਹੇ ਹੀ ਸਖ਼ਤ ਕਾਨੂੰਨ ਤੇ ਪਾਲਸੀਆਂ ਬਨਾਉਣਾ ਲੋਚ ਰਹੇ ਹਨ । ਮੈਂ ਸਮਝਦਾ ਹਾਂ ਆਸਟ੍ਰੇਲੀਆ ਦੁਆਰਾ ਚੁੱਕਿਆ ਉਕਤ ਕਦਮ ਜੇਕਰ ਸਿੱਖਿਆ ਲੈਣ ਤਾਂ ਹੋਰਨਾਂ ਸਭਨਾਂ ਦੇਸ਼ਾਂ ਲਈ ਵੀ ਇੱਕ ਚਾਨਣ ਮੁਨਾਰਾ ਹੋ ਸਕਦਾ ਹੈ।

ਇਸ ਤੋਂ ਪਹਿਲਾਂ ਕਿ ਅਸੀਂ ਸੋਸ਼ਲ ਦੇ ਨੌਜਵਾਨ ਪੀੜ੍ਹੀ 'ਤੇ ਪੈ ਰਹੇ ਨੁਕਸਾਨ ਦੇ ਵਿਸ਼ੇ 'ਤੇ ਗੱਲ ਕਰੀਏ, ਆਓ, ਸਭ ਤੋਂ ਪਹਿਲਾਂ ਅਸੀਂ ਸੋਸ਼ਲ ਮੀਡੀਆ ਨੂੰ ਜਾਨਣ ਦੀ ਕੋਸ਼ਿਸ਼ ਕਰਦੇ ਹਾਂ ਕਿ ਸੋਸ਼ਲ ਮੀਡੀਆ ਹੈ ਕੀ ਦਰਅਸਲ ਸੋਸ਼ਲ ਮੀਡੀਆ ਉਹ ਡਿਜ਼ੀਟਲ ਮਾਧਿਅਮ ਹਨ, ਜਿਨ੍ਹਾਂ ਰਾਹੀਂ ਲੋਕ ਇੰਟਰਨੈੱਟ 'ਤੇ ਆਪਸ ਵਿੱਚ ਸੰਪਰਕ ਕਰਦੇ ਨੇ , ਵਿਚਾਰ ਸਾਂਝੇ ਕਰਦੇ ਹਨ , ਤਸਵੀਰਾਂ, ਵੀਡੀਓਜ਼, ਖ਼ਬਰਾਂ ਅਤੇ ਹੋਰ ਜਾਣਕਾਰੀ ਭਰਪੂਰ ਪੋਸਟਾਂ ਦਾ ਅਦਾਨ-ਪ੍ਰਦਾਨ ਕਰਦੇ ਹਨ। ਦਰਅਸਲ ਅੱਜ ਦੇ ਸਮੇਂ ਵਿੱਚ ਇਹ ਮਾਧਿਅਮ ਲੋਕਾਂ ਨੂੰ ਦੁਨੀਆ ਦੇ ਕਿਸੇ ਵੀ ਕੋਨੇ ਨਾਲ ਤੁਰੰਤ ਜੋੜਨ ਦੀ ਸਮਰਥਾ ਰੱਖਦੇ ਹਨ । ਇਸ ਸੰਦਰਭ ਵਿੱਚ ਫੇਸਬੁਕ, ਵਟਸਐਪ, ਇੰਸਟਾਗ੍ਰਾਮ, ਟਵਿੱਟਰ (ਐੱਕਸ), ਯੂਟਿਊਬ ਆਦਿ ਸੋਸ਼ਲ ਮੀਡੀਆ ਦੀਆਂ ਪ੍ਰਸਿੱਧ ਉਦਾਹਰਣਾਂ ਹਨ, ਜਿਨ੍ਹਾਂ ਰਾਹੀਂ ਮਨੁੱਖ ਆਪਣੇ ਵਿਚਾਰ ਪ੍ਰਗਟ ਕਰਦਾ ਹੈ, ਦੋਸਤੀ ਬਣਾਉਂਦਾ ਹੈ, ਸਮੂਹਾਂ ਨਾਲ ਜੁੜਦਾ ਹੈ ਅਤੇ ਸਮਾਜਿਕ, ਸੰਸਕ੍ਰਿਤਿਕ ਤੇ ਸਿੱਖਿਆ ਸੰਬੰਧੀ ਜਾਣਕਾਰੀ ਹਾਸਲ ਕਰਦਾ ਹੈ।

ਹੁਣ ਗੱਲ ਸੋਸ਼ਲ ਮੀਡੀਆ ਦੇ ਨੌਜਵਾਨ ਨਸਲ 'ਤੇ ਪੈ ਰਹੇ ਚੰਗੇ-ਮਾੜੇ ਪ੍ਰਭਾਵਾਂ ਦੀ ਕਰੀਏ ਤਾਂ ਅੱਜ ਦੇ ਇਸ ਡਿਜੀਟਲ ਯੁੱਗ ਵਿੱਚ ਜੇਕਰ ਮੈਂ ਇਹ ਕਹਾਂ ਕਿ ਸੋਸ਼ਲ ਮੀਡੀਆ ਅੱਜ ਨੌਜਵਾਨਾਂ ਦੀ ਜ਼ਿੰਦਗੀ ਦਾ ਅਟੁੱਟ ਹਿੱਸਾ ਬਣ ਚੁੱਕਾ ਹੈ ਤਾਂ ਇਸ 'ਚ ਕੋਈ ਅੱਤਕਥਨੀ ਨਹੀਂ ਹੋਵੇਗੀ ।

ਗੱਲ ਜੇਕਰ ਸੋਸ਼ਲ ਮੀਡੀਆ ਦੀ ਹੋ ਅਤਿ ਵਧੇਰੇ ਵਰਤੋਂ ਦੀ ਕਰੀਏ ਤਾਂ ਇਸ ਦੀ ਅਤਿ-ਵਰਤੋਂ ਨੌਜਵਾਨਾਂ ਦੇ ਮਨੋਵਿਗਿਆਨਕ ਸੰਤੁਲਨ ਨੂੰ ਵਿਗਾੜ ਰਹੀ ਹੈ। ਲਾਈਕ, ਸ਼ੇਅਰ ਅਤੇ ਫਾਲੋਅਰਾਂ ਦੀ ਦੌੜ ਨੇ ਉਨ੍ਹਾਂ ਵਿੱਚ ਤੁਲਨਾ, ਈਰਖਾ ਅਤੇ ਘੱਟਤਰੀ ਦੀ ਭਾਵਨਾ ਪੈਦਾ ਕਰ ਦਿੱਤੀ ਹੈ। ਕਈ ਨੌਜਵਾਨ ਆਪਣੇ ਆਪ ਨੂੰ ਦੂਜਿਆਂ ਦੀ ਚਮਕਦਾਰ ਜ਼ਿੰਦਗੀ ਨਾਲ ਤੁਲਨਾ ਕਰਕੇ ਡਿਪ੍ਰੈਸ਼ਨ ਅਤੇ ਤਣਾਅ ਦਾ ਸ਼ਿਕਾਰ ਹੋ ਰਹੇ ਹਨ।

ਇਸ ਦੇ ਨਾਲ ਹੀ ਦੂਜਾ ਵੱਡਾ ਨੁਕਸਾਨ ਸਿੱਖਿਆ 'ਤੇ ਪੈ ਰਹੇ ਪ੍ਰਭਾਵ ਹਨ । ਮੋਬਾਇਲ ਦੀ ਸਕ੍ਰੀਨ 'ਤੇ ਘੰਟਿਆਂਬੱਧੀ ਲੱਗੇ ਰਹਿਣ ਕਾਰਨ ਧਿਆਨ ਭਟਕਦਾ ਹੈ, ਪੜ੍ਹਾਈ ਲਈ ਸਮਾਂ ਘਟਦਾ ਹੈ ਅਤੇ ਯਾਦਾਸ਼ਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ 'ਤੇ ਫੈਲ ਰਹੀ ਅਸ਼ਲੀਲਤਾ, ਹਿੰਸਾ ਅਤੇ ਗ਼ਲਤ ਜਾਣਕਾਰੀ ਨੌਜਵਾਨਾਂ ਦੀ ਸੋਚ ਅਤੇ ਕਿਰਦਾਰ ਨੂੰ ਗ਼ਲਤ ਦਿਸ਼ਾ ਵੱਲ ਮੋੜ ਰਹੀ ਹੈ। ਵਰਚੁਅਲ ਦੋਸਤੀ ਦੇ ਚੱਕਰ ਵਿੱਚ ਅਸਲ ਰਿਸ਼ਤਿਆਂ ਦੀ ਗਰਮਾਹਟ ਤੇ ਸੰਵੇਦਨਸ਼ੀਲਤਾ ਵਿੱਚ ਵੀ ਚੋਖਾ ਘਾਟਾ ਵੇਖਣ ਨੂੰ ਮਿਲ ਰਿਹਾ ਹੈ।

ਇਸ ਤੋਂ ਇਲਾਵਾ ਮੋਬਾਇਲ ਦੀ ਵਰਤੋਂ ਦੇ ਚਲਦਿਆਂ ਪਰਵਾਰਕ ਗੱਲਬਾਤ ਵੀ ਨੌਜਵਾਨ ਨਾਮਾਤਰ ਗੱਲਬਾਤ ਕਰ ਰਹੇ ਹਨ ਅਤੇ ਨਾਲ ਹੀ ਖੇਡਾਂ ਅਤੇ ਸਮਾਜਿਕ ਸਰਗਰਮੀਆਂ ਦੀ ਥਾਂ ਹੁਣ ਸੋਸ਼ਲ ਮੀਡੀਆ ਸਕ੍ਰੀਨ ਨੇ ਲੈ ਲਈ ਹੈ। ਇਹੋ ਵਜਾਹ ਹੈ ਕਿ ਸਿਹਤ ਦੇ ਮਾਮਲੇ 'ਚ ਵੀ ਇਹ ਮਾਧਿਅਮ ਘਾਤਕ ਸਾਬਤ ਹੋ ਰਹੇ ਹਨ । ਲੰਮੇ ਸਮੇਂ ਤੱਕ ਮੋਬਾਇਲ ਜਾਂ ਲੈਪਟਾਪ ਵਰਤਣ ਨਾਲ ਅੱਖਾਂ ਦੀ ਕਮਜ਼ੋਰੀ, ਨੀਂਦ ਦੀ ਕਮੀ ਅਤੇ ਸਰੀਰਕ ਅਕਰਮਕਤਾ ਵਧ ਰਹੀ ਹੈ। ਨੌਜਵਾਨ ਜਿਸਮਾਨੀ ਕਸਰਤ ਤੋਂ ਦੂਰ ਹੋ ਕੇ ਦਿਨ ਬ ਦਿਨ ਆਲਸ ਅਤੇ ਮੋਟਾਪੇ ਦਾ ਸ਼ਿਕਾਰ ਬਣ ਰਹੇ ਹਨ।

# ਸੰਪਰਕ : 9855259650

# ਮੁੱਦਿਆਂ ਤੇ ਵਿਚਾਰਧਾਰਾ ਵਿਹੂਣੀ ਰਾਜਨੀਤੀ


ਆਤਮਾ ਸਿੰਘ ਪਮਾਰ

ਸੰਸਾਰ ਪੱਧਰ 'ਤੇ ਰਾਜ ਪ੍ਰਬੰਧ ਚਲਾਉਣ ਲਈ ਵੱਖ ਵੱਖ ਦੇਸ਼ਾਂ ਦੇ ਲਿਖਤੀ/ਅਲਿਖਤੀ ਸੰਵਿਧਾਨਾਂ ਅਨੁਸਾਰ ਕਿਤੇ ਇੱਕ ਦਲੀ ਅਤੇ ਕਿਧਰੇ ਬਹੁਦਲੀ ਪ੍ਰਣਾਲੀ ਪ੍ਰਚੱਲਤ ਹੈ। ਜੇਕਰ ਭਾਰਤ ਦੀ ਗੱਲ ਕਰੀਏ ਤਾਂ ਇਸ ਸਮੇਂ ਇੱਥੇ ਬਹੁਦਲੀ ਪ੍ਰਣਾਲੀ ਬਾਦਸਤੂਰ ਚੱਲ ਰਹੀ ਹੈ। ਇਸ ਦੇ ਨਾਲ ਹੀ ਭਾਰਤ ਨੂੰ ਸੰਸਾਰ ਦੇ ਸਭ ਤੋਂ ਵੱਡੇ ਲੋਕਤੰਤਰ ਹੋਣ ਦਾ ਮਾਣ ਵੀ ਪ੍ਰਾਪਤ ਹੈ। ਕੇਂਦਰ ਸਰਕਾਰ ਤੋਂ ਇਲਾਵਾ ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਅਲੱਗ-ਅਲੱਗ ਦਲਾਂ ਦੀਆਂ ਸਰਕਾਰਾਂ ਵੀ ਰਾਜ ਭਾਗ ਚਲਾ ਰਹੀਆਂ ਹਨ । ਕੇਂਦਰ ਸਰਕਾਰ ਵੱਲੋਂ ਕੁੱਝ ਕੇਂਦਰੀ ਸ਼ਾਸਤ ਪ੍ਰਦੇਸ਼ ਵੀ ਨਿਰਧਾਰਿਤ ਕੀਤੇ ਗਏ ਹਨ, ਜਿਹੜੇ ਕਿ ਸਿੱਧੇ ਤੌਰ 'ਤੇ ਇਸ ਦੇ ਅਧੀਨ ਹੀ ਹੁੰਦੇ ਹਨ ।

ਸੰਸਾਰ ਦੀ ਸਭ ਤੋਂ ਵੱਧ ਜਨਸੰਖਿਆ ਵਾਲੇ ਅਤੇ ਵੱਡ ਅਕਾਰੀ ਖੇਤਰਫਲ ਵਾਲੇ ਇਸ ਦੇਸ਼ 'ਚ ਬਹੁਤ ਸਾਰੇ ਕੌਮੀ ਅਤੇ ਖੇਤਰੀ ਰਾਜਨੀਤਕ ਦਲ ਕੰਮ ਕਰ ਰਹੇ ਹਨ। ਹੱਥਲੇ ਲੇਖ 'ਚ ਪੰਜਾਬ ਚ ਸਰਗਰਮ ਕੌਮੀ ਅਤੇ ਖੇਤਰੀ ਰਾਜਨੀਤਕ ਦਲਾਂ ਦੇ ਏਜੰਡੇ, ਵਿਚਾਰਧਾਰਾ, ਵਰਕਰਾਂ ਦੀ ਪਾਰਟੀ ਪ੍ਰਤੀ ਸਮਝ ਤੋਂ ਇਲਾਵਾ ਇੱਥੋਂ ਦੇ ਵੋਟਰਾਂ ਦਾ ਰਾਜਨੀਤਕ ਦਲਾਂ ਬਾਰੇ ਨਜ਼ਰੀਆ ਅਤੇ ਵਿਸ਼ੇਸ਼ ਕਰਕੇ ਹਰ ਤਰ੍ਹਾਂ ਦੀਆਂ ਚੋਣਾਂ ਦੌਰਾਨ ਉਨ੍ਹਾਂ ਦੀ ਭੂਮਿਕਾ ਆਦਿ ਬਾਰੇ ਚਰਚਾ ਕਰਨਾ ਹੀ ਹੈ । ਜੇਕਰ ਸੂਬੇ ਦੇ ਰਾਜਸੀ ਦ੍ਰਿਸ਼ 'ਤੇ ਪੰਛੀ ਝਾਤ ਮਾਰੀ ਜਾਵੇ ਤਾਂ ਇੱਕ ਗੱਲ ਸਪੱਸ਼ਟ ਰੂਪ 'ਚ ਉੱਭਰ ਕੇ ਸਾਹਮਣੇ ਆਉਂਦੀ ਹੈ ਕਿ ਸਾਰੀਆਂ ਰਾਜਨੀਤਕ ਪਾਰਟੀਆਂ ਹੀ ਆਪਣੇ ਪਿਛੋਕੜ, ਵਿਚਾਰਧਾਰਾ ਅਤੇ ਹੋਰ ਮਨੁੱਖੀ ਸਰੋਕਾਰਾਂ ਨੂੰ ਇੱਕ ਤਰ੍ਹਾਂ ਨਾਲ ਤਿਲਾਂਜਲੀ ਦੇਣ ਦਾ ਰਸਤਾ ਅਖ਼ਤਿਆਰ ਕਰਦੀਆਂ ਜਾਪਦੀਆਂ ਹਨ। ਸੂਬੇ ਦੇ ਰਾਜਸੀ ਦ੍ਰਿਸ਼ 'ਤੇ ਇੱਕ ਵੀ ਅਜਿਹਾ ਰਾਜਨੀਤਿਕ ਦਲ ਦਿਖਾਈ ਨਹੀਂ ਦੇ ਰਿਹਾ, ਜੋ ਬਾਂਹ ਖੜੀ ਕਰਕੇ ਦਾਅਵਾ ਕਰ ਸਕੇ ਕਿ ਉਹ ਆਪਣੀ ਪਾਰਟੀ ਦੇ ਪ੍ਰੋਗਰਾਮ, ਨੀਤੀਆਂ ਜਾਂ ਸਿਧਾਂਤਾਂ ਦੀ ਕਸਵੱਟੀ ਤੇ ਖਰਾ ਉਤਰ ਰਿਹਾ ਹੈ। ਜਦੋਂ ਕਿ ਆਮ ਲੋਕ ਅਤੇ ਵੋਟਰ ਇਹਨਾਂ ਤੋਂ ਇਹੋ ਤਵੱਕੋ ਰੱਖਦੇ ਹਨ ਕਿ ਸਮੁੱਚੇ ਸਮਾਜਿਕ ਤਾਣੇ-ਬਾਣੇ ਨੂੰ ਇਹ ਹਰ ਪੱਖੋਂ ਸਹੀ-ਸਲਾਮਤ ਚਲਾਉਣ ਵੱਲ ਹੀ ਸੇਧਤ ਹੋਣਗੇ, ਪ੍ਰੰਤੂ ਅਫਸੋਸ ਅਜੋਕੇ ਦੌਰ 'ਚ ਅਜਿਹਾ ਅਮਲੀ ਰੂਪ 'ਚ ਕਿਧਰੇ ਵੀ ਦਿਖਾਈ ਨਹੀਂ ਦੇ ਰਿਹਾ।ਇਹੀ ਕਾਰਨ ਹੈ ਕਿ ਰਾਜਨੀਤਕ ਸੰਵਾਦ ਦੀ ਬਜਾਏ ਨਿੱਜੀ ਚਿੱਕੜ ਉਛਾਲੀ ਭਾਰੂ ਹੁੰਦੀ ਜਾ ਰਹੀ ਹੈ, ਜਿਸ ਕਰਕੇ ਆਪਸੀ ਮੇਲ-ਜੋਲ, ਤਰਕ ਅਤੇ ਪ੍ਰਸੰਗਿਕਤਾ ਤੋਂ ਦੂਰੀ ਕਾਰਨ ਸਮਾਜਿਕ, ਰਾਜਨੀਤਕ ਅਤੇ ਧਾਰਮਿਕ ਖੇਤਰ 'ਚ ਤਣਾਓ ਵਾਲਾ ਮਹੌਲ ਬਣਦਾ ਜਾ ਰਿਹਾ ਹੈ, ਜੋ ਸੂਬੇ ਦੀ ਭਲਾਈ ਲਈ ਕਿਸੇ ਪੱਖੋਂ ਵੀ ਸੁਖਾਵਾਂ ਨਹੀਂ ਮੰਨਿਆ ਜਾ ਸਕਦਾ ।

ਇੱਕ ਸਮਾਂ ਸੀ ਜਦੋਂ ਰਾਜਸੀ ਆਗੂ ਅਤੇ ਵਰਕਰ ਬਤੌਰ ਸੇਵਾਦਾਰ ਅਤੇ ਆਪਣਾ ਨੈਤਿਕ ਫਰਜ਼ ਸਮਝਦਿਆਂ ਵਿਚਾਰਧਾਰਾ ਨੂੰ ਸਮਰਪਤ ਹੁੰਦੇ ਸਨ ।ਉਹ ਭਾਵੇਂ ਸਤਾਧਾਰੀ ਧਿਰ ਦੇ ਹੁੰਦੇ ਜਾਂ ਫਿਰ ਵਿਰੋਧੀ ਪਿੜ 'ਚ ਖੜ੍ਹੇ ਹੁੰਦੇ, ਲੋਕ ਪੱਖੀ ਨੀਤੀਆਂ ਹੀ ਬਣਾਉਂਦੇ ਅਤੇ ਲਾਗੂ ਕਰਦੇ ਸਨ। ਉੱਧਰ ਦੂਜੇ ਪਾਸੇ ਵਿਰੋਧੀ ਧਿਰ ਵਾਲੇ ਵੀ ਜਨਤਕ ਹਿੱਤ ਦੇ ਉਲਟ ਨੀਤੀਆਂ ਦੀ ਡਟਵੀਂ ਖਿਲਾਫਤ ਕਰਨ ਲਈ ਲੋਕ ਲਾਮਬੰਦੀ ਵੀ ਡਟ ਕੇ ਕਰਦੇ ਸਨ। ਅਜੋਕੇ ਦੌਰ 'ਚ ਵਿਚਾਰਧਾਰਾ ਨੂੰ ਕਥਿਤ ਤੌਰ 'ਤੇ ਦਰਕਿਨਾਰ ਕਰਦਿਆਂ ਵਿਕਾਸ ਕਾਰਜਾਂ, ਰੁਜ਼ਗਾਰ, ਲੋਕ ਹਿੱਤੂ ਨੀਤੀਆਂ, ਸਿੱਖਿਆ ਅਤੇ ਸਿਹਤ ਸਹੂਲਤਾਂ ਦੀ ਅਣਦੇਖੀ ਕਰਕੇ ਮੁਫ਼ਤਖੋਰੀ ਦੇ ਲਾਲਚ ਦੇ ਸਬਜ਼ਬਾਗ਼ ਦਿਖਾ ਕੇ ਨਾ ਪੂਰੇ ਹੋਣ ਵਾਲੇ,ਗੈਰਪ੍ਰਸੰਗਿਕ, ਤਰਕ ਵਿਹੂਣੇ ਸਿਰਫ਼ ਵਾਅਦੇ ਹੀ ਨਹੀਂ ਕੀਤੇ ਜਾਂਦੇ, ਸਗੋਂ ਗਰੰਟੀਆਂ, ਵੀ ਇੱਕ-ਦੂਜੇ ਤੋਂ ਵਧ ਕੇ ਕਰ ਰਹੇ ਹਨ । ਪਾਰਟੀਆਂ ਦੀ ਵਿਚਾਰਧਾਰਾ ਨੂੰ ਨਜ਼ਰ ਅੰਦਾਜ਼ ਕਰਕੇ ਚੋਣਾਂ ਮੈਨੇਜ ਕਰਕੇ ਲੜੀਆਂ ਜਾਂਦੀਆਂ ਹਨ। ਇਹੀ ਕਾਰਨ ਹੈ ਕਿ ਵਿਚਾਰਧਾਰਾ ਵਿਹੂਣੇ ਆਗੂ ਅਤੇ ਵਰਕਰ ਰਾਜਨੀਤਕ ਵਿਰੋਧੀਆਂ ਵਜੋਂ ਨਹੀਂ, ਸਗੋਂ ਇੱਕ-ਦੂਜੇ ਨਾਲ ਨਿੱਜੀ ਦੁਸ਼ਮਣ ਵਜੋਂ ਵਿਚਰਦੇ ਦਿਖਾਈ ਦੇ ਰਹੇ ਹਨ । ਅਜਿਹੀ ਸਥਿਤੀ ਚ ਸੁਹਿਰਦ ਲੋਕਾਂ ਵੱਲੋਂ ਸਵਾਲ ਕੀਤੇ ਜਾ ਰਹੇ ਹਨ ਕਿ ਇਹਨਾਂ ਵਾਅਦਿਆਂ, ਗਰੰਟੀਆਂ ਦੀ ਪੂਰਤੀ ਦਾ ਆਰਥਿਕ ਸਰੋਤ ਅਸਲ 'ਚ ਹੈ ਕਿੱਥੇ ਜਾਂ ਫਿਰ ਇਹ ਸਭ ਕੁਝ ਗਰੰਟੀਆਂ ਅਤੇ ਵਾਅਦਾ ਕਰਤਾਵਾਂ ਵੱਲੋਂ ਆਪਣੀਆਂ ਜੇਬਾਂ 'ਚੋਂ ਹੀ ਦਿੱਤਾ ਜਾਵੇਗਾ ? ਨੇਤਾਵਾਂ ਦੀ ਅਜਿਹੀ ਕਾਰਜਸ਼ੈਲੀ ਤੋਂ ਇਹਨਾਂ ਦੇ ਵਰਕਰਾਂ ਤੋਂ ਇਲਾਵਾ ਵੋਟਰ ਵੀ ਭੰਬਲਭੂਸੇ ਵਾਲੀ ਸਥਿਤੀ 'ਚੋਂ ਹੀ ਵਿਚਰ ਰਹੇ ਹਨ । ਕਿਉਂਕਿ ਹੇਠਲੇ ਪੱਧਰ 'ਤੇ ਵੋਟਰਾਂ ਨਾਲ ਸਿੱਧਾ ਵਾਹ-ਵਾਸਤਾ ਵਰਕਰਾਂ ਦਾ ਹੀ ਹੁੰਦਾ ਹੈ ਅਤੇ ਲੋਕ ਉਨ੍ਹਾਂ ਤੋਂ ਹੀ ਆਪਣੇ ਨਿੱਜੀ ਕੰਮਾਂ ਦੀ ਪੂਰਤੀ ਦੀ ਤਵੱਕੋ ਰੱਖਦੇ ਹਨ। ਪੂਰਤੀ ਨਾ ਹੋਣ ਦੀ ਸੂਰਤ ਚ ਆਪਸੀ ਟਕਰਾਓ ਦੀਆਂ ਸੰਭਾਵਨਾਵਾਂ ਬਣੀਆਂ ਰਹਿੰਦੀਆਂ ਹਨ, ਜਿਸ ਕਰਕੇ ਆਗੂ ਅਤੇ ਵੋਟਰ ਨਿਰਾਸ਼ ਹੋ ਕੇ ਕਿਸੇ ਹੋਰ ਧਿਰ ਵੱਲ ਰੁਚਿਤ ਹੁੰਦੇ ਆਮ ਹੀ ਦੇਖੇ ਜਾ ਸਕਦੇ ਹਨ।

ਇਸ ਤਰ੍ਹਾਂ ਮੁੱਦਾ ਹੀਣ ਅਤੇ ਵਿਚਾਰਧਾਰਾ ਵਿਹੂਣੀ ਵਿਚਾਰਧਾਰਾ ਦੇ ਚਲਦਿਆਂ ਭਾਵੇਂ ਕੁਝ ਸੁਹਿਰਦ ਨਾਗਰਿਕ ਅਤੇ ਜਥੇਬੰਦੀਆਂ ਆਪਣੀ-ਆਪਣੀ ਸਮਰੱਥਾ ਅਨੁਸਾਰ ਅਜਿਹੀਆਂ ਗਤੀਵਿਧੀਆਂ ਦਾ ਵਿਰੋਧ ਵੀ ਕਰ ਰਹੀਆਂ ਹਨ, ਪ੍ਰੰਤੂ ਵੋਟਰਾਂ, ਸਪੋਰਟਰਾਂ ਦਾ ਇੱਕ ਹਿੱਸਾ ਉਕਤ ਨਿੱਜੀ ਲਾਲਸਾਵਾਂ ਵੱਸ ਵਿਰੋਧ ਕਰਨ ਦੀ ਬਜਾਏ ਆਗੂਆਂ ਵੱਲੋਂ ਅਪਣਾਈ ਜਾਂਦੇ ਜਾਤੀਗਤ, ਧਰਮ, ਸਮੁਦਾਏ ਅਤੇ ਹੋਰ ਤਰ੍ਹਾਂ-ਤਰ੍ਹਾਂ ਦੇ ਅਣਉਚਿਤ ਢੰਗ-ਤਰੀਕਿਆਂ ਨੂੰ ਬੜ੍ਹਾਵਾ ਦੇਣ ਦਾ ਹੀ ਕੰਮ ਕਰ ਰਿਹਾ ਹੈ, ਜਿਸ ਨੂੰ ਲੋਕਤੰਤਰੀ ਪ੍ਰਣਾਲੀ 'ਚ ਕਿਵੇਂ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ।ਇਸ ਲਈ ਸੱਤਾਧਾਰੀ, ਵਿਰੋਧੀ ਧਿਰਾਂ, ਸੁਹਿਰਦ ਵਰਕਰਾਂ, ਸਮਾਜਿਕ, ਧਾਰਮਿਕ ਅਤੇ ਜਨਤਕ ਜਥੇਬੰਦੀਆਂ ਤੋ ਇਲਾਵਾ ਆਮ ਵੋਟਰਾਂ ਨੂੰ ਵੀ ਗੁਜ਼ਾਰਿਸ਼ ਹੈ ਕਿ ਉਹ ਇਖਲਾਕ, ਨੈਤਿਕਤਾ, ਫਰਜ਼ ਅਤੇ ਸਮਾਜ ਦੇ ਵਡੇਰੇ ਸਰੋਕਾਰਾਂ ਨੂੰ ਧਿਆਨ ਹਿੱਤ ਰੱਖਦਿਆਂ, ਤਨਦੇਹੀ ਨਾਲ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਉਣ ਦਾ ਸੁਹਿਰਦ ਯਤਨ ਕਰਨ, ਕਿਉਂਕਿ ਸਾਡੇ ਕੋਲ ਕਾਨੂੰਨ, ਸਮਾਜਿਕ ਰਹੁ-ਰੀਤਾਂ ਤੋਂ ਇਲਾਵਾ ਆਪਣੇ ਮਹਾਨ ਪੁਰਖਿਆਂ ਦੀਆ ਸਿੱਖਿਆਵਾਂ, ਮਾਣਮੱਤੇ ਫਲਸਫੇ ਅਤੇ ਕੁਰਬਾਨੀਆਂ ਭਰੇ ਇਤਿਹਾਸ ਦੀ ਵੱਡਮੁੱਲੀ ਵਿਰਾਸਤ ਵੀ ਮੌਜੂਦ ਹੈ, ਜਿਸ ਦੀ ਪਾਲਣਾ ਕਰਨ ਲਈ ਉਹ ਆਪਣੀਆਂ ਅਮੁੱਲ ਲਿਖਤਾਂ ਰਾਹੀਂ ਸਾਨੂੰ ਆਦੇਸ਼ ਵੀ ਦੇ ਕੇ ਗਏ ਹਨ।

# ਸੰਪਰਕ : 89680-56200

# ਅਪ੍ਰੇਸ਼ਨ ਪ੍ਰਹਾਰ ਤਹਿਤ ਜ਼ਿਲ੍ਹੇ 'ਚ ਵੱਡੀ ਕਾਰਵਾਈ, 184 ਗ੍ਰਿਫ਼ਤਾਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਡੀ.ਜੀ.ਪੀ ਵੱਲੋਂ ਆਰੰਭ ਕੀਤੇ ਅਪ੍ਰੇਸ਼ਨ ਪ੍ਰਹਾਰ ਤਹਿਤ ਪੰਜਾਬ ਪੁਲਸ ਵੱਲੋਂ ਸੂਬੇ ਭਰ ਵਿੱਚ ਇੱਕ ਵਿਸ਼ੇਸ਼ ਡਰਾਈਵ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਤਹਿਤ ਮੋਗਾ ਜ਼ਿਲ੍ਹੇ ਵਿੱਚ ਬਾਹਰ ਬੈਠੇ ਵਾਂਟਿਡ ਕ੍ਰਿਮੀਨਲਾਂ ਦੇ ਐਸੋਸੀਏਟਸ ਖ਼ਿਲਾਫ਼ ਵਿਸ਼ੇਸ਼ ਡਰਾਈਵ ਲਾਂਚ ਕੀਤੀ ਗਈ।

ਐਸਐਸਪੀ ਅਜੇ ਗਾਂਧੀ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ਦੇ ਸਾਰੇ ਐਸ.ਐਚ.ਓ, ਇੰਚਾਰਜ ਯੂਨਿਟ, ਡੀ.ਐਸ.ਪੀ, ਐਸ.ਪੀ, ਤੇ 400 ਪੁਲਸ ਜਵਾਨਾਂ ਦੀਆਂ 50 ਪੁਲਸ ਟੀਮਾਂ ਸ਼ਾਮਲ ਸਨ।ਜ਼ਿਲ੍ਹੇ ਦੇ ਸਾਰੇ ਸੀਨੀਅਰ ਅਧਿਕਾਰੀਆਂ ਵੱਲੋਂ ਇਸ ਪੂਰੇ ਅਪ੍ਰੇਸ਼ਨ ਦੀ ਲਗਾਤਾਰ ਨਿਗਰਾਨੀ ਕੀਤੀ ਗਈ।ਮੁਹਿੰਮ ਦਾ ਮੁੱਖ ਫੋਕਸ ਬਾਹਰ ਬੈਠੇ ਵਾਂਟਿਡ ਕ੍ਰਿਮੀਨਲਾਂ ਦੇ ਐਸੋਸੀਏਟਸ, ਆਦਤਨ ਅਪਰਾਧੀਆਂ, ਗੈਰਕਾਨੂੰਨੀ ਹਥਿਆਰਾਂ ਦੀ ਸਮੱਗਲਿੰਗ ਵਿੱਚ ਸ਼ਾਮਲ ਤੱਤਾਂ ਅਤੇ ਕ੍ਰਿਮੀਨਲਾਂ ਨੂੰ ਸ਼ੈਲਟਰ ਜਾਂ ਮਦਦ ਮੁਹੱਈਆ ਕਰਾਉਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨਾ ਹੈ।ਇਹ ਸਾਰੀ ਕਾਰਵਾਈ ਏ.ਜੀ.ਟੀ.ਐਫ ਅਤੇ ਕਾਊਂਟਰ ਇੰਟੈਲੀਜੈਂਸ ਦੀ ਪੱਕੀ ਇਨਪੁੱਟ ਅਤੇ ਲੋਕਲ ਸੋਰਸਾਂ ਤੋਂ ਮਿਲੀ ਜਾਣਕਾਰੀ ਦੇ ਆਧਾਰ ਤੇ ਪਹਿਲਾਂ ਤੋਂ ਕੀਤੀ ਗਈ ਇੰਟੈਂਸਿਵ ਪਲੈਨਿੰਗ ਅਨੁਸਾਰ ਕੀਤੀ ਗਈ, ਜਿਸ ਤਹਿਤ ਟਾਰਗੇਟਡ ਰੇਡਸ ਕਰਕੇ ਮੋਗਾ ਪੁਲਸ ਨੂੰ ਮਹੱਤਵਪੂਰਨ ਸਫਲਤਾ ਮਿਲੀ ਹੈ।

ਇਸ ਦੌਰਾਨ ਕੁੱਲ 371 ਰੇਡਾਂ ਕੀਤੀਆਂ ਗਈਆਂ ਤੇ 55 ਮੁਕੱਦਮੇ ਦਰਜ ਕੀਤੇ ਗਏ। ਮੁਹਿੰਮ ਦੌਰਾਨ 184 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਵਿੱਚੋਂ 05 ਘੋਸ਼ਿਤ ਅਪਰਾਧੀ (ਪੀ.ਓ) ਵੀ ਸ਼ਾਮਲ ਹਨ।ਇਸਦੇ ਨਾਲ-ਨਾਲ 37 ਵਿਅਕਤੀਆਂ ਖ਼ਿਲਾਫ਼ ਅਪਰਾਧ ਰੋਕੂ ਕਾਨੂੰਨ ਤਹਿਤ ਪ੍ਰੀਵੈਂਟਿਵ ਕਾਰਵਾਈ ਵੀ ਕੀਤੀ ਗਈ।ਮੋਗਾ ਪੁਲਸ ਵੱਲੋਂ ਐਨ ਡੀ ਪੀ ਐਸ ਤੇ ਐਕਸਾਈਜ਼ ਐਕਟ ਦੀ ਕਾਰਵਾਈ ਦੌਰਾਨ ਵੱਡੀ ਮਾਤਰਾ ਵਿੱਚ ਨਸ਼ੀਲਾ ਸਮਾਨ ਬਰਾਮਦ ਕੀਤਾ ਗਿਆ, ਜਿਨ੍ਹਾਂ ਵਿੱਚ 456 ਗ੍ਰਾਮ ਹੈਰੋਇਨ, 605 ਨਸ਼ੀਲੀਆਂ ਗੋਲੀਆਂ/ਕੈਪਸੂਲ, 500 ਗ੍ਰਾਮ ਅਫ਼ੀਮ ਤੇ ?52,300 ਡਰੱਗ ਮਨੀ ਸ਼ਾਮਲ ਹੈ।ਇਸ ਤੋਂ ਇਲਾਵਾ 33 ਬੋਤਲਾਂ ਨਜਾਇਜ਼ ਸ਼ਰਾਬ ਤੇ 80 ਲੀਟਰ ਲਾਹਣ ਵੀ ਬਰਾਮਦ ਕੀਤੀ ਗਈ।ਇਹ ਸਾਰੀਆਂ ਕਾਰਵਾਈਆਂ ਮੋਗਾ ਪੁਲਸ ਦੀਆਂ ਸਪੈਸ਼ਲ ਟੀਮਾਂ ਅਤੇ ਸੀਨੀਅਰ ਅਧਿਕਾਰੀਆਂ ਦੀ ਦੇਖ-ਰੇਖ ਹੇਠ ਕੀਤੀਆਂ ਗਈਆਂ।

ਮੋਗਾ ਪੁਲਸ ਵੱਲੋਂ ਹਥਿਆਰਾਂ ਸਬੰਧੀ ਕਾਰਵਾਈ ਵਿੱਚ 5 ਪਿਸਟਲ, 2 ਦੇਸੀ ਕੱਟੇ, 2 ਮੈਗਜ਼ੀਨ, 56 ਜਿੰਦਾ ਕਾਰਤੂਸ, 4 ਬੇਸਬਾਲ ਬੈਟ, 2 ਡੰਡੇ, 8 ਤਲਵਾਰਾਂ, 3 ਖੰਡੇ, 5 ਕਾਪੇ ਤੇ 2 ਮੋਟਰਸਾਈਕਲਾਂ ਜ਼ਬਤ ਕੀਤੇ ਗਏ।

# ਨੈਸ਼ਨਲ ਹਾਈਵੇਅ ਖਿਲਾਫ਼ ਦਿੱਤਾ ਇਲਾਕਾ ਵਾਸੀਆਂ ਨੇ ਰੋਸ ਧਰਨਾ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਪਿੰਡ ਰਾਮਪੁਰ ਵਿਖੇ ਇਲਾਕਾ ਨਿਵਾਸੀਆਂ ਵੱਲੋਂ ਨਵੇਂ ਨੈਸ਼ਨਲ ਹਾਈਵੇ 205ਏ ਦੇ ਉੱਤੇ ਲਾਏ ਰੋਸ ਧਰਨੇ ਦੇ ਸਮਰਥਨ ਵਿੱਚ ਵਿਧਾਇਕ ਲਖਬੀਰ ਸਿੰਘ ਰਾਏ ਵਿਸ਼ੇਸ਼ ਤੌਰ 'ਤੇ ਪਹੁੰਚੇ।

ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਲਾਕਾ ਵਾਸੀਆਂ ਦੀ ਜਾਇਜ਼ ਮੰਗ ਨੂੰ ਨੈਸ਼ਨਲ ਹਾਈਵੇ ਵੱਲੋਂ ਪੂਰਾ ਕੀਤਾ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਵੱਲੋਂ ਸਬੰਧਤ ਵਿਭਾਗ ਨੂੰ ਲਿਖਿਆ ਜਾ ਚੁੱਕਿਆ ਹੈ, ਪ੍ਰੰਤੂ ਨੈਸ਼ਨਲ ਹਾਈਵੇ ਵੱਲੋਂ ਹਾਲੇ ਵੀ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ, ਜਿਸ ਕਾਰਨ ਰਾਮਪੁਰ ਵਿਖੇ ਇਲਾਕਾ ਨਿਵਾਸੀਆਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਰੋਸ ਧਰਨਾ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਦੀ ਜਾਇਜ਼ ਮੰਗ ਨੂੰ ਪ੍ਰਵਾਨ ਕੀਤਾ ਜਾਣਾ ਚਾਹੀਦਾ ਹੈ। ਜੇਕਰ ਨੈਸ਼ਨਲ ਹਾਈਵੇ ਵੱਲੋਂ ਅਜਿਹਾ ਨਹੀਂ ਕੀਤਾ ਜਾਂਦਾ ਤਾਂ ਉਹ ਇਲਾਕਾ ਨਿਵਾਸੀਆਂ ਦੇ ਹੱਕ ਵਿੱਚ ਹਰ ਤਰ੍ਹਾਂ ਦਾ ਸੰਘਰਸ਼ ਕਰਨ ਨੂੰ ਤਿਆਰ ਹਨ।ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਇੱਕ ਦੋ ਮਸਲੇ ਹੋਰ ਵੀ ਨੈਸ਼ਨਲ ਹਾਈਵੇ ਵੱਲੋਂ ਹੱਲ ਕੀਤੇ ਜਾ ਚੁੱਕੇ ਹਨ ਅਤੇ ਉਨ੍ਹਾਂ ਨੂੰ ਉਕਤ ਮਸਲੇ ਨੂੰ ਹੱਲ ਕਰਨ ਦੇ ਲਈ ਇਲਾਕਾ ਨਿਵਾਸੀਆਂ ਨੂੰ ਭਰੋਸੇ ਵਿੱਚ ਲੈਣਾ ਚਾਹੀਦਾ ਹੈ ਤੇ ਉਨ੍ਹਾਂ ਦੀ ਜਾਇਜ਼ ਮੰਗ ਨੂੰ ਪ੍ਰਵਾਨ ਕਰਨਾ ਚਾਹੀਦਾ ਹੈ।ਵਿਧਾਇਕ ਰਾਏ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਪੰਜਾਬ ਪ੍ਰਤੀ ਰਵੱਈਆ ਸਕਾਰਾਤਮਕ ਨਹੀਂ ਹੈ। ਹਮੇਸ਼ਾ ਹੀ ਪੰਜਾਬ ਦੇ ਲੋਕਾਂ ਨੂੰ ਆਪਣੀਆਂ ਮੰਗਾਂ ਮਨਵਾਉਣ ਲਈ ਸੰਘਰਸ਼ ਦਾ ਰਾਹ ਅਪਣਾਉਣਾ ਪੈਂਦਾ ਹੈ।ਪਿਛਲੇ ਲੰਮੇ ਅਰਸੇ ਤੋਂ ਅਜਿਹਾ ਦੌਰ ਚੱਲਿਆ ਆ ਰਿਹਾ ਹੈ, ਇਸ ਲਈ ਪੰਜਾਬ ਦੇ ਲੋਕਾਂ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਕੇਂਦਰ 'ਚ ਬੈਠੀ ਭਾਰਤੀ ਜਨਤਾ ਪਾਰਟੀ ਦੀ ਨਰਿੰਦਰ ਮੋਦੀ ਸਰਕਾਰ ਪੰਜਾਬ ਹਿਤੈਸ਼ੀ ਨਹੀਂ ਹੋ ਸਕਦੀ।

# ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਮੌਕੇ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਸੰਗਤ ਗੁਰੂ ਘਰ ਨਤਮਸਤਕ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਮੌਕੇ ਵੱਡੀ ਗਿਣਤੀ 'ਚ ਸੰਗਤ ਗੁਰੂ ਦਰਬਾਰ ਵਿਚ ਨਤਮਸਤਕ ਹੋਈ, ਉਥੇ ਪਵਿੱਤਰ ਸਰੋਵਰ 'ਚ ਆਸਥਾ ਦੀ ਡੁੱਬਕੀ ਲਾ ਕੇ ਇਸ਼ਨਾਨ ਕੀਤਾ।

ਬਸੰਤ ਪੰਚਮੀ ਦੇ ਸਲਾਨਾ ਜੋੜ ਮੇਲ ਨੂੰ ਸਮਰਪਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਕਵਾੜ ਖੁੱਲ੍ਹਣ ਮਗਰੋਂ ਕੀਰਤਨ ਆਸਾ ਕੀ ਵਾਰ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਵੱਲੋਂ ਕਰਨ ਉਪਰੰਤ ਕਥਾ ਪ੍ਰਚਾਰ ਦੇ ਨਾਲ ਹੈੱਡ ਗ੍ਰੰਥੀ ਭਾਈ ਪ੍ਰਣਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।

ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਵੀ ਪਾਏ ਗਏ।ਬਸੰਤ ਪੰਚਮੀ ਮੌਕੇ ਹੋਏ ਸਮਾਗਮਾਂ 'ਚ ਸ਼ਿਰਕਤ ਕਰਨ ਉਚੇਚੇ ਤੌਰ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਸ਼੍ਰੋਮਣੀ ਕਮੇਟੀ ਮੈਂਬਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ 'ਚ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ, ਜਥੇਦਾਰ ਅਮਰੀਕ ਸਿੰਘ ਜਨੇਤਪੁਰ, ਜਥੇਦਾਰ ਗੁਰਤੇਜ ਸਿੰਘ ਕਾਉਣੀ, ਜੌਲਾ ਸਮੇਤ ਸੰਤ ਮਹਾਂਪੁਰਸ਼ਾਂ 'ਚ



ਬਾਬਾ ਅਮਰੀਕ ਸਿੰਘ, ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲੇ, ਸਾਬਕਾ ਚੇਅਰਮੈਨ ਤੇਜਿੰਦਰਪਾਲ ਸਿੰਘ ਸੰਧੂ ਪੁੱਜੇ ਹੋਏ ਸਨ।

ਸੰਗਤਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਬਸੰਤ ਦੇ ਸਾਲਾਨਾ ਜੋੜ ਦਾ ਜ਼ਿਕਰ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੇ ਮਾਨਵਤਾ ਦੇ ਕਲਿਆਣਕਾਰੀ ਕਾਰਜਾਂ 'ਚ ਇਥੇ ਦਾ ਇਤਿਹਾਸ ਦਰਸਾਉਂਦਾ ਹੈ ਕਿ ਗੁਰੂ ਘਰ ਦੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਨ ਵਾਲਿਆਂ ਦੇ ਜਿਥੇ ਸਰੀਰ ਰੋਗ ਦੂਰ ਹੁੰਦੇ ਹਨ, ਉਥੇ ਹੀ ਪਰਉਪਕਾਰੀ ਗੁਰੂ ਨੂੰ ਸਮਰਪਿਤ ਰਹਿਣ ਵਾਲੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਵੀ ਪ੍ਰਾਪਤ ਕਰਦੇ ਹਨ। ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਕਿਹਾ ਕਿ ਅੱਜ ਪੰਥ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਅਜਿਹੀਆਂ ਏਜੰਸੀਆਂ ਤੇ ਤਾਕਤਾਂ ਸਰਗਰਮ ਹਨ, ਜਿਨ੍ਹਾਂ ਪ੍ਰਤੀ ਸੰਗਤਾਂ ਨੂੰ ਸੁਚੇਤ ਰਹਿਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸਿੱਖਾਂ ਦੀ ਸਿਰਮੌਰ ਸੰਸਥਾ ਦੇ ਕਾਰਜ ਵਡਮੁੱਲੇ ਹਨ, ਜਿਨ੍ਹਾਂ ਪ੍ਰਤੀ ਸਾਰਿਆਂ ਫ਼ਰਜ਼ਾਂ ਦੀ ਪਹਿਰੇਦਾਰੀ ਕਰਨ ਦੀ ਲੋੜ ਹੈ।ਬਸੰਤ ਪੰਚਮੀ ਦੇ ਸਾਲਾਨਾ ਜੋੜ ਮੇਲ ਦੌਰਾਨ ਗੁਰਦੁਆਰਾ ਸਾਹਿਬ ਵਿਖੇ ਦੀਵਾਨ ਸਜਾਏ ਗਏ, ਉਥੇ ਹੀ ਸੰਗਤ ਨੇ ਪੰਗਤ-ਸੰਗਤ ਕੀਤੀ ਤੇ ਪਵਿੱਤਰ ਸਰੋਵਰ 'ਚ ਇਸ਼ਨਾਨ ਕਰਕੇ ਹਜ਼ੂਰੀ ਕੀਰਤਨੀ ਜੱਥਿਆਂ ਪਾਸੋਂ ਗੁਰਬਾਣੀ ਕੀਰਤਨ ਦਾ ਆਨੰਦ ਮਾਣਿਆ।ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ 'ਚ ਚੱਲੇ ਧਾਰਮਕ ਦੀਵਾਨਾਂ ਵਿਚ ਢਾਡੀ-ਕਵੀਸ਼ਰੀ ਜੱਥਿਆਂ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ।

## ਕਾਤਰਾਂ

### ਨਗਰ ਕੌਂਸਲ ਵਿਖੇ ਸੁਖਮਨੀ ਸਾਹਿਬ ਦਾ ਪਾਠ 24 ਨੂੰ

**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)**-ਨਗਰ ਕੌਂਸਲ ਮਾਛੀਵਾੜਾ ਦੇ ਪ੍ਰਧਾਨ ਅਤੇ ਸਮੂਹ ਕੌਂਸਲਰਾਂ ਦਾ ਇੱਕ ਸਾਲ ਕਾਰਜਕਾਲ ਪੂਰਾ ਹੋਣ 'ਤੇ ਸ਼ੁਕਰਾਨੇ ਵਜੋਂ ਸ੍ਰੀ ਸੁਖਮਨੀ ਸਾਹਿਬ ਦਾ ਪਾਠ 24 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਨਗਰ ਕੌਂਸਲ ਦਫ਼ਤਰ ਵਿਖੇ ਸਵੇਰੇ 10 ਵਜੇ ਪਾਠਾਂ ਦੇ ਭੋਗ ਪਾਏ ਜਾਣਗੇ ਉਪਰੰਤ ਰਾਗੀ ਸਿੰਘ ਰਸਭਿੰਨਾ ਕੀਰਤਨ ਕਰਨਗੇ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਸਮੂਹ ਕੌਂਸਲਰਾਂ ਦਾ 1 ਸਾਲਾ ਕਾਰਜਕਾਲ ਵਧੀਆ ਰਿਹਾ ਜਿਸ ਦੇ ਸ਼ੁਕਰਾਨੇ ਵਜੋਂ ਇਹ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਸਮਾਰੋਹ 'ਚ ਵਿਸ਼ੇਸ਼ ਤੌਰ 'ਤੇ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਸਮੂਹ ਕੌਂਸਲਰ ਸ਼ਿਰਕਤ ਕਰਨਗੇ। ਸੰਗਤ ਲਈ ਅਤੁੱਟ ਲੰਗਰ ਵਰਤਾਏ ਜਾਣਗੇ।

### ਮੁਫ਼ਤ ਸਿਹਤ ਇਲਾਜ 'ਚ ਸਰਕਾਰ ਨੇ ਕਿਸੇ ਨੀਲੇ-ਪੀਲੇ ਕਾਰਡ ਦੀ ਸ਼ਰਤ ਨਹੀਂ ਰੱਖੀ : ਘੁੱਲੀ

**ਧੂਰੀ (ਮਹਿਤ ਗਰਗ, ਮਨੋਹਰ ਸੱਗੂ, ਵਿਨੀ ਗਰਗ)** ਮੁੱਖ ਮੰਤਰੀ ਕੈਂਪ ਦਫ਼ਤਰ ਦੇ ਇੰਚਾਰਜ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਦੀ ਸਿਹਤ ਸੰਭਾਲ ਲਈ ਲਏ ਗਏ ਇਤਿਹਾਸਕ ਫੈਸਲਿਆਂ ਸਦਕਾ ਹੁਣ ਕੋਈ ਵੀ ਨਾਗਰਿਕ ਇਲਾਜ ਖੁਣੋਂ ਵਾਂਝਾ ਨਹੀਂ ਰਹੇਗਾ।ਉਨ੍ਹਾਂ ਕਿਹਾ ਕਿ ਪਹਿਲਾਂ ਗਰੀਬ ਤੇ ਮੱਧ ਵਰਗੀ ਪਰਵਾਰਾਂ ਨੂੰ ਮਹਿੰਗੇ ਇਲਾਜ ਕਾਰਨ ਭਾਰੀ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈਂਦਾ ਸੀ ਤੇ ਕਈ ਵਾਰ ਪੈਸੇ ਦੀ ਘਾਟ ਕਾਰਨ ਕੀਮਤੀ ਜਾਨਾਂ ਚਲੀਆਂ ਜਾਂਦੀਆਂ ਸਨ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਲੋਕਾਂ ਦਾ ਇਹ ਡਰ ਦੂਰ ਕਰ ਦਿੱਤਾ ਹੈ।ਰਾਜਵੰਤ ਸਿੰਘ ਘੁੱਲੀ ਨੇ ਦੱਸਿਆ ਕਿ ਇਸ ਨਵੀਂ ਯੋਜਨਾ ਤਹਿਤ ਹਰ ਪੰਜਾਬੀ ਵਾਸੀ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਾਇਆ ਜਾਵੇਗਾ।ਉਨ੍ਹਾਂ ਸਭ ਤੋਂ ਵੱਡੀ ਰਾਹਤ ਵਾਲੀ ਗੱਲ ਇਹ ਦੱਸੀ ਕਿ ਸਰਕਾਰ ਨੇ ਇਸ ਸਕੀਮ ਦਾ ਲਾਭ ਲੈਣ ਲਈ ਨੀਲੇ ਜਾਂ ਪੀਲੇ ਕਾਰਡ ਦੀ ਪੁਰਾਣੀ ਸ਼ਰਤ ਨੂੰ ਪੂਰੀ ਤਰ੍ਹਾਂ ਖ਼ਤਮ ਕਰ ਦਿੱਤਾ ਹੈ।ਹੁਣ ਕਿਸੇ ਵੀ ਜਾਤ, ਧਰਮ ਜਾਂ ਵਰਗ ਨਾਲ ਸਬੰਧਤ ਵਿਅਕਤੀ, ਚਾਹੇ ਉਹ ਅਮੀਰ ਹੋਵੇ ਜਾਂ ਗਰੀਬ, ਇਸ ਸਿਹਤ ਬੀਮਾ ਯੋਜਨਾ ਦਾ ਲਾਭ ਉਠਾ ਸਕਦਾ ਹੈ।

### ਅਵਾਰਾ ਕੁੱਤਿਆਂ ਤੋਂ ਲੋਕ ਪਰੇਸ਼ਾਨ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਆਵਾਰਾ ਕੁੱਤਿਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ, ਜਿਸ ਕਾਰਨ ਆਮ ਲੋਕਾਂ ਵਿੱਚ ਡਰ ਤੇ ਪਰੇਸ਼ਾਨੀ ਦਾ ਮਾਹੌਲ ਬਣਿਆ ਹੋਇਆ ਹੈ। ਗਲੀ, ਮੁਹੱਲਿਆਂ ਵਿੱਚ ਕੁੱਤਿਆਂ ਦੇ ਘੁੰਮਦੇ ਝੁੰਡਾਂ ਕਾਰਨ ਲੋਕਾਂ ਦਾ ਘਰੋਂ ਬਾਹਰ ਨਿਕਲਣਾ ਮੁਸ਼ਕਿਲ ਹੋ ਗਿਆ ਹੈ। ਸਵੇਰੇ ਅਤੇ ਸ਼ਾਮ ਦੇ ਸਮੇਂ ਸਕੂਲ ਜਾਣ ਵਾਲੇ ਬੱਚੇ, ਸੈਰ ਲਈ ਨਿਕਲਣ ਵਾਲੇ ਬਜ਼ੁਰਗ ਤੇ ਦੋ ਪਹੀਆ ਵਾਹਨਾਂ 'ਤੇ ਜਾਣ ਵਾਲੇ ਲੋਕ ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਕਈ ਥਾਵਾਂ 'ਤੇ ਕੁੱਤਿਆਂ ਵੱਲੋਂ ਵਾਹਨਾਂ ਦੇ ਪਿੱਛੇ ਦੌੜਨ ਕਾਰਨ ਹਾਦਸਿਆਂ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਕੁੱਤਿਆਂ ਦੇ ਹਮਲਿਆਂ ਦੇ ਡਰ ਨਾਲ ਲੋਕ ਕੰਮਕਾਜ ਲਈ ਵੀ ਘਰੋਂ ਨਿਕਲਣ ਤੋਂ ਹਿਚਕਚਾ ਰਹੇ ਹਨ। ਇਸ ਸਮੱਸਿਆ ਨੂੰ ਲੈ ਕੇ ਲੋਕਾਂ ਵੱਲੋਂ ਨਗਰ ਕੌਂਸਲ ਤੇ ਪ੍ਰਸ਼ਾਸਨ ਕੋਲ ਮੰਗ ਕੀਤੀ ਜਾ ਰਹੀ ਹੈ ਕਿ ਅਵਾਰਾ ਤੇ ਖਤਰਨਾਕ ਕੁੱਤਿਆਂ ਨੂੰ ਫੜਨ ਲਈ ਤੁਰੰਤ ਠੋਸ ਕਦਮ ਚੁੱਕੇ ਜਾਣ। ਲੋਕਾਂ ਨੇ ਮੰਗ ਕੀਤੀ ਹੈ ਕਿ ਕੁੱਤਿਆਂ ਦੀ ਨਸਬੰਦੀ ਤੇ ਉਨ੍ਹਾਂ ਲਈ ਢੁੱਕਵੇਂ ਪ੍ਰਬੰਧ ਕੀਤੇ ਜਾਣ ਤਾਂ ਜੋ ਸ਼ਹਿਰ ਵਾਸੀਆਂ ਨੂੰ ਇਸ ਗੰਭੀਰ ਸਮੱਸਿਆ ਤੋਂ ਰਾਹਤ ਮਿਲ ਸਕੇ।

# ਸਾਬਕਾ ਵਿਧਾਇਕ ਗੁਰਦੀਪ ਸਿੰਘ ਭੈਣੀ ਦੇ ਘਰ ਪਹੁੰਚੇ ਸੁਖਬੀਰ ਸਿੰਘ ਬਾਦਲ



**ਜਗਰਾਉਂ (ਅਮਿਤ ਖੰਨਾ)**

2 ਵਾਰ ਦੇ ਵਿਧਾਇਕ ਗੁਰਦੀਪ ਸਿੰਘ ਭੈਣੀ, ਜਿਨ੍ਹਾਂ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਸੀ, ਉਨ੍ਹਾਂ ਦੇ ਪਿੰਡ ਭੈਣੀ ਅਰਾਈਆਂ ਸਥਿਤ ਜੱਦੀ ਘਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੁੱਖ ਸਾਂਝਾ ਕਰਨ ਲਈ ਪਹੁੰਚੇ।ਇਸ ਸਮੇਂ ਬਾਦਲ ਨੇ ਸਵਰਗਵਾਸੀ ਗੁਰਦੀਪ ਸਿੰਘ ਭੈਣੀ ਦੇ ਸਪੁੱਤਰ ਤੇ ਕਾਂਗਰਸੀ ਆਗੂ ਮੇਜਰ ਸਿੰਘ ਭੈਣੀ ਨਾਲ ਹਮਦਰਦੀ ਜ਼ਾਹਰ ਕੀਤੀ। ਸਵਰਗਵਾਸੀ ਭੈਣੀ ਨੂੰ ਦਰਵੇਸ਼ ਤੇ ਬੇਦਾਗ ਸਿਆਸਤਦਾਨ ਦੱਸਦਿਆਂ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨਾਲ ਉਨ੍ਹਾਂ ਦੀ ਸਾਂਝ ਤੇ ਨੇੜਤਾ ਨੂੰ ਸੁਖਬੀਰ ਸਿੰਘ ਬਾਦਲ ਨੇ ਯਾਦ ਕੀਤਾ। ਉਨ੍ਹਾਂ ਕਿਹਾ ਕਿ ਬਾਦਲ ਸਾਹਿਬ ਕਈ ਵਾਰ ਗੁਰਦੀਪ ਸਿੰਘ ਭੈਣੀ ਦੇ ਪੰਜਾਬ ਦੇ ਹੱਕਾਂ ਲਈ ਖੜਨ ਤੇ ਜੇਲ੍ਹ ਕੱਟਣ ਦਾ ਜ਼ਿਕਰ ਕਰਿਆ ਕਰਦੇ ਸਨ। ਪ੍ਰਧਾਨ ਬਾਦਲ ਨੇ ਕਿਹਾ ਕਿ ਸਵ: ਭੈਣੀ ਦਾ ਸੰਘਰਸ਼ਮਈ ਜੀਵਨ ਇਕ ਮਿਸਾਲ ਹੈ, ਜਿਵੇਂ ਉਹ ਛੋਟੀ ਉਮਰ 'ਚ ਪਰਵਾਰ ਸਮੇਤ ਪਾਕਿਸਤਾਨ ਤੋਂ ਉੱਜੜ ਕੇ ਆਏ ਅਤੇ ਇਥੇ ਆ ਕੇ ਪੜ੍ਹਾਈ ਮਗਰੋਂ ਪਟਵਾਰੀ ਲੱਗੇ ਤੇ ਫੇਰ ਸਿਆਸਤ 'ਚ ਆ ਕੇ ਵਿਧਾਇਕ ਬਣੇ।ਇਸ ਦੇ ਬਾਵਜੂਦ ਆਪਣੀ ਚਿੱਟੀ ਚਾਦਰ 'ਤੇ ਇਕ ਵੀ ਦਾਗ ਨਹੀਂ ਲੱਗਣ ਦਿੱਤਾ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਅਜਿਹੇ ਆਗੂ ਆਟੇ 'ਚ ਲੂਣ ਬਰਾਬਰ ਰਹਿ ਗਏ ਹਨ।

ਇਸ ਮੌਕੇ ਮੌਜੂਦ ਸਾਬਕਾ ਵਿਧਾਇਕ ਤੇ ਹਲਕਾ ਜਗਰਾਉਂ ਦੇ ਇੰਚਾਰਜ ਐਸ.ਆਰ. ਕਲੇਰ ਨੇ ਵੀ ਭੈਣੀ ਦੇ ਜੀਵਨ ਤੇ ਨੱਬੇ ਸਾਲ ਦੀ ਉਮਰ 'ਚ ਵੀ ਚੜ੍ਹਦੀ ਕਲਾ ਵਾਲੇ ਜਜ਼ਬੇ ਤੋਂ ਜਾਣੂ ਕਰਾਇਆ।ਸਾਬਕਾ ਵਿਧਾਇਕ ਰਣਜੀਤ ਸਿੰਘ ਗਿੱਲ, ਹਲਕਾ ਦਾਖਾ ਦੇ ਇੰਚਾਰਜ ਜਸਕਰਨ ਦਿਓਲ, ਸਾਬਕਾ ਚੇਅਰਮੈਨ ਦੀਦਾਰ ਸਿੰਘ ਮਲਕ, ਚੰਦ ਸਿੰਘ ਡੱਲਾ ਸਮੇਤ ਹੋਰ ਆਗੂ ਵੀ ਮੌਜੂਦ ਸਨ।ਬਾਦਲ ਨੇ ਕਿਹਾ ਕਿ ਭੈਣੀ ਪਰਵਾਰ ਉਨ੍ਹਾਂ ਦਾ ਆਪਣਾ ਪਰਵਾਰ ਹੈ ਤੇ ਉਹ ਹਮੇਸ਼ਾ ਇਸ ਪਰਿਵਾਰ ਨਾਲ ਖੜ੍ਹੇ ਹਨ।ਉਪਰੰਤ ਸੁਖਬੀਰ ਸਿੰਘ ਬਾਦਲ ਨੇ ਹਲਕਾ ਦਾਖਾ ਤੋਂ ਕਾਂਗਰਸ ਪਾਰਟੀ ਦੀ ਟਿਕਟ 'ਤੇ ਚੋਣ ਲੜ ਚੁੱਕੇ ਮੇਜਰ ਸਿੰਘ ਭੈਣੀ ਤੇ ਉਨ੍ਹਾਂ ਦੇ ਪਰਵਾਰ ਨਾਲ ਬੰਦ ਕਮਰਾ ਮੀਟਿੰਗ ਵੀ ਕੀਤੀ, ਜੋ ਚਰਚਾ ਦਾ ਵਿਸ਼ਾ ਬਣ ਗਈ ਹੈ।

# ਨੌਕਰੀ ਕਰ ਰਹੇ ਪੁਰਾਣੇ ਅਧਿਆਪਕਾਂ ਉੱਪਰ ਟੀ ਈ ਟੀ ਦੀ ਸ਼ਰਤ ਲਾਉਣਾ ਗ਼ੈਰ ਵਾਜਬ

**ਮੋਗਾ (ਇਕਬਾਲ ਸਿੰਘ ਖਹਿਰਾ)**

ਪਿਛਲੇ ਸਾਲ 2025 ਦੌਰਾਨ ਸਤੰਬਰ ਮਹੀਨੇ ਸਰਵਉੱਚ ਅਦਾਲਤ ਦੇ ਤਰੱਕੀ ਲਈ ਟੀ.ਈ.ਟੀ. ਬਾਰੇ ਆਏ ਫ਼ੈਸਲੇ ਨੇ ਪਹਿਲਾਂ ਤੋਂ ਨੌਕਰੀ ਕਰ ਰਹੇ ਅਧਿਆਪਕਾਂ ਨੂੰ ਨਵੀਂ ਪ੍ਰੇਸ਼ਾਨੀ ਵਿੱਚ ਪਾ ਦਿੱਤਾ ਹੈ।ਇਸ ਫ਼ੈਸਲੇ ਦੇ ਆਧਾਰ 'ਤੇ ਲੰਮੇ ਸਮੇਂ ਤੋ ਲਟਕੀਆਂ ਹੋਈਆਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਹੋਣ ਵਾਲੀਆਂ ਤਰੱਕੀਆਂ 'ਤੇ ਰੋਕ ਲੱਗ ਗਈ ਹੈ।

ਅਧਿਆਪਕਾਂ ਦੀ ਪ੍ਰਤੀਨਿੱਧ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ, ਸਕੱਤਰ ਜਗਵੀਰਨ ਕੌਰ ਨੇ ਦੱਸਿਆ ਕਿ ਸਿੱਖਿਆ ਦਾ ਅਧਿਕਾਰ ਐਕਟ-2009 ਦੇ ਆਧਾਰ 'ਤੇ 23 ਅਗਸਤ 2010 ਤੋ ਬਾਅਦ ਭਰਤੀ ਹੋਣ ਵਾਲੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਅਧਿਆਪਕਾਂ ਲਈ ਟੀ ਈ ਟੀ-1 ਅਤੇ ਛੇਵੀਂ ਤੋ ਅੱਠਵੀਂ ਦੇ ਅਧਿਆਪਕਾਂ ਲਈ ਟੀ ਈ ਟੀ-2 ਦਾ ਟੈਸਟ ਪਾਸ ਕਰਨਾ ਲਾਜ਼ਮੀ ਕਰ ਦਿੱਤਾ ਸੀ, ਪਰ ਪਿਛਲੇ ਸਾਲ ਸਤੰਬਰ ਮਹੀਨੇ ਸੁਪਰੀਮ ਕੋਰਟ ਨੇ ਇੱਕ ਫੈਸਲੇ ਵਿੱਚ 23 ਅਗਸਤ 2010 ਤੋਂ ਪਹਿਲਾਂ ਨੌਕਰੀ ਵਿੱਚ ਆਏ ਅਧਿਆਪਕਾਂ ਨੂੰ ਵੀ 2 ਸਾਲ ਦੇ ਅੰਦਰ ਅੰਦਰ ਟੀ.ਈ.ਟੀ ਟੈੱਸਟ ਪਾਸ ਕਰਨ ਦੀ ਸ਼ਰਤ ਲਗਾ ਦਿੱਤੀ ਹੈ ਤੇ ਤਰੱਕੀ ਲੈਣ ਲਈ ਵੀ ਟੀ.ਈ.ਟੀ. ਦੀ ਸ਼ਰਤ ਰੱਖ ਦਿੱਤੀ ਹੈ, ਜਿਸ ਕਾਰਨ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਹੋਣ ਵਾਲੀਆਂ ਲਗਭਗ 5000 ਅਧਿਆਪਕਾਂ ਦੀਆਂ ਤਰੱਕੀਆਂ ਰੁਕ ਗਈਆਂ ਹਨ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨ ਦਾਸ, ਜ਼ਿਲ੍ਹਾ ਪ੍ਰੈਸ ਸਕੱਤਰ ਗੁਰਮੀਤ ਸਿੰਘ ਝੋਰੜਾ, ਸੰਯੁਕਤ ਸਕੱਤਰ ਅਮਨਦੀਪ ਮਾਛੀਕੇ, ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਸਿੱਖਿਆ ਵਿਭਾਗ ਵਿੱਚ ਭਰਤੀ ਹੋਏ ਸਾਰੇ ਅਧਿਆਪਕ ਆਪਣੇ ਆਪਣੇ ਸਮੇਂ 'ਤੇ ਭਰਤੀ ਹੋਣ ਲਈ ਤੈਅ ਹੋਏ ਨਿਯਮਾਂ ਤੇ ਸ਼ਰਤਾਂ ਨੂੰ ਪੂਰੀਆਂ ਕਰਕੇ ਨੌਕਰੀ 'ਚ ਆਏ ਹਨ।ਉਨ੍ਹਾਂ ਉੱਪਰ ਬਾਅਦ ਵਿੱਚ ਲਾਗੂ ਹੋਈਆਂ ਸ਼ਰਤਾਂ ਮੜ੍ਹਨਾ ਸਰਾਸਰ ਧੱਕਾ ਹੈ। ਇਸ ਤੋਂ ਵੀ ਅੱਗੇ 2018 ਵਿੱਚ ਤਰੱਕੀਆਂ ਤੋਂ ਵਾਂਝੇ ਰਹਿ ਗਏ ਬੈਕਲਾਗ ਵਾਲੇ ਅਧਿਆਪਕਾਂ ਨੂੰ 7 ਸਾਲ ਬਾਅਦ ਤਰੱਕੀ ਦੇ ਆਰਡਰ ਦੇਣ ਤੇ ਨੈਸ਼ਨਲ ਜੁਆਨਿੰਗ ਕਰਾਉਣ ਦੇ ਬਾਵਜੂਦ ਸਟੇਸ਼ਨ ਅਲਾਟ ਨਹੀਂ ਕੀਤੇ ਗਏ।ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਉਹ ਸੁਪਰੀਮ ਕੋਰਟ ਵਿੱਚ ਪੁਨਰ ਵਿਚਾਰ ਯਾਚਿਕਾ ਦਾਖਲ ਕਰਨ ਜਾਂ ਸੰਸਦ 'ਚ ਆਰਡੀਨੈਂਸ ਲਿਆ ਕੇ ਨੌਕਰੀ ਕਰ ਰਹੇ ਅਧਿਆਪਕਾਂ ਤੇ ਤਰੱਕੀਆਂ ਲਈ ਟੀ. ਈ. ਟੀ. ਤੋ ਛੋਟ ਦਿਵਾਉਣ ਤੇ ਪੈਂਡਿੰਗ ਪਈਆਂ ਤਰੱਕੀਆਂ ਨੂੰ ਤੁਰੰਤ ਨੇਪਰੇ ਚਾੜਨ।

# ਜ਼ਿਲ੍ਹਾ ਸੁਧਾਰ ਘਰ 'ਚ ਤਲਾਸ਼ੀ ਲਈ



**ਸ੍ਰੀ ਮੁਕਤਸਰ ਸਾਹਿਬ (ਸਮਿੰਦਰਪਾਲ, ਕੁਲਭੂਸ਼ਨ ਚਾਵਲਾ)**

ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਵੱਲੋਂ ਗੈਂਗਸਟਰਾਂ, ਸ਼ਰਾਰਤੀ ਅਨਸਰਾਂ ਤੇ ਗੈਰਕਾਨੂੰਨੀ ਅਪਰਾਧਿਕ ਨੈਟਵਰਕਾਂ ਖ਼ਿਲਾਫ਼ ਚਲਾਈ ਜਾ ਰਹੀ ਸੂਬਾ ਪੱਧਰੀ ਮੁਹਿੰਮ ਗੈਂਗਸਟਰਾਂ ਤੇ ਵਾਰ ਦੇ ਤਹਿਤ, ਐਸ.ਐਸ.ਪੀ. ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ ਦੀ ਨਿਗਰਾਨੀ ਹੇਠ ਜ਼ਿਲ੍ਹਾ ਪੁਲਸ ਵੱਲੋਂ ਜ਼ਿਲ੍ਹਾ ਸੁਧਾਰ ਘਰ (ਜੇਲ੍ਹ) 'ਚ ਇੱਕ ਵਿਸ਼ੇਸ਼ ਤੇ ਅਚਾਨਕ ਤਲਾਸ਼ੀ ਮੁਹਿੰਮ ਚਲਾਈ ਗਈ।ਇਹ ਸਰਚ ਅਭਿਆਨ ਲੋਕਾਂ ਦੀ ਸੁਰੱਖਿਆ, ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਤੇ ਜੇਲ੍ਹ ਪ੍ਰਬੰਧਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਕੀਤਾ ਗਿਆ।

ਇਹ ਵਿਸ਼ੇਸ਼ ਤਲਾਸ਼ੀ ਮੁਹਿੰਮ ਜੇਲ੍ਹ ਸੁਪਰਡੈਂਟ ਸ੍ਰੀ ਨਵਦੀਪ ਸਿੰਘ ਬਹਿਨੀਵਾਲ, ਸ੍ਰੀ ਗਗਨੇਸ਼ ਕੁਮਾਰ (ਐਸ.ਪੀ), ਸ੍ਰੀ ਰਾਹੁਲ ਗਰੋਵਰ (ਡਿਪਟੀ ਸੁਪਰਡੈਂਟ) ਦੇ ਸਹਿਯੋਗ ਨਾਲ ਤੇ ਸ੍ਰੀ ਬਚਨ ਸਿੰਘ, ਡੀਐਸਪੀ ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਚਲਾਈ ਗਈ।ਇਸ ਦੌਰਾਨ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਤੋਂ ਤਕਰੀਬਨ 120 ਤੋਂ ਵੱਧ ਪੁਲਿਸ ਅਧਿਕਾਰੀ ਤੇ ਕਰਮਚਾਰੀ ਮੌਕੇ 'ਤੇ ਤੈਨਾਤ ਰਹੇ।

ਅਧਿਕਾਰੀਆਂ ਨੇ ਦੱਸਿਆ ਕਿ ਜੇਲ੍ਹਾਂ ਦੀ ਅੰਦਰੂਨੀ ਸੁਰੱਖਿਆ 'ਤੇ ਲਗਾਤਾਰ ਨਜ਼ਰ ਰੱਖਣਾ ਬਹੁਤ ਜ਼ਰੂਰੀ ਹੈ, ਕਿਉਂਕਿ ਕਈ ਵਾਰ ਅਪਰਾਧਿਕ ਤੱਤ ਜੇਲ੍ਹ ਅੰਦਰੋਂ ਹੀ ਗੈਰਕਾਨੂੰਨੀ ਸਰਗਰਮੀਆਂ ਨੂੰ ਚਲਾਉਣ ਦੀ ਕੋਸ਼ਿਸ਼ ਕਰਦੇ ਹਨ।ਇਸ ਲਈ ਜੇਲ੍ਹ ਅੰਦਰ ਅਨੁਸ਼ਾਸਨ, ਕਾਨੂੰਨੀ ਪਾਬੰਦੀਆਂ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਅਜਿਹੀਆਂ ਅਚਾਨਕ ਤਲਾਸ਼ੀ ਮੁਹਿੰਮਾਂ ਸਮੇਂ-ਸਮੇਂ 'ਤੇ ਕੀਤੀਆਂ ਜਾਂਦੀਆਂ ਹਨ।

ਪੁਲਿਸ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਜੇਲ੍ਹ ਅੰਦਰ ਬੰਦ ਗੈਂਗਸਟਰਾਂ, ਨਸ਼ਾ ਤਸਕਰਾਂ ਜਾਂ ਹੋਰ ਅਪਰਾਧਿਕ ਤੱਤਾਂ ਨੂੰ ਕਿਸੇ ਵੀ ਤਰੀਕੇ ਨਾਲ ਬਾਹਰੀ ਸੰਪਰਕ ਬਣਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਸ੍ਰੀ ਮੁਕਤਸਰ ਸਾਹਿਬ ਪੁਲਿਸ ਦਾ ਉਦੇਸ਼ ਕੇਵਲ ਤਲਾਸ਼ੀ ਮੁਹਿੰਮ ਤੱਕ ਸੀਮਤ ਨਹੀਂ, ਸਗੋਂ ਜੇਲ੍ਹ ਅੰਦਰੋਂ ਚਲ ਰਹੇ ਜਾਂ ਸੰਭਾਵੀ ਗੈਰਕਾਨੂੰਨੀ ਨੈਟਵਰਕਾਂ ਨੂੰ ਪੂਰੀ ਤਰ੍ਹਾਂ ਤੋੜਨਾ ਹੈ।

# ਗੁਰਦੁਆਰਾ ਛਾਉਣੀ ਨਿਹੰਗ ਸਿੰਘਾਂ ਕੋਟ ਈਸੇ ਖਾਂ 'ਚ ਦਲ ਖਾਲਸਾ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਦਲ ਖਾਲਸਾ ਜ਼ਿਲ੍ਹਾ ਮੋਗਾ ਦੀ ਮੀਟਿੰਗ ਗੁਰਦੁਆਰਾ ਛਾਉਣੀ ਨਿਹੰਗ ਸਿੰਘਾਂ ਕੋਟ ਈਸੇ ਖਾਂ ਵਿਖੇ ਜ਼ਿਲ੍ਹਾ ਮੀਤ ਪ੍ਰਧਾਨ ਡਾ ਕੁਲਜੀਤ ਸਿੰਘ ਧਰਮਕੋਟ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਐਗਜੈਕਟਿਵ ਕਮੇਟੀ ਦੇ ਆਗੂ ਜਗਜੀਤ ਸਿੰਘ ਖੋਸਾ, ਡਾ ਸੁਰਜੀਤ ਸਿੰਘ ਖਾਲਸਤਾਨੀ ਉਚੇਚੇ ਤੌਰ 'ਤੇ ਹਾਜ਼ਰ ਹੋਏ। ਡਾ ਸੁਰਜੀਤ ਸਿੰਘ ਖਾਲਸਤਾਨੀ ਨੇ ਕਿਹਾ ਕਿ ਇਸ ਮੌਕੇ ਚਾਰ ਪੰਥਕ ਜਥੇਬੰਦੀਆਂ ਵੱਲੋਂ ਅਕਾਲ ਤਖ਼ਤ ਸਾਹਿਬ ਦੇ ਸਨਮੁਖ 26 ਜਨਵਰੀ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਅਕਾਲ ਤਖਤ ਸਾਹਿਬ ਵਿਖੇ ਸਰਬੱਤ ਖ਼ਾਲਸਾ ਯਾਦਗਾਰੀ ਸਮਾਗਮ ਦਾ ਐਲਾਨ ਕੀਤਾ ਹੈ, ਜਿਸ ਵਿੱਚ ਦਲ ਖਾਲਸਾ, ਅਕਾਲੀ ਦਲ ਅੰਮ੍ਰਿਤਸਰ, ਪੰਚ ਪ੍ਰਧਾਨੀ ਜੱਥਾ ਤੇ ਭਾਈ ਜਗਤਾਰ ਸਿੰਘ ਹਵਾਰਾ ਕਮੇਟੀ ਨੇ ਮਹੱਤਵਪੂਰਨ ਕਦਮ ਚੁੱਕਦਿਆਂ ਸਾਂਝੇ ਤੌਰ 'ਤੇ 26 ਜਨਵਰੀ 1986 ਨੂੰ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਸਰਬੱਤ ਖ਼ਾਲਸਾ ਦੇ 40 ਸਾਲ ਪੂਰੇ ਹੋਣ 'ਤੇ ਉਸ ਇਤਿਹਾਸਕ ਫੈਸਲੇ ਦੀ ਯਾਦ ਨੂੰ ਮਨਾਉਣ ਦਾ ਐਲਾਨ ਕੀਤਾ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਖਾਲਿਸਤਾਨੀ ਨੇ ਕਿਹਾ ਕਿ ਹੁਣ ਸਮੇਂ ਦੀ ਲੋੜ ਹੈ ਕਿ ਸਮੁੱਚਾ ਖਾਲਸਾ ਪੰਥ ਫਿਰ ਉਸੇ ਤਰ੍ਹਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਪ੍ਰਸਤੀ ਹੇਠ ਇਕੱਤਰ ਹੋ ਕੇ ਕੌਮ ਦੇ ਭਵਿੱਖ ਲਈ ਫੈਸਲੇ ਕਰੇ। ਦਲ ਖਾਲਸਾ ਦੇ ਸੀਨੀਅਰ ਆਗੂ ਪੰਜਾਬ ਐਗਜੈਕਟਿਵ ਕਮੇਟੀ ਮੈਂਬਰ ਜਗਜੀਤ ਸਿੰਘ ਖੋਸਾ ਨੇ ਕਿਹਾ ਕਿ ਸਿੱਖ ਸੰਘਰਸ਼ ਦੀਆਂ ਚਾਰ ਪ੍ਰਮੁੱਖ ਜਥੇਬੰਦੀਆਂ, ਜੋ ਲੰਮੇ ਸਮੇਂ ਤੋਂ ਖਾਲਿਸਤਾਨ ਲਈ ਜੱਦੋ ਜਹਿਦ ਕਰ ਰਹੀਆਂ ਹਨ, ਨੇ ਮਿਲ ਕੇ ਐਲਾਨ ਕੀਤਾ ਕਿ ਸਿੱਖ ਸੰਗਤਾਂ ਦਾ ਵੱਡਾ ਇਕੱਠ ਆਉਣ ਵਾਲੀ 26 ਜਨਵਰੀ ਨੂੰ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਜੁੜੇਗਾ, ਜਿੱਥੇ ਖਾਲਿਸਤਾਨ ਸੰਘਰਸ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ, ਬੰਦੀ ਸਿੰਘਾਂ ਦੀ ਬੰਦ ਖ਼ਲਾਸੀ ਤੇ ਪੰਥਕ ਜੱਦੋ-ਜਹਿਦ ਦੀ ਸਫਲਤਾ ਲਈ ਅਰਦਾਸ ਕੀਤੀ ਜਾਵੇਗੀ।ਮੀਤ ਪ੍ਰਧਾਨ ਡਾ. ਕੁਲਜੀਤ ਸਿੰਘ ਧਰਮਕੋਟ ਨੇ ਕਿਹਾ ਕਿ 328 ਪਾਵਨ ਸਰੂਪਾਂ ਸਮੇਤ ਪੰਥ ਨਾਲ ਜੁੜੇ ਅਹਿਮ ਅਤੇ ਭਖਵੇਂ ਮੁੱਦਿਆਂ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਬਣੇ ਵਿਸਫੋਟਕ ਹਾਲਾਤਾਂ ਬਾਰੇ ਦੱਸਿਆ ਕਿ ਦਰਬਾਰ ਸਾਹਿਬ ਹਮਲੇ ਤੋਂ ਬਾਅਦ ਜਦੋਂ ਸਰਕਾਰੀ ਅੱਤਿਆਚਾਰ ਜ਼ੋਰਾਂ 'ਤੇ ਸੀ ਅਤੇ ਲਹਿਰ ਦਾ ਸਰਗਰਮ ਹਿੱਸਾ ਅੰਡਰ ਗਰਾਊਂਡ ਹੋਣ ਲਈ ਮਜਬੂਰ ਸੀ ਤਾਂ ਉਸ ਵੇਲੇ ਦਮਦਮੀ ਟਕਸਾਲ ਨੇ ਪਹਿਲਕਦਮੀ ਕਰਦਿਆਂ 26 ਜਨਵਰੀ ਨੂੰ ਅਕਾਲ ਤਖ਼ਤ ਉੱਤੇ ਸਰਬੱਤ ਖ਼ਾਲਸਾ ਸੱਦ ਕੇ ਖਿੰਡਰੀ ਹੋਈ ਪੰਥਕ ਸ਼ਕਤੀ ਨੂੰ ਇਕੱਠਾ ਕਰਨ ਦਾ ਉਪਰਾਲਾ ਕੀਤਾ।ਉਨ੍ਹਾਂ ਕਿਹਾ ਕਿ 40 ਸਾਲ ਬਾਅਦ ਅੱਜ ਵੀ ਪੰਥਕ ਸ਼ਕਤੀ ਖਿੰਡੀ ਪਈ ਹੈ ਤੇ ਸਾਡਾ ਇਹ ਉਪਰਾਲਾ ਉਸਨੂੰ ਇਕੱਠੇ ਕਰਕੇ ਸਿੱਖ ਸੰਘਰਸ਼ ਦੇ ਟੀਚਿਆਂ ਨੂੰ ਪ੍ਰਾਪਤ ਕਰਨ ਹਿੱਤ ਪੰਥਕ ਏਕਤਾ ਦਾ ਮੁੜ ਇੱਕ ਵਾਰ ਮੁੱਢ ਬਨਣਾ ਬਹੁਤ ਹੀ ਜਰੂਰੀ ਹੈ।

# ਗੈਂਗਸਟਰਾਂ ਨੂੰ ਖਤਮ ਕਰਨ ਲਈ ਪ੍ਰਹਾਰ ਮੁਹਿੰਮ ਸ਼ਲਾਘਾਯੋਗ : ਟਿੱਕੂ ਮੱਲ ਕੇ, ਸਰਪੰਚ ਲੱਖਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਟਰੱਕ ਯੂਨੀਅਨ ਦੇ ਪ੍ਰਧਾਨ ਅੰਤਰਜੀਤ ਸਿੰਘ ਟਿੱਕੂ ਮੱਲ ਕੇ ਤੇ ਪਿੰਡ ਚੰਨੂਵਾਲਾ ਦੇ ਸਰਪੰਚ ਕੁਲਜੀਤ ਸਿੰਘ ਲੱਖਾ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਮਾਨ ਸਰਕਾਰ ਵੱਲੋਂ ਗੈਂਗਸਟਰਾਂ ਨੂੰ ਸਲਾਖਾਂ ਪਿੱਛੇ ਸੁੱਟਣ ਲਈ ਚਲਾਈ ਗਈ ਮੁਹਿੰਮ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਪਰਾਧ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਚੁੱਕੇ ਜਾ ਰਹੇ ਕੜੇ ਕਦਮ ਸਮੇਂ ਦੀ ਲੋੜ ਹਨ ਤੇ ਇਨ੍ਹਾਂ ਨਾਲ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਮਜ਼ਬੂਤ ਹੋਈ ਹੈ। ਅੰਤਰਜੀਤ ਸਿੰਘ ਟਿੱਕੂ ਮੱਲ ਕੇ ਨੇ ਕਿਹਾ ਕਿ ਗੈਂਗਸਟਰਵਾਦ ਕਾਰਨ ਪਿਛਲੇ ਕਾਫ਼ੀ ਸਮੇਂ ਤੋਂ ਵਪਾਰਕ ਵਰਗ, ਟਰਾਂਸਪੋਰਟਰ ਤੇ ਆਮ ਲੋਕਾਂ ਵਿੱਚ ਡਰ ਦਾ ਮਾਹੌਲ ਬਣਿਆ ਹੋਇਆ ਸੀ, ਪਰ ਮਾਨ ਸਰਕਾਰ ਵੱਲੋਂ ਗੈਂਗਸਟਰਾਂ ਖ਼ਿਲਾਫ਼ ਸ਼ੁਰੂ ਕੀਤੀ ਮੁਹਿੰਮ ਨਾਲ ਅਪਰਾਧੀਆਂ 'ਚ ਖੌਫ਼ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹਮੇਸ਼ਾ ਹੀ ਪੰਜਾਬ ਦੇ ਲੋਕਾਂ ਦੇ ਨਾਲ ਖੜੀ ਹੈ ਤੇ ਲੋਕਾਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾ ਰਹੀ ਹੈ।ਚੰਨੂਵਾਲਾ ਦੇ ਸਰਪੰਚ ਕੁਲਜੀਤ ਸਿੰਘ ਲੱਖਾ ਨੇ ਵੀ ਮਾਨ ਸਰਕਾਰ ਦੀ ਨੀਤੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅੱਜ ਪੰਜਾਬ ਦਾ ਆਮ ਨਾਗਰਿਕ ਆਪਣੇ ਆਪ ਨੂੰ ਪਹਿਲਾਂ ਨਾਲੋਂ ਜ਼ਿਆਦਾ ਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਅਪਰਾਧ ਦੇ ਖ਼ਾਤਮੇ ਲਈ ਕੋਈ ਸਮਝੌਤਾ ਨਹੀਂ ਕੀਤਾ ਜਾ ਰਿਹਾ, ਜੋ ਕਿ ਕਾਬਿਲ-ਏ-ਤਾਰੀਫ਼ ਹੈ। ਇਸ ਮੌਕੇ ਉਨ੍ਹਾਂ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਕਾਰਗੁਜ਼ਾਰੀ ਦੀ ਵੀ ਪ੍ਰਸ਼ੰਸਾ ਕੀਤੀ।ਉਨ੍ਹਾਂ ਕਿਹਾ ਕਿ ਵਿਧਾਇਕ ਸੁਖਾਨੰਦ ਵੱਲੋਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਹਲਕੇ ਦੇ ਸਮੂਹਿਕ ਵਿਕਾਸ ਨੂੰ ਤਰਜ਼ੀਹ ਦਿੱਤੀ ਜਾ ਰਹੀ ਹੈ।ਉਨ੍ਹਾਂ ਆਖਿਆ ਕਿ ਬਾਘਾਪੁਰਾਣਾ ਹਲਕੇ ਅੰਦਰ ਸੜਕਾਂ, ਗਲੀਆਂ, ਨਾਲੀਆਂ, ਪੀਣ ਵਾਲੇ ਪਾਣੀ, ਬਿਜਲੀ ਤੇ ਹੋਰ ਬੁਨਿਆਦੀ ਸੁਵਿਧਾਵਾਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਵਿਧਾਇਕ ਸੁਖਾਨੰਦ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਦੇ ਹਨ ਤੇ ਉਨ੍ਹਾਂ ਦੇ ਹੱਲ ਲਈ ਸਰਕਾਰੀ ਪੱਧਰ 'ਤੇ ਯਤਨਸ਼ੀਲ ਰਹਿੰਦੇ ਹਨ।

# ਪਬਲਿਕ ਕਾਲਜ ਵੱਲੋਂ ਆਨਲਾਈਨ ਅਧਿਆਪਕ ਵਿਕਾਸ ਪ੍ਰੋਗਰਾਮ



**ਸਮਾਣਾ (ਇਕਬਾਲ ਸਿੰਘ ਬੱਲ)**-ਪਬਲਿਕ ਕਾਲਜ ਵਿੱਚ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਦੀ ਅਗਵਾਈ ਹੇਠ ਰਾਸ਼ਟਰੀ ਪੱਧਰ ਦਾ ਇੱਕ ਹਫ਼ਤੇ ਦਾ ਆਨਲਾਈਨ ਅਧਿਆਪਕ ਵਿਕਾਸ ਪ੍ਰੋਗਰਾਮ ਸਫ਼ਲਤਾਪੂਰਵਕ ਆਯੋਜਤ ਕੀਤਾ ਗਿਆ।ਇਹ ਪ੍ਰੋਗਰਾਮ 'ਸਮੁੱਚੀ, ਖੋਜ-ਅਧਾਰਤ ਤੇ ਬਹੁ-ਵਿਸ਼ਿਆਂਕ ਸਿੱਖਿਆ ਰਾਹੀਂ ਉੱਚ ਸਿੱਖਿਆ ਦਾ ਸਸ਼ਕਤੀਕਰਨ : ਨਵੀਂ ਸਿੱਖਿਆ ਨੀਤੀ -2020' ਵਿਸ਼ੇ 'ਤੇ ਅਧਾਰਤ ਸੀ। ਪ੍ਰਗੋਰਾਮ ਦਾ ਆਯੋਜਨ ਕਾਲਜ ਦੀ ਅੰਦਰੂਨੀ ਗੁਣਵੱਤਾ ਯਕੀਨੀਕਰਨ ਇਕਾਈ ਵੱਲੋਂ ਕੀਤਾ ਗਿਆ। ਜਿਸ ਵਿੱਚ ਇਕਾਈ ਦੀ ਸਹਿ-ਸੰਚਾਲਕ ਡਾ. ਹਰਕੀਰਤਨ ਕੌਰ ਦੀ ਅਹਿਮ ਭੂਮਿਕਾ ਰਹੀ।ਕਾਰਜਕ੍ਰਮ ਦੀ ਸੰਚਾਲਕ ਡਾ. ਨਿਧੀ ਬਾਂਸਲ ਸਨ, ਜਦ ਕਿ ਆਯੋਜਕ ਸਕੱਤਰ ਡਾ. ਨਿਕੀਤਾ ਨੇ ਪੂਰੇ ਕਾਰਜਕ੍ਰਮ ਦੇ ਸੁਚਾਰੂ ਅਤੇ ਸਫਲ ਸੰਚਾਲਨ ਦੀ ਜ਼ਿੰਮੇਵਾਰੀ ਨਿਭਾਈ।ਇੱਕ ਹਫ਼ਤੇ ਤੱਕ ਚੱਲੇ ਇਸ ਆਨਲਾਈਨ ਅਧਿਆਪਕ ਵਿਕਾਸ ਕਾਰਜਕ੍ਰਮ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਦੇ ਨਾਲ-ਨਾਲ ਵਿਦੇਸ਼ਾਂ ਤੋਂ ਵੀ ਵੱਡੀ ਗਿਣਤੀ ਵਿੱਚ ਅਧਿਆਪਕਾਂ ਤੇ ਖੋਜ ਵਿਦਿਆਰਥੀਆਂ ਨੇ ਭਾਗ ਲਿਆ।ਭਾਗੀਦਾਰਾਂ ਦੀ ਇਸ ਵਿਸ਼ਾਲ ਅਤੇ ਵਿਭਿੰਨ ਹਾਜ਼ਰੀ ਨੇ ਕਾਰਜਕ੍ਰਮ ਨੂੰ ਰਾਸ਼ਟਰੀ ਹੀ ਨਹੀਂ, ਸਗੋਂ ਅੰਤਰਰਾਸ਼ਟਰੀ ਪੱਧਰ 'ਤੇ ਵੀ ਮਹੱਤਵਪੂਰਨ ਬਣਾਇਆ।ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨਵੀਂ ਸਿੱਖਿਆ ਨੀਤੀ-2020 ਦੇ ਤਹਿਤ ਉੱਚ ਸਿੱਖਿਆ ਵਿੱਚ ਸਮੁੱਚੇ ਵਿਕਾਸ, ਖੋਜ-ਅਧਾਰਤ ਅਧਿਆਪਨ ਪ੍ਰਣਾਲੀ ਅਤੇ ਬਹੁ-ਵਿਸ਼ਿਆਂਕ ਦ੍ਰਿਸ਼ਟੀਕੋਣ ਨੂੰ ਉਤਸ਼ਾਹਤ ਕਰਨਾ ਸੀ।ਕਾਰਜਕ੍ਰਮ ਦੌਰਾਨ ਵੱਖ-ਵੱਖ ਵਿਸ਼ੇਸ਼ ਗਿਆਨ ਵਕਤਾਵਾਂ ਵੱਲੋਂ ਸਿੱਖਿਆ ਨੀਤੀ-2020, ਖੋਜ ਸੰਸਕ੍ਰਿਤੀ ਦਾ ਵਿਕਾਸ ਬਹੁ-ਵਿਸ਼ਿਆਂਕ ਸਿੱਖਣ ਪ੍ਰਣਾਲੀ, ਹੁਨਰ-ਅਧਾਰਿਤ ਸਿੱਖਿਆ ਤੇ ਉੱਚ ਸਿੱਖਿਆ ਵਿੱਚ ਨਵੀਨਤਾਵਾਂ ਵਰਗੇ ਅਹਿਮ ਵਿਸ਼ਿਆਂ ਤੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ ਗਏ।ਸਾਰੇ ਸੈਸ਼ਨ ਇੰਟਰਐਕਟਿਵ ਰਹੇ, ਜਿਸ ਨਾਲ ਭਾਗੀਦਾਰਾਂ ਨੂੰ ਪ੍ਰਸ਼ਨ ਪੁੱਛਣ ਤੇ ਆਪਣੇ ਅਨੁਭਵ ਸਾਂਝੇ ਕਰਨ ਦਾ ਪੂਰਾ ਮੌਕਾ ਮਿਲਿਆ।

# ਮੁੱਖ ਮੰਤਰੀ ਸਿਹਤ ਯੋਜਨਾ ਲੋਕਾਂ ਲਈ ਸੁਰੱਖਿਆ ਦੀ ਇਤਿਹਾਸਕ ਗਾਰੰਟੀ : ਰਹਿਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਪੰਜਾਬ ਸਰਕਾਰ ਵੱਲੋਂ ਜਨਤਕ ਸਿਹਤ ਸੰਭਾਲ ਦੇ ਖੇਤਰ ਵਿੱਚ ਇੱਕ ਇਤਿਹਾਸਕ ਅਤੇ ਕ੍ਰਾਂਤੀਕਾਰੀ ਕਦਮ ਚੁੱਕਦਿਆਂ ਸੂਬੇ ਦੇ ਲੋਕਾਂ ਨੂੰ ਮਿਆਰੀ ਅਤੇ ਨਕਦੀ ਰਹਿਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਉਣ ਲਈ 'ਮੁੱਖ ਮੰਤਰੀ ਸਿਹਤ ਯੋਜਨਾ' ਦੀ ਰਸਮੀ ਸ਼ੁਰੂਆਤ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਐਸ.ਏ.ਐਸ. ਨਗਰ ਮੋਹਾਲੀ ਤੋਂ ਕੀਤੀ ਗਈ। ਇਸ ਇਤਿਹਾਸਕ ਮੌਕੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸਤਿੰਦਰ ਜੈਨ ਅਤੇ ਸਿਹਤ ਮੰਤਰੀ ਡਾ. ਬਲਵੀਰ ਸਿੰਘ, ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਸਮਾਗਮ ਦਾ ਵਰਚੂਅਲ ਲਾਈਵ ਪ੍ਰਸਾਰਨ ਸਥਾਨਕ ਪੰਜਾਬ ਉਰਦੂ ਅਕਾਦਮੀ ਵਿਖੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਸਰਪੰਚ, ਪੰਚ, ਕੌਂਸਲਰ, ਪਾਰਟੀ ਵਰਕਰ ਅਤੇ ਇਲਾਕੇ ਦੇ ਹੋਰ ਪਤਵੰਤੇ ਵੱਡੀ ਗਿਣਤੀ ਵਿੱਚ ਹਾਜ਼ਰ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਇਸ ਯੋਜਨਾ ਨੂੰ ਜਨਤਕ ਸਿਹਤ ਸੰਭਾਲ ਲਈ ਇੱਕ ਇਤਿਹਾਸਕ ਮੀਲ ਪੱਥਰ ਕਰਾਰ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਤੇ ਲੋਕ-ਹਿਤੈਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਆਮ ਆਦਮੀ ਨੂੰ ਸਿਹਤ ਸੁਰੱਖਿਆ ਦੀ ਪੂਰੀ ਗਾਰੰਟੀ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦੇ 65 ਲੱਖ ਪਰਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਦੀ ਸਹੂਲਤ ਮਿਲੇਗੀ। ਇਸ ਯੋਜਨਾ ਵਿੱਚ ਨਾ ਕੋਈ ਆਮਦਨ ਸੀਮਾ ਰੱਖੀ ਗਈ ਹੈ ਅਤੇ ਨਾ ਹੀ ਕੋਈ ਹੋਰ ਸ਼ਰਤ। ਪੰਜਾਬ ਦਾ ਆਧਾਰ ਕਾਰਡ ਅਤੇ ਵੋਟਰ ਕਾਰਡ ਰੱਖਣ ਵਾਲਾ ਹਰ ਨਿਵਾਸੀ ਇਸ ਯੋਜਨਾ ਦਾ ਲਾਭਪਾਤਰੀ ਬਣ ਸਕੇਗਾ। ਡਾ.ਜਮੀਲ ਉਰ ਰਹਿਮਾਨ ਨੇ ਦੱਸਿਆ ਕਿ ਰਜਿਸਟ੍ਰੇਸ਼ਨ ਲਈ ਯੂਥ ਡਿਵੈਲਪਮੈਂਟ ਬੋਰਡ ਦੇ ਸਿਹਤ ਮਿੱਤਰਾ ਹਰੇਕ ਘਰ ਵਿੱਚ ਨਿੱਜੀ ਤੌਰ ਉੱਤੇ ਜਾਣਗੇ। ਹਰੇਕ ਪਰਵਾਰ ਨੂੰ ਇਕ ਰਜਿਸਟ੍ਰੇਸ਼ਨ ਸਲਿੱਪ ਦਿੱਤੀ ਜਾਵੇਗੀ। ਜਿਸ ਉੱਤੇ ਰਜਿਸਟ੍ਰੇਸ਼ਨ ਕਰਵਾਉਣ ਲਈ ਦਿਨ, ਸਮਾਂ ਅਤੇ ਸਥਾਨ ਦੱਸਿਆ ਜਾਵੇਗਾ। ਨਿਰਧਾਰਤ ਸਮੇਂ ਅਨੁਸਾਰ ਕਾਮਨ ਸਰਵਿਸ ਸੈਂਟਰ ਜਾ ਕੇ ਰਜਿਸਟ੍ਰੇਸ਼ਨ ਕਾਰਵਾਈ ਜਾ ਸਕੇਗੀ। ਰਜਿਸਟ੍ਰੇਸ਼ਨ ਮੁਕੰਮਲ ਹੋਣ ਉੱਤੇ ਇੱਕ ਰਸੀਦ ਦਿੱਤੀ ਜਾਵੇਗੀ ਜਿਸ ਦਾ ਭਾਵ ਹੋਵੇਗਾ ਕਿ ਤੁਸੀਂ ਇਲਾਜ ਲਈ ਯੋਗ ਹੋ ਚੁੱਕੇ ਹੋ। 2 ਜਾਂ 3 ਹਫ਼ਤੇ ਵਿੱਚ ਕਾਰਡ ਵੀ ਬਣ ਕੇ ਆ ਜਾਣਗੇ। ਜ਼ਿਲ੍ਹੇ 'ਚ ਆਮ ਲੋਕਾਂ ਦੀ ਸਹੂਲਤ ਲਈ 43 ਰਜਿਸਟ੍ਰੇਸ਼ਨ ਕੇਂਦਰ ਸਥਾਪਿਤ ਕੀਤੇ ਜਾ ਰਹੇ ਹਨ ਤਾਂ ਜੋ ਹਰੇਕ ਜ਼ਿਲ੍ਹਾ ਵਸਨੀਕ ਨੂੰ ਇਸ ਯੋਜਨਾ ਤਾ ਲਾਭ ਮਿਲ ਸਕੇ।

ਉਨ੍ਹਾਂ ਦੱਸਿਆ ਕਿ ਮਾਲੇਰਕੋਟਲਾ ਵਿਖੇ 26, ਅਮਰਗੜ੍ਹ ਵਿਖੇ 5 ਅਤੇ ਅਹਿਮਦਗੜ੍ਹ ਵਿਖੇ 12 ਸਥਾਨਾਂ ਤੇ ਸਿਹਤ ਕਾਰਡਾਂ ਲਈ ਰਜਿਸਟ੍ਰੇਸ਼ਨ ਕੀਤੀ ਜਾਵੇਗੀ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਮਾਲੇਰਕੋਟਲਾ ਜਾਫਿਰ ਅਲੀ, ਚੇਅਰਮੈਨ ਮਾਰਕੀਟ ਕਮੇਟੀ ਸੰਦੌੜ ਕਰਮਜੀਤ ਸਿੰਘ, ਪੀ.ਏ. ਟੂ ਵਿਧਾਇਕ ਮਾਲੇਰਕੋਟਲਾ ਗੁਰਮੁਖ ਸਿੰਘ, ਜ਼ਿਲ੍ਹਾ ਕੁਆਰਡੀਨੇਟਰ ਮਹਿਲਾ ਵਿੰਗ ਪ੍ਰਵੀਨ ਯਾਸਿਰ ਅਰਾਫਾਤ, ਅਸ਼ਰਫ ਅਬਦੁੱਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਆਮ ਸ਼ਹਿਰ ਨਿਵਾਸੀ ਮੌਜੂਦ ਸਨ।

# ਜੀ ਐਸ ਟੀ ਨਿਯਮਾਂ ਦੀ ਉਲੰਘਣਾ ਕਰਨ ਵਾਲੀ ਫਰਮ ਦੇ ਮਾਲਕ ਵਿਰੁੱਧ ਵੱਡੀ ਕਾਰਵਾਈ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੀ.ਐਸ.ਟੀ. ਵਿਭਾਗ ਵੱਲੋਂ ਛੋਟੇ ਵਪਾਰੀਆਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦਿਆਂ ਰੂਲ 14 ਏ ਅਧੀਨ ਜੀ.ਐਸ.ਟੀ. ਰਜਿਸਟ੍ਰੇਸ਼ਨ ਦੀ ਸਹੂਲੀਅਤ ਮੁਹੱਈਆ ਕਰਾਈ ਗਈ ਹੈ।ਇਸ ਰੂਲ ਤਹਿਤ ਉਹ ਛੋਟੇ ਵਪਾਰੀ, ਜਿਨ੍ਹਾਂ ਦੀ ਪ੍ਰਤੀ ਮਹੀਨਾ ਟੈਕਸ ਦੇਣਯੋਗ ਰਕਮ 2.50 ਲੱਖ ਰੁਪਏ ਤੋਂ ਵੱਧ ਨਹੀਂ ਹੈ, ਇਸ ਆਟੋ ਅਪਰੂਵਲ ਪ੍ਰਕਿਰਿਆ ਅਧੀਨ ਜੀ.ਐਸ.ਟੀ. ਰਜਿਸਟ੍ਰੇਸ਼ਨ ਲਈ ਅਰਜ਼ੀ ਦੇ ਸਕਦੇ ਹਨ।ਇਸ ਰੂਲ ਅਧੀਨ ਅਪਲਾਈ ਕਰਨ ਵਾਲੇ ਯੋਗ ਵਪਾਰੀਆਂ ਨੂੰ ਉਸੇ ਦਿਨ ਜੀ.ਐਸ.ਟੀ. ਨੰਬਰ ਪ੍ਰਵਾਨ ਹੋ ਕੇ ਜਾਰੀ ਹੋ ਜਾਂਦਾ ਹੈ, ਜਿਸ ਨਾਲ ਵਪਾਰੀਆਂ ਨੂੰ ਬਿਨਾਂ ਕਿਸੇ ਦੇਰੀ ਦੇ ਆਪਣਾ ਵਪਾਰ ਕਾਨੂੰਨੀ ਤੌਰ 'ਤੇ ਸ਼ੁਰੂ ਕਰਨ ਵਿੱਚ ਸਹੂਲਤ ਮਿਲਦੀ ਹੈ।ਇਹ ਸਕੀਮ ਸਰਕਾਰ ਵੱਲੋਂ 01 ਨਵੰਬਰ 2025 ਤੋਂ ਲਾਗੂ ਕੀਤੀ ਗਈ ਹੈ, ਜਿਸਦਾ ਮਕਸਦ ਛੋਟੇ ਵਪਾਰੀਆਂ ਨੂੰ ਉਤਸ਼ਾਹਿਤ ਕਰਨਾ, ਰਜਿਸਟ੍ਰੇਸ਼ਨ ਪ੍ਰਕਿਰਿਆ ਨੂੰ ਅਸਾਨ ਬਣਾਉਣਾ ਹੈ, ਪ੍ਰੰਤੂ ਇਸ ਸਕੀਮ ਦਾ ਲਾਭ ਕੋਈ ਸ਼ਰਾਰਤੀ ਅਨਸਰ ਨਾ ਲੈ ਜਾਵੇ, ਇਸ ਸਬੰਧੀ ਵਿਭਾਗ ਦੇ ਉੱਚ ਅਧਿਕਾਰੀਆਂ ਸ੍ਰੀ ਅਜੀਤ ਬਾਲਾਜੀ ਜੋਸ਼ੀ ਪ੍ਰਬੰਧਕੀ ਸਕੱਤਰ ਕਰ ਵਿਭਾਗ, ਸ੍ਰੀ ਜਤਿੰਦਰ ਜੋਰਵਾਲ, ਕਰ ਕਮਿਸ਼ਨਰ ਪੰਜਾਬ ਅਤੇ ਸ੍ਰੀਮਤੀ ਰਣਧੀਰ ਕੌਰ ਉਪ ਕਮਿਸ਼ਨਰ ਰਾਜ ਕਰ ਲੁਧਿਆਣਾ ਮੰਡਲ ਵੱਲੋਂ ਸਪੈਸ਼ਲ ਮੁਹਿੰਮ ਚਲਾਈ ਗਈ ਹੈ।ਮੁਹਿੰਮ ਦੌਰਾਨ ਮਿਸ ਜੀਤਪਾਲ ਕੌਰ ਸਹਾਇਕ ਕਮਿਸ਼ਨਰ ਰਾਜ ਕਰ ਫਤਹਿਗੜ੍ਹ ਸਾਹਿਬ ਵੱਲੋਂ ਮੈਸ ਮਹਿਕ ਇੰਟਰਪ੍ਰਾਈਸਜ਼ ਜੀ.ਐਸ.ਟੀ. ਨੰਬਰ ਦੇ ਮਾਲਕ ਖਿਲਾਫ਼ ਐਫ਼ ਆਈ ਆਰ ਨੰਬਰ 27 ਮਿਤੀ 21.01.2026 ਨੂੰ ਪਰਚਾ ਦਰਜ ਕਰਾਇਆ ਗਿਆ ਹੈ।ਜੀਤਪਾਲ ਕੌਰ ਸਹਾਇਕ ਕਮਿਸ਼ਨਰ ਰਾਜ ਕਰ ਨੇ ਦੱਸਿਆ ਕਿ ਇਸ ਫਰਮ ਨੇ ਰੂਲ 14 ਏ ਅਧੀਨ ਜੀ.ਐਸ.ਟੀ. ਨੰਬਰ ਪ੍ਰਾਪਤ ਕਰਨ ਉਪਰੰਤ ਬਿਨ੍ਹਾਂ ਕਿਸੇ ਪ੍ਰਚੇਜ਼ ਦੇ ਲਗਭਗ 26.12 ਕਰੋੜ ਰੁਪਏ ਦੇ ਈਵੇਅ ਬਿੱਲ ਜਾਰੀ ਕੀਤੇ, ਜਿਸ ਉੱਤੇ ਕਰੀਬ 4.70 ਕਰੋੜ ਰੁਪਏ ਦਾ ਟੈਕਸ ਬਣਦਾ ਹੈ, ਜੋ ਇਹ ਕਾਰਵਾਈ ਸਪੱਸ਼ਟ ਤੌਰ 'ਤੇ ਰੂਲ 14 ਏ ਦੀ ਉਲੰਘਣਾ ਹੈ।ਜਾਂਚ 'ਚ ਇਹ ਵੀ ਸਾਹਮਣੇ ਆਇਆ ਹੈ ਕਿ ਫਰਮ ਵੱਲੋਂ ਜੀ.ਐਸ.ਟੀ. ਰਜਿਸਟ੍ਰੇਸ਼ਨ ਲਈ ਅਪਲਾਈ ਕਰਨ ਸਮੇਂ ਕਿਰਾਇਆਨਾਮਾ ਜਾਅਲੀ ਅਪਲੋਡ ਕੀਤਾ ਗਿਆ ਸੀ।ਗੰਭੀਰ ਉਲੰਘਣਾ ਨੂੰ ਧਿਆਨ ਵਿੱਚ ਰੱਖਦਿਆਂ ਵਿਭਾਗ ਵੱਲੋਂ ਫਰਮ ਦਾ ਜੀ.ਐਸ.ਟੀ. ਰਜਿਸਟ੍ਰੇਸ਼ਨ ਕੈਂਸਲ ਕਰ ਦਿੱਤਾ ਗਿਆ ਹੈ।ਜੀਤਪਾਲ ਕੌਰ ਨੇ ਦੱਸਿਆ ਕਿ ਵਿਭਾਗ ਦੇ ਧਿਆਨ ਵਿੱਚ ਇਹ ਵੀ ਆਇਆ ਹੈ ਕਿ ਕੁਝ ਸਾਇਬਰ ਕੈਫੇ ਸੰਚਾਲਕ ਜੀ.ਐਸ.ਟੀ. ਦੇ ਇਸ ਰੂਲ ਦੀ ਉਲੰਘਣਾ ਕਰਨ ਵਿੱਚ ਆਮ ਲੋਕਾਂ ਨੂੰ ਉਤਸ਼ਾਹਤ ਕਰ ਰਹੇ ਹਨ ਤੇ ਗਲਤ ਤਰੀਕੇ ਨਾਲ ਰੂਲ 14 ਏ ਅਧੀਨ ਜੀ.ਐਸ.ਟੀ. ਨੰਬਰ ਦਿਵਾਉਣ ਵਿੱਚ ਸਹਾਇਤਾ ਕਰ ਰਹੇ ਹਨ।ਜੀ.ਐਸ.ਟੀ. ਵਿਭਾਗ ਵੱਲੋਂ ਅਜਿਹੇ ਸ਼ਰਾਰਤੀ ਅਨਸਰਾਂ ਅਤੇ ਜਾਅਲੀ ਬਿਲਿੰਗ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਸਾਲ 2025—26 ਦੌਰਾਨ ਸਟੇਟ ਜੀ.ਐਸ.ਟੀ. ਵਿਭਾਗ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵੱਲੋਂ ਟੈਕਸ ਚੋਰੀ ਕਰਨ ਵਾਲਿਆਂ ਖਿਲਾਫ਼ ਇਸ ਤੋਂ ਪਹਿਲਾਂ ਤਿੰਨ ਹੋਰ ਐਫ਼.ਆਈ.ਆਰ ਵੀ ਦਰਜ ਕਰਾਈਆਂ ਗਈਆਂ।ਉੱਚ ਅਧਿਕਾਰੀਆਂ ਵੱਲੋਂ ਪ੍ਰਾਪਤ ਹਦਾਇਤਾਂ ਅਨੁਸਾਰ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੀਆਂ ਗਤੀਵਿਧੀਆਂ 'ਚ ਸ਼ਾਮਲ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

# 10 ਲੱਖ ਦੀ ਸਿਹਤ ਬੀਮਾ ਸਹੂਲਤ ਸ਼ੁਰੂ ਹੋਣ ਨਾਲ ਵੱਡਾ ਫਾਇਦਾ : ਕੋਹਲੀ



**ਪਟਿਆਲਾ (ਰਾਜਿੰਦਰ ਥਿੰਦ)**

ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡਾ ਫੈਸਲਾ ਲਿਆ ਗਿਆ ਹੈ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਵੱਲੋਂ ਇਸ ਸਕੀਮ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਦੇ ਚੱਲਦਿਆਂ ਪੰਜਾਬ ਦੇ ਸਾਰੇ ਨਾਗਰਿਕਾਂ ਨੂੰ ਹਰ ਸਾਲ 10 ਲੱਖ ਰੁਪਏ ਦੀ ਸਿਹਤ ਬੀਮੇ ਦੀ ਸਹੂਲਤ ਮਿਲੇਗੀ।ਉਨ੍ਹਾਂ ਕਿਲ੍ਹਾ ਚੌਕ ਤੋਂ ਪਟਿਆਲਾ ਸ਼ਹਿਰੀ ਹਲਕੇ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ। ਇਸ ਮੌਕੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਸਮੇਤ ਸਮੂਹ ਕੌਂਸਲਰ ਤੇ ਆਗੂ ਸ਼ਾਮਲ ਸਨ।

ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਨੇ ਪਟਿਆਲਾ ਸ਼ਹਿਰੀ ਦੇ ਸਾਰੇ ਕੌਂਸਲਰਾਂ ਨੂੰ ਕਿਹਾ ਕਿ ਆਪੋ ਆਪਣੀ ਵਾਰਡ 'ਚ ਜਾ ਕੇ ਇਸ ਸਕੀਮ ਬਾਰੇ ਲੋਕਾਂ ਨੂੰ ਜਾਣੂ ਕਰਾਇਆ ਜਾਵੇ ਤੇ ਕਾਰਡ ਬਣਾਉਣ ਦੀ ਮੁਹਿੰਮ ਸ਼ੁਰੂ ਕੀਤੀ ਜਾਵੇ।ਵਿਧਾਇਕ ਕੋਹਲੀ ਨੇ ਦੱਸਿਆ ਕਿ ਇਸ ਸਬੰਧੀ ਯੂਨਾਈਟਿਡ ਇੰਡੀਆ ਇੰਸ਼ੋਰੈਂਸ ਕੰਪਨੀ ਨਾਲ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਪੰਜਾਬ ਦੇ ਹਰੇਕ ਪਰਵਾਰ ਨੂੰ 10 ਲੱਖ ਰੁਪਏ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕੀਤਾ ਜਾਵੇਗਾ।ਵਿਧਾਇਕ ਨੇ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪਹਿਲਾਂ ਪ੍ਰਦਾਨ ਕੀਤੇ ਜਾ ਰਹੇ 5 ਲੱਖ ਰੁਪਏ ਦੇ ਸਿਹਤ ਕਵਰੇਜ, ਜੋ ਕੁਝ ਖਾਸ ਸ਼੍ਰੇਣੀਆਂ ਤੱਕ ਹੀ ਸੀਮਿਤ ਸੀ, ਨੂੰ ਦੁੱਗਣਾ ਕਰ ਦਿੱਤਾ ਗਿਆ ਹੈ।ਇਸ ਲਈ ਨਵੀਂ ਯੋਜਨਾ ਦਾ ਉਦੇਸ਼ ਸਰਕਾਰੀ ਕ੍ਰਮਚਾਰੀਆਂ ਤੇ ਪੈਨਸ਼ਨਰਾਂ ਸਮੇਤ ਪੰਜਾਬ ਦੇ ਸਾਰੇ ਨਿਵਾਸੀਆਂ ਨੂੰ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਨਕਦੀ ਰਹਿਤ ਇਲਾਜ ਪ੍ਰਦਾਨ ਕਰਨਾ ਹੈ।

ਵਿਧਾਇਕ ਕੋਹਲੀ ਨੇ ਕਿਹਾ ਕਿ ਇਹ ਯੋਜਨਾ ਪੂਰੀ ਤਰ੍ਹਾਂ ਬਰਾਬਰੀ ਦੇ ਸਿਧਾਂਤ ਦੇ ਆਧਾਰ 'ਤੇ ਤਿਆਰ ਕੀਤੀ ਗਈ ਹੈ, ਜਿਸ ਵਿੱਚ ਕੋਈ ਆਮਦਨ ਸੀਮਾ ਜਾਂ ਕਿਸੇ ਨੂੰ ਯੋਜਨਾ ਦੇ ਦਾਇਰੇ 'ਚੋਂ ਬਾਹਰ ਰੱਖਣ ਦੇ ਮਾਪਦੰਡ ਨਹੀਂ ਹਨ।ਸਿਰਫ਼ ਆਧਾਰ ਤੇ ਵੋਟਰ ਆਈਡੀ ਦੀ ਵਰਤੋਂ ਕਰਕੇ ਕਾਮਨ ਸਰਵਿਸ ਸੈਂਟਰਾਂ (ਸੀਐਸਸੀਜ਼) ਰਾਹੀਂ ਰਜਿਸਟ੍ਰੇਸ਼ਨ ਨੂੰ ਸਰਲ ਤੇ ਪਹੁੰਚਯੋਗ ਬਣਾਇਆ ਗਿਆ ਹੈ, ਜਿਸ ਤੋਂ ਬਾਅਦ ਲਾਭਪਾਤਰੀਆਂ ਨੂੰ ਸਮਰਪਤ ਐਮ.ਐਮ.ਐਸ.ਵਾਈ. ਸਿਹਤ ਕਾਰਡ ਪ੍ਰਾਪਤ ਹੋਣਗੇ।

## ਵਿਧਾਇਕ ਦਿਆਲਪੁਰਾ ਨੇ ਹਾਦਸੇ 'ਚ ਅਪਾਹਜ ਹੋਏ ਭਰਾਵਾਂ ਲਈ ਮਹੀਨੇ ਦੀ ਤਨਖਾਹ ਦਿੱਤੀ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿਛਲੇ ਦਿਨੀਂ ਵਾਪਰੇ ਸੜਕ ਹਾਦਸੇ ਵਿਚ ਅਪਾਹਜ ਹੋਏ ਨੇੜਲੇ ਪਿੰਡ ਭੱਟੀਆਂ ਦੇ ਨਿਵਾਸੀ 2 ਸਕੇ ਭਰਾਵਾਂ ਦੀ ਸਹਾਇਤਾ ਲਈ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਅੱਗੇ ਆਏ ਜਿਨ੍ਹਾਂ ਨੇ ਆਪਣੀ ਇੱਕ ਮਹੀਨੇ ਦੀ ਤਨਖਾਹ ਦੇ ਚੈੱਕ ਦੇਣ ਦਾ ਐਲਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, 'ਆਪ' ਆਗੂ ਭੁਪਿੰਦਰ ਸਿੰਘ ਰਾਣੌਂਤ, ਪਰਵੀਨ ਮੱਕੜ, ਨਵਜੀਤ ਸਿੰਘ ਉਟਾਲਾਂ, ਕਿਸਾਨ ਆਗੂ ਸੁਖਵਿੰਦਰ ਸਿੰਘ ਭੱਟੀਆਂ ਆਦਿ ਵੀ ਮੌਜੂਦ ਸਨ। ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵਲੋਂ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ 10 ਲੱਖ ਰੁਪਏ ਤੱਕ ਮੁਫ਼ਤ ਸਿਹਤ ਬੀਮਾ ਯੋਜਨਾ ਦੀ ਸਹੂਲਤ ਵੀ ਇਸ ਪਰਵਾਰ ਤੱਕ ਪਹੁੰਚਾਉਣ ਲਈ ਸਾਰੀ ਕਾਰਵਾਈ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਦੱਸਿਆ ਕਿ ਪਿੰਡ ਭੱਟੀਆਂ ਦੇ 2 ਸਕੇ ਭਰਾ ਬਿਕਰਮ ਤੇ ਵਿਸ਼ਾਲ ਜੋ ਕਿ ਸੜਕ ਹਾਦਸੇ ਦੌਰਾਨ ਅਪਾਹਜ ਹੋ ਗਏ ਸਨ ਜਿਨ੍ਹਾਂ 'ਚੋਂ ਇੱਕ ਦੀਆਂ ਦੋਵੇਂ ਬਾਹਾਂ ਕੱਟੀਆਂ ਗਈਆਂ ਜਦਕਿ ਦੂਸਰਾ ਰੀੜ੍ਹ ਦੀ ਹੱਡੀ ਟੁੱਟੀ ਹੋਣ ਦੀ ਇਲਾਜ ਨਾ ਹੋਣ ਕਾਰਨ ਬਿਸਤਰੇ 'ਤੇ ਪਿਆ ਹੈ। ਵਿਧਾਇਕ ਦਿਆਲਪੁਰਾ ਨੇ ਦੱਸਿਆ ਕਿ ਹਲਕਾ ਸਮਰਾਲਾ ਦੇ ਕਰੀਬ 50 ਹਜ਼ਾਰ ਤੋਂ ਵੱਧ ਪਰਵਾਰ ਹਨ ਜਿਨ੍ਹਾਂ ਦਾ ਮੁਫ਼ਤ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣੇਗਾ ਅਤੇ ਪੰਜਾਬ ਦੇ 800 ਤੋਂ ਵੱਧ ਹਸਪਤਾਲਾਂ ਵਿਚ ਜਾ ਕੇ ਉਹ ਆਪਣਾ 10 ਲੱਖ ਰੁਪਏ ਤੱਕ ਦਾ ਇਲਾਜ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਯੋਜਨਾ ਵਿਚ ਗਰੀਬ, ਦਲਿਤ, ਜਨਰਲ ਵਰਗ ਦਾ ਵਿਅਕਤੀ ਸ਼ਾਮਲ ਹੈ ਅਤੇ ਲੋਕ ਇਸ ਯੋਜਨਾ ਦਾ ਲਾਭ ਜ਼ਰੂਰ ਲੈਣ। ਉਨ੍ਹਾਂ ਕਿਹਾ ਕਿ ਇਸ ਦਾ ਕਾਰਡ ਬਣਾਉਣ ਅਤੇ ਰਜਿਸਟ੍ਰੇਸ਼ਨ ਦੀ ਵੀ ਕੋਈ ਫੀਸ ਨਹੀਂ ਰੱਖੀ ਗਈ ਹੈ।

## ਮੁੱਖ ਮੰਤਰੀ ਸਿਹਤ ਯੋਜਨਾ ਮੀਲ ਪੱਥਰ ਸਾਬਤ ਹੋਵੇਗੀ : ਚੱਠਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਅਤੇ ਆਲ ਇੰਡੀਆ ਐਫ.ਸੀ.ਆਈ ਐਗਜ਼ੀਕਿਊਟਿਵ ਸਟਾਫ਼ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਪੰਜਾਬ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕਰ ਦਿੱਤੀ ਗਈ ਹੈ।ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲ ਸੂਬੇ ਦੇ ਸਿਹਤ ਖੇਤਰ ਵਿੱਚ ਇੱਕ ਇਤਿਹਾਸਕ ਮੀਲ ਪੱਥਰ ਸਾਬਤ ਹੋਵੇਗੀ।ਉਨ੍ਹਾਂ ਕਿਹਾ ਕਿ ਕਿਸੇ ਵੀ ਗਰੀਬ ਜਾਂ ਮੱਧ ਵਰਗੀ ਪਰਵਾਰ ਨੂੰ ਇਲਾਜ ਲੈਣ ਲਈ ਹੁਣ ਵਿੱਤੀ ਤੰਗੀਆਂ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਇਸ ਯੋਜਨਾ ਤਹਿਤ ਹਰ ਪੰਜਾਬੀ ਨੂੰ ਸਾਲਾਨਾ 10 ਲੱਖ ਰੁਪਏ ਤੱਕ ਮੁਫ਼ਤ ਸਿਹਤ ਬੀਮੇ ਦਾ ਲਾਭ ਮਿਲੇਗਾ। ਉਨ੍ਹਾਂ ਅੱਗੇ ਦੱਸਿਆ ਕਿ ਮਰੀਜ਼ ਨੂੰ ਹਸਪਤਾਲ ਵਿੱਚ ਇੱਕ ਵੀ ਰੁਪਿਆ ਜਮ੍ਹਾ ਕਰਵਾਉਣ ਦੀ ਲੋੜ ਨਹੀਂ ਹੋਵੇਗੀ ਅਤੇ ਉਨ੍ਹਾਂ ਦੇ ਸਾਰੇ ਖਰਚਿਆਂ ਦਾ ਭੁਗਤਾਨ ਸਿੱਧਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ (ਸੂਚੀਬੱਧ) ਹਸਪਤਾਲਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ।ਇਹ ਯੋਜਨਾ ਪੰਜਾਬ ਦੇ ਹਰੇਕ ਵਾਸੀ ਲਈ ਹੈ।ਇਸ ਯੋਜਨਾ ਤਹਿਤ ਜਾਤ, ਧਰਮ ਜਾਂ ਕੋਈ ਸਿਆਸੀ ਭੇਦਭਾਵ ਨਹੀਂ ਹੋਵੇਗਾ।

# ਦੁਕਾਨਦਾਰ ਨੂੰ ਬੰਦੀ ਬਣਾ ਕੇ ਭਾਂਡੇ ਚੋਰੀ ਕਰਨ ਵਾਲੇ 4 ਕਾਬੂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਪੁਲਸ ਨੇ ਸ਼ਹਿਰ ਦੇ ਮੁੱਖ ਬਾਜ਼ਾਰ ਵਿੱਚੋਂ ਭਾਂਡਿਆਂ ਦੀ ਇੱਕ ਦੁਕਾਨ ਉੱਤੇ ਦੁਕਾਨਦਾਰ ਨੂੰ ਬੰਦੀ ਬਣਾ ਕੇ ਭਾਂਡੇ ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਮਿਸ਼ਨ ਪ੍ਰਹਾਰ ਤਹਿਤ ਸਿਟੀ ਪੁਲਸ ਪਾਤੜਾਂ ਵੱਲੋਂ ਕੀਤੀ ਗਈ ਕਾਰਵਾਈ ਦੌਰਾਨ ਗਰੋਹ ਦੇ ਚਾਰ ਮੈਂਬਰਾਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਚੋਰੀ ਕੀਤੇ ਗਏ ਭਾਂਡੇ ਬਰਾਮਦ ਕੀਤੇ ਹਨ।ਡੀ ਐਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਦੁਕਾਨਦਾਰ ਕ੍ਰਿਸ਼ਨ ਕੁਮਾਰ ਵੱਲੋਂ ਪੁਲਸ ਨੂੰ ਦਿੱਤੇ ਬਿਆਨਾਂ ਅਨੁਸਾਰ 16 ਜਨਵਰੀ ਨੂੰ ਉਹ ਆਪਣੀ ਦੁਕਾਨ ਬੰਦ ਕਰਕੇ ਘਰ ਚਲਾ ਗਿਆ। ਰਾਤ 11 ਵਜੇ ਦੇ ਕਰੀਬ ਜਦੋਂ ਉਹ ਦੁਕਾਨਦਾਰ ਵੱਲ ਗੇੜਾ ਮਾਰਨ ਆਇਆ ਤਾਂ ਉਸ ਨੇ ਦੁਕਾਨ ਅੱਗੇ ਇੱਕ ਗੱਡੀ ਖੜ੍ਹੀ ਦੇਖੀ। ਉਸ ਨੇ ਦੇਖਿਆ ਕਿ ਦੁਕਾਨ ਦਾ ਜਿੰਦਾ ਟੁੱਟਾ ਪਿਆ ਸੀ ਅਤੇ ਸ਼ਟਰ ਥੋੜ੍ਹਾ ਉੱਚਾ ਚੁੱਕਿਆ ਹੋਇਆ ਸੀ ਤਾਂ ਉਹ ਅੰਦਰ ਵੜਿਆ ਤਾਂ ਦੁਕਾਨ ਦੇ ਅੰਦਰ 4 ਮੋਨੇ ਨੌਜਵਾਨ ਖੜ੍ਹੇ ਸਨ ਜਿਨ੍ਹਾਂ ਕੋਲ ਮਾਰੂ ਹਥਿਆਰ ਕਿਰਪਾਨਾਂ ਵਗੈਰਾ ਸਨ। ਉਨ੍ਹਾਂ ਦੁਕਾਨ 'ਚ ਕ੍ਰਿਸ਼ਨ ਕੁਮਾਰ ਨੂੰ ਬੰਦੀ ਬਣਾ ਲਿਆ ਅਤੇ ਉਸ ਨਾਲ ਮਾਰਕੁੱਟ ਕੀਤੀ ਅਤੇ ਦੁਕਾਨ ਵਿੱਚੋਂ ਪਿੱਤਲ, ਤਾਂਬੇ ਦੇ ਪੁਰਾਣੇ ਅਤੇ ਨਵੇਂ ਕੀਮਤੀ ਭਾਂਡੇ ਆਪਣੀ ਗੱਡੀ ਵਿੱਚ ਚੁੱਕ ਕੇ ਰੱਖ ਲਏ ਅਤੇ ਕ੍ਰਿਸ਼ਨ ਲਾਲ ਦੀ ਜੇਬ ਵਿੱਚੋਂ ਉਸ ਦਾ ਪਰਸ ਅਤੇ ਕੁਝ ਕੈਸ਼ ਵੀ ਕੱਢ ਲਿਆ।ਦੁਕਾਨ ਮਾਲਕ ਕ੍ਰਿਸ਼ਨ ਕੁਮਾਰ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਮੌਕੇ 'ਤੇ ਫਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਮਾਮਲੇ ਸੰਬੰਧੀ ਥਾਣਾ ਮੁਖੀ ਪਾਤੜਾਂ ਇੰਸਪੈਕਟਰ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਿਟੀ ਪੁਲਸ ਚੌਕੀ ਇੰਚਾਰਜ ਐਸ ਆਈ ਲਵਦੀਪ ਸਿੰਘ ਸੰਧੂ ਨੇ ਕਾਰਵਾਈ ਕਰਦਿਆਂ ਕਥਿਤ ਦੋਸ਼ੀਆਂ ਚਰਨ ਦਾਸ ਉਰਫ਼ ਅੰਗਰੇਜ਼ ਪੁੱਤਰ ਸੁਖਦੇਵ ਸਿੰਘ, ਨਵਾਬ ਨਾਥ ਪੁੱਤਰ ਫੌਜੀ ਨਾਥ ਵਾਸੀਆਨ ਲਹਿਰਾਗਾਗਾ, ਹੀਰਾ ਲਾਲ ਪੁੱਤਰ ਜਗਦੀਸ਼ ਕੁਮਾਰ ਵਾਸੀ ਜਾਖਲ ਅਤੇ ਸੰਜੀਵ ਕੁਮਾਰ ਪੁੱਤਰ ਰੋਸ਼ਨ ਲਾਲ ਵਾਸੀ ਮੋਹਨ ਨਗਰ ਪਾਤੜਾਂ ਨੂੰ ਕਾਬੂ ਕਰਕੇ ਉਹਨਾਂ ਪਾਸੋਂ ਚੋਰੀ ਕੀਤੇ ਗਏ ਭਾਂਡੇ ਬਰਾਮਦ ਕੀਤੇ ਹਨ। ਉਹਨਾਂ ਦੱਸਿਆ ਕਿ ਫੜੇ ਗਏ ਕਥਿਤ ਦੋਸ਼ੀਆਂ ਖ਼ਿਲਾਫ਼ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿੱਚ ਬਹੁਤ ਸਾਰੇ ਮੁਕੱਦਮੇ ਦਰਜ ਹਨ।

## ਵਰੁਣ ਕਾਂਸਲ ਵੱਲੋਂ ਪੁਨਰ ਸੁਰਜੀਤ ਲਹਿਰ ਨੂੰ ਅਲਵਿਦਾ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਸੂਬੇ ਦੀ ਸਿਆਸਤ ਵਿੱਚ ਆਪਣੀ ਸਿਆਸੀ ਜ਼ਮੀਨ ਤਲਾਸ਼ ਰਹੀ ਨਵੀਂ ਸਿਆਸੀ ਧਿਰ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਲਹਿਰ ਪੱਕੇ ਪੈਰ ਹੋਣ ਤੋਂ ਪਹਿਲਾਂ ਹੀ ਖਿੰਡਣੀ ਸ਼ੁਰੂ ਹੋ ਗਈ। ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਆਏ ਨਿਘਾਰ ਉਪਰੰਤ ਗਠਿਤ ਹੋਏ ਦਲ ਦੇ ਫਾਊਂਡਰ ਮੈਂਬਰ ਅਤੇ ਉਪ ਸਾਬਕਾ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੇ ਓਐਸਡੀ ਰਹਿ ਚੁੱਕੇ ਚਰਨਜੀਤ ਸਿੰਘ ਬਰਾੜ ਦੇ ਭਾਜਪਾ ਵਿੱਚ ਸ਼ਾਮਲ ਹੋਣ ਮਗਰੋਂ ਪਾਰਟੀ ਦੇ ਬੁਲਾਰੇ ਵਰੁਣ ਕਾਂਸਲ ਨੇ ਪਾਰਟੀ ਨੂੰ ਅਲਵਿਦਾ ਕਹਿ ਦਿੱਤਾ ਹੈ। ਪਾਰਟੀ ਦੇ ਬੁਲਾਰੇ ਦੇ ਅਹੁਦੇ, ਸੂਬਾਈ ਡੈਲੀਗੇਟ ਅਤੇ ਪਾਰਟੀ ਦੀ ਮੁਢਲੀ ਮੈਂਬਰਸ਼ਿਪ ਤੋਂ ਅਸਤੀਫ਼ਾ ਦੇਣ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਯੂਥ ਅਕਾਲੀ ਆਗੂ ਵਰੁਣ ਕਾਂਸਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜਗ੍ਹਾ ਜਗ੍ਹਾ ਹੋਈ ਬੇਅਦਬੀ ਮਗਰੋਂ ਅਕਾਲੀ ਦਲ ਬਾਦਲ ਦਾ ਜੋ ਹਸ਼ਰ ਪਿਛਲੀਆਂ ਚੋਣਾਂ ਦੌਰਾਨ ਹੋਇਆ ਉਸ ਮਗਰੋਂ ਪਾਰਟੀ ਦੇ ਸਿਧਾਂਤਾਂ ਅਤੇ ਪੰਥਪ੍ਰਸਤੀ ਉੱਤੇ ਪਹਿਰਾ ਦੇਣ ਦੇ ਮਕਸਦ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਪੁਨਰ ਸੁਰਜੀਤ ਕਰਨ ਲਈ ਪਾਰਟੀ ਦਾ ਗਠਨ ਕੀਤਾ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਲਹਿਰ ਪਾਰਟੀ ਦੇ ਸਿਧਾਂਤਾਂ ਉੱਤੇ ਪਹਿਰਾ ਦੇਣ ਵਿੱਚ ਪੂਰੀ ਤਰ੍ਹਾਂ ਅਸਫਲ ਸਾਬਤ ਹੋਈ ਹੈ। ਜਿਸ ਕਰਕੇ ਪਾਰਟੀ ਦੀ ਨੀਂਹ ਰੱਖਣ ਵਾਲੇ ਬਹੁਤ ਸਾਰੇ ਆਗੂ ਅਤੇ ਵਰਕਰ ਨਿਰਾਸ਼ਾ ਦੇ ਆਲਮ ਵਿੱਚ ਹਨ। ਉਹਨਾਂ ਸਪਸ਼ਟ ਕੀਤਾ ਕਿ ਬਹੁਤ ਸਾਰੇ ਆਗੂ ਪਿਛਲੇ ਕੁਝ ਸਮੇਂ ਵਿੱਚ ਪਾਰਟੀ ਨੂੰ ਛੱਡ ਚੁੱਕੇ ਹਨ ਅਤੇ ਬਹੁਤ ਸਾਰੇ ਲੀਡਰ ਪਾਰਟੀ ਨੂੰ ਛੱਡ ਕੇ ਜਾਣ ਦੀ ਤਿਆਰੀ ਵਿੱਚ ਹਨ।

## ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ 'ਚ ਬਸੰਤ ਪੰਚਮੀ ਮਨਾਈ

**ਬਾਘਾਪੁਰਾਣਾ (ਮਨੀ ਸਿੰਗਲਾ)**-ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ ਬਸੰਤ ਪੰਚਮੀ ਦਾ ਦਿਹਾੜਾ ਬੜੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਮਾਤਾ ਸਰਸਵਤੀ ਦੀ ਪੂਜਾ ਨਾਲ ਕੀਤੀ ਗਈ।ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਾਤਾ ਸਰਸਵਤੀ ਅੱਗੇ ਬੁੱਧੀ ਤੇ ਸਫਲਤਾ ਲਈ ਅਰਦਾਸ ਕੀਤੀ।ਇਸ ਉਪਰੰਤ ਵਿਦਿਆਰਥੀਆਂ ਦੁਆਰਾ ਸੱਭਿਆਚਾਰਕ ਪ੍ਰੋਗਰਾਮ ਰਾਹੀਂ ਬਸੰਤ ਪੰਚਮੀ ਦੇ ਮਹੱਤਵ ਨੂੰ ਦਰਸਾਇਆ ਗਿਆ।ਗੀਤ, ਕਵਿਤਾਵਾਂ ਰਾਹੀਂ ਵਿਦਿਆਰਥੀਆਂ ਨੇ ਬਸੰਤ ਰੁੱਤ ਦੀ ਖੁਸ਼ੀ ਅਤੇ ਉਮੰਗ ਨੂੰ ਪ੍ਰਗਟ ਕੀਤਾ।ਸਕੂਲ ਦੇ ਪ੍ਰਿੰਸੀਪਲ ਮੈਡਮ ਜੀਨਮ ਤੇ ਮੈਨੇਜਰ ਕੁਮਾਰ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਮਿਹਨਤ, ਅਨੁਸ਼ਾਸਨ ਤੇ ਵਿੱਦਿਆ ਪ੍ਰਤੀ ਲਗਨ ਨਾਲ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।ਉਨ੍ਹਾਂ ਕਿਹਾ ਕਿ ਬਸੰਤ ਪੰਚਮੀ ਸਾਨੂੰ ਨਵੀਂ ਊਰਜਾ ਤੇ ਆਸ਼ਾਵਾਦ ਨਾਲ ਅੱਗੇ ਵਧਣ ਦਾ ਸੰਦੇਸ਼ ਦਿੰਦੀ ਹੈ।ਵਿਦਿਆਰਥੀਆਂ ਤੇ ਅਧਿਆਪਕਾਂ ਵਿੱਚ ਤਿਉਹਾਰ ਨੂੰ ਲੈ ਕੇ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ।ਨੰਨ੍ਹੇ-ਮੁੰਨੇ ਬੱਚੇ ਪੀਲੇ ਕੱਪੜਿਆਂ ਵਿੱਚ ਬਹੁਤ ਮਨਮੋਹਕ ਲੱਗ ਰਹੇ ਸਨ।ਸਕੂਲ ਵਿੱਚ ਪੀਲੇ ਰੰਗ ਦੇ ਭੋਜਨ ਤੇ ਪਤੰਗ ਬਣਾਉਣ ਦੀਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਬੱਚੇ ਪੀਲੀ ਖੀਰ, ਕੇਲੇ, ਪੀਲੇ ਲੱਡੂ ਆਦਿ ਵੱਖ-ਵੱਖ ਭੋਜਨ ਲੈ ਕੇ ਆਏ ਤੇ ਵਿਦਿਆਰਥੀਆਂ ਨੇ ਆਪਣੀ ਕਲਪਨਾ ਤੇ ਰਚਨਾਤਮਕਤਾ ਨਾਲ ਰੰਗ-ਬਿਰੰਗੀਆਂ ਪਤੰਗਾਂ ਬਣਾਈਆਂ।ਖੁੱਲ੍ਹੇ ਮੈਦਾਨ ਵਿੱਚ ਵਿਦਿਆਰਥੀਆਂ ਨੇ ਖੁਸ਼ੀ ਨਾਲ ਪਤੰਗਾਂ ਉਡਾਈਆਂ।ਅਸਮਾਨ 'ਚ ਉੱਡਦੀਆਂ ਰੰਗੀਨ ਪਤੰਗਾਂ ਨੇ ਬਸੰਤ ਦੇ ਤਿਉਹਾਰ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ ਅਧਿਆਪਕਾਂ ਦੁਆਰਾ ਵਿਦਿਆਰਥੀ ਨੂੰ ਬਸੰਤ ਪੰਚਮੀ ਦੇ ਧਾਰਮਿਕ, ਸੱਭਿਆਚਾਰਕ ਤੇ ਮੌਸਮੀ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ ਤੇ ਕਿਹਾ ਕਿ ਬਸੰਤ ਪੰਚਮੀ ਨਵੀਂ ਸ਼ੁਰੂਆਤ, ਖੁਸ਼ਹਾਲੀ ਅਤੇ ਸਕਾਰਾਤਮਕ ਸੋਚ ਦਾ ਪ੍ਰਤੀਕ ਹੈ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਵੱਡਾ ਇਤਿਹਾਸਕ ਫੈਸਲਾ : ਵਿਧਾਇਕ ਗੈਰੀ ਬੜਿੰਗ



**ਅਮਲੋਹ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਅੱਜ ਪੰਜਾਬ ਵਾਸੀਆਂ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕੀਤੀ ਗਈ, ਜੋ ਕਿ ਸੂਬੇ ਦੇ ਇਤਿਹਾਸ ਵਿੱਚ ਇੱਕ ਅਹਿਮ ਅਤੇ ਇਤਿਹਾਸਕ ਕਦਮ ਮੰਨਿਆ ਜਾ ਰਿਹਾ ਹੈ ਅਤੇ ਪੰਜਾਬ ਦੇ ਲੋਕ ਹੁਣ 10 ਲੱਖ ਰੁਪਏ ਤੱਕ ਮੁਫ਼ਤ ਇਲਾਜ ਕਰਵਾ ਸਕਣਗੇ। ਇਸ ਯੋਜਨਾ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਮਹਿੰਗੇ ਇਲਾਜ ਦੇ ਬੋਝ ਤੋਂ ਛੁਟਕਾਰਾ ਮਿਲੇਗਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕੀਤਾ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਵਿੱਚ ਅਸਫਲ ਰਹੀਆਂ, ਪਰ ਮਾਨ ਸਰਕਾਰ ਨੇ ਜੋ ਕਰਕੇ ਦਿਖਾਇਆ ਹੈ, ਉਹ ਕਾਬਿਲ-ਏ-ਤਾਰੀਫ਼ ਹੈ। ਉਨ੍ਹਾਂ ਦੱਸਿਆ ਕਿ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਪੰਜਾਬ ਦੇ ਹਰ ਵਰਗ ਲਈ ਲਾਹੇਵੰਦ ਸਾਬਤ ਹੋਵੇਗੀ। ਵਿਧਾਇਕ ਬੜਿੰਗ ਨੇ ਅੱਗੇ ਕਿਹਾ ਕਿ ਇਸ ਯੋਜਨਾ ਦੇ ਲਾਗੂ ਹੋਣ ਤੋਂ ਬਾਅਦ ਪੰਜਾਬ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਹੈ ਅਤੇ ਲੋਕ ਮਾਨ ਸਰਕਾਰ ਦਾ ਦਿਲੋਂ ਧੰਨਵਾਦ ਕਰ ਰਹੇ ਹਨ।

## ਹਰੀ ਸਿੰਘ ਦਿਲਬਰ ਯਾਦਗਾਰੀ ਸਮਾਗਮ ਨਿਵੇਕਲੀਆਂ ਪੈੜਾਂ ਪਾਉਂਦਾ ਸਮਾਪਤ

**ਲੁਧਿਆਣਾ (ਸਤੀਸ਼ ਸਚਦੇਵਾ)**-ਦਿਲਬਰ ਯਾਦਗਾਰੀ ਸਾਹਿਤ ਕਲਾ ਮੰਚ (ਰਜਿ) ਲਲਤੋਂ ਕਲਾਂ ਵੱਲੋਂ 26ਵਾਂ ਹਰੀ ਸਿੰਘ ਦਿਲਬਰ ਯਾਦਗਾਰੀ ਸਮਾਗਮ ਸ਼ਹੀਦੀ ਯਾਦਗਾਰੀ ਭਵਨ (ਬਿਜਲੀ ਬੋਰਡ) ਵਿਖੇ ਪ੍ਰਿੰ. ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਕਰਾਇਆ ਗਿਆ, ਜਿਸ ਵਿੱਚ ਨਾਮਵਰ ਲੇਖਕਾ ਡਾ. ਗੁਰਚਰਨ ਕੌਰ ਕੋਚਰ ਨੇ ਮੁੱਖ ਮਹਿਮਾਨ ਵਜੋਂ ਸਿਰਕਤ ਕੀਤੀ। ਮੰਚ ਦੇ ਪ੍ਰਧਾਨ ਨਗਿੰਦਰ ਸਿੰਘ ਦਿਲਬਰ ਦੀ ਤਸਵੀਰ 'ਤੇ ਫੁੱਲ ਅਰਪਤ ਤੋਂ ਬਾਅਦ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਮੁੱਖ ਭਾਸ਼ਣ ਦਿੰਦਿਆਂ ਹਰੀ ਸਿੰਘ ਦਿਲਬਰ ਸਾਹਿਤ ਤੇ ਸਮਕਾਲੀ ਸਰੋਕਾਰਾਂ ਲਈ ਸਾਹਿਤਕਾਰਾਂ ਵੱਲੋਂ ਦਸਤਪੰਜਾ ਲੈਣ ਲਈ ਸਾਹਿਤਕ ਹੁੱਝਾਂ ਮਾਰੀਆਂ।ਉਨ੍ਹਾਂ ਆਰਟੀਫੀਸ਼ੀਅਲ ਇੰਟੈਲਜੈਂਸ (ਮਸਨੂਈ ਬੁੱਧੀ) ਤੇ ਮੋਬਾਇਲ ਫੋਨ ਵੱਲੋਂ ਨਿੱਜੀ ਸੂਹੀਆ ਹੋਣ ਦੇ ਸੂਚਾਰੂ ਦੇ ਮਾਰੂ ਹਮਲਿਆਂ ਬਾਰੇ ਅਗਾਊਂ ਜਾਗਰੂਕ ਕੀਤਾ।ਇਸ ਸਮੇਂ 47 ਦੇ ਆਸ ਪਾਸ ਜਨਮੇ ਸਾਹਿਤਕਾਰਾਂ ਇੰਦਰਜੀਤ ਪਾਲ ਕੌਰ, ਡਾ. ਗੁਰਚਰਨ ਕੌਰ ਕੋਚਰ, ਅਜੀਤ ਪਿਆਸਾ, ਸੁਰਿੰਦਰ ਕੈਲੇ ਤੇ ਭਗਵਾਨ ਢਿੱਲੋਂ ਦਾ ਮੰਚ ਦੇ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਨਾਮਵਰ ਸ਼ਾਇਰ ਤ੍ਰੈਲੋਚਨ ਲੋਚੀ ਦੀ ਪ੍ਰਧਾਨਗੀ ਹੇਠ ਕਰਾਏ ਕਵੀ ਦਰਬਾਰ ਵਿੱਚ ਕਰਨਜੀਤ ਸਿੰਘ ਗਰੇਵਾਲ, ਤਰਲੋਚਨ ਝਾਂਡੇ, ਮਿਹਰੀਨ ਕੌਰ, ਕੇ ਸਾਧੂ ਸਿੰਘ, ਅਜੀਤ ਪਿਆਸਾ, ਭਗਵਾਨ ਢਿੱਲੋਂ, ਕਸਤੂਰੀ ਲਾਲ, ਇੰਦਰਜੀਤ ਕੌਰ ਲੋਟੇ, ਡਾ. ਗੁਰਚਰਨ ਕੌਰ ਕੋਚਰ, ਤ੍ਰੈਲੋਚਨ ਲੋਚੀ ਤੇ ਸੁਖਵਿੰਦਰ ਸਿੰਘ ਲੀਲ੍ਹ ਆਦਿ ਨੇ ਤਾਜ਼ਾ ਕਲਾਮ ਪੇਸ਼ ਕੀਤੇ। ਪ੍ਰਧਾਨ ਪ੍ਰਿੰ. ਸੁਖਦੇਵ ਸਿੰਘ ਤੇ ਮੁੱਖ ਮਹਿਮਾਨ ਡਾ. ਗੁਰਚਰਨ ਕੌਰ ਕੋਚਰ ਨੇ ਰਹੀ ਸਿੰਘ ਦਿਲਬਰ ਦੀ ਯਾਦ ਵਿੱਚ ਕਰਾਏ ਸਮਾਗਮ ਲਈ ਮੰਚ ਦੇ ਪ੍ਰਬੰਧਕਾਂ ਦੀ ਪ੍ਰਸੰਸਾ ਕੀਤੀ। ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਹਿੱਤ ਮਨਚੈਨ ਸਿੰਘ ਗਰੇਵਾਲ, ਹਰਭਜਨ ਸਿੰਘ ਬਿਲੂ ਦਾ ਵਿਸ਼ੇਸ ਯੋਗਦਾਨ ਰਿਹਾ।ਕਾਮਰੇਡ ਜਸਦੇਵ ਸਿੰਘ ਲਲਤੋਂ ਨੇ ਖੂਬਸੂਰਤ ਟਿਪਣੀਆਂ ਨਾਲ ਮੰਚ ਸੰਚਾਲਨ ਬਾਖੂਬੀ ਨਿਭਾਇਆ।

## ਐਸ ਪੀ ਐਸ ਹਸਪਤਾਲ 'ਚ ਅਸਥਮਾ ਤੇ ਐਲਰਜੀ ਕਲੀਨਿਕ ਸ਼ੁਰੂ



**ਸਮਰਾਲਾ (ਸੁਰਜੀਤ ਸਿੰਘ)**-ਨਾਮਧਾਰੀ ਸੰਪਰਦਾਇ ਵੱਲੋਂ ਮਨੁੱਖੀ ਸੇਵਾ ਹਿਤ ਵਿਚ ਸ਼ੁਰੂ ਕੀਤੇ ਗਏ ਅਤੇ ਸਿਹਤ ਖੇਤਰ ਵਿਚ ਵੱਡਾ ਯੋਗਦਾਨ ਪਾਉਣ ਵਾਲੇ ਐਸ ਪੀ ਐਸ ਹਸਪਤਾਲ ਵੱਲੋਂ ਮਰੀਜ਼ਾਂ ਦੀ ਸਹੂਲਤ ਦੇ ਮੱਦੇਨਜ਼ਰ ਪਲਮੋਨੋਲੋਜੀ ਵਿਭਾਗ ਵੱਲੋਂ ਅਸਥਮਾ ਅਤੇ ਐਲਰਜੀ ਕਲੀਨਿਕ ਦੀ ਸ਼ੁਰੂਆਤ ਕੀਤੀ ਗਈ ਹੈ।ਕਲੀਨਿਕ ਦਾ ਉਦਘਾਟਨ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਜੇ ਸਿੰਘ ਸੰਧੂ ਅਤੇ ਡੀ ਐਸ ਪੀ ਕਰਨਵੀਰ ਸਿੰਘ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ ਐਸਪੀ ਕਰਨਵੀਰ ਸਿੰਘ ਨੇ ਕਿਹਾ ਕਿ ਸਤਿਗੁਰੂ ਪਰਤਾਪ ਸਿੰਘ ਹਸਪਤਾਲ ਦੀ ਉੱਤਰ ਭਾਰਤ ਵਿਚ ਇੱਕ ਵੱਖਰੀ ਪਛਾਣ ਹੈ। ਉਹਨਾਂ ਕਿਹਾ ਕਿ ਇਸ ਹਸਪਤਾਲ ਦੇ ਵਿਚ ਹਰੇਕ ਬਿਮਾਰੀ ਦਾ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਤਸੱਲੀਬਖ਼ਸ਼ ਇਲਾਜ ਕੀਤਾ ਜਾਂਦਾ ਹੈ।ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਜੇ ਸਿੰਘ ਸੰਧੂ ਨੇ ਕਿਹਾ ਕਿ ਸਤਿਗੁਰੂ ਉਦੈ ਸਿੰਘ ਦੇ ਅਸ਼ੀਰਵਾਦ ਹੇਠ ਹਸਪਤਾਲ ਵਿਚ ਵੀਹ ਸਾਲਾਂ ਤੋਂ ਮਰੀਜ਼ਾਂ ਦੀ ਸੇਵਾ ਕਰ ਰਿਹਾ ਹੈ। ਉਹਨਾਂ ਡਾਕਟਰਾਂ ਅਤੇ ਸਟਾਫ ਨੂੰ ਵੀ ਮਰੀਜ਼ਾਂ ਦੀ ਦੇਖਭਾਲ ਕਰਨ ਦੀ ਤਾਕੀਦ ਕੀਤੀ। ਛਾਤੀ ਦੇ ਰੋਗਾਂ ਦੇ ਮਾਹਰ ਡਾ ਰਾਜਿੰਦਰ ਗੋਇਲ ਅਤੇ ਡਾ ਕੀਰਤ ਕੌਰ ਸਿਬੀਆ ਨੇ ਦੱਸਿਆ ਕਿ ਹਰ ਸਾਹ ਫੁੱਲਣਾ ਅਸਥਮਾ ਨਹੀਂ ਹੁੰਦਾ ਅਤੇ ਹਰ ਅਸਥਮਾ ਐਲਰਜੀ ਨਹੀਂ ਹੁੰਦੀ। ਉਹਨਾਂ ਕਿਹਾ ਕਿ ਕਲੀਨਿਕ ਵਿਚ ਹਰ ਮਰੀਜ਼ ਦੀ ਵੱਖ ਵੱਖ ਇਲਾਜ ਯੋਜਨਾ ਬਣਾਈ ਜਾਂਦੀ ਹੈ।ਹਸਪਤਾਲ ਦੇ ਸੀਈਓ ਯੋਗਿੰਦਰ ਨਾਥ ਅਵਧਿਆ ਨੇ ਕਿਹਾ ਕਿ ਅਸਥਮਾ ਅਤੇ ਐਲਰਜੀ ਕਲੀਨਿਕ ਖੇਤਰ ਦੀ ਇੱਕ ਬਹੁਤ ਵੱਡੀ ਲੋੜ ਨੂੰ ਪੂਰਾ ਕਰਦੀ ਹੈ।ਇਸ ਕਲੀਨਿਕ ਵਿਚ ਹਰ ਮਰੀਜ਼ ਦੀ ਬਿਮਾਰੀ ਦੀ ਤਹਿ ਤਕ ਜਾਣਨੀ ਨਾਲ ਪਤਾ ਲਗਾ ਕੇ ਇਲਾਜ ਕੀਤਾ ਜਾਵੇਗਾ।ਇਸ ਮੌਕੇ ਹਸਪਤਾਲ ਦੇ ਹੋਰ ਅਧਿਕਾਰੀ ਤੇ ਸਟਾਫ ਅਧਿਕਾਰੀ ਲਖਵੀਰ ਸਿੰਘ ਬੱਦੋਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ 'ਚ ਬਾਸਕਟਬਾਲ ਚੈਂਪੀਅਨਸ਼ਿਪ




**ਪਟਿਆਲਾ (ਰਾਜਿੰਦਰ ਥਿੰਦ)**-ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਦੇ ਰਜਿਸਟਰਾਰ ਅਤੇ ਕੰਟਰੋਲਰ ਡਾ. ਅਨੁਭਵ ਵਾਲੀਆ ਨੇ ਦੱਸਿਆ ਹੈ ਕਿ ਯੂਨੀਵਰਸਿਟੀ ਵੱਲੋਂ ਆਪਣੇ ਕਾਂਸਟੀਚੂਐਂਟ ਕਾਲਜ, ਸਰਕਾਰੀ ਆਰਟ ਅਤੇ ਸਪੋਰਟਸ ਕਾਲਜ ਜਲੰਧਰ ਵਿਖੇ ਛੇ-ਰੋਜ਼ਾ ਬਾਸਕਟਬਾਲ ਚੈਂਪੀਅਨਸ਼ਿਪ ਸਫਲਤਾਪੂਰਵਕ ਕਰਵਾਈ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਚੈਂਪੀਅਨਸ਼ਿਪ ਦੇ ਆਏ ਨਤੀਜਿਆਂ ਵਿੱਚ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ (ਸਮੁੱਚੀ ਚੈਂਪੀਅਨ) ਨੇ ਪਹਿਲਾ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਦੂਜਾ, ਚੰਡੀਗੜ੍ਹ ਯੂਨੀਵਰਸਿਟੀ, ਮੋਹਾਲੀ ਨੇ ਤੀਜਾ ਸਥਾਨ ਅਤੇ ਐਮ ਬੀ ਐਸ ਪੰਜਾਬ ਸਪੋਰਟਸ ਯੂਨੀਵਰਸਿਟੀ ਪਟਿਆਲਾ ਨੇ ਚੌਥਾ ਸਥਾਨ ਹਾਸਲ ਕੀਤਾ। ਡਾ. ਵਾਲੀਆ ਨੇ ਕਿਹਾ ਕਿ ਟੂਰਨਾਮੈਂਟ ਦੀ ਨਿਗਰਾਨੀ ਏਆਈਯੂ ਦੁਆਰਾ ਨਿਯੁਕਤ ਨਿਰੀਖਕ ਡਾ. ਯਸ਼ਵੰਤ ਗਹਿਲੋਤ ਨੇ ਕੀਤੀ ਅਤੇ ਉਨ੍ਹਾਂ ਨੇ ਪੂਰੇ ਮੁਕਾਬਲੇ ਦੌਰਾਨ ਨਿਰਪੱਖਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ।ਕਾਲਜ ਦੇ ਪ੍ਰਿੰਸੀਪਲ ਡਾ. ਰਣਬੀਰ ਸਿੰਘ ਨੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਨਿਰੀਖਕ, ਕੋਚਾਂ, ਪ੍ਰਬੰਧਕਾਂ ਅਤੇ ਸਟਾਫ ਦਾ ਧੰਨਵਾਦ ਕੀਤਾ।ਡਾ. ਗਹਿਲੋਤ ਨੇ ਸਪੋਰਟਸ ਯੂਨੀਵਰਸਿਟੀ ਅਤੇ ਕਾਲਜ ਪ੍ਰਬੰਧਨ ਦੋਵਾਂ ਦੁਆਰਾ ਪ੍ਰਦਰਸ਼ਿਤ ਸੰਗਠਨਾਤਮਕ ਉੱਤਮਤਾ ਦੀ ਸ਼ਲਾਘਾ ਕੀਤੀ।ਕੋਚ ਤਲਵਿੰਦਰ ਸਾਹੀ ਨੇ ਟੀਮ ਦੀ ਅਗਵਾਈ ਅਤੇ ਮਾਰਗਦਰਸ਼ਨ ਨੇ ਕੀਤਾ।ਅਧਿਕਾਰੀਆਂ ਅਤੇ ਜੇਤੂ ਖਿਡਾਰੀਆਂ ਨੂੰ ਮੈਡਲ, ਟਰਾਫੀਆਂ ਅਤੇ ਯਾਦਗਾਰੀ ਚਿੰਨ੍ਹ ਪ੍ਰਦਾਨ ਕੀਤੇ ਗਏ ਅਤੇ ਨਿਰੀਖਕ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ।

## ਟ੍ਰੈਫਿਕ ਦੀ ਸਮੱਸਿਆ ਨੂੰ ਲੈ ਕੇ ਅਹਿਮ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਪਿਛਲੇ ਦਿਨੀਂ ਨਗਰ ਕੌਂਸਲ ਜਗਰਾਉਂ ਅੰਦਰ ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਹੋਈ ਜਿਸ ਵਿੱਚ ਕੌਂਸਲਰ ਕਵਰਪਾਲ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਜਗਜੀਤ ਸਿੰਘ ਜੱਗੀ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਨਗਰ ਕੌਂਸਲ ਕਾਰਜਕਾਰੀ ਪ੍ਰਧਾਨ ਕਵਰਪਾਲ ਸਿੰਘ ਅਤੇ ਮੀਤ ਪ੍ਰਧਾਨ ਜਗਜੀਤ ਸਿੰਘ ਜੱਗੀ ਵਲੋਂ ਟ੍ਰੈਫਿਕ ਇੰਚਾਰਜ ਕੁਮਾਰ ਸਿੰਘ ਅਤੇ ਕੌਂਸਲਰਾਂ ਨਾਲ ਸ਼ਹਿਰ ਦੀ ਸਮੱਸਿਆ ਨੂੰ ਲੈ ਕੇ ਮੀਟਿੰਗ ਕੀਤੀ ਗਈ ਜਿਸ ਵਿਚ ਟ੍ਰੈਫਿਕ ਦੀ ਸਮੱਸਿਆ ਨੂੰ ਲੈ ਕੇ ਦੁਕਾਨਦਾਰਾਂ ਵਲੋਂ ਆਪਣੀਆਂ ਦੁਕਾਨਾਂ ਦੇ ਬਾਹਰ 10 ਫੁੱਟ ਤੱਕ ਸਮਾਨ ਨਾ ਲਗਾਇਆ ਜਾਵੇ, ਅਗਰ ਕੋਈ ਵੀ ਦੁਕਾਨਦਾਰ ਸਿਫਾਰਿਸ਼ ਲੈ ਕੇ ਆਉਂਦਾ ਹੈ ਤਾਂ ਉਸ ਦਾ ਸਮਾਨ ਵਾਪਸ ਨਹੀਂ ਮਿਲੇਗਾ। ਦੁਕਾਨਾਂ ਦੇ ਬਾਹਰ ਪੀਲੀ ਲਾਈਨ ਵੀ ਲਗਾਈ ਜਾਵੇਗੀ। ਆਪਣੇ ਵਾਹਨ ਪੀਲੀ ਲਾਈਨ ਦੇ ਅੰਦਰ ਹੀ ਖੜ੍ਹੇ ਕਰਨ ਨਹੀਂ ਤਾ ਚਲਾਨ ਕੀਤੇ ਜਾਣਗੇ ਅਤੇ ਕੌਂਸਲਰਾਂ ਨਾਲ ਸ਼ਹਿਰ ਦੇ ਕੰਮਾਂ ਨੂੰ ਲੈ ਕੇ ਵੀ ਮੀਟਿੰਗ ਕੀਤੀ। ਸਾਰੇ ਵਾਰਡਾਂ ਵਿੱਚ ਹੋਣ ਵਾਲੇ ਕੰਮ ਜਲਦੀ ਹੀ ਚਾਲੂ ਕੀਤੇ ਜਾਣਗੇ ਅਤੇ ਕੂੜੇ ਦੀ ਸਮੱਸਿਆ ਦਾ ਹੱਲ ਕੀਤਾ ਗਿਆ। ਇਸ ਮੌਕੇ ਕੌਂਸਲਰ ਸਤੀਸ਼ ਕੁਮਾਰ ਪੱਪੂ, ਕੌਂਸਲਰ ਜਰਨੈਲ ਸਿੰਘ ਲੋਹਟ, ਕੌਂਸਲਰ ਅਮਨ ਕਪੂਰ ਬੌਬੀ, ਕੌਂਸਲਰ ਵਿਕਰਮ ਜੱਸੀ, ਰਵਿੰਦਰ ਕੁਮਾਰ ਸੱਭਰਵਾਲ, ਰਾਜ ਭਾਰਦਵਾਜ, ਵਰਿੰਦਰ ਕਲੇਰ, ਸਾਜਨ ਮਲਹੋਤਰਾ, ਕਰਮਜੀਤ ਸਿੰਘ ਕੈਂਥ, ਅਮਰਨਾਥ ਕਲਿਆਣ, ਸਤਿੰਦਰਜੀਤ ਤਤਲਾ,ਆਦਿ ਹਾਜ਼ਰ ਸਨ।

# ਚਾਇਨਾ ਡੋਰ ਵਰਤਣ ਵਾਲੇ ਬੱਚਿਆਂ ਤੇ ਮਾਪਿਆਂ ਖਿਲਾਫ਼ ਵੀ ਹੋਵੇਗੀ ਕਾਰਵਾਈ : ਜਸਵੀਰ ਤੂਰ




**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਬਸੰਤ ਪੰਚਮੀ ਦੇ ਸ਼ੁਭ ਦਿਹਾੜੇ 'ਤੇ ਜਿੱਥੇ ਸ਼ਹਿਰ ਨਿਵਾਸੀ ਪਤੰਗਬਾਜ਼ੀ ਦੀਆਂ ਤਿਆਰੀਆਂ ਵਿੱਚ ਜੁਟੇ ਹੋਏ ਹਨ, ਉੱਥੇ ਹੀ ਪ੍ਰਸ਼ਾਸਨ ਨੇ ਜਾਨਲੇਵਾ ਚਾਇਨਾ ਡੋਰ (ਸਿੰਥੈਟਿਕ ਡੋਰ) ਨੂੰ ਲੈ ਕੇ ਸਖ਼ਤ ਚੇਤਾਵਨੀ ਜਾਰੀ ਕੀਤੀ ਹੈ। ਥਾਣਾ ਸਿਟੀ ਧੂਰੀ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਸ਼ਹਿਰ ਵਾਸੀਆਂ ਨੂੰ ਤਿਉਹਾਰ ਦੀਆਂ ਮੁਬਾਰਕਾਂ ਦਿੰਦਿਆਂ ਸਪੱਸ਼ਟ ਕੀਤਾ ਕਿ ਇਸ ਵਾਰ ਡੋਰ ਦੀ ਵਰਤੋਂ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ, ਕਿਉਂਕਿ ਹੁਣ ਅਪੀਲ, ਬੇਨਤੀ ਜਾਂ ਹਦਾਇਤ ਕਰਨ ਦਾ ਸਮਾਂ ਚਲਿਆ ਗਿਆ।ਇੰਸਪੈਕਟਰ ਜਸਵੀਰ ਤੂਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਚਾਇਨਾ ਡੋਰ ਨਾ ਸਿਰਫ਼ ਇਨਸਾਨਾਂ ਲਈ, ਸਗੋਂ ਬੇਜ਼ੁਬਾਨ ਪੰਛੀਆਂ ਅਤੇ ਰਾਹਗੀਰਾਂ ਲਈ ਵੀ ਖ਼ੂਨੀ ਡੋਰ ਸਾਬਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਕਾਨੂੰਨ ਅਨੁਸਾਰ ਇਸ ਦੀ ਵਿਕਰੀ 'ਤੇ ਪੂਰਨ ਪਾਬੰਦੀ ਹੈ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕੋਈ ਵਿਅਕਤੀ ਚਾਇਨਾ ਡੋਰ ਵੇਚਦਾ ਜਾਂ ਸਟੋਰ ਕਰਦਾ ਪਾਇਆ ਗਿਆ, ਤਾਂ ਉਸ 'ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ, ਉਨ੍ਹਾਂ ਕਿਹਾ ਕਿ ਇਸ ਡੋਰ ਨੂੰ ਵਰਤਣਾ ਵੀ ਓਨਾ ਹੀ ਵੱਡਾ ਅਪਰਾਧ ਹੈ ਜਿੰਨਾ ਕਿ ਇਸ ਨੂੰ ਵੇਚਣਾ।ਇਸ ਵਾਰ ਪੁਲਸ ਨੇ ਇੱਕ ਨਵੀਂ ਪਹਿਲਕਦਮੀ ਕਰਦਿਆਂ ਮਾਪਿਆਂ ਨੂੰ ਸੁਚੇਤ ਕੀਤਾ ਹੈ। ਇੰਸਪੈਕਟਰ ਤੂਰ ਨੇ ਦੱਸਿਆ ਕਿ ਜੇਕਰ ਕੋਈ ਬੱਚਾ ਚਾਇਨਾ ਡੋਰ ਨਾਲ ਪਤੰਗ ਉਡਾਉਂਦਾ ਫੜਿਆ ਗਿਆ, ਤਾਂ ਉਸ ਦੇ ਮਾਪਿਆਂ ਵਿਰੁੱਧ ਵੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ, ਮਾਪਿਆਂ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਦੇਖਣ ਕਿ ਉਨ੍ਹਾਂ ਦਾ ਬੱਚਾ ਬਾਜ਼ਾਰੋਂ ਕਿਹੜੀ ਡੋਰ ਲਿਆ ਰਿਹਾ ਹੈ। ਉਨ੍ਹਾਂ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਿਰਫ਼ ਸੂਤੀ ਧਾਗੇ ਵਾਲੀ ਡੋਰ ਹੀ ਲੈ ਕੇ ਦੇਣ।ਧੂਰੀ ਪੁਲਸ ਵੱਲੋਂ ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ ਅਤੇ ਛੱਤਾਂ 'ਤੇ ਨਿਗਰਾਨੀ ਰੱਖਣ ਲਈ ਬਿਨਾਂ ਵਰਦੀ ਤੋਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇੰਸਪੈਕਟਰ ਤੂਰ ਨੇ ਸਮੂਹ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦਾ ਸਬੂਤ ਦੇਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਚਾਇਨਾ ਡੋਰ ਦੇ ਵਿਕਰੇਤਾ ਜਾਂ ਵਰਤੋਂਕਾਰ ਬਾਰੇ ਪਤਾ ਲੱਗਦਾ ਹੈ, ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰੇ। ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ ਤਾਂ ਜੋ ਮਿਲ ਕੇ ਇਸ ਖ਼ੂਨੀ ਡੋਰ ਦੇ ਕਹਿਰ ਨੂੰ ਰੋਕਿਆ ਜਾ ਸਕੇ।

## ਸਿਹਤ ਬੀਮੇ ਦੇ ਨਾਂਅ 'ਤੇ ਪੰਜਾਬ ਵਾਸੀਆਂ ਨਾਲ ਭੱਦਾ ਮਜ਼ਾਕ : ਰਣਜੀਤ ਕਾਤਰੋਂ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਸਿਹਤ ਬੀਮਾ ਯੋਜਨਾ ਦੇ ਨਾਂਅ 'ਤੇ ਪੰਜਾਬੀਆਂ ਨੂੰ ਗੁੰਮਰਾਹ ਕਰਨ ਦੀ ਜ਼ੋਰਦਾਰ ਨਿਖੇਧੀ ਕੀਤੀ ਤੇ ਕਿਹਾ ਕਿ ਅਸਲ ਵਿਚ ਸਿਰਫ ਇੱਕ ਲੱਖ ਰੁਪਏ ਦੀ ਮੈਡੀਕਲ ਬੀਮਾ ਰਾਸ਼ੀ ਦਾ ਹੀ ਪ੍ਰਬੰਧ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦਾ ਸਕੀਮ ਲਾਗੂ ਕਰਨ ਦਾ ਕੋਈ ਮਕਸਦ ਨਹੀਂ ਹੈ ਤੇ ਇਹ ਸਿਰਫ਼ ਪਬਲੀਸਿਟੀ ਸਟੰਟ 'ਚ ਲੱਗੀ ਹੈ ਤਾਂ ਜੁ ਪੰਜਾਬੀਆਂ ਨੂੰ ਮੂਰਖ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਇਹ ਸਕੀਮ ਤਰਨਤਾਰਨ ਜ਼ਿਮਨੀ ਚੋਣ ਵੇਲੇ ਪੰਜ ਵਾਰੀ ਜਾਰੀ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਸਕੀਮ ਤਹਿਤ ਇੱਕ ਵੀ ਮਰੀਜ਼ ਨੂੰ ਮੈਡੀਕਲ ਲਾਭ ਦਿੱਤੇ ਬਗੈਰ ਸਕੀਮ ਦੀ ਇਸ਼ਤਿਹਾਰਬਾਜ਼ੀ 'ਤੇ ਕਰੋੜਾਂ ਰੁਪਏ ਖਰਚ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ, ਜਦੋਂ ਸਰਕਾਰ ਨੇ ਸਿਹਤ ਖੇਤਰ ਵਾਸਤੇ ਫੰਡਾਂ ਦੀ ਦੁਰਵਰਤੋਂ ਪਬਲੀਸਿਟੀ ਵਾਸਤੇ ਕੀਤੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਹਤ ਖੇਤਰ ਵਾਸਤੇ ਬੱਜਟ ਵਿੱਚ 761 ਕਰੋੜ ਰੁਪਏ ਰੱਖੇ ਸਨ, ਪਰ ਪੰਜ ਲੋਕਾਂ ਨੂੰ ਵੀ ਮੈਡੀਕਲ ਸਿਹਤ ਬੀਮੇ ਦਾ ਲਾਭ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਸਰਕਾਰ ਨੇ ਆਯੁਸ਼ਮਾਨ ਭਾਰਤ ਸਕੀਮ ਤਹਿਤ ਆਪਣੇ ਹਿੱਸੇ ਦੇ 200 ਕਰੋੜ ਰੁਪਏ ਨਹੀਂ ਦਿੱਤੇ ਜਿਸ ਕਾਰਨ 15 ਲੱਖ ਲੋਕਾਂ ਨੂੰ ਰਾਹਤ ਦੇਣ ਵਾਸਤੇ ਸਕੀਮ ਬੁਰੀ ਤਰ੍ਹਾਂ ਪ੍ਰਭਾਵਤ ਹੋਈ।

## ਹੋਲੀ ਹਾਰਟ ਸਕੂਲ ਅਜੀਤਵਾਲ ਬਣਿਆ ਸਭ ਤੋਂ ਭਰੋਸੇਯੋਗ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਨੇ ਬਹੁਤ ਹੀ ਥੋੜ੍ਹੇ ਸਮੇਂ ਵਿੱਚ ਵਿਲੱਖਣ ਪਛਾਣ ਬਣਾਈ ਹੈ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ ਨੇ ਦੱਸਿਆ ਕਿ ਹੋਲੀ ਹਾਰਟ ਸਕੂਲ ਅਜੀਤਵਾਲ ਸੀ.ਬੀ.ਐਸ.ਈ ਪੈਟਰਨ ਅਧੀਨ ਸਿੱਖਿਆ ਦਿੱਤੀ ਜਾਂਦੀ ਹੈ, ਜਿਸ ਨਾਲ ਵਿਦਿਆਰਥੀਆਂ ਨੂੰ ਦੇਸ਼ ਤੇ ਵਿਦੇਸ਼ ਪੱਧਰ ਦੇ ਮੁਕਾਬਲੇਬਾਜ਼ੀ ਲਈ ਤਿਆਰ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸਕੂਲ ਵਿੱਚ 2026-27 ਲਈ ਦਾਖਲਾ ਸ਼ੁਰੂ ਹੋ ਚੁੱਕਾ ਹੈ।ਸਕੂਲ ਦੇ ਪ੍ਰਿੰਸੀਪਲ ਸਾਕਸ਼ੀ ਗੁਲੇਰੀਆ ਨੇ ਦੱਸਿਆ ਕਿ ਸਕੂਲ ਦਾ ਮੁੱਖ ਉਦੇਸ਼ ਕੇਵਲ ਕਿਤਾਬੀ ਗਿਆਨ ਤੱਕ ਸੀਮਤ ਨਾ ਰਹਿ ਕਿ ਬੱਚਿਆਂ ਦੇ ਸਰਬਾਂਗੀ ਵਿਕਾਸ 'ਤੇ ਧਿਆਨ ਕੇਂਦਰਤ ਕਰਨਾ ਹੈ।ਇਸ ਲਈ ਇਥੇ ਅਕਾਦਮਿਕ ਦੇ ਨਾਲ-ਨਾਲ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਯੋਗਾ, ਸੰਗੀਤ, ਨਾਚ ਤੇ ਨੈਤਿਕ ਸਿੱਖਿਆ ਨੂੰ ਖਾਸ ਮਹੱਤਤਾ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਸਕੂਲ ਵਿੱਚ ਤਜਰਬੇਕਾਰ ਤੇ ਪ੍ਰਸਿੱਖਿਆ ਪ੍ਰਾਪਤ ਅਧਿਆਪਕਾਂ ਦੀ ਟੀਮ ਮੌਜੂਦ ਹੈ, ਜੋ ਵਿਦਿਆਰਥੀਆਂ ਨੂੰ ਆਧੁਨਿਕ ਪੜ੍ਹਾਈ ਦੇ ਤਰੀਕਿਆਂ ਨਾਲ ਸਿੱਖਿਆ ਪ੍ਰਦਾਨ ਕਰਦੀ ਹੈ, ਸਮਾਰਟ ਕਲਾਸ ਰੂਮ, ਵਿਗਿਆਨ ਤੇ ਕੰਪਿਊਟਰ ਲੈਬ, ਵਿਸ਼ਾਲ ਲਾਇਬ੍ਰੇਰੀ ਤੇ ਸੁਰੱਖਿਅਤ ਖੇਡ ਮੈਦਾਨ ਵਰਗੀਆਂ ਸੁਵਿਧਾਵਾਂ ਸਕੂਲ ਨੂੰ ਹੋਰਾਂ ਤੋਂ ਵੱਖਰਾ ਬਣਾਉਂਦੀਆਂ ਹਨ।ਉੱਚ ਗੁਣਵੱਤਾ ਵਾਲੀ ਸਿੱਖਿਆ, ਅਨੁਸ਼ਾਸਤ ਵਾਤਾਵਰਨ ਤੇ ਬੱਚਾ-ਕੇਂਦਰਤ ਪੜ੍ਹਾਈ ਪ੍ਰਣਾਲੀ ਦੇ ਕਾਰਨ ਇਹ ਸਕੂਲ ਇਲਾਕੇ ਦੇ ਲੋਕਾਂ ਦੀ ਸਭ ਤੋਂ ਪਹਿਲੀ ਤੇ ਭਰੋਸੇਯੋਗ ਪਸੰਦ ਬਣ ਚੁੱਕਾ ਹੈ।

## ਕਦੇ ਬਰੇਟਾ ਦੇ ਰੇਲਵੇ ਫਾਟਕਾਂ 'ਤੇ ਵੀ ਬਣੇਗਾ ਅੰਡਰ ਬ੍ਰਿਜ ?



**ਬਰੇਟਾ (ਰੀਤਵਾਲ)**-ਦਿੱਲੀ ਫਿਰੋਜ਼ਪੁਰ ਰੇਲਵੇ ਲਾਈਨ 'ਤੇ ਸਥਿਤ ਬਰੇਟਾ ਦੇ ਰੇਲਵੇ ਫਾਟਕਾਂ 'ਤੇ ਅੰਡਰਬ੍ਰਿਜ ਬਣਾਉਣ ਦੀ ਮੰਗ ਜ਼ੋਰ ਫੜਨ ਲੱਗੀ ਹੈ। ਰੇਲ ਗੱਡੀਆਂ ਦੀ ਆਵਾਜਾਈ ਜ਼ਿਆਦਾ ਹੋਣ ਕਾਰਨ ਇਹ ਫਾਟਕ ਜ਼ਿਆਦਾਤਰ ਬੰਦ ਰਹਿੰਦੇ ਹਨ । ਜਿਸ ਕਾਰਨ ਟ੍ਰੈਫਿਕ ਵਿਵਸਥਾ ਬੁਰੀ ਤਰ੍ਹਾਂ ਵਿਗੜ ਜਾਂਦੀ ਹੈ ਅਤੇ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਵਾਹਨਾਂ ਦੀਆਂ ਲੰਬੀਆਂ ਕਤਾਰਾਂ ਕਾਰਨ ਇੱਥੇ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ। ਸਕੂਲੀ ਵਿਦਿਆਰਥੀਆਂ ਤੋਂ ਲੈ ਕੇ ਔਰਤਾਂ ਅਤੇ ਬਜ਼ੁਰਗ ਇਸ ਸਮੱਸਿਆ ਤੋਂ ਖਾਸੇ ਪ੍ਰੇਸ਼ਾਨ ਹਨ। ਲੋਕ ਵਾਰ-ਵਾਰ ਇੱਥੇ ਅੰਡਰ ਬ੍ਰਿਜ ਬਣਾਉਣ ਦੀ ਮੰਗ ਕਰ ਰਹੇ ਹਨ ਪਰ ਹਾਲੇ ਤੱਕ ਪਰਨਾਲਾ ਜਿਉਂ ਦਾ ਤਿਉਂ ਹੈ। ਵੱਖ ਵੱਖ ਕਲੱਬਾਂ ਦੇ ਆਗੂਆਂ ਅਤੇ ਭਾਰੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਰੇਲਵੇ ਵਿਭਾਗ, ਕੇਂਦਰ ਅਤੇ ਸੂਬਾ ਸਰਕਾਰ ਇਸ ਮਾਮਲੇ ਵਿੱਚ ਤਾਲਮੇਲ ਕਰਕੇ ਇੱਥੇ ਅੰਡਰ ਬ੍ਰਿਜ ਪਹਿਲ ਦੇ ਆਧਾਰ 'ਤੇ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀ ਇਸ ਵੱਡੀ ਪ੍ਰੇਸ਼ਾਨੀ ਤੋਂ ਨਿਜਾਤ ਮਿਲ ਸਕੇ।


## ਡਰੋਨ ਤੇ ਪੈਰਾਗਲਾਈਡਰ ਉਡਾਉਣ 'ਤੇ ਲਗਾਈ ਪਾਬੰਦੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਗੁਰਪ੍ਰੀਤ ਸਿੰਘ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ 26 ਜਨਵਰੀ ਨੂੰ ਸਵੇਰ 6 ਵਜੇ ਤੋਂ ਸ਼ਾਮ 5 ਵਜੇ ਤੱਕ ਗਣਤੰਤਰਤਾ ਦਿਵਸ ਨੂੰ ਮੁੱਖ ਰੱਖਦੇ ਹੋਏ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਹਦੂਦ ਅੰਦਰ ਨੋ ਫਲਾਇੰਗ ਜ਼ੋਨ ਘੋਸ਼ਿਤ ਕਰਦਿਆਂ ਡਰੋਨ, ਅਣ-ਮੈਨਿਡ ਵਹੀਕਲ, ਰਿਮੋਟ ਕੰਟਰੋਲ ਯੂ.ਏ.ਵੀ. ਉਡਾਉਣ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਇਹਨਾਂ ਹੁਕਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## 72 ਘੰਟਿਆਂ 'ਚ 213 ਦੋਸ਼ੀ ਕਾਬੂ


**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਆਈ.ਜੀ. ਫ਼ਰੀਦਕੋਟ ਰੇਂਜ ਸ੍ਰੀਮਤੀ ਨਿਲਾਂਬਰੀ ਜਗਦਲੇ ਦੀ ਅਗਵਾਈ ਹੇਠ ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਵੱਡੀ ਕਾਰਵਾਈ ਕਰਦਿਆਂ ਪਿਛਲੇ 72 ਘੰਟਿਆਂ ਦੌਰਾਨ 213 ਸ਼ੱਕੀ ਅਨਸਰਾਂ ਨੂੰ ਰਾਊਂਡਅਪ ਕੀਤਾ, ਜਿਨ੍ਹਾਂ ਵਿੱਚੋਂ ਕਈ ਖ਼ਤਰਨਾਕ ਗੈਂਗਸਟਰਾਂ ਦੇ ਸਾਥੀ ਤੇ ਨਸ਼ਾ ਤਸਕਰ ਸ਼ਾਮਲ ਹਨ। ਐਸ.ਐਸ.ਪੀ. ਡਾ. ਪ੍ਰਗਿਆ ਜੈਨ ਨੇ ਦੱਸਿਆ ਕਿ 20 ਜਨਵਰੀ ਤੋਂ ਸ਼ੁਰੂ ਕੀਤੀ ਗਈ। ਇਸ ਸੁਚੱਜੀ ਯੋਜਨਾ ਤਹਿਤ 64 ਤੋਂ ਵੱਧ ਪੁਲਸ ਟੀਮਾਂ ਬਣਾਈਆਂ ਗਈਆਂ ਸਨ।ਇਨ੍ਹਾਂ ਟੀਮਾਂ ਵਿੱਚ 9 ਗਜ਼ਟਿਡ ਅਧਿਕਾਰੀ ਤੇ 479 ਪੁਲਸ ਮੁਲਾਜ਼ਮ ਸ਼ਾਮਲ ਸਨ।ਪੁਲਸ ਨੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਗੈਂਗਸਟਰਾਂ ਦੇ ਠਿਕਾਣਿਆਂ, ਉਨ੍ਹਾਂ ਨੂੰ ਪਨਾਹ ਦੇਣ ਵਾਲਿਆਂ ਤੇ ਲੌਜਿਸਟਿਕ ਮਦਦ ਪੁਚਾਉਣ ਵਾਲੇ ਅਨਸਰਾਂ 'ਤੇ ਇਕੋ ਸਮੇਂ ਛਾਪੇਮਾਰੀ ਕੀਤੀ।ਫੜੇ ਗਏ ਦੋਸ਼ੀਆਂ 'ਚ ਯਾਦਵਿੰਦਰ ਸਿੰਘ ਉਰਫ ਯਾਦੂ (ਬੰਬੀਹਾ ਗੈਂਗ) 10 ਮੁਕੱਦਮੇ ਦਰਜ, ਅੰਮ੍ਰਿਤਪਾਲ ਸਿੰਘ ਉਰਫ ਗੱਗੂ (ਬੰਬੀਹਾ ਗੈਂਗ) 5 ਮੁਕੱਦਮੇ ਦਰਜ, ਹਰਪ੍ਰੀਤ ਸਿੰਘ ਉਰਫ ਪ੍ਰੀਤੂ (ਜੈਪਾਲ ਭੁੱਲਰ ਗੈਂਗ) 2 ਮੁਕੱਦਮੇ ਦਰਜ, ਗੁਰਦਿੱਤ ਸਿੰਘ ਉਰਫ ਗੋਰਾ (ਗੋਲਡੀ ਬਰਾੜ ਗੈਂਗ), ਗੁਰਲਾਲ ਸਿੰਘ 2 ਮੁਕੱਦਮੇ ਦਰਜ, ਗ੍ਰਿਫਤਾਰੀਆਂ ਅਤੇ ਬਰਾਮਦਗੀ ਦਾ ਵੇਰਵਾ ਪੁਲਿਸ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਵੱਖ-ਵੱਖ ਮਾਮਲਿਆਂ ਵਿੱਚ ਕੀਤੀਆਂ ਗਈਆਂ।

## ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਨ ਮਨਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਮੇਰਾ ਯੁਵਾ ਭਾਰਤ ਫ਼ਿਰੋਜ਼ਪੁਰ ਦੇ ਜ਼ਿਲ੍ਹਾ ਯੂਥ ਅਫ਼ਸਰ ਰੋਹਿਤ ਕੁਮਾਰ ਸੈਨੀ ਤੇ ਸੀਨੀਅਰ ਲੇਖਾਕਾਰ ਤੇ ਪ੍ਰੋਗਰਾਮ ਅਫਸਰ ਮਨਜੀਤ ਸਿੰਘ ਭੁੱਲਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸ੍ਰੀ ਗੁਰੂ ਨਾਨਕ ਦੇਵ ਯੂਥ ਕਲੱਬ ਵਸਤੀ ਉਜਾਗਰ ਸਿੰਘ ਵਾਲੀ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਲੜਕੇ ਵਿਖੇ ਨੇਤਾ ਜੀ ਸੁਭਾਸ਼ ਚੰਦਰ ਬੋਸ ਦਾ ਜਨਮ ਦਿਨ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਸੁਖਵਿੰਦਰ ਸਿੰਘ ਸ਼ਾਮਲ ਹੋਏ।ਕਲੱਬ ਪ੍ਰਧਾਨ ਗੁਰਸਾਹਿਬ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆ ਨੂੰ ਆਖਿਆ ਗਿਆ।ਪ੍ਰਿੰਸੀਪਲ ਸੁਖਵਿੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸੁਭਾਸ਼ ਚੰਦਰ ਬੋਸ ਦੀ ਜੀਵਨੀ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।ਸਾਇੰਸ ਮਾਸਟਰ ਗੁਰਇਕਬਾਲ ਸਿੰਘ ਵੱਲੋਂ ਨੇਤਾ ਸੁਭਾਸ਼ ਚੰਦਰ ਬੋਸ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਫੇਮੀਵਾਲਾ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।ਲਕਸ਼ੇ ਯੂਥ ਕਲੱਬ ਦੇ ਪ੍ਰਧਾਨ ਰਾਜੀਵ ਕਪੂਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ।ਲਵਪ੍ਰੀਤ ਸਿੰਘ ਮਾਲਕ ਵੀਜ਼ਾ ਲੈਂਡ ਵੱਲੋਂ ਮੇਰਾ ਯੁਵਾ ਭਾਰਤ ਫਿਰੋਜ਼ਪੁਰ ਵੱਲੋਂ ਕਰਾਏ ਜਾਂਦੇ ਪ੍ਰੋਗਰਾਮਾਂ ਦੀ ਸ਼ਲਾਘਾ ਕੀਤੀ।

## ਭਾਜਪਾ ਆਗੂ ਨਤਿੰਦਰ ਮਖੀਜਾ ਦੇ ਹੱਕ 'ਚ ਆਏ ਸਿਆਸੀ ਆਗੂ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਨਤਿੰਦਰ ਮਖੀਜਾ 'ਤੇ ਬੀਤੇ ਦਿਨੀਂ ਹੋਏ ਕਾਤਲਾਨਾ ਹਮਲੇ, ਜਿਸ ਵਿੱਚ ਉਹ ਗੰਭੀਰ ਜ਼ਖ਼ਮੀ ਹੋ ਗਏ ਸਨ ਤੇ ਮਮਦੋਟ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ, ਇਸ ਸਬੰਧੀ ਮਮਦੋਟ ਇਲਾਕੇ ਦੇ ਲੋਕਾਂ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਉਨ੍ਹਾਂ 'ਤੇ ਹੋਏ ਕਾਤਲਾਨਾ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਸ੍ਰੀ ਮੁਖੀਜਾ ਨੇ ਦੱਸਿਆ ਕਿ ਕੁੱਝ ਦਿਨ ਪਹਿਲਾਂ ਉਸਦੇ ਗੁਆਂਢੀਆਂ ਨਾਲ ਕਾਰ ਪਾਰਕਿੰਗ ਨੂੰ ਲੈ ਕੇ ਹੋਏ ਵਿਵਾਦ ਕਰਕੇ ਉਨ੍ਹਾਂ ਵੱਲੋਂ ਮੇਰੇ 'ਤੇ ਹਮਲਾ ਕਰਕੇ ਮੈਨੂੰ ਗੰਭੀਰ ਜ਼ਖ਼ਮੀ ਕਰ ਦਿੱਤਾ ਗਿਆ ਸੀ।ਉਨ੍ਹਾਂ ਦੱਸਿਆ ਕਿ ਮੇਰੇ ਪਰਵਾਰ ਵੱਲੋਂ ਮੈਨੂੰ ਮਮਦੋਟ ਦੇ ਸਿਵਲ ਹਸਪਤਾਲ ਵਿੱਚ ਇਲਾਜ ਲਈ ਦਾਖਲ ਕਰਾਇਆ ਗਿਆ ਤੇ ਮਮਦੋਟ ਕਸਬੇ ਦੇ ਲੋਕਾਂ ਵੱਲੋਂ ਪਾਰਟੀਬਾਜ਼ੀ ਤੋਂ ਉੱਪਰ ਉਠ ਕੇ ਮੇਰਾ ਸਾਥ ਦਿੱਤਾ ਤੇ ਮੈਨੂੰ ਸੁਰੱਖਿਆ ਦਿੱਤੀ, ਜਿਸ ਵਾਸਤੇ ਉਹ ਸਦਾ ਇਨ੍ਹਾਂ ਸਾਰਿਆਂ ਦਾ ਰਿਣੀ ਰਹੇਗਾ।ਉਨ੍ਹਾਂ ਦੱਸਿਆ ਕਿ ਪੁਲਿਸ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ ਤੇ ਉਨ੍ਹਾਂ ਨੇ ਜ਼ਿਲ੍ਹਾ ਪੁਲਸ ਮੁਖੀ ਦੀ ਤਾਰੀਫ਼ ਵੀ ਕੀਤੀ।ਉਨ੍ਹਾਂ ਦੱਸਿਆ ਕਿ ਮੇਰੇ ਤੇ ਮੇਰੇ ਪਰਵਾਰ 'ਤੇ ਕਦੇ ਵੀ ਜਾਨਲੇਵਾ ਹਮਲਾ ਹੋ ਸਕਦਾ ਹੈ। ਇਸ ਵਾਸਤੇ ਉਨ੍ਹਾਂ ਵੱਲੋਂ ਐਸ.ਐਸ.ਪੀ ਨੂੰ ਇੱਕ ਦਰਖਾਸਤ ਦੇ ਕਿ ਸੁਰੱਖਿਆ ਦੀ ਮੰਗ ਕੀਤੀ ਗਈ ਹੈ ਤੇ ਮਾਮਲੇ ਸਬੰਧੀ ਭਾਜਪਾ ਦੇ ਪੰਜਾਬ ਪ੍ਰਧਾਨ ਅਸ਼ਵਨੀ ਸ਼ਰਮਾ ਨੂੰ ਵੀ ਜਾਣੂ ਕਰਾ ਦਿੱਤਾ ਗਿਆ ਹੈ। ਸੀਨੀਅਰ ਅਕਾਲੀ ਆਗੂ ਵਰਿੰਦਰ ਸਿੰਘ ਵੈਰੜ ਪ੍ਰਧਾਨ ਨੰਬਰਦਾਰ ਯੂਨੀਅਨ ਤੇ ਮਹਿਤਾਬ ਸਿੰਘ ਐਮ.ਸੀ ਮਮਦੋਟ ਨੇ ਕਿਹਾ ਕਿ ਮਖੀਜਾ ਪਰਵਾਰ 'ਤੇ ਹੋਏ ਕਾਤਲਾਨਾਂ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ।

## ਚਾਈਲਡ ਲਾਈਨ ਨੰਬਰ 1098 'ਤੇ ਮਿਲੀ ਸ਼ਿਕਾਇਤ ਦੇ ਆਧਾਰ 'ਤੇ ਕੀਤੀ ਚੈਕਿੰਗ



**ਮਲੇਰਕੋਟਲਾ (ਅਸਗਰ ਪਰਿਹਾਰ)**-ਚਾਈਲਡ ਲਾਈਨ ਨੰਬਰ 1098 'ਤੇ ਪ੍ਰਾਪਤ ਹੋਈ ਸ਼ਿਕਾਇਤ ਦੇ ਆਧਾਰ ਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰੋਜੈਕਟ ਜੀਵਨਜੋਤ 2.0 ਤਹਿਤ ਬਾਬਾ ਆਤਮਾ ਰਾਮ ਦੀ ਸਮਾਧ ਦੇ ਆਲੇ-ਦੁਆਲੇ ਬਾਲ ਭਿੱਖਿਆ ਸਬੰਧੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦਾ ਮੁੱਖ ਉਦੇਸ਼ ਜਨਤਕ ਧਾਰਮਿਕ ਸਥਾਨਾਂ 'ਤੇ ਬੱਚਿਆਂ ਨੂੰ ਭੀਖ ਮੰਗਣ ਤੋਂ ਬਚਾਉਣਾ ਅਤੇ ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਸੀ। ਚੈਕਿੰਗ ਦੌਰਾਨ ਟੀਮ ਵੱਲੋਂ ਸਮਾਧ ਦੇ ਮੁੱਖ ਦਰਵਾਜ਼ਿਆਂ, ਪਰਿਕਰਮਾ ਖੇਤਰ, ਨੇੜਲੇ ਰਸਤੇ ਅਤੇ ਆਸ-ਪਾਸ ਦੇ ਇਲਾਕਿਆਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ। ਬਾਲ ਸੁਰੱਖਿਆ ਵਿਭਾਗ ਦੀ ਟੀਮ ਦੇ ਨੁਮਾਇੰਦੇ ਨੇ ਕਿਹਾ ਕਿ ਇਸ ਦੌਰਾਨ ਕਿਸੇ ਵੀ ਬੱਚੇ ਨੂੰ ਭੀਖ ਮੰਗਦੇ ਹੋਏ ਨਹੀਂ ਪਾਇਆ ਗਿਆ ਅਤੇ ਇਹ ਨਤੀਜਾ ਦਰਸਾਉਂਦਾ ਹੈ ਕਿ ਪ੍ਰਸ਼ਾਸਨ ਵੱਲੋਂ ਬਾਲ ਭਿੱਖਿਆ ਵਿਰੁੱਧ ਚਲ ਰਹੀਆਂ ਲਗਾਤਾਰ ਕੋਸ਼ਿਸ਼ਾਂ ਸਹੀ ਦਿਸ਼ਾ ਵਿੱਚ ਅੱਗੇ ਵਧ ਰਹੀਆਂ ਹਨ। ਚੈਕਿੰਗ ਦੇ ਨਾਲ-ਨਾਲ ਟੀਮ ਵੱਲੋਂ ਮੌਕੇ 'ਤੇ ਮੌਜੂਦ ਸੇਵਾਦਾਰਾਂ, ਦੁਕਾਨਦਾਰਾਂ ਅਤੇ ਸ਼ਰਧਾਲੂਆਂ ਨਾਲ ਰਾਬਤਾ ਕਰਕੇ ਉਨ੍ਹਾਂ ਨੂੰ ਬਾਲ ਅਧਿਕਾਰਾਂ, ਬਾਲ ਭਿੱਖਿਆ ਸਬੰਧੀ ਕਾਨੂੰਨੀ ਪ੍ਰਬੰਧਾਂ ਅਤੇ ਬੱਚਿਆਂ ਦੀ ਸਿੱਖਿਆ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਬੱਚਿਆਂ ਨੂੰ ਭੀਖ ਮੰਗਣ ਲਈ ਉਤਸ਼ਾਹਿਤ ਨਾ ਕੀਤਾ ਜਾਵੇ ਅਤੇ ਜੇ ਕਿਤੇ ਵੀ ਅਜਿਹਾ ਮਾਮਲਾ ਨਜ਼ਰ ਆਵੇ ਤਾਂ ਤੁਰੰਤ ਚਾਈਲਡ ਲਾਈਨ ਨੰਬਰ 1098 'ਤੇ ਸੂਚਨਾ ਦਿੱਤੀ ਜਾਵੇ। ਇਸ ਮੌਕੇ ਬਾਲ ਸੁਰੱਖਿਆ ਅਫਸਰ ਮੁਬੀਨ ਕੁਰੇਸ਼ੀ, ਸਬ-ਇੰਨਸਪੈਕਟਰ ਕਰਨਜੀਤ ਸਿੰਘ, ਕੌਂਸਲਰ ਰਵਿੰਦਰ ਕੌਰ, ਸਿੱਖਿਆ ਵਿਭਾਗ ਤੋਂ ਕੁਲਵੀਰ ਸਿੰਘ ਰਟੌਲਾ, ਮੀਡੀਆ ਸਹਾਇਕ ਪਰਗਟ ਸਿੰਘ ਹਾਜ਼ਰ ਸਨ।

# ਕਿਲ੍ਹਾ ਰਾਏਪੁਰ 'ਚ 3 ਦਿਨ ਬੈਲ ਗੱਡੀਆਂ ਦੀਆਂ ਦੌੜਾਂ ਹੋਣਗੀਆਂ : ਡੀ ਸੀ



**ਲੁਧਿਆਣਾ (ਰੈਕਟਰ ਕਥੂਰੀਆ)**

ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਬੱਚਤ ਭਵਨ ਵਿਖੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਲ੍ਹਾ ਰਾਏਪੁਰ ਵਿਖੇ 30 ਜਨਵਰੀ ਤੋਂ 1 ਫਰਵਰੀ ਤੱਕ ਪੇਂਡੂ ਉਲੰਪਿਕ ਦਾ ਆਯੋਜਨ ਕੀਤਾ ਜਾਵੇਗਾ।ਇਨ੍ਹਾਂ ਖੇਡਾਂ ਵਿੱਚ ਤਿੰਨੇ ਦਿਨ ਬੈਲ ਗੱਡੀਆਂ ਦੀਆਂ ਦੌੜਾਂ ਵੀ ਹੋਣਗੀਆਂ।ਇਨ੍ਹਾਂ ਖੇਡਾਂ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਸ਼ਿਰਕਤ ਕਰਨਗੇ। ਡਿਪਟੀ ਕਮਿਸ਼ਨਰ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅਮਰਜੀਤ ਬੈਂਸ, ਉਪ ਮੰਡਲ ਮੈਜਿਸਟ੍ਰੇਟ (ਲੁਧਿਆਣਾ ਪੂਰਬੀ) ਜਸਲੀਨ ਕੌਰ ਭੁੱਲਰ, ਕਿਲ੍ਹਾ ਰਾਏਪੁਰ ਸਪੋਰਟਸ ਸੁਸਾਇਟੀ (ਪੱਤੀ ਸੁਹਾਵੀਆ) ਦੇ ਪ੍ਰਧਾਨ ਕਰਨਲ ਸੁਰਿੰਦਰ ਸਿੰਘ ਗਰੇਵਾਲ, ਜਨਰਲ ਸਕੱਤਰ ਗੁਰਵਿੰਦਰ ਸਿੰਘ, ਕੋਚ ਪਰਮਜੀਤ ਸਿੰਘ, ਸਪੋਕਸਮੈਨ ਗੁਰਿੰਦਰ ਸਿੰਘ ਗਰੇਵਾਲ, ਵਰਕਿੰਗ ਕਮੇਟੀ ਇੰਚਾਰਜ ਬਲਰਾਜ ਗਾਬਾ ਵੀ ਮੌਜੂਦ ਸਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੈਲ ਗੱਡੀਆਂ ਦੀਆਂ ਦੌੜਾਂ ਕਰਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਕਮੇਟੀ ਦਾ ਗਠਨ ਵੀ ਕੀਤਾ ਗਿਆ ਹੈ। ਇਹ ਕਮੇਟੀ ਭਾਰਤੀ ਪਸ਼ੂ ਭਲਾਈ ਬੋਰਡ ਅਤੇ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਤੇ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੀ.ਸੀ.ਏ.) ਐਕਟ 1960 ਅਤੇ ਸੋਧਿਆ ਗਿਆ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ (ਪੰਜਾਬ ਸੋਧ) ਐਕਟ, 2019 ਦੀ ਪਾਲਣਾ ਕਰਨੀ ਯਕੀਨੀ ਬਣਾਏਗੀ।ਉਨ੍ਹਾਂ ਕਿਹਾ ਕਿ ਲਗਾਤਾਰ ਤੀਜੇ ਸਾਲ, ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੇਂਡੂ ਉਲੰਪਿਕ ਦਾ ਆਯੋਜਨ ਕਰ ਰਹੀ ਹੈ।ਹਿਮਾਂਸ਼ੂ ਜੈਨ ਵੱਲੋਂ ਪ੍ਰਸਿੱਧ ਕਿਲ੍ਹਾ ਰਾਏਪੁਰ ਰੂਰਲ ਓਲੰਪਿਕ-2026 ਦਾ ਪੋਸਟਰ ਜਾਰੀ ਕਰਦਿਆਂ ਦੱਸਿਆ ਕਿ 30 ਜਨਵਰੀ 2026 ਨੂੰ ਖੇਡਾਂ ਦੇ ਪਹਿਲੇ ਦਿਨ, ਸ਼ਡਿਊਲ ਵਿੱਚ ਹਾਕੀ ਮੈਚ (ਲੜਕੇ ਓਪਨ ਕੈਟਾਗਿਰੀ), ਹਾਕੀ ਮੈਚ (ਲੜਕੀਆਂ ਓਪਨ ਕੈਟਾਗਿਰੀ), 1500 ਮੀਟਰ (ਲੜਕੇ) ਫਾਈਨਲ, 1500 ਮੀਟਰ (ਲੜਕੀਆਂ) ਫਾਈਨਲ, 400 ਮੀਟਰ ਲੜਕੇ ਹੀਟਸ/ਫਾਈਨਲ, 400 ਮੀਟਰ ਲੜਕੀਆਂ ਹੀਟਸ/ਫਾਈਨਲ, 60 ਮੀਟਰ ਦੌੜ ਪ੍ਰਾਇਮਰੀ ਸਕੂਲ ਲੜਕੇ, 60 ਮੀਟਰ ਦੌੜ ਪ੍ਰਾਇਮਰੀ ਸਕੂਲ ਲੜਕੀਆਂ, ਬੈਲ ਗੱਡੀਆਂ ਦੀਆਂ ਦੌੜਾਂ (ਦੁਪਹਿਰ 12:15 ਤੋਂ ਸ਼ਾਮ ਤੱਕ) ਹੋਣਗੀਆਂ। ਉਦਘਾਟਨੀ ਸਮਾਰੋਹ ਦੌਰਾਨ ਗਿੱਧਾ, ਭੰਗੜਾ ਤੇ ਨਿਹੰਗ ਸਿੰਘਾਂ ਦੇ ਕਰਤੱਬ ਵੀ ਹੋਣਗੇ। ਉਨ੍ਹਾਂ ਕਿਹਾ ਕਿ 31 ਜਨਵਰੀ ਨੂੰ ਹਾਕੀ ਮੈਚ (ਲੜਕੇ ਓਪਨ ਸੈਮੀਫਾਈਨਲ), ਹਾਕੀ ਮੈਚ (ਲੜਕੀਆਂ ਓਪਨ ਸੈਮੀਫਾਈਨਲ), ਕਬੱਡੀ ਸਰਕਲ ਸਟਾਈਲ (ਲੜਕੇ), ਸ਼ਾਟਪੁੱਟ (ਲੜਕੇ), ਸ਼ਾਟਪੁੱਟ (ਲੜਕੀਆਂ), ਕਬੱਡੀ ਸਰਕਲ ਸਟਾਈਲ (ਲੜਕੀਆਂ), ਕੱਬਡੀ ਨੈਸ਼ਨਲ ਸਟਾਈਲ ਅੰਡਰ 17 (ਲੜਕੀਆਂ),100 ਮੀਟਰ ਲੜਕੇ ਹੀਟਸ, 100 ਮੀਟਰ ਲੜਕੀਆਂ ਹੀਟਸ, ਬੈਲ ਗੱਡੀਆਂ ਦੀਆਂ ਦੌੜਾਂ (ਦੁਪਹਿਰ 12:00 ਤੋਂ 2:00 ਵਜੇ ਤੱਕ), ਲੌਂਗ ਜੰਪ ਲੜਕੇ ਫਾਈਨਲ, ਲੌਂਗ ਜੰਪ ਲੜਕੀਆਂ ਫਾਈਨਲ, 100 ਮੀਟਰ ਲੜਕੇ ਫਾਈਨਲ, 100 ਮੀਟਰ ਲੜਕੀਆਂ ਫਾਈਨਲ, ਰੱਸਾ-ਕੱਸੀ ਲੜਕੇ ਅਤੇ ਬੈਲ ਗੱਡੀਆਂ ਦੀਆਂ ਦੌੜਾਂ (ਸ਼ਾਮ 4:00 ਵਜੇ ਤੋਂ) ਹੋਣਗੀਆਂ। 1 ਫਰਵਰੀ ਨੂੰ ਕਬੱਡੀ ਨੈਸ਼ਨਲ ਸਟਾਈਲ ਅੰਡਰ 17 ਸਾਲ ਲੜਕੀਆਂ, ਬੈਲ ਗੱਡੀਆਂ ਦੀਆਂ ਦੌੜਾਂ (ਸਵੇਰੇ 10:00 ਵਜੇ ਤੋਂ), ਕਬੱਡੀ ਸਰਕਲ ਸਟਾਈਲ ਇੱਕ ਪਿੰਡ ਓਪਨ (ਲੜਕੇ), ਸ਼ਾਟਪੁੱਟ (ਲੜਕੇ) ਫਾਈਨਲ, 200 ਮੀਟਰ ਲੜਕੇ ਹੀਟਸ ਫਾਈਨਲ, 200 ਮੀਟਰ ਲੜਕੀਆਂ ਹੀਟਸ ਫਾਈਨਲ, ਉੱਚੀ ਛਾਲ ਲੜਕੇ ਫਾਈਨਲ, ਸ਼ਾਟਪੁੱਟ (ਲੜਕੀਆਂ) ਫਾਈਨਲ, 800 ਮੀਟਰ ਲੜਕੇ ਫਾਈਨਲ, 800 ਮੀਟਰ ਲੜਕੀਆਂ ਫਾਈਨਲ, ਉੱਚੀ ਛਾਲ ਲੜਕੀਆਂ ਫਾਈਨਲ, 2000 ਮੀਟਰ ਸਾਈਕਲ ਦੌੜ ਲੜਕੇ, 2000 ਮੀਟਰ ਸਾਈਕਲ ਦੌੜ ਲੜਕੀਆਂ, 100 ਮੀਟਰ ਦੌੜ ਪੁਰਸ਼ (65+ ਸਾਲ), 100 ਮੀਟਰ ਦੌੜ ਪੁਰਸ਼ (75+ ਸਾਲ), 100 ਮੀਟਰ ਦੌੜ ਪੁਰਸ਼ (80+ ਸਾਲ), ਟਰਾਲੀ ਲੋਡਿੰਗ ਅਨਲੋਡਿੰਗ, ਟਰਾਈ ਸਾਈਕਲ ਦੌੜ, ਬੈਲ ਗੱਡੀਆਂ ਦੀਆਂ ਦੌੜਾਂ (ਸ਼ਾਮ 5:00 ਵਜੇ ਤੋਂ) ਹੋਣਗੀਆਂ।

## ਜੀ ਐੱਸ ਟੀ ਚੋਰੀ ਰੋਕਣ ਲਈ ਵੱਡੀ ਕਾਰਵਾਈ



**ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਹਾਇਕ ਕਮਿਸ਼ਨਰ ਰਾਜ ਕਰ ਸ੍ਰੀ ਅਮਿਤ ਗੋਇਲ ਦੀ ਅਗਵਾਈ ਹੇਠ ਜੀ.ਐਸ.ਟੀ. ਅਧੀਨ ਟੈਕਸ ਚੋਰੀ ਨੂੰ ਰੋਕਣ ਲਈ ਵੱਡੀ ਕਾਰਵਾਈ ਕਰਦੇ ਹੋਏ ਦਫ਼ਤਰ ਸਹਾਇਕ ਕਮਿਸ਼ਨਰ, ਸਟੇਟ ਟੈਕਸ ਵੱਲੋਂ ਮਲੋਟ ਵਿਖੇ ਸਥਿਤ ਇੱਕ ਪ੍ਰਮੁੱਖ ਲੀਡ ਮੈਨੂਫੈਕਚਰਿੰਗ ਯੂਨਿਟ ਦੀ ਜਾਂਚ ਕੀਤੀ ਗਈ।ਉਨ੍ਹਾਂ ਨਾਲ ਸ੍ਰੀ ਅਮਿਤ ਚਰਾਇਆ, ਸਟੇਟ ਟੈਕਸ ਅਫ਼ਸਰ, ਸ੍ਰੀ ਗੁਰਿੰਦਰਜੀਤ ਸਿੰਘ, ਸ੍ਰੀ ਮਨਜਿੰਦਰ ਸਿੰਘ ਤੇ ਹੋਰ ਵਿਭਾਗੀ ਸਟਾਫ਼ ਮੌਜੂਦ ਸੀ।ਇਹ ਕਾਰਵਾਈ ਨਕਲੀ ਬਿਲਿੰਗ 'ਤੇ ਧੋਖੇ ਨਾਲ ਲਿਆ ਗਿਆ ਇਨਪੁੱਟ ਟੈਕਸ ਕਰੈਡਿਟ ਰੋਕਣ ਦੇ ਉਦੇਸ਼ ਨਾਲ ਕੀਤੀ ਗਈ, ਜੋ ਸਰਕਾਰੀ ਰਾਜਸਵ ਨੂੰ ਨੁਕਸਾਨ ਪੁਚਾਉਂਦਾ ਹੈ।ਵਿਭਾਗ ਸਰਕਾਰੀ ਰਾਜਸਵ ਦੀ ਸੁਰੱਖਿਆ ਤੇ ਜੀ.ਐਸ.ਟੀ. ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਖ਼ਾਸ ਤੌਰ 'ਤੇ ਨਾਨ-ਫੈਰਸ ਧਾਤੂਆਂ (ਜਿਵੇਂ ਲੀਡ ਆਦਿ) ਨਾਲ ਸਬੰਧਤ ਵਪਾਰੀਆਂ ਤੇ ਸੈਕਟਰਾਂ 'ਤੇ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ, ਕਿਉਂਕਿ ਇਨ੍ਹਾਂ ਖੇਤਰਾਂ ਵਿੱਚ ਜੀ.ਐਸ.ਟੀ. ਚੋਰੀ ਤੇ ਨਕਲੀ ਦੇ ਮਾਮਲੇ ਵੱਧ ਪਾਏ ਗਏ ਹਨ।ਵਿਭਾਗ ਵੱਲੋਂ ਦੁਹਰਾਇਆ ਗਿਆ ਕਿ ਨਕਲੀ ਜਾਂ ਫ਼ਰਜ਼ੀ ਬਿਲਿੰਗ ਨਾਲ ਸੰਬੰਧਿਤ ਕਿਸੇ ਵੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਬੀਮਾ ਕਾਰਡ ਰੰਗਲੇ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਦਾ ਇਕ ਹੋਰ ਮੀਲ ਪੱਥਰ ਸਥਾਪਤ : ਵਿਧਾਇਕ ਰਮਦਾਸ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਆਮ ਆਦਮੀ ਪਾਰਟੀ ਦੇ ਅਟਾਰੀ ਹਲਕੇ ਤੋਂ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਵੱਲੋਂ ਪਾਰਟੀ ਦੇ ਅਹੁਦੇਦਾਰਾਂ ਅਤੇ ਵਲੰਟੀਅਰਾਂ ਦੀ ਮੌਜੂਦਗੀ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਕਾਰਡ ਦੀ ਲਾਂਚਿੰਗ ਖੁਸ਼ਗਵਾਰ ਮਾਹੌਲ ਵਿੱਚ ਮਨਾਈ ਗਈ।ਗਵਾਲਮੰਡੀ ਸਥਿਤ ਪਾਰਟੀ ਦਫ਼ਤਰ ਵਿਖੇ ਆਯੋਜਿਤ ਇਸ ਸਮਾਗਮ ਦੌਰਾਨ ਅਹੁਦੇਦਾਰਾਂ ਅਤੇ ਇਲਾਕਾ ਨਿਵਾਸੀਆਂ ਨੇ ਮਿਠਾਈਆਂ ਵੰਡ ਕੇ ਖੁਸ਼ੀ ਸਾਂਝੀ ਕੀਤੀ।ਸਮਾਗਮ ਨੂੰ ਸੰਬੋਧਨ ਕਰਦਿਆਂ ਵਿਧਾਇਕ ਜਸਵਿੰਦਰ ਸਿੰਘ ਰਮਦਾਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 22 ਜਨਵਰੀ ਨੂੰ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕਰਕੇ ਲੋਕਾਂ ਦੀ ਭਲਾਈ ਲਈ ਇੱਕ ਇਤਿਹਾਸਕ ਫੈਸਲਾ ਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਲਾਗੂ ਕਰਨ ਵਾਲਾ




ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ, ਜਿਸ ਅਧੀਨ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਅਤੇ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ।ਰਮਦਾਸ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਸ ਯੋਜਨਾ ਦਾ ਸਰਕਾਰੀ ਤੌਰ 'ਤੇ ਆਗਾਜ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ ਵੱਲੋਂ ਮੋਹਾਲੀ ਤੋਂ ਕੀਤਾ ਗਿਆ ਹੈ।

ਉਨ੍ਹਾਂ ਸਪਸ਼ਟ ਕੀਤਾ ਕਿ ਇਸ ਸਕੀਮ ਵਿੱਚ ਕਿਸੇ ਵੀ ਕਿਸਮ ਦੀ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਦੇ ਦਾਇਰੇ ਵਿੱਚ ਲਿਆਂਦਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਅਧੀਨ ਸਰਕਾਰੀ ਹਸਪਤਾਲਾਂ ਦੇ ਨਾਲ-ਨਾਲ ਪ੍ਰਾਈਵੇਟ ਇਮਪੈਨਲ ਹਸਪਤਾਲਾਂ ਵਿੱਚ ਵੀ ਇਲਾਜ ਦੀ ਸੁਵਿਧਾ ਮਿਲੇਗੀ, ਜਿਸ ਨਾਲ ਮਹਿੰਗੇ ਇਲਾਜ ਦਾ ਆਰਥਿਕ ਬੋਝ ਘੱਟ ਹੋਵੇਗਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਪੰਜਾਬ ਦੇ ਸਿਹਤ ਖੇਤਰ ਵਿੱਚ ਇੱਕ ਨਵਾਂ ਦੌਰ ਸ਼ੁਰੂ ਕਰੇਗੀ।ਇਸ ਨਾਲ ਨਾ ਸਿਰਫ਼ ਹਰ ਪਰਿਵਾਰ ਨੂੰ ਗੁਣਵੱਤਾ ਭਰਪੂਰ ਅਤੇ ਮੁਫ਼ਤ ਇਲਾਜ ਦੀ ਪੂਰੀ ਗਰੰਟੀ ਮਿਲੇਗੀ, ਸਗੋਂ ਸਰਕਾਰੀ ਸਿਹਤ ਪ੍ਰਣਾਲੀ 'ਤੇ ਲੋਕਾਂ ਦਾ ਵਿਸ਼ਵਾਸ ਵੀ ਹੋਰ ਮਜ਼ਬੂਤ ਹੋਵੇਗਾ।

# ਸੱਜਣ ਕੁਮਾਰ ਨੂੰ ਬਰੀ ਕਰਨਾ ਭਾਰਤੀ ਨਿਆਂ ਪ੍ਰਣਾਲੀ ਦੇ ਇਤਿਹਾਸ 'ਚ ਕਾਲਾ ਦਿਨ : ਤਰਸੇਮ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰੈੱਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਪ੍ਰੈੱਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ 1984 ਵਿੱਚ ਹੋਈ ਸਿੱਖ ਨਸਲਕੁਸ਼ੀ ਦੇ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਨ ਦਾ ਫੈਸਲਾ ਸਿੱਖ ਕੌਮ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੇ ਬਰਾਬਰ ਹੈ। ਜਿਥੇ ਸਾਨੂੰ ਇਸ ਫੈਸਲੇ ਨਾਲ ਬੇਤਹਾਸ਼ਾ ਦੁੱਖ ਪਹੁੰਚਿਆ ਹੈ ਉਥੇ ਹੀ ਇਸ ਨੇ ਪੂਰੀ ਸਿੱਖ ਕੌਮ ਦੀ ਆਤਮਾ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ 1984 ਦੌਰਾਨ



ਹਜ਼ਾਰਾਂ ਨਿਰਦੋਸ਼ ਸਿੱਖ ਪਰਿਵਾਰ ਤਬਾਹ ਹੋ ਗਏ ਪਰ ਚਾਰ ਦਹਾਕਿਆਂ ਬਾਅਦ ਵੀ ਦੋਸ਼ੀਆਂ ਨੂੰ ਪੂਰੀ ਤਰ੍ਹਾਂ ਨਿਆਂ ਦੇ ਕਟਹਿਰੇ 'ਚ ਲਿਆਉਣ ਵਿੱਚ ਭਾਰਤੀ ਨਿਆਂ ਪ੍ਰਣਾਲੀ ਅਸਫ਼ਲ ਰਹੀ ਹੈ ਜਿਸ ਕਾਰਨ ਇਨਸਾਫ਼ ਦੇ ਨਾਂਅ 'ਤੇ ਆਇਆ ਇਹ ਫੈਸਲਾ ਗੰਭੀਰ ਸਵਾਲ ਖੜੇ ਕਰਦਾ ਹੈ ਅਤੇ ਇਹ ਦਿਨ ਭਾਰਤੀ ਨਿਆਂ ਪ੍ਰਣਾਲੀ ਦੇ ਇਤਿਹਾਸ ਵਿੱਚ ਕਾਲੇ ਦਿਨ ਵਜੋਂ ਲਿਖਿਆ ਜਾਵੇਗਾ। ਬਾਪੂ ਤਰਸੇਮ ਸਿੰਘ ਨੇ ਇਸ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਇਸ ਅਨਿਆਂ ਨੂੰ ਕਦੇ ਵੀ ਨਹੀਂ ਭੁੱਲਣਗੀਆਂ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ ਸ੍ਰੀ ਅਭੀਤਾਬ ਤਿਵਾੜੀ ਨਾਇਬ ਤਹਿਸੀਲਦਾਰ ਕਮ ਏ.ਸੀ. ਸੈਕਿੰਡ ਸਬ-ਤਹਿਸੀਲ ਰਮਦਾਸ

ਅੱਜ ਮਿਤੀ 20/01/2026 ਨੂੰ ਇੱਕ ਦਰਖਾਸਤ ਜ਼ੇਰ ਧਾਰਾ 40 ਰਜਿਸਟਰੇਸ਼ਨ ਐਕਟ 1908 ਅਧੀਨ ਰਜਿਸਟਰਡ ਕਰਨ ਵਾਸਤੇ ਗਗਨਦੀਪ ਸਿੰਘ ਪੁੱਤਰ ਕੰਵਰ ਬਲਦੇਵ ਸਿੰਘ ਵਾਸੀ ਮਾਕੋਵਾਲ, ਤਹਿ: ਰਮਦਾਸ, ਜ਼ਿਲ੍ਹਾ ਅੰਮ੍ਰਿਤਸਰ ਨੇ ਮੇਰੇ ਕੋਲ ਪੇਸ਼ ਕੀਤੀ ਹੈ ਕਿ ਮੇਰੇ ਤਾਇਆ ਸੁਖਮਿੰਦਰ ਸਿੰਘ ਉਰਫ ਸੁਖਵਿੰਦਰ ਸਿੰਘ ਪੁੱਤਰ ਸੋਹਨ ਸਿੰਘ ਪੁੱਤਰ ਚੇਤ ਸਿੰਘ ਵਾਸੀ ਮਾਕੋਵਾਲ ਤਹਿ: ਰਮਦਾਸ, ਜ਼ਿਲ੍ਹਾ ਅੰਮ੍ਰਿਤਸਰ ਨੇ ਇਕ ਵਸੀਅਤ ਮਿਤੀ 1/01/2026 ਨੂੰ ਗਗਨਦੀਪ ਸਿੰਘ, ਸਿਕੰਦਰ ਸਿੰਘ ਪੁੱਤਰਾਨ ਕੰਵਰ ਬਲਦੇਵ ਸਿੰਘ ਵਾਸੀ ਮਾਕੋਵਾਲ, ਤਹਿ. ਰਮਦਾਸ ਦੇ ਹੱਕ ਵਿੱਚ ਕੀਤੀ ਸੀ। ਮੇਰੇ ਤਾਇਆ ਸੁਖਮਿੰਦਰ ਸਿੰਘ ਦੀ ਮੌਤ ਮਿਤੀ 10/01/2026 ਨੂੰ ਹੋ ਚੁੱਕੀ ਹੈ ਅਤੇ ਮੇਰੇ ਤਾਇਆ ਜੀ ਦੀ ਕੋਈ ਔਲਾਦ ਨਹੀਂ ਹੈ । ਜੇਕਰ ਇਹ ਵਸੀਅਤ ਰਜਿਸਟਰਡ ਕਰਨ ਵਿੱਚ ਕੋਈ ਇਤਰਾਜ਼ ਹੋਵੇ ਤਾਂ ਉਹ ਇਸ਼ਤਿਹਾਰ ਛਪਣ ਤੋਂ 15 ਦਿਨ ਦੇ ਅੰਦਰ-ਅੰਦਰ ਹਾਜ਼ਰ ਅਦਾਲਤ ਆਏ, ਨਾ ਆਉਣ ਦੀ ਸੂਰਤ ਵਿੱਚ ਇਹ ਵਸੀਅਤ ਜ਼ੇਰ ਧਾਰਾ 40 ਰਜਿਸਟੇਸ਼ਨ ਐਕਟ 1908 ਅਧੀਨ ਰਜਿਸਟਰਡ ਕਰ ਦਿੱਤੀ ਜਾਵੇਗੀ। ਬਾਅਦ ਵਿਚ ਕੋਈ ਇਤਰਾਜ਼ ਕਾਬਲੇ ਗੌਰ ਨਹੀਂ ਹੋਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖਤ ਅਤੇ ਮੋਹਰ ਨਾਲ ਜਾਰੀ ਹੋਇਆ ਹੈ।

ਸਹੀ/-ਸਬ-ਰਜਿਸਟਰਾਰ ਰਮਦਾਸ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਬਲਵਿੰਦਰ ਸਿੰਘ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ ਲੋਹੀਆਂ, ਜ਼ਿਲ੍ਹਾ ਜਲੰਧਰ

ਮਿਸਲ ਨੰ. 21/ਐਨ.ਟੀ./2025

ਕੇਸ ਦੀ ਕਿਸਮ : (ਤਕਸੀਮ)

ਕੇਸ ਅਨੁਵਾਨ : ਰੇਸ਼ਮ ਸਿੰਘ ਪੁੱਤਰ ਬਚਨ ਸਿੰਘ ਪੁੱਤਰ ਸੁੰਦਰ ਸਿੰਘ, ਵਾਸੀ ਪਿੰਡ ਮੋਹਰੀਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ

ਬਨਾਮ

1. ਤਰਸੇਮ ਲਾਲ ਪੁੱਤਰ ਜਗਨ ਸਿੰਘ, 2 ਕਮਲ ਦੇਵ ਪੁੱਤਰ ਜਗਨ ਨਾਥ, 3. ਕੁਲਦੀਪ ਸਿੰਘ ਪੁੱਤਰ ਸੋਹਣ ਸਿੰਘ, 4. ਮੇਜਰ ਸਿੰਘ ਪੁੱਤਰ ਮੋਹਣ ਸਿੰਘ, 5. ਗੁਰਮੇਲ ਸਿੰਘ ਪੁੱਤਰ ਮੋਹਣ ਸਿੰਘ, 6. ਪ੍ਰੇਮ ਸਿੰਘ ਪੁੱਤਰ ਸੋਹਣ ਸਿੰਘ, 7. ਬਲਕਾਰ ਸਿੰਘ ਪੁੱਤਰ ਸੋਹਣ ਸਿੰਘ, 8. ਹਰਨੇਕ ਸਿੰਘ ਪੁੱਤਰ ਸੋਹਣ ਸਿੰਘ, 9. ਰਾਜਵਿੰਦਰ ਕੌਰ ਪਤਨੀ ਦਰਬਾਰਾ ਸਿੰਘ, 10. ਪੰਜਾਬ ਗ੍ਰਾਮੀਣ ਬੈਂਕ ਬਰਾਂਚ ਸ਼ਾਹਕੋਟ ਰਾਹੀਂ ਬਰਾਂਚ ਮੈਨੇਜਰ, 11. ਤਰਸੇਮ ਸਿੰਘ ਪੁੱਤਰ ਬਚਨ ਸਿੰਘ, 12. ਪੰਜਾਬ ਐਂਡ ਸਿੰਧ ਬੈਂਕ ਬਰਾਂਚ ਲੋਹੀਆਂ ਰਾਹੀਂ ਬਰਾਂਚ ਮੈਨੇਜਰ, 13. ਸੰਤੋਖ ਸਿੰਘ ਪੁੱਤਰ ਸੋਹਣ ਸਿੰਘ, 14. ਤੇਜਿੰਦਰ ਸਿੰਘ ਪੁੱਤਰ ਸੋਹਣ ਸਿੰਘ, 15. ਅਮਰੀਕ ਸਿੰਘ ਪੁੱਤਰ ਜਗਜੀਤ ਸਿੰਘ, 16. ਗੁਰਦੀਪ ਸਿੰਘ ਪੁੱਤਰ ਜਗਜੀਤ ਸਿੰਘ।

ਉਪਰੋਕਤ ਵਿਸ਼ੇ ਸੰਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਤਕਸੀਮ ਦਾ ਕੇਸ ਪਾਇਆ ਗਿਆ ਹੈ। ਇਹ ਤਕਸੀਮ ਦਾ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ। ਦੂਜੀ ਧਿਰ ਦੇ ਵਿਅਕਤੀ ਸੰਬੰਧਤ ਪਿੰਡ ਵਿੱਚ ਨਹੀਂ ਰਹਿੰਦੇ ਵਿਦੇਸ਼ ਜਾਂ ਪਿੰਡ ਤੋਂ ਬਾਹਰ ਰਹਿੰਦੇ ਹਨ। ਇਸ ਕੇਸ ਦੀ ਤਾਰੀਖ ਪੇਸ਼ੀ ਮਿਤੀ 05.02.2026 ਹੈ। ਇਸ ਸੰਬੰਧੀ ਕਿਸੇ ਵਿਆਕਤੀ ਨੂੰ ਕੋਈ ਉਜ਼ਰ/ਇਤਰਾਜ਼ ਹੋਵੇ ਤਾ ਉਹ ਉਕਤ ਅਦਾਲਤ ਵਿੱਚ 10 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਅਖਬਾਰ (ਨਵਾਂ ਜ਼ਮਾਨਾ) ਰਾਹੀਂ ਪਬਲਿਕ ਨੋਟਿਸ ਕਢਵਾਇਆ ਜਾ ਰਿਹਾ ਹੈ। ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਸਾਂਝਾ ਖਾਤਾ ਹੋਣ ਕਰਕੇ ਪਹਿਲੀ ਧਿਰ ਦੀ ਤਕਸੀਮ ਕੀਤੀ ਜਾਵੇਗੀ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈ ਯੋਗ ਨਹੀਂ ਹੋਵੇਗਾ।

ਸਹੀ/-ਸਹਾਇਕ ਕਲੈਕਟਰ ਦਰਜਾ ਅੱਵਲ, ਲੋਹੀਆਂ।

# ਪੰਜਾਬ ਸਰਕਾਰ ਵੱਲੋਂ ਦੇਸ਼ ਦੇ ਇਤਿਹਾਸ ਦੀ ਸਭ ਤੋਂ ਵੱਡੀ ਸਿਹਤ ਯੋਜਨਾ ਪੰਜਾਬ ਭਰ 'ਚ ਲਾਗੂ : ਸ਼ੈਰੀ ਕਲਸੀ

ਬਟਾਲਾ (ਤਰਲੋਕ ਬੱਗਾ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਵੀਰਵਾਰ ਮੁਹਾਲੀ ਵਿਖੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਪੰਜਾਬ ਵਲੋਂ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਦੇਸ਼ ਦੇ ਇਤਿਹਾਸ ਦੀ ਸਭ ਤੋਂ ਵੱਡੀ ਸਿਹਤ ਯੋਜਨਾ ਨੂੰ ਪੰਜਾਬ ਭਰ ਵਿੱਚ ਲਾਗੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 'ਮੁੱਖ ਮੰਤਰੀ ਸਿਹਤ ਯੋਜਨਾ' ਦੇ ਤਹਿਤ ਸੂਬੇ ਦੇ ਹਰੇਕ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਨਗਦ ਰਹਿਤ ਇਲਾਜ ਮਿਲੇਗਾ।ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਗੁਰੂ ਸਾਹਿਬਾਨ ਵੱਲੋਂ ਸਰਬੱਤ ਦੇ ਭਲੇ ਦੇ ਦਿੱਤੇ ਸੰਦੇਸ਼ 'ਤੇ ਚਲਦਿਆਂ ਸਾਰੇ ਵਰਗਾਂ ਲਈ ਸ਼ੁਰੂ ਕੀਤੀ ਇਸ ਯੋਜਨਾ ਲਈ ਕਰੋੜਾਂ ਰੁਪਏ ਦੇ ਬਜਟ ਦੀ ਵਿਵਸਥਾ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸੂਬੇ ਭਰ ਦੇ 65 ਲੱਖ ਪਰਵਾਰਾਂ ਦੇ ਸਿਹਤ ਕਾਰਡ ਬਣਾਏ ਜਾਣਗੇ। ਯੋਜਨਾ ਨਾਲ ਜੋੜੇ ਗਏ 850



ਸਰਕਾਰੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ 2300 ਤੋਂ ਵੱਧ ਇਲਾਜ ਪੈਕੇਜ ਦੀਆਂ ਸਹੂਲਤਾਂ ਮਿਲਣਗੀਆਂ। ਪੰਜਾਬ ਦੇ ਕਿਸੇ ਵੀ ਨਾਗਰਿਕ ਨੂੰ ਆਰਥਿਕ ਤੰਗੀ ਕਾਰਨ ਇਲਾਜ ਕਰਵਾਉਣ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਪੱਖੋਂ ਪੰਜਾਬ ਨੂੰ ਤੰਦਰੁਸਤ ਤੇ ਖ਼ੁਸ਼ਹਾਲ ਸੂਬਾ ਬਣਾਉਣ ਲਈ ਸਾਡੀਆਂ ਲਗਾਤਾਰ ਕੋਸ਼ਿਸ਼ਾਂ ਜਾਰੀ ਹਨ।ਅੱਜ ਨਹਿਰੂ ਗੇਟ ਬਟਾਲਾ ਵਿਖੇ ਪਾਰਟੀ ਦਫਤਰ ਵਿਖੇ ਵਿਧਾਇਕ ਸ਼ੈਰੀ ਕਲਸੀ ਦੀ ਸਮੁੱਚੀ ਟੀਮ ਵਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਆਗਾਜ਼ ਵਿੱਚ ਆਨਲਾਈਨ ਸਮਾਗਮ ਵਿੱਚ ਭਾਗ ਲਿਆ।

# ਪ੍ਰਿੰਸਪਾਲ ਸਿੰਘ ਸੰਧੂ ਠੱਠਗੜ੍ਹ ਨੂੰ ਸਦਮਾ, ਪਿਤਾ ਦਾ ਦੇਹਾਂਤ

ਝਬਾਲ (ਹਰਜਿੰਦਰ ਸਿੰਘ ਸੋਨੀ)- ਪ੍ਰਿੰਸਪਾਲ ਸਿੰਘ ਸੰਧੂ ਠੱਠਗੜ੍ਹ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਪਿਤਾ ਸ: ਪ੍ਰਭਜੀਤ ਸਿੰਘ ਸਾਬਕਾ ਸਰਪੰਚ ਠੱਠਗੜ੍ਹ ਦਾ ਸੰਖੇਪ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ।ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਠੱਠਗੜ੍ਹ ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ।ਰਣਜੀਤ ਸਿੰਘ ਕਾਹਲੋਂ ਪ੍ਰਧਾਨ ਲੋਕ ਸੰਘਰਸ਼ ਮੋਰਚਾ ਪੰਜਾਬ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮਨਿੰਦਰਪਾਲ ਸਿੰਘ ਪਲਾਸੌਰ, ਦਿਆ ਸਿੰਘ ਠੱਠਗੜ੍ਹ, ਗੁਰਜੀਤ ਸਿੰਘ ਔਲਖ, ਹਰਵਿੰਦਰ ਸਿੰਘ ਕਾਹਲੋਂ, ਜੋਬਨਜੀਤ ਸਿੰਘ ਪਟਵਾਰੀ, ਸ਼ਰਨਜੀਤ ਸਿੰਘ ਭੋਜੀਆਂ, ਕਾਂਗਰਸ ਪਾਰਟੀ ਦੇ ਤਰਨ ਤਾਰਨ ਮੀਤ ਪ੍ਰਧਾਨ ਕਰਨਬੀਰ ਸਿੰਘ ਬੁਰਜ, ਸਰਪੰਚ ਗੁਰਪਾਲ ਸਿੰਘ ਜੱਗਤਪੁਰਾ, ਸਰਪੰਚ ਮਨਜਿੰਦਰ ਸਿੰਘ, ਜੋਗਿੰਦਰ ਸਿੰਘ ਖੈਰਦੀ, ਚਰਨਜੀਤ ਸਿੰਘ ਮਿੱਠੂ ਠੱਠਗੜ੍ਹ, ਸੁਰਿੰਦਰ ਸਿੰਘ ਬਾਦਸ਼ਾਹ ਠੱਠਗੜ੍ਹ, ਮਨਿੰਦਰ ਸਿੰਘ ਪਟਵਾਰੀ, ਜਗਰੂਪ ਸਿੰਘ ਸੁਲਤਾਨਵਿੰਡ, ਕਰਨਬੀਰ ਸਿੰਘ ਥਿੰਦ, ਇੰਦਰਜੀਤ ਸਿੰਘ



ਢਿੱਲੋਂ, ਸੋਨੂੰ ਸਰਪੰਚ ਠੱਠਗੜ੍ਹ, ਦਿਲਬਾਗ ਸਿੰਘ ਠੱਠਗੜ੍ਹ, ਜੱਸਨ ਪਲਾਸੌਰ, ਐਡਵੋਕੇਟ ਅਰਮਾਨ ਸਿੰਘ, ਕੁਲਵਿੰਦਰ ਸਿੰਘ ਸਰਪੰਚ ਠੱਠਗੜ੍ਹ, ਬਲਵਿੰਦਰ ਸਿੰਘ ਨਿੱਕੀ, ਰੇਸ਼ਮ ਸਿੰਘ ਪਟਵਾਰੀ, ਗੁਰਸਾਹਿਬ ਸਿੰਘ ਸਾਬਾ ਗੰਡੀਵਿੰਡ ਜਿਊਲਰ, ਬੀ. ਐੱਸ. ਟੇਲਰ, ਕੁਲਬੀਰ ਸਿੰਘ ਮੰਨਣ, ਭੋਲਾ ਸਿੰਘ ਠੱਠਾ, ਪੱਪੂ ਠੱਠਾ, ਸਤਨਾਮ ਸਿੰਘ ਜੱਗਤਪੁਰਾ, ਭਲਵਾਨ ਨਿਰਮਲ ਸਿੰਘ ਨੰਗਲੀ, ਲਖਵਿੰਦਰ ਸਿੰਘ ਸਰਪੰਚ ਕਮੀਰਪੁਰਾ, ਹਰਜੀਤ ਸਿੰਘ ਸਰਪੰਚ ਬੋਹੜੂ, ਗੁਰਮੀਤ ਸਿੰਘ ਸ਼ਾਹ, ਪਾਲੀ ਸੋਢੀ, ਵੀਰੂ ਕਾਰਵਾਲਾ ਨੇ ਸ: ਪ੍ਰਭਜੀਤ ਸਿੰਘ ਦਾ ਵਿਛੋੜਾ ਪੀੜਤ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ।

## ਨੋਟਿਸ

ਦੀ ਸਲੇਮਪੁਰ ਮੁਸਲਮਾਨਾਂ ਕੋਆਪ੍ਰੇਟਿਵ ਐਗਰੀਕਲਚਰ ਮਲਟੀਪਰਪਜ਼ ਸਰਵਿਸ ਸੁਸਾਇਟੀ ਲਿਮ: ਸਲੇਮਪੁਰ ਮੁਸਲਮਾਨਾਂ ਜਲੰਧਰ ਦੇ ਸਾਰੇ ਹਿੱਸੇਦਾਰਾਂ/ਮੈਂਬਰਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਵਾਏ ਜਾਣ ਲਈ ਸਭਾ ਦੇ ਸਕੱਤਰ/ਹਲਕਾ ਨਿਰੀਖਕ ਸਹਿਕਾਰੀ ਸਭਾਵਾਂ ਸਰਾਏ ਖਾਸ ਰਾਹੀਂ ਜ਼ੋਨਲ ਲਿਸਟਾਂ ਇਸ ਦਫ਼ਤਰ ਨੂੰ ਪ੍ਰਵਾਨਗੀ ਲਈ ਭੇਜੀਆਂ ਗਈਆਂ ਹਨ, ਜੋ ਕਿ ਸਭਾ ਦੇ ਦਫ਼ਤਰ ਅਤੇ ਨਿਮਨਹਸਤਾਖਰੀ ਦੇ ਦਫ਼ਤਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਦੇਖੀਆਂ ਜਾ ਸਕਦੀਆਂ ਹਨ । ਇਨ੍ਹਾਂ ਦੀ ਪ੍ਰਵਾਨਗੀ ਬਾਰੇ ਕਿਸੇ ਵੀ ਮੈਂਬਰ/ਹਿੱਸੇਦਾਰ ਨੂੰ ਜੇ ਕੋਈ ਇਤਰਾਜ਼ ਹੋਵੇ ਜਾਂ ਲਿਸਟ ਵਿਚ ਨਾਂਅ ਸ਼ਾਮਲ ਨਾ ਕੀਤਾ ਹੋਵੇ ਤਾਂ ਉਹ ਆਪਣਾ ਇਤਰਾਜ਼ ਮਿਤੀ 09.02.2026 ਤੱਕ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਜਲੰਧਰ-2 (ਦੀ ਜਲੰਧਰ ਕੇਂਦਰੀ ਸਹਿਕਾਰੀ ਬੈਂਕ ਲਿਮ: ਜਲੰਧਰ ਦੀ ਚੌਥੀ ਮੰਜ਼ਲ) ਦੇ ਦਫ਼ਤਰ ਵਿਚ ਦੇ ਸਕਦੇ ਹਨ । ਇਨ੍ਹਾਂ ਇਤਰਾਜ਼ਾਂ ਦੀ ਸੁਣਵਾਈ ਮਿਤੀ 10.02.2026 ਨੂੰ ਸਵੇਰੇ 11.00 ਵਜੇ ਨਿਮਨਹਸਤਾਖਰੀ ਦੇ ਦਫ਼ਤਰ ਵਿਖੇ ਕੀਤੀ ਜਾਵੇਗੀ। ਸੁਣਵਾਈ ਸਮੇਂ ਹਾਜ਼ਰ ਹੋ ਕੇ ਆਪਣਾ ਪੱਖ/ਸਬੂਤ ਪੇਸ਼ ਕੀਤਾ ਜਾਵੇ। ਇਸ ਉਪਰੰਤ ਜ਼ੋਨਾਂ ਦੀ ਪ੍ਰਵਾਨਗੀ ਦੇ ਦਿੱਤੀ ਜਾਵੇਗੀ।

ਸਹੀ/- (ਰੋਹਿਤ ਕੁਮਾਰ ਰਤਨ),
ਪੀ. ਸੀ. ਐੱਸ. -2, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਜਲੰਧਰ-2

## COURT NOTICE

(U/o 5 Rule 20 CPC)
In The Court of Ms. Girish
Principal Judge Family Court, Giddarbaha
CNR No. PBSMF2-000275-2025
Next Date :- 13-02-2026
Saroj Rani
Vs.
General Public
Publication Issued To:
General Public
:- Giddarbaha

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 13-02-2026 at 10:00 am

For details logon to https://highcourtchd.gov.in/?mod=district_notice&district=mogacourt

Principal Judge Family Court Giddarbaha
Dated, this day of 23-01-2026

## COURT NOTICE

(U/o 5 Rule 20 CPC)
In The Court of
Ms. Daljeet Kaur
Additional Civil Judge (Senior Division), Dhuri
CNR No. PBSGB0-000023-2026
Next Date:- 20-03-2026
Jagjit Singh
Vs.
General Public
PUBLICATION ISSUED TO:
General Public
:- GENERAL PUBLIC

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 20-03-2026 at 10:00 am.

For details logon to https://highcourtchd.gov.in/?mod=district_notice&district=Sangrur

Additional Civil Judge (Senior Division), Dhuri
Dated, this day of 23-01-2026

## Public Notice

M/S Car Planet, Shop No 3 ,Uppal Tower,Opposite Session Court Jalandhar Punjab through its prop. (1) Kanwaljit Singh S/o Anoop Singh R/o H.No. 46 , Satkartar Nagar, Jalandhar 144003 as Borrower & (2) Navjot Kaur w/o Kanwaljit Singh (3) Harjinder Singh s/o Anoop Singh (4) Ambrinder Kaur w/o Harjinder Singh (5) Amarjit Kaur w/o Anup Singh all are R/o H.No. 46 , Satkartar Nagar, Jalandhar 144003 as guarantors has approached the bank for financial assistance to be secured by the below mentioned property.

Title description: All that part & parcel of property measuring 4K 16M (Marla @ 272 Square Feet) situated at Village-Barring, Tehsil-Jalandhar-I & District-Jalandhar (Punjab) fall under the Hadbast No-224 & Khasra No--9//27 (2-6), 207 (0-10), 9//19/1/1 (2-8), 9//18 Min (4-0), 9//23 Min (3-16), 9//18 Min (4-0), 9//23 Min (3-15), 12//3/2 (4-0), 9//8 (1-7), 9//13/1 (2- 4), 9//13/2 (2-10) Registered at the office of Sub-Registrar, Jalandhar-I (Punjab)

It is being brought to the notice of the General Public that the above mentioned property has two missing ORIGINAL link deeds and one GPA as mentioned below:

Sale Deed Bearing No-10057 dated 19-03-2010 measuring 1K 4M registered in favour of (a) Surinder Kaur w/o Amritpal Singh Sandhu & (b) Moninder Pal Singh s/o Amritpal Singh & (c) Amritpal Singh Sandhu s/o Bhagat Singh Sandhu (At present property in the name of Navjot Kaur w/o Kanwaljit Singh and owner through Sale Deed Bearing No-10820 dated 25-11-2024-Registred at the office of Sub-Registrar, Jalandhar-I )

Sale Deed Bearing No-10059 dated 19-03-2010 measuring 1K 4M registered in favour of (a) Harjinder Kaur w/o Didar Singh (4/5 share of 24 Marle) & (b) Davinder Singh Gill s/o Malkit Singh Gill (1/5 share of 24 Marle) (aT present in the name of Ambrinder Kaur w/o Harjinder Singh and owner through Sale Deed Bearing No-10821 dated 25-11-2024-Registred at the office of Sub-Registrar, Jalandhar-I)

AND General Power of Attorney Bearing No-8510 dated 28-03-2012 in favour of: (a) Anita Chopra w/o Maharaj Krishan & (b) Gaurav Chopra s/o Maharaj Krishan ,which is currently the part of chain of Sale Deed Bearing No-10818 dated 25-11-2024 in the name of Harjinder Singh s/o Anoop Singh

The facts have been intimated by the intended mortgagor(s) through Lost Information Report registered vide General Diary No: 15 dated 23.01.2026 at Police Station Division no 6, Jalandhar, District Jalandhar (Punjab).

Public in general can submit their objections and/or any claims along with the proof of objections and/or claims , if any, in writing to the mortgagee of the said property to Punjab & Sind Bank, Branch Defence Colony, Jalandhar (Punjab) within 15 days of the notice addressed to Branch Manager C/o Punjab & Sind Bank, Branch Defence Colony, Jalandhar (Punjab)144001.

BRANCH MANAGER

## ਸਿਹਤ ਬੀਮਾ ਯੋਜਨਾ ਦੇ ਕਾਰਡ ਬਣਾਉਣ ਲਈ ਜ਼ਿਲ੍ਹੇ 'ਚ 617 ਸੈਂਟਰ ਬਣਾਏ : ਏ ਡੀ ਸੀ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਮੋਹਾਲੀ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਆਗਾਜ਼ ਕਰ ਦਿੱਤਾ ਗਿਆ ਹੈ ਜਿਸ ਵਿੱਚ ਪੰਜਾਬ ਦੇ ਹਰ ਇੱਕ ਨਾਗਰਿਕ ਨੂੰ ਸਿਹਤ ਬੀਮਾ ਕਾਰਡ ਦਿੱਤਾ ਜਾਣਾ ਹੈ ਜਿਸ ਵਿੱਚ 10 ਲੱਖ ਰੁਪਏ ਦਾ ਬੀਮਾ ਕਵਰ ਹੋਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ਼ਹਿਰੀ ਵਿਕਾਸ ਅਮਨਦੀਪ ਕੌਰ ਨੇ ਦੱਸਿਆ ਕਿ ਹੁਣ ਯੂਥ ਕਲੱਬ ਰਾਹੀਂ ਲੋਕਾਂ ਦੇ ਘਰਾਂ ਵਿੱਚ ਪਰਚੀਆਂ ਜਾਣੀਆਂ ਸ਼ੁਰੂ ਹੋ ਜਾਣਗੀਆਂ, ਜਿਸ ਵਿੱਚ ਸੀਐੱਸਸੀ ਸੈਂਟਰ ਦਾ ਨਾਂਅ, ਦਿਨ, ਤਰੀਕ ਸਭ ਲਿਖਿਆ ਹੋਵੇਗਾ ਕਿ ਕਦੋਂ ਜਾ ਕੇ ਤੁਸੀਂ ਕਾਰਡ ਬਣਾ ਸਕਦੇ ਹੋ।ਇਸ ਮੰਤਵ ਲਈ 617 ਸੈਂਟਰ ਪੂਰੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਬਣਾਏ ਗਏ ਹਨ।ਰੂਰਲ ਅਤੇ ਅਰਬਨ ਮਿਲਾ ਕੇ ਹਰ ਇੱਕ ਸੈਂਟਰ ਉੱਪਰ ਇੱਕ ਕੰਪਿਊਟਰ ਅਤੇ ਬਾਇਓਮੈਟ੍ਰਿਕ ਲੱਗਾ ਹੋਵੇਗਾ।ਪਰਿਵਾਰ ਦੇ ਘੱਟੋ-ਘੱਟ ਦੋ ਮੈਂਬਰਾਂ ਦਾ ਇਕੱਠੇ ਜਾਣਾ ਜ਼ਰੂਰੀ ਹੈ। ਜਿਹੜਾ ਮੈਂਬਰ 18 ਸਾਲ ਤੋਂ ਘੱਟ ਹੈ ਉਸ ਨੂੰ ਆਪਣਾ ਜਨਮ ਸਰਟੀਫਿਕੇਟ, ਆਧਾਰ ਕਾਰਡ ਨਾਲ ਲੈ ਕੇ ਜਾਣਾ ਜ਼ਰੂਰੀ ਹੈ ਅਤੇ ਜਿਹੜਾ ਮੈਂਬਰ 18 ਸਾਲ ਤੋਂ ਉਤੇ ਹੈ ਉਸ ਨੂੰ ਆਪਣਾ ਵੋਟਰ ਕਾਰਡ ਅਤੇ ਆਧਾਰ ਕਾਰਡ ਲੈ ਕੇ ਜਾਣਾ ਜ਼ਰੂਰੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸਿਹਤ ਬੀਮਾ ਯੋਜਨਾ ਦਾ ਕਾਰਡ ਜ਼ਰੂਰ ਬਣਾਉਣ ਤਾਂ ਜੋ ਕਿਸੇ ਮੁਸ਼ਕਿਲ ਵੇਲੇ ਉਨ੍ਹਾਂ ਦੇ ਕੰਮ ਆ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਨੇ ਪੰਜਾਬ ਵਿੱਚ ਸਿਹਤ ਕ੍ਰਾਂਤੀ ਲਿਆ ਦਿੱਤੀ ਹੈ ਜਿਸ ਨਾਲ ਲੋਕ ਹੁਣ ਆਪਣਾ ਸਾਰਾ ਇਲਾਜ ਮੁਫਤ ਕਰਾ ਸਕਣਗੇ।



# ਜੱਜ ਵਾਲੀ ਗਲੀ 'ਚ ਵਾਟਰ ਸਪਲਾਈ ਸਿਸਟਮ ਦਾ ਉਦਘਾਟਨ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ। ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਅੰਮ੍ਰਿਤ ਕਲਸੀ ਭਰਾ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 46, ਅਜੀਤ ਨਗਰ ਕਲੋਨੀ, ਜੱਜ ਵਾਲੀ ਗਲੀ ਵਿੱਚ ਵਾਟਰ ਸਪਲਾਈ ਸਿਸਟਮ ਦਾ ਵਾਰਡ ਵਾਸੀਆਂ ਦੀ ਮੌਜੂਦਗੀ ਵਿੱਚ ਉਦਘਾਟਨ ਕਰਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਉਨ੍ਹਾਂ ਦੱਸਿਆ ਕਿ [illegible] ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ [illegible] ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ।ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ਼ ਸੁਥਰਾ ਪਾਣੀ ਮਿਲੇਗਾ।



# ਕਲਾਸੀਫਾਈਡ ਇਸ਼ਤਿਹਾਰ

## Change of Name

I, Mansi Seth alias Ritu Bhalla W/O Ashim Seth R/O F-7/500, Kashmir Avenue, Near Trikona Park, Amritsar, Punjab have changed my name from Mansi Seth alias Ritu Bhalla to Mansi Seth.Concerned note.

I, Simran D/o S. Inderpal Singh Sodhi, R/o H. No. DX-55-D, South City, Near Gurudwara Sahib, Ayali Khurd, Ludhiana-142027, have changed my name from Simran to Simran Sodhi as per affidavit No. E-Stamp Certificate No. IN-PB12062501062654Y dated 17.01.2026. I, declare that Simran Sodhi will be used as my name for future correspondence.

I, Krishan Lal S/O Ramu R/O V.P.O. Aur, Teh. Nawanshahr, Distt. S.B.S. Nagar - 144417, Punjab I Have Changed My Name From Krishan Lal to Lal Krishan. (Surname As Lal). All Note.

I, Heena Gaba D/o Ashok Kumar R/O V.P.O. Aur, Teh. Nawanshahr, Distt. S.B.S. Nagar -144417, Punjab I Have Changed my name from Heena Gaba to Heena Popli. All Note.

I, Ashok Popli S/O Lal Chand R/O V.P.O. Aur, Teh. Nawanshahr, Distt. S.B.S. Nagar - 144417, Punjab I Have Changed my name from Ashok Popli to Ashok Kumar. All Note .

I, Joginder Singh S/O Gurbachan Singh R/O Village Sherowal, Tehsil Talwara, Distt. Kapurthala - 144624, Punjab have changed my name from Joginder Singh to Joginder as given name and Singh as Surname. All please note.

I, Gagandeep Singh S/o Nishan Singh R/o VPO Dhardeo Tehsil Baba Bakala District Amritsar have declare that Gagandeep is my Given name and Singh is my Surname

I Venus W/o Parkash Chand R/o H.No.288 Gali No.2 Vill.Mahal Baba Jivan Singh G.R. Ram Tirath Road Amritsar have changed my name to Veena.

I, Harbir Kaur W/o Virsa Singh Village Kohala Distt Amritsar have changed my name from Harbir Kaur to Balbir Kaur

I, Sharwan Singh Sekhon S/o Sucha Singh Sekhon R/o VPO Wadala Khurd Tehsil Baba Bakala District Amritsar have changed my name from Sharwan Singh Sekhon to Sharwan Singh

I, Rita Sharma w/o Judge Bhushan Sharma r/o 4548/10, Avtar Nagar, Jalandhar declare that Rita Sharma and Babita Sharma both names one and the same person. All Please Note.

I Deepak Kumar S/o Prem Kumar Village Chuslewar , Tehsil Patti District Tarn Taran Have Changed my Name From Deepak Kumar to Surname as Kumar and my Givenname is Deepak plz note it.

## Change of Name

I, Sukhwant Ram s/o Banka Ram R/o VPO. Bhullarai, Tehsil Phagwara, Distt. Kapurthala have changed my name to Sukhwant Ram Sukhwant Ram. All Please Note.

I, hitherto known as Shuchi Bhalla W/o Lokesh Bhalla R/o H.No. 466 , Urban Estate Phase 2, Jalandhar, Punjab-144022 have changed my name and shall hereafter be known as Geetu Bhalla.

I, Vikas S/o Shamsher Singh R/o Village Sahora Dadial, PO. Siprian, Tehsil Mukerian, Distt. Hoshiarpur, Punjab-144221 have changed my name from Vikas to Vikas Vikas. Concerned Note.

## ਬੇਦਖਲੀ ਨੋਟਿਸ

ਮੈਂ, ਗੁਰਮੇਲ ਸਿੰਘ ਪੁੱਤਰ ਸੱਜਨ ਸਿੰਘ, ਵਾਸੀ ਖੋਟੇ, ਤਹਿਸੀਲ ਨਿਹਾਲ ਸਿੰਘ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੰਗਾ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਜਗਦੇਵ ਸਿੰਘ ਪੁੱਤਰ ਮੁਖਤਿਆਰ ਸਿੰਘ, ਵਾਸੀ ਪਿੰਡ ਰਾਮੂੰਵਾਲਾ ਹਰਚੋਕੇ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਸਵਿਤਾ ਦੇਵੀ ਪਤਨੀ ਲੇਟ ਰਾਮ ਸਰੂਪ, ਵਾਸੀ ਗਲੀ ਬਾਠ ਵਾਲੀ, ਸੰਧੂ ਕਾਲੋਨੀ, 88 ਫੁੱਟ ਰੋਡ, ਅੰਮ੍ਰਿਤਸਰ-1, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਸੁਰੇਸ਼ ਕੁਮਾਰ, ਉਸ ਦੀ ਪਤਨੀ ਤਾਨੀਆ ਅਤੇ ਰਾਕੇਸ਼ ਕੁਮਾਰ ਉਸ ਦੀ ਪਤਨੀ ਕਲਪਨਾ ਅਤੇ ਇਨ੍ਹਾਂ ਦੀ ਇਕ ਲੜਕੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੀ ਸੇਵਾ-ਸੰਭਾਲ ਨਹੀਂ ਕਰਦੇ। ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਬਲਜੀਤ ਕੌਰ ਪਤਨੀ ਜਸਪਾਲ ਸਿੰਘ, ਵਾਸੀ ਗਲੀ ਨੰਬਰ 7, ਸੰਗਤਪੁਰਾ ਰੋਡ, ਮਹਾਰਾਜਾ ਸ਼ੇਰ ਸਿੰਘ ਕਾਲੋਨੀ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਡਿੰਪਲ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਾਨੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਦੀਵਾਨ ਚੰਦ ਪੁੱਤਰ ਮੇਹਰ ਚੰਦ, ਵਾਸੀ ਪਿੰਡ ਤੇ ਡਾਕ. ਖਨੌੜਾ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਨੀਲ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਮੇਰੇ ਲੜਕੇ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਤਰਲੋਚਨ ਸਿੰਘ ਪੁੱਤਰ ਰੋਸ਼ਨ ਸਿੰਘ, ਵਾਸੀ ਪਿੰਡ ਡਡਵਿੰਡੀ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਦਿਲਪ੍ਰੀਤ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਨਾਂਅ ਦੀ ਬਦਲੀ

ਮੈਂ ਕੋਮਲਪ੍ਰੀਤ ਪੁੱਤਰੀ ਗੁਰਦੀਪ ਸਿੰਘ ਵਾਸੀ ਕੋਲੀਆਂ ਤਹਿਸੀਲ ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਨੇ ਆਪਣਾ ਨਾਂਅ ਕੋਮਲਪ੍ਰੀਤ ਤੋਂ ਬਦਲ ਕੇ ਕੋਮਲਪ੍ਰੀਤ ਕੌਰ ਰੱਖ ਲਿਆ ਹੈ।

## ਆਮ ਸੂਚਨਾ

ਮੈਂ, ਸੁਖਬੀਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਚਾਕ ਕਮਾਲ ਖਾਂ, ਤਹਿਸੀਲ ਰਾਜਾ ਸਾਂਸੀ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਸੁਰਜੀਤ ਸਿੰਘ ਅਤੇ ਸੁਖਬੀਰ ਸਿੰਘ ਦੋਨਾਂ ਨਾਮਾਂ ਨਾਲ ਜਾਣੇ ਜਾਂਦੇ ਸੀ।

ਮੋਟਰ ਕੁਨੈਕਸ਼ਨ ਖਾਤਾ ਨੰਬਰ AP42/1138 ਲਹਿਬਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਰੌਲੀ ਤੋਂ ਨਾਂਅ ਬਦਲੀ ਕਰਕੇ ਕੁਲਬੀਰ ਸਿੰਘ ਪੁੱਤਰ ਲੈਂਬਰ ਸਿੰਘ ਪਿੰਡ ਰੌਲੀ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ ਪੰਦਰਾਂ ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬਲਬੀਰ ਸਿੰਘ, ਵਾਸੀ ਭਾਂਬੜੀ ਦੇ ਨਾਂਅ 'ਤੇ ਚਲਦੇ ਟਿਊਬਵੈੱਲ ਕੁਨੈਕਸ਼ਨ ਏ ਪੀ 04/149 ਪੀ ਨੂੰ ਆਪਣੇ ਨਾਂਅ ਕਰਨ ਲਈ ਪਰਮਜੀਤ ਸਿੰਘ ਪੁੱਤਰ ਗੁਰਮੀਤ ਸਿੰਘ, ਵਾਸੀ ਭਾਂਬੜੀ ਨੇ ਦਫ਼ਤਰ ਬੇਨਤੀ ਕੀਤੀ ਹੈ। ਇਸ ਬਾਰੇ ਇਤਰਾਜ਼ ਕਰਤਾ 20 ਦਿਨਾਂ ਅੰਦਰ-ਅੰਦਰ ਬਿਜਲੀ ਦਫ਼ਤਰ ਹਰਚੋਵਾਲ ਵਿਖੇ ਇਤਰਾਜ਼ ਕਰ ਸਕਦਾ ਹੈ। ਵੱਲੋਂ ਸਹਾਇਕ ਕਾਰਜਕਾਰੀ ਉਪ ਮੰਡਲ ਅਫਸਰ ਹਰਚੋਵਾਲ।

## Lost and Found

Original sale deed dated 29.03.2006 as document No.1757 executed by Balwant Kaur widow Harpal Singh, Rajdeep Singh S/o Harpal Singh, Amardeep Singh S/o Harpal Singh and Kiranjeet Kaur D/o Harpal Singh in favour of Harjot Singh S/o Satnam Singh and Kanwarpreet Singh S/o Satnam Singh has been lost If anybody finds it Kindly contact at 9915754908.

## PUBLIC NOTICE

I, Rashmi Kukreja Alias Rashmi Ahluwalia W/O Daljit Singh Kukreja Alias Daljit Singh R/O 142 Basant Avenue Amritsar Have Declared That Rashmi Kukreja And Rashmi Ahluwalia Both Are Names Of Mine, Both Are One And The Same Person. All Concerned May Please note.

I, Sukhwinder Singh S/o Gurdeep Singh R/o H.No. 740, Ward No. 2, Patti Udhopur, VPO. Bias Pind, Distt. Jalandhar, Punjab declare that my daughter Dapinder Kaur is living separately from me and out of my control. I disinherit her from my moveable and immovable properties. I and my family shall not be held responsible for any of her acts, deeds and things. All Please Note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਮੁੱਖ ਮੰਤਰੀ ਸਿਹਤ ਯੋਜਨਾ ਹਰ ਵਰਗ ਲਈ ਹੋਵੇਗੀ ਵਰਦਾਨ : ਮਨੂ ਸ਼ਰਮਾ

ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ) ਆਮ ਆਦਮੀ ਪਾਰਟੀ ਦੇ ਹਲਕਾ ਮੀਡੀਆ ਕੋਆਰਡੀਨੇਟਰ ਮਨੂ ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨੇ ਪੰਜਾਬ ਦੇ ਹਰ ਪਰਵਾਰ ਲਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦਾ ਪ੍ਰਬੰਧ ਕਰਕੇ ਇਤਿਹਾਸਕ ਪੁਲਾਂਘ ਪੁੱਟੀ ਹੈ, ਜੋ ਸੂਬੇ ਦੇ ਲੋਕਾਂ ਲਈ ਬੇਹੱਦ ਲਾਹੇਵੰਦ ਸਾਬਤ ਹੋਵੇਗੀ।



ਮਨੂ ਸ਼ਰਮਾ ਨੇ ਕਿਹਾ ਕਿ ਪਹਿਲਾਂ ਗ਼ਰੀਬ ਤੇ ਮੱਧਵਰਗੀ ਪਰਵਾਰਾਂ ਲਈ ਮਹਿੰਗੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਕਰਾਉਣਾ ਇੱਕ ਸੁਪਨਾ ਹੁੰਦਾ ਸੀ, ਪਰ ਹੁਣ ਇਸ ਸਕੀਮ ਤਹਿਤ ਕਿਸੇ ਵੀ ਆਮਦਨ ਦੀ ਸੀਮਾ ਤੋਂ ਬਿਨਾਂ ਹਰ ਪੰਜਾਬੀ ਨੂੰ ਉੱਚ ਪੱਧਰੀ ਸਿਹਤ ਸਹੂਲਤਾਂ ਮਿਲਣਗੀਆਂ।ਉਨ੍ਹਾਂ ਦੱਸਿਆ ਕਿ ਇਹ ਯੋਜਨਾ ਪੂਰੀ ਤਰ੍ਹਾਂ ਹੈ, ਜਿਸ ਵਿੱਚ 2,500 ਤੋਂ ਵੱਧ ਡਾਕਟਰੀ ਪ੍ਰਕਿਰਿਆਵਾਂ ਤੇ ਗੰਭੀਰ ਬਿਮਾਰੀਆਂ ਦਾ ਇਲਾਜ ਸ਼ਾਮਲ ਕੀਤਾ ਗਿਆ ਹੈ।ਮੀਡੀਆ ਕੋਆਰਡੀਨੇਟਰ ਨੇ ਅੱਗੇ ਕਿਹਾ ਕਿ ਸਰਕਾਰ ਨੇ ਸਿਰਫ਼ ਐਲਾਨ ਹੀ ਨਹੀਂ ਕੀਤੇ, ਸਗੋਂ ਜ਼ਮੀਨੀ ਪੱਧਰ 'ਤੇ ਵੀ ਕੰਮ ਸ਼ੁਰੂ ਕਰ ਦਿੱਤਾ ਹੈ।ਪੰਜਾਬ ਭਰ ਦੇ ਸਰਕਾਰੀ ਤੇ ਸੂਚੀਬੱਧ ਨਿੱਜੀ ਹਸਪਤਾਲਾਂ 'ਚ ਇਸ ਸਹੂਲਤ ਦਾ ਲਾਭ ਲਿਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਆਧਾਰ ਕਾਰਡ ਅਤੇ ਵੋਟਰ ਕਾਰਡ ਦੇ ਆਧਾਰ 'ਤੇ ਬਣਨ ਵਾਲੇ ਇਹ ਸਿਹਤ ਕਾਰਡ ਲੋਕਾਂ ਨੂੰ ਬਿਮਾਰੀ ਦੇ ਸਮੇਂ ਹੋਣ ਵਾਲੇ ਵਿੱਤੀ ਬੋਝ ਤੋਂ ਮੁਕਤੀ ਦਿਵਾਉਣਗੇ।

## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ,/ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **13.02.2026** ਵਕਤ **15.00** ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ । ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ । ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ । ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ । ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 21.01.2026 | 30.01.2026 | 13.02.2026, 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 225-2025-26-ADEN-II-ASR | ਜਲੰਧਰ ਸ਼ਹਿਰ-ਅੰਮ੍ਰਿਤਸਰ ਖੰਡ ਉਤੇ ਸਥਿਤ ਮਹੱਤਵਪੂਰਣ ਪੁਲ ਨੰਬਰ 63 ਦੇ ਵੱਖ-ਵੱਖ ਖੰਭਿਆਂ ਵਿਚ ਆਈ ਦਰਾਰਾਂ ਦੀ ਜਲਮਗਨ ਮੁਰੰਮਤ ਗ੍ਰਾਊਟਿੰਗ ਦੁਆਰਾ ਕੀਤੀ ਜਾਂ ਰਹੀ ਹੈ । |

| ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 74,99,987.31 | 1,50,000.00 | 60 ਦਿਨ | 06 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - 'ਏਪਾਕਸੀ/ਏਪਾਕਸੀ ਆਧਾਰਿਤ ਰਸਾਯਨਾਂ ਦਾ ਉਪਯੋਗ ਕਰਕੇ ਮੁਰੰਮਤ ਕਰੋ ।''

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ । 2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ ।

ਨੰ: 225-2025-26-ADEN-II-ASR ਮਿਤੀ : 22.01.2026 249/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ, ਨਾਇਬ ਤਹਿਸੀਲਦਾਰ, ਤਹਿਸੀਲ ਸਰਦੂਲਗੜ੍ਹ, ਜ਼ਿਲ੍ਹਾ ਮਾਨਸਾ (ਪੰਜਾਬ)। [illegible]

[illegible] 10. ਸਰਬਜੀਤ ਸਿੰਘ, 11. ਗੁਰਨਾ ਕੌਰ, 12. ਭੁਗਨਾ ਕੌਰ, 13. ਤਿਆਰ ਕੌਰ ਸੰਤਾਨ ਬਗੀਚਾ ਸਿੰਘ ਪੁੱਤਰ ਲਛਮਣ ਸਿੰਘ, 14. ਤਰਲੋਕ ਸਿੰਘ, 15. ਮਲੂਕ ਸਿੰਘ, 16. ਲਖਵਿੰਦਰ ਸਿੰਘ, 17. ਜਰਨੈਲ ਸਿੰਘ, 18. ਜੋਗਿੰਦਰ ਕੌਰ, 19. ਮਨਜੀਤ ਕੌਰ, 20. ਕੁਲਵੰਤ ਕੌਰ, 21. ਵਿੱਦਿਆ ਕੌਰ ਸੰਤਾਨ ਸਰਦੂਲ ਸਿੰਘ ਪੁੱਤਰ ਲਛਮਣ ਸਿੰਘ, 22. ਚਤਰ ਸਿੰਘ ਪੁੱਤਰ ਧਾਰਾ ਸਿੰਘ, 23. ਸੁੱਚਾ ਸਿੰਘ ਪੁੱਤਰ ਧਾਰਾ ਸਿੰਘ, 24. ਰਘਵੀਰ ਸਿੰਘ ਪੁੱਤਰ ਧਾਰਾ ਸਿੰਘ, 25. ਅਮਰਜੀਤ ਸਿੰਘ ਪੁੱਤਰ ਧਾਰਾ ਸਿੰਘ, 26. ਲਖਵਿੰਦਰ ਕੌਰ ਪਤਨੀ ਅਮਰਜੀਤ ਸਿੰਘ ਪੁੱਤਰ ਧਾਰਾ ਸਿੰਘ ਵਾਸੀਆਨ ਝੰਡਾ ਕਲਾਂ, ਤਹਿਸੀਲ ਸਰਦੂਲਗੜ੍ਹ ਜ਼ਿਲ੍ਹਾ ਮਾਨਸਾ।

ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਉਕਤ ਕੇਸ ਤਕਸੀਮ ਵਿੱਚ ਉਕਤ ਮਸੂਲਇਲਮ ਦੀ ਤਲਬੀ ਸਾਧਾਰਨ ਢੰਗ ਨਾਲ ਨਹੀਂ ਹੋ ਰਹੀ। ਇਸ ਲਈ ਮਸੂਲਇਲਮ ਦੀ ਤਲਬੀ/ਇਤਲਾਹ ਲਈ ਇਸ਼ਤਿਹਾਰ ਜਾਰੀ ਕੀਤਾ ਜਾਂਦਾ ਹੈ ਕਿ ਜੇਕਰ ਉਕਤ ਮਸੂਲਇਲਮ ਆਪਣਾ ਕੋਈ ਉਜ਼ਰ ਪੇਸ਼ ਕਰਨਾ ਚਾਹੁੰਦਾ ਹੈ ਤਾਂ ਉਹ ਆਪ ਖੁਦ ਜਾਂ ਇਨ੍ਹਾਂ ਦੇ ਵਾਰਿਸ ਜਾਂ ਆਪਣੇ ਕਿਸੇ ਵਕੀਲ ਰਾਹੀਂ ਨਿਰਧਾਰਿਤ ਮਿਤੀ 23/02/2026 ਨੂੰ ਸਵੇਰ 10:00 ਵਜੇ ਅਦਾਲਤ ਵਿੱਚ ਪੇਸ਼ ਹੋ ਕੇ ਕੇਸ ਦੀ ਪੈਰਵੀ ਕਰ ਸਕਦਾ ਹੈ। ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਮਸੂਲਇਲਮ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਕੇਸ ਵਿੱਚ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਗੁਜ਼ਰਨੇ ਮਿਆਦ ਉਨ੍ਹਾਂ ਦਾ ਕੋਈ ਵੀ ਉਜ਼ਰ ਕਾਬਲੇ ਸਮਾਇਤ ਨਹੀਂ ਹੋਵੇਗਾ।

ਅੱਜ ਮਿਤੀ: 21/01/2026 ਨੂੰ ਮੇਰੇ ਦਸਤਖਤਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਾਇਬ ਤਹਿਸੀਲਦਾਰ, ਸਰਦੂਲਗੜ੍ਹ

ਪੱਤਰ ਨੰਬਰ 26/ਰੀਡਰ-2 ਮਿਤੀ : 23/01/2026

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ [illegible]

[illegible] (1) [illegible] ਸਿੰਘ (2) ਹਾਕਮ ਸਿੰਘ (3) ਨਛੱਤਰ ਸਿੰਘ (4) ਚਤਿੰਨ ਸਿੰਘ ਪੁੱਤਰ ਮੁਖਤਿਆਰ ਸਿੰਘ ਪੁੱਤਰ ਸੁੰਦਰ ਸਿੰਘ (5) ਇੰਦਰ ਸਿੰਘ (6) ਗਿੰਦਰ ਸਿੰਘ ਪੁੱਤਰ ਨਿਹਾਲ ਕੌਰ ਪੁੱਤਰੀ ਕਿਸਨੇ (7) ਗੁਰਦਿੱਤਾ ਸਿੰਘ (8) ਗੁਰਜੀਵਨ ਸਿੰਘ ਪੁੱਤਰਾਨ ਰਣਜੀਤ ਸਿੰਘ ਪੁੱਤਰ ਸੰਤਾ ਸਿੰਘ (9) ਕਰਨੈਲ ਸਿੰਘ ਪੁੱਤਰ ਸਰੂਪ ਸਿੰਘ ਪੁੱਤਰ ਸੁੰਦਰ ਸਿੰਘ (10) ਮੋਹਣ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਸਰਬਨ ਸਿੰਘ (11) ਗੁਰਜੰਟ ਸਿੰਘ (12) ਪਰਦੀਪ ਸਿੰਘ ਪੁੱਤਰਾਨ ਨਛੱਤਰ ਸਿੰਘ ਪੁੱਤਰ ਉਤਮ ਸਿੰਘ (13) ਜਰਨੈਲ ਸਿੰਘ (14) ਮਹਿੰਦਰ ਸਿੰਘ (15) ਨਾਜਰ ਸਿੰਘ (16) ਗੁਰਦੇਵ ਸਿੰਘ (17) ਮੇਜਰ ਸਿੰਘ ਪੁੱਤਰਾਨ ਸੁੰਦਰ ਸਿੰਘ (18) ਰਮਿੰਦਰ ਕੌਰ ਪੁੱਤਰੀ ਬਲਦੇਵ ਸਿੰਘ ਪੁੱਤਰ ਭਜਨ ਸਿੰਘ (19) ਗੁਰਮੀਤ ਸਿੰਘ ਪੁੱਤਰ ਜੰਗ ਸਿੰਘ ਪੁੱਤਰ ਚੂਹੜ ਸਿੰਘ (20) ਦਰਸ਼ਨ ਸਿੰਘ (21) ਸੁਖਪਾਲ ਸਿੰਘ (22) ਜਗਮੀਤ ਸਿੰਘ ਪੁੱਤਰਾਨ ਨਾਜਰ ਸਿੰਘ ਪੁੱਤਰ ਭਜਨ ਸਿੰਘ (23) ਜਸਵੀਰ ਕੌਰ ਵਿਧਵਾ (24) ਰੋਬਨਪ੍ਰੀਤ ਸਿੰਘ ਪੁੱਤਰ (25) ਜੋਬਨਪ੍ਰੀਤ ਕੌਰ ਪੁੱਤਰੀ ਬੂਟਾ ਸਿੰਘ ਪੁੱਤਰ ਦਰਸ਼ਨ ਸਿੰਘ (26) ਮੇਜਰ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਸੁੰਦਰ ਸਿੰਘ, ਸਾਰੇ ਵਾਸੀਆਨ ਪਿੰਡ ਕਿਸ਼ਨਗੜ੍ਹ ਤਹਿ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ (28) ਵਜ਼ੀਰ ਸਿੰਘ (29) ਗੁਰਚਰਨ ਸਿੰਘ (30) ਜੰਗੀਰ ਸਿੰਘ ਪੁੱਤਰਾਨ ਕਰਤਾਰ ਸਿੰਘ ਪੁੱਤਰ ਤੇਜਾ ਸਿੰਘ ਵਾਸੀਆਨ ਪਿੰਡ ਦਿਆਲਪੁਰਾ ਭਾਈਕਾ, ਤਹਿ. ਰਾਮਪੁਰਾ ਫੂਲ, ਜ਼ਿਲ੍ਹਾ ਬਠਿੰਡਾ (31) ਪੰਜਾਬ ਨੈਸ਼ਨਲ ਬੈਂਕ ਨਿਹਾਲ ਸਿੰਘ ਵਾਲਾ (32) ਪੰਜਾਬ ਸਿੰਧ ਬੈਂਕ ਰੌਂਤਾ (33) ਬੈਂਕ ਆਫ ਇੰਡੀਆ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਨਿਹਾਲ ਸਿੰਘ ਵਾਲਾ (ਮੋਗਾ)

## AXIS BANK LTD.

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

### ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਰਾਜਬੀਰ ਸਿੰਘ ਪੁੱਤਰ ਸ੍ਰੀ ਸੁਰਿੰਦਰ ਪਾਲ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀ ਅਮਨਦੀਪ ਸਿੰਘ ਪੁੱਤਰ ਸ੍ਰੀ ਸੁਰਿੰਦਰ ਪਾਲ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ)

ਡਿਮਾਂਡ ਨੋਟਿਸ ਦੀ ਮਿਤੀ : 16 ਅਕਤੂਬਰ 2025 । ਐੱਨ ਪੀ ਏ ਮਿਤੀ : 08 ਅਕਤੂਬਰ 2025

ਕਬਜ਼ੇ ਦੀ ਮਿਤੀ : 22 ਜਨਵਰੀ 2026

ਬਕਾਇਆ ਰਕਮ : ਰੁਪਏ 55,44,700/- (ਪਚਵੰਜਾ ਲੱਖ ਚੁਤਾਲੀ ਹਜ਼ਾਰ ਸੱਤ ਸੌ ਰੁਪਏ ਕੇਵਲ)

ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ/ਦਸਤਾਵੇਜ਼ ਨੰ. 2020-21/187/1/3164 ਮਿਤੀ 28.09.2020 ਅਨੁਸਾਰ ਸ੍ਰੀ ਰਾਜਬੀਰ ਸਿੰਘ ਅਤੇ ਸ੍ਰੀ ਅਮਨਦੀਪ ਸਿੰਘ ਪੁਤਰਾਨ ਸ੍ਰੀ ਸੁਰਿੰਦਰ ਪਾਲ ਸਿੰਘ ਦੇ ਨਾਂਅ ਜਾਇਦਾਦ ਰਕਬਾ 29 ਮਰਲੇ ਕੁੱਲ ਜ਼ਮੀਨ ਖੇਤਰ 39 ਮਰਲੇ 117 ਵਰਗ ਫੁੱਟ 'ਚੋਂ, ਖੱਤਾ ਨੰ. 222/312, 223/313, ਖਸਰਾ ਨੰ. 548, 532/1, ਜਮ੍ਹਾਂਬੰਦੀ ਸਾਲ 2012-2013 ਪਿੰਡ ਨਾਗਰਾ ਵਿਖੇ ਸਥਿਤ, ਹੱਦਬਸਤ ਨੰ. 158, ਅਬਾਦੀ ਗੁਰੂ ਨਾਨਕ ਨਗਰ, ਨੇੜੇ ਰਤਨ ਨਗਰ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਰਾਜਵੀਰ ਸਿੰਘ ਦੀ ਦੁਕਾਨ, ਪੱਛਮ : ਸੜਕ, ਉੱਤਰ : ਸੜਕ, ਦੱਖਣ : ਹਰਜੀਤ ਸਿੰਘ

ਮਿਤੀ : 22 ਜਨਵਰੀ 2026 — ਸਹੀ/- ਅਧਿਕਾਰਤ ਅਫ਼ਸਰ
ਸਥਾਨ : ਲੁਧਿਆਣਾ — ਐਕਸਿਸ ਬੈਂਕ ਲਿਮਟਿਡ

## AXIS BANK LTD.

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

### [ਰੂਲ-8(1)] (ਅਚੱਲ ਜਾਇਦਾਦ ਲਈ)

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ : 1. ਸ੍ਰੀਮਤੀ ਨੀਲਮ ਪਤਨੀ ਰਾਜੂ (ਕਰਜ਼ਦਾਰ/ਰਹਿਣਕਾਰ) ਅਤੇ 2. ਸ੍ਰੀ ਰਾਜੂ ਪੁੱਤਰ ਮੋਹਨ ਲਾਲ (ਸਹਿ-ਕਰਜ਼ਦਾਰ)

ਡਿਮਾਂਡ ਨੋਟਿਸ ਦੀ ਮਿਤੀ : 31 ਅਗਸਤ 2022
ਕਬਜ਼ੇ ਦੀ ਮਿਤੀ : 21 ਜਨਵਰੀ 2026

ਡਿਮਾਂਡ ਨੋਟਿਸ 'ਚ ਰਕਮ (ਰੁਪਏ) : ਰੁਪਏ 17,13,321/- (ਸਤਾਰਾਂ ਲੱਖ ਤੇਰਾਂ ਹਜ਼ਾਰ ਤਿੰਨ ਸੌ ਇੱਕੀ ਰੁਪਏ ਕੇਵਲ)

ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 3880 ਮਿਤੀ 24.08.2017 ਅਨੁਸਾਰ ਸ੍ਰੀਮਤੀ ਨੀਲਮ ਪਤਨੀ ਰਾਜੂ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਪ੍ਰਾਈਵੇਟ ਨੰ. 47 ਮਿੰਨ ਰਕਬਾ 71.11 ਵਰਗ ਗਜ਼ (ਲੰਬਾਈ 40' ਅਤੇ ਚੌੜਾਈ 16') ਖਸਰਾ ਨੰ. 4660 ਮਿੰਨ, ਖੱਤਾ/ਖਤੌਨੀ ਨੰ. 720/1678, ਜਮ੍ਹਾਂਬੰਦੀ ਸਾਲ 2010-2011, ਹੱਦਬਸਤ ਨੰ. 373, ਸੁਲਤਾਨਵਿੰਡ ਵਿਖੇ ਸਥਿਤ, ਸਬ-ਅਰਬਨ ਤਰਫ਼ ਮਾਹਲ-2, ਅਬਾਦੀ ਕੋਟ ਮਿੱਤ ਸਿੰਘ ਤਹਿਸੀਲ ਅੰਮ੍ਰਿਤਸਰ-1 ਅਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 52, ਪੱਛਮ : ਗਲੀ 20' ਚੌੜੀ, ਉੱਤਰ : ਪਲਾਟ ਨੰ. 46, ਦੱਖਣ : ਪਲਾਟ ਨੰ. 47

ਉਪਰੋਕਤ ਦਰਸਾਏ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ ਇਸ ਦੁਆਰਾ 30 ਦਿਨਾ ਨੋਟਿਸ ਦਿੱਤਾ ਜਾਂਦਾ ਹੈ ਨਹੀਂ ਤਾਂ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲਜ਼ 8 ਅਤੇ 9 ਦੀਆਂ ਵਿਵਸਥਾਵਾਂ ਅਧੀਨ ਗਿਰਵੀ ਰੱਖੀਆਂ ਜਾਇਦਾਦਾਂ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨ ਗੁਜ਼ਰ ਜਾਣ 'ਤੇ ਵੇਚ ਦਿੱਤੀ ਜਾਣਗੀਆਂ।

ਮਿਤੀ : 22 ਜਨਵਰੀ 2026 — ਸਹੀ/- ਅਧਿਕਾਰਤ ਅਫ਼ਸਰ
ਸਥਾਨ : ਅੰਮ੍ਰਿਤਸਰ — ਐਕਸਿਸ ਬੈਂਕ ਲਿਮਟਿਡ

## ਉੱਤਰ ਰੇਲਵੇ

### ਨਿਵਿਦਾ ਸੂਚਨਾ

ਸੀਨੀ. ਮੰਡਲ ਬਿਜਲੀ ਇੰਜੀਨੀਅਰ/ ਇਲੈਕਟ੍ਰਿਕ ਲੋਕੋ ਸ਼ੇਡ, ਉਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਨਿਵਿਦਾਵਾਂ ਨੰ. **2025-26-15** ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਮਿਤੀ **18.02.2026** ਨੂੰ **15:00** ਵਜੇ ਤਕ ਪੇਸ਼ ਕਰ ਸਕਦੇ ਹਨ। ਇਨਾਂ ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।

ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਨਾਲ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਵੇਂ ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਜਮ੍ਹਾ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ।

| ਟੈਂਡਰ ਸੰਖਿਆ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ.) | ਟੈਂਡਰ ਦੀ ਕੀਮਤ (ਰੁ.) | ਨਿਵਿਦਾ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ.) | ਕੰਮ ਦੀ ਅਵਧੀ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 2025-26-15 | 3-ਫੇਜ ਇਲੈਕਟ੍ਰਿਕ ਲੋਕੋ ਵਿਚ ਈ-70 ਬ੍ਰੇਕ ਸਿਸਟਮ ਦੀ ਪੂਰੀ ਮੁਰੰਮਤ/ਓਵਰਹਾਲ | 6,20,18,147.88 | 0 | 18.02.2026 15:00 ਵਜੇ ਤਕ | 4,60,100/- | 24 ਮਹੀਨੇ | 18.02.2026 15:00 ਵਜੇ ਦੇ ਬਾਅਦ | www.ireps.gov.in |

ਨੰ.: Tender Notice No. 230-Elect/TRS/LDH/WC/E-70/2025-26/15 ਤਾਰੀਕ :- 22.01.2026 248/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਟੈਂਡਰ ਨੋਟਿਸ

ਲੋਕ ਜਾਣਕਾਰੀ ਹਿੱਤ ਟੈਂਡਰ ਨੋਟਿਸ ਨੰ: 89 ਮਿਤੀ 19.01.2026 ਨੂੰ ਰੱਦ ਕੀਤਾ ਜਾਂਦਾ ਹੈ ਅਤੇ ਨਵੇਂ ਟੈਂਡਰ ਰਾਹੀਂ ਇੱਛੁਕ ਪਾਰਟੀਆਂ ਪਾਸੋਂ ਸਿਵਲ ਹਸਪਤਾਲ ਅਜਨਾਲਾ ਲਈ ਹਸਪਤਾਲ ਦੀ **Parking**, ਹਸਪਤਾਲ ਦੀ **Canteen** ਲਈ ਮਿਤੀ 01.03.2026 ਤੋਂ 28.02.2027 ਤੱਕ ਸੀਲਡ ਟੈਂਡਰ ਦੀ ਮੰਗ ਕੀਤੀ ਜਾਂਦੀ ਹੈ। ਇਹ ਟੈਂਡਰ ਫਾਰਮ ਮਿਤੀ 01.02.2026 ਤੋਂ 05.02.2026 ਤੱਕ ਨਿਮਨਹਸਤਾਖਰ ਦੇ ਦਫ਼ਤਰ ਵਿਚੋਂ 1000/-ਰੁਪਏ ਜਮ੍ਹਾਂ ਕਰਵਾ ਕੇ ਪ੍ਰਾਪਤ ਕੀਤੇ ਜਾ ਸਕਦੇ ਹਨ। ਇਹ ਫਾਰਮ ਆਪ ਵੱਲੋਂ ਮਿਤੀ 07.02.2026 ਤੱਕ ਜਮ੍ਹਾਂ ਕਰਵਾਏ ਜਾ ਸਕਦੇ ਹਨ। ਫਾਰਮ ਖੋਲ੍ਹਣ ਦੀ ਮਿਤੀ : 10.02.2026 ਨੂੰ ਦਿਨ ਦੇ ਦੋ ਵਜੇ ਟੈਂਡਰਕਾਰਾਂ ਦੇ ਸਾਹਮਣੇ ਖੋਲ੍ਹੇ ਜਾਣਗੇ।

ਸੀਨੀਅਰ ਮੈਡੀਕਲ ਅਫਸਰ, ਸਿਵਲ ਹਸਪਤਾਲ ਅਜਨਾਲਾ।

ਨੰਬਰ 115 ਮਿਤੀ : 22.01.2026

# ਪੈਟਰੋਲ ਪੰਪ ਗੋਲੀ ਕਾਂਡ ਦਾ ਦੋਸ਼ੀ ਲਵਪ੍ਰੀਤ ਪੁਲਸ ਮੁਕਾਬਲੇ ਬਾਅਦ ਕਾਬੂ

**ਅਲਾਵਲਪੁਰ, (ਮਦਨ ਬੰਗੜ)**- ਦੋਲੀਕੇ ਸੁੰਦਰ ਪੁਰ ਰੋਡ ਤੇ ਸਵੇਰੇ 9:15 ਵਜੇ ਦੇ ਕਰੀਬ ਅਲਾਵਲਪੁਰ ਪੁਲਸ ਪਾਰਟੀ ਤੇ ਇੱਕ ਗੈਂਗਸਟਰ ਵਿੱਚ ਪੁਲਿਸ ਇਨਕਾਊਂਟਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ



ਦਿੰਦੇ ਹੋਏ ਮੌਕੇ ਤੇ ਪਹੁੰਚੇ ਐੱਸ ਐੱਸ ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ 19 ਦਸੰਬਰ ਨੂੰ ਕਿਸ਼ਨਗੜ੍ਹ ਪੈਟਰੋਲ ਪੰਪ ਨੇੜੇ ਇੱਕ ਕਾਲਜ ਦੀ ਪ੍ਰਧਾਨਗੀ ਲਈ ਇਕੱਠੇ ਹੋਏ ਲੋਕਾਂ ਉੱਪਰ ਕਾਰ ਸਵਾਰਾਂ ਵੱਲੋਂ ਗੋਲੀਆਂ ਚਲਾ ਕੇ ਦੋ ਵਿਅਕਤੀਆਂ ਨੂੰ ਜ਼ਖਮੀ ਕਰ ਦਿੱਤਾ ਸੀ। ਉਹਨਾਂ ਉੱਪਰ ਥਾਣਾ ਆਦਮਪੁਰ ਵਿਖੇ ਮਾਮਲਾ ਦਰਜ ਕੀਤਾ ਗਿਆ ਸੀ। ਇਸ ਸਬੰਧ ਦੇ ਵਿੱਚ ਚਾਰ ਸ਼ੂਟਰਾਂ ਨੂੰ ਪਹਿਲਾਂ ਹੀ ਪੁਲਿਸ ਵੱਲੋਂ ਰਾਊਂਡ ਅਪ ਕਰ ਲਿਆ ਗਿਆ ਸੀ। ਇਸ ਸਬੰਧ ਦੇ ਵਿੱਚ ਗੁਪਤ ਸੂਚਨਾ ਦੇ ਆਧਾਰ ਤੇ ਡੀ ਐੱਸ ਪੀ ਜਲੰਧਰ ਦਿਹਾਤੀ ਰਾਜੀਵ ਕੁਮਾਰ ਤੇ ਥਾਣਾ ਮੁਖੀ ਆਦਮਪੁਰ ਰਵਿੰਦਰਪਾਲ ਸਿੰਘ ਦੀ ਨਿਗਰਾਨੀ ਹੇਠ ਜਦੋਂ ਅਲਾਵਲਪੁਰ ਪੁਲਿਸ ਪਾਰਟੀ ਦੇ ਐੱਸ ਆਈ ਪਰਮਜੀਤ ਸਿੰਘ, ਏ ਐੱਸ ਆਈ ਕੁਲਦੀਪ ਸਿੰਘ ਚੌਕੀ ਇੰਚਰਜ ਜੰਡੂ ਸਿੰਘਾ ਤੇ ਪੁਲਿਸ ਪਾਰਟੀ ਨਾਲ ਅਲਾਵਲਪੁਰ ਤੋਂ ਦੋਲੀਕੇ ਰੋਡ ਉੱਪਰ ਜਾ ਰਹੇ ਸਨ ਤਾਂ ਜਗਰਾਵਾਂ ਪਿੰਡ ਵੱਲੋਂ ਬਿਨਾਂ ਨੰਬਰੀ ਮੋਟਰਸਾਈਕਲ ਤੇ ਇੱਕ ਵਿਅਕਤੀ ਨੂੰ ਆਉਂਦਿਆਂ ਦੇਖ ਪੁਲਸ ਪਾਰਟੀ ਨੇ ਸ਼ੱਕ ਦੇ ਅਧਾਰ ਤੇ ਉਸ ਨੂੰ ਰੁਕਣ ਦਾ ਇਸ਼ਾਰਾ ਕੀਤਾ। ਮੋਟਰਸਾਈਕਲ ਸਵਾਰ ਨੇ ਆਪਣਾ ਮੋਟਰਸਾਈਕਲ ਇਕ ਤਰਫ ਨੂੰ ਮੋੜ ਕੇ ਪਿਸਟਲ ਦੇ ਨਾਲ ਪੁਲਿਸ ਪਾਰਟੀ ਉੱਪਰ ਫਾਇਰ ਕਰ ਦਿੱਤੇ। ਪੁਲਸ ਪਾਰਟੀ ਵੱਲੋਂ ਸੈਲਫ ਡਿਫੈਂਸ ਵਿੱਚ ਜਵਾਬੀ ਕਾਰਵਾਈ ਕਰਦਿਆਂ ਫਾਇਰ ਕੀਤਾ ਤਾਂ ਪੁਲਿਸ ਦੀ ਗੋਲੀ ਸ਼ੂਟਰ ਦੇ ਜਾ ਲੱਗੀ ਤੇ ਜ਼ਖਮੀ ਹੋ ਗਿਆ।ਪੁਲਸ ਪਾਰਟੀ ਵੱਲੋਂ ਉਸ ਨੂੰ ਮੌਕੇ ਤੋਂ ਕਾਬੂ ਕਰਕੇ ਉਸ ਕੋਲੋਂ 30 ਬੋਰ ਦਾ ਪਿਸਟਲ ਤੇ ਬਿਨਾਂ ਨੰਬਰੀ ਮੋਟਰਸਾਈਕਲ ਬਰਾਮਦ ਕਰ ਲਿਆ ਹੈ। ਪੁਲਸ ਇਨਕਾਊਂਟਰ ਵਿੱਚ ਜਖਮੀ ਹੋਇਆ ਸ਼ੂਟਰ ਲਵਪ੍ਰੀਤ ਲਵੀ ਵਾਰਡ ਨੰਬਰ 12 ਭੁਲੱਥ ਦਾ ਰਹਿਣ ਵਾਲਾ ਹੈ। ਇਹ ਸ਼ੂਟਰ ਕਿਸ਼ਨਗੜ੍ਹ ਪੈਟਰੋਲ ਪੰਪ ਤੇ 19 ਦਸੰਬਰ ਨੂੰ ਹੋਏ ਗੋਲੀ ਕਾਂਡ ਵਿੱਚ ਗੋਲੀ ਚਲਾਉਣ ਵਾਲਿਆਂ ਵਿੱਚ ਸ਼ਾਮਿਲ ਸੀ।

# ਮੀਂਹ ਨਾਲ ਸੜਕਾਂ ਜਲ-ਥਲ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿੱਚ ਪੈ ਰਹੇ ਭਾਰੀ ਮੀਂਹ ਤੇ ਚੱਲ ਰਹੀਆਂ ਸਰਦ ਹਵਾਵਾਂ ਨੇ ਕੁਦਰਤ ਦੇ ਕਹਿਰ ਦਾ ਰੂਪ ਦਿਖਾਇਆ ਹੈ। ਜਿੱਥੇ



ਲੋਕ ਬਸੰਤ ਦੀ ਆਉਣ ਦੀ ਉਡੀਕ ਕਰ ਰਹੇ ਸਨ, ਉੱਥੇ ਹੀ ਇਸ ਅਚਾਨਕ ਆਈ ਬਾਰਿਸ਼ ਨੇ ਆਮ ਲੋਕਾਂ ਦੇ ਕੰਮ-ਕਾਜ ਪੂਰੀ ਤਰ੍ਹਾਂ ਠੱਪ ਕਰ ਦਿੱਤੇ ਹਨ। ਭਾਰੀ ਬਾਰਿਸ਼ ਕਾਰਨ ਸਵੇਰੇ ਕੰਮਾਂ-ਕਾਰਾਂ 'ਤੇ ਜਾਣ ਵਾਲੇ ਲੋਕਾਂ, ਦਿਹਾੜੀਦਾਰਾਂ ਅਤੇ ਰੇਹੜੀ-ਫੜ੍ਹੀ ਵਾਲਿਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਬਾਜ਼ਾਰਾਂ ਵਿੱਚ ਰੌਣਕ ਗਾਇਬ ਰਹੀ ਤੇ ਜ਼ਿਆਦਾਤਰ ਵਪਾਰਕ ਅਦਾਰੇ ਪ੍ਰਭਾਵਿਤ ਹੋਏ। ਤੇਜ਼ ਹਵਾਵਾਂ ਕਾਰਨ ਇਲਾਕੇ ਦੇ ਕਈ ਹਿੱਸਿਆਂ ਵਿੱਚ ਬਿਜਲੀ ਦੇ ਖੰਭੇ ਅਤੇ ਦਰੱਖਤ ਡਿੱਗਣ ਕਾਰਨ ਬਿਜਲੀ ਸਪਲਾਈ ਵੀ ਕਈ ਘੰਟਿਆਂ ਤੱਕ ਠੱਪ ਰਹੀ, ਜਿਸ ਕਾਰਨ ਘਰੇਲੂ ਕੰਮਾਂ ਵਿੱਚ ਵੀ ਵਿਘਨ ਪਿਆ। ਨੀਵੇਂ ਇਲਾਕਿਆਂ ਅਤੇ ਸ਼ਹਿਰ ਦੀਆਂ ਮੁੱਖ ਸੜਕਾਂ 'ਤੇ ਪਾਣੀ ਭਰ ਜਾਣ ਕਾਰਨ ਆਵਾਜਾਈ ਵਿੱਚ ਕਾਫ਼ੀ ਦਿੱਕਤ ਆਈ। ਦੋ ਪਹੀਆ ਵਾਹਨ ਚਾਲਕਾਂ ਨੂੰ ਮੀਂਹ ਅਤੇ ਠੰਢੀ ਹਵਾ ਨੇ ਬੁਰੀ ਤਰ੍ਹਾਂ ਪ੍ਰੇਸ਼ਾਨ ਕੀਤਾ। ਲੋਕਾਂ ਦਾ ਕਹਿਣਾ ਹੈ ਕਿ ਇਸ ਬੇਮੌਸਮੀ ਮੀਂਹ ਨੇ ਜਿੱਥੇ ਠੰਢ ਵਿੱਚ ਵਾਧਾ ਕਰ ਦਿੱਤਾ ਹੈ, ਉੱਥੇ ਹੀ ਰੋਜ਼ਾਨਾ ਦੀ ਰੋਜ਼ੀ-ਰੋਟੀ ਕਮਾਉਣ ਵਾਲਿਆਂ ਲਈ ਵੱਡੀ ਮੁਸੀਬਤ ਖੜ੍ਹੀ ਕਰ ਦਿੱਤੀ ਹੈ।ਖੇਤੀ ਮਾਹਿਰਾਂ ਅਨੁਸਾਰ ਤੇਜ਼ ਹਵਾਵਾਂ ਦੇ ਨਾਲ ਪਿਆ ਮੀਂਹ ਖੜ੍ਹੀਆਂ ਫ਼ਸਲਾਂ ਲਈ ਵੀ ਚਿੰਤਾ ਦਾ ਵਿਸ਼ਾ ਬਣ ਸਕਦਾ ਹੈ। ਜੇਕਰ ਮੀਂਹ ਇਸੇ ਤਰ੍ਹਾਂ ਜਾਰੀ ਰਿਹਾ ਤਾਂ ਨੀਵੇਂ ਖੇਤਾਂ ਵਿੱਚ ਪਾਣੀ ਭਰਨ ਨਾਲ ਫ਼ਸਲਾਂ ਦੇ ਨੁਕਸਾਨ ਦਾ ਖਤਰਾ ਹੈ।

# ਇਨੋਸੈਂਟ ਹਾਰਟਸ ਦੇ ਸਕੂਲਾਂ ਤੇ ਕਾਲਜਾਂ 'ਚ ਮਨਾਇਆ ਬਸੰਤ ਪੰਚਮੀ ਦਾ ਤਿਉਹਾਰ

**ਜਲੰਧਰ (ਸ਼ੈਲੀ ਐਲਬਰਟ)**- ਇਨੋਸੈਂਟ ਹਾਰਟਸ ਦੇ ਪੰਜੇ ਸਕੂਲ—ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ—ਸਹਿਤ ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਅਤੇ ਇਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਟਿਊਸ਼ਨਜ਼, ਲੋਹਾਰਾਂ ਵਿੱਚ ਬਸੰਤ ਪੰਚਮੀ ਦਾ ਤਿਉਹਾਰ ਬੜੀ ਧੂਮ-ਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਤਿਉਹਾਰ ਨੇ ਬਸੰਤ ਦੇ ਆਗਮਨ ਦੀ ਖ਼ੁਸ਼ੀ ਮਨਾਈ ਤੇ ਵਿਦਿਆ ਤੇ ਗਿਆਨ ਦੀ ਦੇਵੀ ਮਾਂ ਸਰਸਵਤੀ ਦੀ ਉਪਾਸਨਾ ਕੀਤੀ ਗਈ। ਕਿੰਡਰਗਾਰਟਨ ਤੋਂ ਲੈ ਕੇ ਕਾਲਜ ਤੱਕ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਭਾਗ ਲਿਆ, ਜੋ ਸਾਰੇ ਕੈਂਪਸਾਂ ਵਿੱਚ ਸੰਸਕ੍ਰਿਤਿਕ ਏਕਤਾ ਨੂੰ ਦਰਸਾਉਂਦਾ ਹੈ। ਹਰ ਕੈਂਪਸ ਵਿੱਚ ਪ੍ਰੋਗਰਾਮ ਦੀ ਸ਼ੁਰੂਆਤ ਵਿਸ਼ੇਸ਼ ਸਭਾ ਨਾਲ ਹੋਈ, ਜਿੱਥੇ ਮਾਂ ਸਰਸਵਤੀ ਦੀ ਅਰਾਧਨਾ ਕਰਦੇ ਹੋਏ ਬਸੰਤ ਪੰਚਮੀ ਦੀ ਮਹੱਤਤਾ ਅਤੇ ਸਦਭਾਵਨਾ, ਗਿਆਨ ਅਤੇ ਸਿੱਖਿਆ ਦੇ ਮੁੱਲਾਂ ਉੱਤੇ ਪ੍ਰਕਾਸ਼ ਪਾਇਆ ਗਿਆ।



ਵਿਦਿਆਰਥੀਆਂ ਨੇ ਭਾਸ਼ਣਾਂ ਅਤੇ ਸੁੰਦਰ ਨ੍ਰਿਤ ਪ੍ਰਸਤੁਤੀਆਂ ਸਮੇਤ ਸੰਸਕ੍ਰਿਤਿਕ ਗਤੀਵਿਧੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਨੰਨੇ ਬੱਚਿਆਂ ਨੇ ਪੀਲੇ ਪਹਿਰਾਵੇ ਵਿੱਚ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਉਨ੍ਹਾਂ ਦੀ ਰਚਨਾਤਮਕਤਾ ਨੂੰ ਵਧਾਵਾ ਮਿਲਿਆ। ਰਚਨਾਤਮਕ ਪਤੰਗ ਸਜਾਵਟ ਗਤੀਵਿਧੀਆਂ ਵਿੱਚ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ, ਵਾਤਾਵਰਨ ਅਨੁਕੂਲ ਤੇ ਵਿਸ਼ੇ ਅਆਧਾਰਤ ਡਿਜ਼ਾਈਨਾਂ ਰਾਹੀਂ ਆਪਣੀ ਕਲਪਨਾ ਨੂੰ ਉਜਾਗਰ ਕੀਤਾ, ਨਾਲ ਹੀ ਚੀਨੀ ਡੋਰ ਨੂੰ ਨਾ ਕਹੋ ਬਾਰੇ ਜਾਗਰੂਕਤਾ ਵੀ ਫੈਲਾਈ। ਸਮਾਰੋਹ ਦੀ ਇੱਕ ਮੁੱਖ ਆਕਰਸ਼ਣ ਹੋਟਲ ਮੈਨੇਜਮੈਂਟ ਦੇ ਵਿਦਿਆਰਥੀਆਂ ਲਈ ਆਯੋਜਿਤ ਪਤੰਗ ਉਡਾਉਣ ਮੁਕਾਬਲਾ ਰਿਹਾ, ਜਿਸ ਨੇ ਸਮਾਰੋਹ ਵਿੱਚ ਰੰਗੀਨੀ ਅਤੇ ਉਤਸ਼ਾਹ ਭਰ ਦਿੱਤਾ। ਇਸ ਦੇ ਨਾਲ ਸਦਭਾਵਨਾ, ਦਿਲਾਂ ਵਿੱਚ ਗਿਆਨ ਥੀਮ ਅਧੀਨ ਮਨਾਏ ਗਏ ਇਸ ਤਿਉਹਾਰ ਨੇ ਸਭ ਨੂੰ ਖੁਸ਼ੀ ਅਤੇ ਸੰਸਕ੍ਰਿਤਿਕ ਮੁੱਲਾਂ ਨਾਲ ਭਰਪੂਰ ਕਰ ਦਿੱਤਾ। ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ ਇਹ ਦਿਨ 'ਇੱਕ ਭਾਰਤ ਸ਼੍ਰੇਸ਼ਠ ਭਾਰਤ - ਬਸੰਤ ਦਾ ਆਗਮਨ' ਥੀਮ ਹੇਠ ਮਨਾਇਆ। ਕਲਚਰਲ ਕਲੱਬ ਵੱਲੋਂ ਪਤੰਗ ਉਡਾਉਣ, ਪੀਲੇ ਰੰਗ ਦੇ ਖਾਣੇ ਬਣਾਉਣ ਅਤੇ 'ਬੈਸਟ ਆਊਟ ਆਫ਼ ਵੇਸਟ' ਵਰਗੇ ਮੁਕਾਬਲੇ ਕਰਵਾਏ ਗਏ, ਜਿਸ ਨਾਲ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਅਤੇ ਪਰਿਆਵਰਣੀ ਸਚੇਤਤਾ ਨੂੰ ਉਤਸ਼ਾਹ ਮਿਲਿਆ। ਬਸੰਤ ਪੰਚਮੀ ਦਾ ਇਹ ਸਮਾਰੋਹ ਪਰੰਪਰਾ, ਸਿੱਖਿਆ ਅਤੇ ਰਚਨਾਤਮਕਤਾ ਦਾ ਸੁੰਦਰ ਮਿਲਾਪ ਸਾਬਤ ਹੋਇਆ, ਜਿਸ ਨੇ ਵਿਦਿਆਰਥੀਆਂ ਵਿੱਚ ਸੰਸਕ੍ਰਿਤਿਕ ਮੁੱਲਾਂ ਅਤੇ ਆਤਮਿਕ ਜਾਗਰੂਕਤਾ ਨੂੰ ਮਜ਼ਬੂਤ ਕੀਤਾ।

# ਕੈਬਨਿਟ ਮੰਤਰੀ ਵੱਲੋਂ ਵੈਸਟ ਹਲਕੇ ਦੇ ਮੈਂਬਰਾਂ ਨਾਲ ਮੀਟਿੰਗ



**ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ)**- ਜਲੰਧਰ ਵਿੱਚ ਕੈਬਿਨੇਟ ਮੰਤਰੀ ਮੋਹਿੰਦਰ ਭਗਤ ਨੇ ਹਲਕਾ ਵੈਸਟ ਵਿੱਚ ਹੋ ਰਹੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਤੇ ਅਧੂਰੇ ਪਏ ਕੰਮਾਂ ਨੂੰ ਜਲਦੀ ਸ਼ੁਰੂ ਕਰਵਾਉਣ ਲਈ ਮੈਂਬਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਵਾਰਡ ਨੰਬਰ 51 ਤੋਂ ਆਮ ਆਦਮੀ ਪਾਰਟੀ ਦੀ ਇੰਚਾਰਜ ਪ੍ਰਵੀਨ ਗੋਰੀਆ ਦੇ ਪਤੀ ਸੁਭਾਸ਼ ਗੋਰੀਆ, ਵਾਰਡ ਨੰਬਰ 44 ਦੇ ਮੈਂਬਰ ਰਾਜ ਕੁਮਾਰ ਰਾਜੂ, ਵਾਰਡ ਨੰਬਰ 58 ਦੇ ਮੈਂਬਰ ਮਨੀਸ਼ ਕਰਲੁਪੀਆ, ਮੈਂਬਰ ਪਤੀ ਸੁਦੇਸ਼ ਭਗਤ, ਵਾਰਡ ਨੰਬਰ 42 ਦੇ ਮੈਂਬਰ ਰੋਮੀ ਵਧਵਾ, ਵਾਰਡ ਨੰਬਰ 47 ਤੋਂ ਮੈਂਬਰ ਮਨਮੀਤ ਕੌਰ ਦੇ ਪਤੀ ਅਮਨ ਸਿੰਘ ਮੌਜੂਦ ਰਹੇ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਮੈਂਬਰਾ ਤੋਂ ਉਨ੍ਹਾਂ ਦੇ ਵਾਰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਥਿਤੀ ਰਿਪੋਰਟ ਮੰਗੀ ਤੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਜੋ ਵੱਡੇ ਪ੍ਰੋਜੈਕਟ ਚੱਲ ਰਹੇ ਹਨ, ਉਨ੍ਹਾਂ ਦੇ ਕੰਮਾਂ ਵਿੱਚ ਤੇਜ਼ੀ ਲਿਆਈ ਜਾਵੇ। ਉਨ੍ਹਾਂ ਸਾਰੇ ਮੈਂਬਰਾਂ ਨੂੰ ਆਪਣੇ-ਆਪਣੇ ਐਸਟੀਮੇਟ ਤਿਆਰ ਕਰਵਾਉਣ ਲਈ ਕਿਹਾ ਤੇ ਭਰੋਸਾ ਦਿੱਤਾ ਕਿ ਸਾਰੇ ਮੈਂਬਰਾਂ ਨੂੰ ਬਰਾਬਰ ਦਾ ਕੋਟਾ ਜਾਰੀ ਕੀਤਾ ਜਾਵੇਗਾ। ਜਿਨ੍ਹਾਂ ਕੰਮਾਂ ਦੇ ਵਰਕ ਆਰਡਰ ਜਾਰੀ ਹੋ ਚੁੱਕੇ ਹਨ ਪਰ ਕੰਮ ਨਹੀਂ ਹੋ ਰਿਹਾ,ਉਹ ਕੰਮ ਵੀ ਜਲਦੀ ਤੋਂ ਜਲਦੀ ਸ਼ੁਰੂ ਕੀਤੇ ਜਾਣਗੇ।

# ਸ੍ਰੀ ਖੁਰਾਲਗੜ੍ਹ ਸਾਹਿਬ ਦੇ ਲੰਗਰਾਂ ਲਈ ਮਲਕੀਤ ਦਿਓਲ ਵੱਲੋਂ 11 ਹਜ਼ਾਰ ਦੀ ਸੇਵਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ ਦੇ ਲੰਗਰਾਂ ਲਈ ਮਲਕੀਤ ਸਿੰਘ ਦਿਓਲ ਪਿੰਡ ਘੋਲੀਆ ਖੁਰਦ ਜਿਲਾ ਮੋਗਾ ਵੱਲੋਂ 11 ਹਜ਼ਾਰ ਰੁਪਏ ਦੀ ਸੇਵਾ ਕੀਤੀ ਗਈ ਹੈ। ਇਸ ਮੌਕੇ ਪਰਿਵਾਰ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ ਨੇ ਕਿਹਾ ਸੰਗਤ ਵੱਲੋਂ ਮਿਲੇ ਅਥਾਹ ਪਿਆਰ ਤੇ ਸਤਿਕਾਰ ਨਾਲ ਆਲ ਇੰਡੀਆ ਆਦਿ ਧਰਮ ਮਿਸ਼ਨ ਦੀ ਪੂਰੀ ਟੀਮ ਅਤੇ ਪ੍ਰਬੰਧਕਾਂ ਦੇ ਹੌਂਸਲੇ ਬੁਲੰਦ ਹੋ ਗਏ ਹਨ । ਉਨਾਂ ਕਿਹਾ ਕਿਹਾ ਕਿ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਚਰਨਛੋਹ ਬੇਗਮਪੁਰਾ ਸੱਚਖੰਡ ਸ੍ਰੀ ਖੁਰਾਲਗੜ ਸਾਹਿਬ ਵਿਖੇ 31 ਦਸੰਬਰ ਰਾਤ ਦੇ ਸਮਾਗਮਾਂ ਵਿੱਚ ਬਹੁਤ ਵੱਡਾ ਠਾਠਾਂ ਮਾਰਦਾ ਇਕੱਠ ਹੋਇਆ ਤੇ ਉਸ ਤੋਂ ਬਾਅਦ ਸੰਗਤਾਂ ਬੜੀ ਸ਼ਰਧਾ ਪੂਰਵਕ ਪਹੁੰਚ ਰਹੀਆਂ ਹਨ। ਉਨ੍ਹਾਂ ਕਿਹਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਕ੍ਰਾਂਤੀਕਾਰੀ ਬਾਣੀ ਅਤੇ ਆਦਿ ਧਰਮ ਦੇ ਰਹਿਬਰਾਂ ਦੇ ਮਿਸ਼ਨ ਦੇ ਪ੍ਰਚਾਰ ਤੇ ਪ੍ਰਸਾਰ ਲਈ ਇਥੇ ਬਹੁਤ ਜਲਦ ਰੋਜ਼ਾਨਾ ਸਤਿਸੰਗ ਸਮਾਗਮ ਆਰੰਭ ਕੀਤੇ ਜਾ ਰਹੇ ਹਨ। ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਦੇ 'ਬੇਗਮਪੁਰਾ ਸ਼ਹਿਰ' ਦੇ ਸੰਕਲਪ ਨੂੰ ਮੰਜ਼ਿਲ ਵੱਲ ਲੈ ਕੇ ਜਾਣ ਲਈ ਪੜੇ ਲਿਖੇ ਬੁੱਧੀਜੀਵੀ ਵਰਗ ਤੇ ਯੂਥ ਨੂੰ ਆਦਿ ਧਰਮ ਮਿਸ਼ਨ ਦੇ ਪਲੇਟਫਾਰਮ ਨਾਲ ਜੋੜਨ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਕਿ ਆਦਿ ਧਰਮੀ ਕੌਮ ਧਾਰਮਿਕ, ਸਮਾਜਿਕ,ਆਰਥਿਕ ਅਤੇ ਰਾਜਨੀਤਕ ਤੌਰ ਤੇ ਮਜਬੂਤ ਹੋ ਕੇ ਅੱਗੇ ਵਧ ਸਕੇ ਅਤੇ ਆਉਣ ਵਾਲੀਆਂ ਪੀੜੀਆਂ ਦਾ ਭਵਿੱਖ ਸੁਨਹਿਰੀ ਬਣ ਸਕੇ।



# ਪਸ਼ੂ ਪਾਲਣ ਵਿਭਾਗ ਨੇ ਕੈਂਪ ਲਗਾਇਆ




**ਭਲਾਣ ਨੰਗਲ (ਹਰਭਜਨ ਢਿੱਲੋਂ)**- ਪੰਜਾਬ ਸਰਕਾਰ ਵੱਲੋਂ ਹਰ ਸਾਲ ਤਹਿਸੀਲ ਪੱਧਰ ਤੇ ਇੱਕ ਗਊਸ਼ਾਲਾ ਨੂੰ 25 ਹਜ਼ਾਰ ਰੁਪਏ ਦੀਆਂ ਮੁਫਤ ਦਵਾਈਆਂ ਉਪਲਬਧ ਕਰਵਾ ਕੇ ਬਿਮਾਰ ਗਊਆਂ ਦਾ ਇਲਾਜ ਕਰਵਾਇਆ ਜਾਂਦਾ ਹੈ।ਇਸ ਲੜੀ ਤਹਿਤ ਪਸ਼ੂ ਪਾਲਣ ਵਿਭਾਗ ਜ਼ਿਲ੍ਹਾ ਰੂਪਨਗਰ ਦੇ ਡਿਪਟੀ ਡਾਇਰੈਕਟਰ ਡਾਕਟਰ ਰਾਜਕੁਮਾਰ ਤੇ ਸਹਾਇਕ ਡਾਇਰੈਕਟਰ ਡਾਕਟਰ ਹਰਪ੍ਰੀਤ ਕੌਰ ਦੇ ਹੁਕਮਾਂ ਅਨੁਸਾਰ ਸੀਨੀਅਰ ਵੈਟਨਰੀ ਅਫਸਰ ਡਾਕਟਰ ਪ੍ਰਵੀਨ ਅਗਰਵਾਲ ਦੀ ਅਗਵਾਈ ਹੇਠ ਸ੍ਰੀ ਗੋਬਿੰਦ ਗਊਧਾਮ ਸੇਵਾ ਸਮਤੀ ਗਊਸ਼ਾਲਾ ਨੰਗਲ ਵਿਖੇ ਪਸ਼ੂ ਪਾਲਣ ਵਿਭਾਗ ਵੱਲੋਂ ਗਊ ਭਲਾਈ ਕੈਂਪ ਲਗਾਇਆ ਗਿਆ। ਜਿਸ ਵਿੱਚ ਵੱਖ ਵੱਖ ਬੈਟਨਰੀ ਹਸਪਤਾਲਾਂ ਤੋਂ ਸੀਨੀਅਰ ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਨੇ ਪਹੁੰਚ ਕੇ ਕਰੀਬ 112 ਗਊਆਂ ਦੀ ਸਰੀਰਕ ਮੁਆਇਨਾ ਕਰਕੇ ਮੌਕੇ ਤੇ ਮੁਫਤ ਦਵਾਈਆਂ ਦੇ ਕੇ ਬਿਮਾਰ ਗਊਆਂ ਦਾ ਲੋੜੀਂਦਾ ਇਲਾਜ ਕੀਤਾ ਗਿਆ। ਇਸ ਮੌਕੇ ਗਊਸ਼ਾਲਾ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੇ ਪਸ਼ੂ ਪਾਲਣ ਵਿਭਾਗ ਦੇ ਪੂਰੀ ਟੀਮ ਦਾ ਧੰਨਵਾਦ ਕਰਦਿਆਂ ਦੱਸਿਆ ਇਸ ਗਊਸ਼ਾਲਾ ਵਿੱਚ ਪਹਿਲੀ ਵਾਰ ਪਸ਼ੂ ਜਾਂਚ ਭਲਾਈ ਕੈਂਪ ਲੱਗਿਆ ਹੈ। ਇਸ ਮੌਕੇ ਵੈਟਨਰੀ ਡਾਕਟਰ ਗੌਰਵ ਪੁਰੀ, ਡਾਕਟਰ ਰਮਨਦੀਪ,ਡਾਕਟਰ ਬਾਸੂ ਸ਼ਰਮਾ,ਵੈਟਨਰੀ ਇੰਸਪੈਕਟਰ ਹਰਜੀਤ ਸਿੰਘ,ਸੀਨੀਅਰ ਬੈਟਨਰੀ ਇੰਸਪੈਕਟਰ ਅਮਰੀਕ ਸਿੰਘ ਛੇਤਰਾ ਹਾਜੀਪੁਰ ਆਦਿ ਹਾਜ਼ਰ ਸਨ।

## ਸਾਲਾਨਾ ਮੇਲਾ 24 ਤੋਂ 27 ਤੱਕ

**ਫਗਵਾੜਾ (ਜਸਵਿੰਦਰ ਢੱਡਾ)**- ਰੋਜਾ ਸ਼ਰੀਫ ਡੇਰਾ ਬਾਬਾ ਸਾਈਂ ਖੁਦਾਈਏ ਸ਼ਾਹ ਜੀ, ਬਾਬਾ ਸਾਈ ਖੁਸ਼ੀਏ ਸ਼ਾਹ, ਬਾਬਾ ਵਰਿਆਮ ਸ਼ਾਹ ਜੀ ਡੇਰਾ ਖੁਰਮਪੁਰ ਵਿਖੇ ਮੌਜੂਦਾ ਗੱਦੀ ਨਸ਼ੀਨ ਬੀਬੀ ਨਜੀਰਾ ਦੀ ਦੇਖ ਰੇਖ ਹੇਠ 34 ਵਾਂ ਸਲਾਨਾ ਮੇਲਾ ਮਿਤੀ 24, 25,26 ਤੇ 27 ਜਨਵਰੀ ਤੱਕ ਬੜੀ ਸ਼ਰਧਾਪੂਰਵਕ ਕਰਵਾਇਆ ਜਾ ਰਿਹਾ ਹੈ। ਇਸ ਮੌਕੇ 26 ਜਨਵਰੀ ਨੂੰ ਨਕਾਲ ਕਵਾਲ ਪਾਰਟੀਆਂ ਤੇ ਗੀਤ ਸੰਗੀਤ ਪਾਰਟੀਆਂ ਆਪਣਾ ਆਪਣਾ ਪ੍ਰੋਗਰਾਮ ਪੇਸ਼ ਕਰਨਗੇ। ਉਪਰੰਤ ਸ਼ਾਮ ਨੂੰ ਬੀਬੀ ਨਜੀਰਾ ਝੰਡੇ ਦੀ ਰਸਮ ਅਦਾ ਕਰਨਗੇ।ਦਰਬਾਰ ਘਰ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਪੰਜਾਬ ਦੇ 65 ਲੱਖ ਤੋਂ ਵੱਧ ਪਰਵਾਰਾਂ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ : ਜਿੰਪਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੁਹਾਲੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੀ ਰਸਮੀ ਸ਼ੁਰੂਆਤ ਕੀਤੀ ਹੈ, ਜੋ ਕਿ ਪੰਜਾਬ ਦੇ ਇਤਿਹਾਸ ਵਿੱਚ ਇੱਕ ਸੁਨਹਿਰੀ ਮੌਕਾ ਹੈ। ਇਸ ਯੋਜਨਾ ਦੇ ਤਹਿਤ ਸੂਬੇ ਦੇ ਹਰ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਕੈਸ਼ਲੈਸ ਇਲਾਜ ਉਪਲਬਧ ਕਰਵਾਇਆ ਜਾਵੇਗਾ। ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਕਿਸੇ ਸਰਕਾਰ ਨੇ ਹਰ ਬਿਮਾਰੀ, ਵੱਡੀ ਜਾਂ ਛੋਟੀ ਦੇ ਇਲਾਜ ਤੇ ਸਰਜਰੀ ਦੀ ਚਿੰਤਾ ਨੂੰ ਬਿਨਾਂ ਕਿਸੇ ਸ਼ਰਤ ਦੇ ਪੂਰੀ ਤਰ੍ਹਾਂ ਖਤਮ ਕਰ ਦਿੱਤਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਦੇ ਤਹਿਤ ਸਰਕਾਰੀ ਅਤੇ ਨਿੱਜੀ ਦੋਵਾਂ ਹਸਪਤਾਲਾਂ ਵਿੱਚ ਇਲਾਜ ਦੀਆਂ ਸਹੂਲਤਾਂ ਉਪਲਬਧ ਹੋਣਗੀਆਂ, ਜਿਸ ਨਾਲ ਆਮ ਨਾਗਰਿਕਾਂ ਨੂੰ ਵੱਡੇ ਸ਼ਹਿਰਾਂ ਵਿੱਚ ਇਲਾਜ ਕਰਵਾਉਣ ਦੀ ਜ਼ਰੂਰਤ ਖਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਯੋਜਨਾ ਵਿੱਚ ਸਰਕਾਰੀ ਕਰਮਚਾਰੀਆਂ ਤੇ ਪੈਨਸ਼ਨਰਾਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਲੱਖਾਂ ਪਰਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਸੂਬੇ ਭਰ ਵਿੱਚ ਲੋਕ ਵੱਡੀ ਗਿਣਤੀ ਵਿੱਚ ਸਿਹਤ ਕਾਰਡ ਪ੍ਰਾਪਤ ਕਰ ਰਹੇ ਹਨ ਅਤੇ ਇਸ ਜਨਤਾ-ਪੱਖੀ ਪਹਿਲਕਦਮੀ ਲਈ ਮਾਨ ਸਰਕਾਰ ਦਾ ਧੰਨਵਾਦ ਕਰ ਰਹੇ ਹਨ। ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਹੁਸ਼ਿਆਰਪੁਰ ਵਿੱਚ, ਯੂਥ ਵਿੰਗ ਦੇ ਵਲੰਟੀਅਰ ਹਰ ਰੋਜ਼ ਪ੍ਰਤੀ ਪਿੰਡ/ਵਾਰਡ 10 ਪਰਿਵਾਰਾਂ ਤੱਕ ਪਹੁੰਚ ਕਰਕੇ ਸਿਹਤ ਯੋਜਨਾ ਕਾਰਡ ਬਣਾਉਣ ਲਈ ਸਲਿੱਪਾਂ ਵੰਡਣਗੇ। ਵਿਧਾਇਕ ਨੇ ਕਿਹਾ ਕਿ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਇਸ ਯੋਜਨਾ ਦੀ ਸ਼ੁਰੂਆਤ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦੇਣਾ ਦਰਸਾਉਂਦਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਿਹਤ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ। ਪਿਛਲੇ 75 ਸਾਲਾਂ ਵਿੱਚ ਕਿਸੇ ਵੀ ਸਰਕਾਰ ਨੇ ਸਿਹਤ ਖੇਤਰ ਵਿੱਚ ਇੰਨੇ ਵਿਆਪਕ ਅਤੇ ਠੋਸ ਕਦਮ ਨਹੀਂ ਚੁੱਕੇ।

# ਖ਼ੂਨਦਾਨ ਕੈਂਪ 'ਚ 65 ਯੂਨਿਟ ਖ਼ੂਨ ਇਕੱਠਾ ਕੀਤਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਲਾਇਨਜ ਕਲੱਬ ਬੰਗਾ ਸਿਮਰਨ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮੁਕੰਦਪੁਰ ਤੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਸੁਸਾਇਟੀ ਬੰਗਾ ਵਲੋਂ ਮੁੱਖ ਮਹਿਮਾਨ ਡਿਸਟ੍ਰਿਕ ਗਵਰਨਰ ਲਾਇਨ ਵੀ ਐਮ ਗੋਇਲ ਦੀ ਦਿਸ਼ਾ ਨਿਰਦੇਸ਼ ਅਨੁਸਾਰ, ਪ੍ਰਧਾਨ ਲਾਇਨ ਮੀਨੂੰ ਭੁੱਟਾ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਬੰਗਾ ਵਿਖੇ ਵਿਸ਼ਾਲ ਖੂਨ ਦਾਨ ਕੈਂਪ ਅਤੇ ਮੈਗਾ ਸਰਵਿਸ ਪ੍ਰੋਜੈਕਟ ਲਗਾਏ ਗਏ। ਇਸ ਵਿਸ਼ੇਸ਼ ਸਮਾਗਮ ਦਾ ਉਦਘਾਟਨ ਮੁੱਖ ਮਹਿਮਾਨ ਡਿਸਟ੍ਰਿਕ ਗਵਰਨਰ ਵੀ ਐਮ ਗੋਇਲ ਨੇ, ਵਾਈਸ ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ, ਸਾਬਕਾ ਡਿਸਟ੍ਰਿਕ ਗਵਰਨਰ ਜੇ ਬੀ ਸਿੰਘ ਚੋਧਰੀ, ਡਿਸਟ੍ਰਿਕ ਜੀ ਐਮ ਟੀ ਕੋਆਰਡੀਨੇਟਰ ਰਾਜੀਵ ਵਿਗ, ਡਿਸਟ੍ਰਿਕ ਪੀਸ ਪੋਸਟਰ ਚੇਅਰਮੈਨ ਗੁਰਦੀਪ ਸਿੰਘ ਕੰਗ, ਰੀਜਨ ਚੇਅਰਮੈਨ ਕੁਲਦੀਪ ਭੂਸ਼ਨ ਖੰਨਾ, ਜੋਨ ਚੇਅਰਮੈਨ ਧਰਮਿੰਦਰ ਸਿੰਘ, ਜੋਨ ਚੇਅਰਮੈਨ ਐਡਵੋਕੇਟ ਕਮਲਜੀਤ ਸਿੰਘ ਭਾਟੀਆ,




ਡਿਸਟ੍ਰਿਕ ਡਿਪਟੀ ਗਵਰਨਰ ਸੁਖਵਿੰਦਰ ਸਿੰਘ ਦੇ ਨਾਲ ਮਿਲ ਕੇ ਕੀਤਾ। ਕਲੱਬ ਦੇ ਬਲੱਡ ਡੋਨੇਸ਼ਨ ਚੇਅਰਮੈਨ ਸੁਧੀਰ ਕੁਮਾਰ ਨੇ ਦੱਸਿਆ ਕਿ ਇਸ ਵਿਸ਼ਾਲ ਕੈਂਪ ਦੌਰਾਨ 65 ਯੂਨਿਟ ਬਲੱਡ ਦੇ ਇਕੱਠੇ ਹੋਏ। ਕਲੱਬ ਦੇ ਕੈਂਸਰ ਅਵੇਅਰਨੈੱਸ ਚੇਅਰਮੈਨ ਡਾਕਟਰ ਗੁਰਮੀਤ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਸ ਮੈਗਾ ਸਰਵਿਸ ਪ੍ਰੋਜੈਕਟ ਦੌਰਾਨ 65 ਯੂਨਿਟ ਖੂਨ ਦਾਨ ਕਰਨ ਵਾਲੇ ਡੋਨਰਾਂ ਦੇ ਬਲੱਡ ਟੈਸਟ ਕੀਤੇ ਗਏ, ਮੈਡੀਕਲ ਚੈੱਕਅੱਪ ਕੀਤਾ ਗਿਆ ਅਤੇ ਕੈਂਸਰ ਅਵੇਅਰਨੈੱਸ ਬਾਰੇ ਕਿਹਾ ਗਿਆ। ਮੁੱਖ ਮਹਿਮਾਨ ਡਿਸਟ੍ਰਿਕ ਗਵਰਨਰ ਵੀ ਐਮ ਗੋਇਲ ਵਲੋਂ ਕਲੱਬ ਵਿੱਚ ਚਲ ਰਹੇ ਸੇਵਾ ਕਾਰਜਾ ਦੀ ਲੜੀ ਤੋਂ ਖੁਸ਼ ਹੋ ਕਿ ਕਲੱਬ ਨੂੰ ਸੈਵਨ ਸਟਾਰ ਅਵਾਰਡ ਨਾਲ ਸਨਮਾਨਤ ਕੀਤਾ ਤੇ ਕਿਹਾ ਕਿ ਬਹੁਤ ਜੀ ਜਲਦ ਇਸ ਕਲੱਬ ਨੂੰ ਇੰਟਰਨੈਸ਼ਨਲ ਦੇ ਵਿਸ਼ੇਸ਼ ਅਵਾਰਡ ਨਾਲ ਪੂਰੇ ਡਿਸਟ੍ਰਿਕ 321-ਡੀ ਦੇ ਐਵਾਰਡ ਸਮਾਰੋਹ ਵਿੱਚ ਵੀ ਸਨਮਾਨਿਤ ਕਰਾਂਗਾ। ਕਲੱਬ ਐਡਮਨਿਸਟ੍ਰੇਟਰ ਧੀਰਜ ਮੱਕੜ (ਅਮਰੀਕਾ) ਵੇਲੋਂ ਵੀਡੀਓ ਕਾਲ ਦੇ ਰਾਹੀਂ ਵਿਸ਼ੇਸ਼ ਕੈਂਪ ਦੌਰਾਨ ਸ਼ਾਮਲ ਸਾਰੇ ਹੀ ਮੈਂਬਰਾਂ ਦਾ ਅਤੇ ਖਾਸਕਰ ਮੀਡੀਆ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਮੀਡੀਆ ਦਾ ਬਹੁਤ ਵੱਡਾ ਯੋਗਦਾਨ ਹੈ ਕਿ ਲਾਇਨਜ ਕਲੱਬ ਬੰਗਾ ਸਿਮਰਨ ਨੂੰ 7 ਸਟਾਰ ਅਵਾਰਡ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਲਾਇਨਜ ਕਲੱਬ ਬੰਗਾ ਸਿਮਰਨ, ਲਾਇਨਜ ਕਲੱਬ ਗੜਸ਼ੰਕਰ ਸਟਾਰ ਦੇ ਪ੍ਰਧਾਨ ਆਰ ਪੀ ਸੋਨੀ ਤੇ ਉਨ੍ਹਾ ਨਾਲ ਕਲੱਬ ਦੇ ਮੈਂਬਰ,ਇੰਟਰਨੈਸ਼ਨਲ ਗੋਲਡ ਮੈਡਲਿਸਟ ਕੁਲਦੀਪ ਸਿੰਘ ਰਾਣਾ, ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਮੁਕੰਦਪੁਰ ਦੇ ਡਾਕਟਰ, ਬਲਾਕ ਬਹਿਰਾਮ ਦੇ ਡਾਕਟਰ ਤੇ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਟਰੱਸਟ ਦੇ ਸਮੂਹ ਮੈਂਬਰ ਸ਼ਾਮਲ ਹੋਏ।

# ਬਸੰਤ ਪੰਚਮੀ 'ਤੇ ਰਾਸ਼ਟਰੀ ਵੋਟਰ ਦਿਵਸ ਸਮਾਗਮ

**ਬਲਾਚੌਰ (ਜਸਵਿੰਦਰ ਬੈਂਸ)**- ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ, ਬਲਾਚੌਰ ਵਿਖੇ ਬਸੰਤ ਪੰਚਮੀ ਦੇ ਸ਼ੁਭ ਦਿਹਾੜੇ ਨੂੰ ਰਾਸ਼ਟਰੀ ਵੋਟਰ ਦਿਵਸ ਵਜੋਂ ਮਨਾਉਂਦਿਆਂ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਦੀ ਅਗਵਾਈ ਹੇਠ ਹੋਏ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਨੌਜਵਾਨ ਵਿਦਿਆਰਥੀਆਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਹਿੱਸੇਦਾਰ ਬਣਨ ਤੇ ਵੋਟ ਦੀ ਸਹੀ ਵਰਤੋਂ ਕਰਨ ਲਈ ਜਾਗਰੂਕ ਕਰਨਾ ਸੀ।ਸਮਾਗਮ ਦੀ ਸ਼ੁਰੂਆਤ ਰਵਾਇਤੀ ਦੀਪ ਜਗਾਉਣ ਅਤੇ ਸਰਸਵਤੀ ਵੰਦਨਾ ਨਾਲ ਹੋਈ। ਕੌਮੀ ਸੇਵਾ ਯੋਜਨਾ ਯੂਨਿਟ ਦੇ ਮੁਖੀ ਡਾ. ਹਰੀਨਾਥ ਅਤੇ ਡਾ. ਅੰਜਲੀ ਪਾਠਕ ਦੀ ਦੇਖ-ਰੇਖ ਹੇਠ ਵਿਦਿਆਰਥੀਆਂ ਨੇ ਵੋਟਿੰਗ ਜਾਗਰੂਕਤਾ 'ਤੇ ਆਧਾਰਿਤ ਰਚਨਾਤਮਕ ਪੋਸਟਰ ਬਣਾ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਪੋਸਟਰਾਂ ਰਾਹੀਂ ਨੌਜਵਾਨਾਂ ਨੂੰ ਦੇਸ਼ ਦੇ ਸੁਚੇਤ ਨਾਗਰਿਕ ਬਣਨ ਦਾ ਸੱਦਾ ਦਿੱਤਾ ਗਿਆ।ਇਸ ਮੌਕੇ ਪ੍ਰੋਫੈਸਰ ਡਾ. ਹਰੀਨਾਥ ਸ਼ਰਮਾ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਵੋਟ ਪਾਉਣ ਦੇ ਆਪਣੇ ਪਵਿੱਤਰ ਫਰਜ਼ ਨੂੰ ਨਿਭਾਉਣ ਦੀ ਸਹੁੰ ਚੁਕਾਈ। ਰਾਜਨੀਤੀ ਸ਼ਾਸਤਰ ਵਿਭਾਗ ਦੇ ਡਾ. ਹਰਜਿੰਦਰ ਸਿੰਘ ਭਾਰਦਵਾਜ ਨੇ ਰਾਸ਼ਟਰੀ ਵੋਟਰ ਦਿਵਸ ਦੇ ਇਤਿਹਾਸਿਕ ਮਹੱਤਵ ਬਾਰੇ ਵਿਸਥਾਰ ਨਾਲ ਦੱਸਿਆ। ਕਾਲਜ ਦੇ ਸੈਕਟਰ ਅਫਸਰ ਰਮਨ ਨਾਹਰ ਨੇ ਵਿਦਿਆਰਥੀਆਂ ਨੂੰ ਨਵੀਂ ਵੋਟ ਬਣਾਉਣ (ਰਜਿਸਟ੍ਰੇਸ਼ਨ) ਤੇ ਵੋਟਰ ਦੇ ਸੰਵਿਧਾਨਕ ਹੱਕਾਂ ਤੇ ਕਰਤੱਵਾਂ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ।ਅੰਤ ਵਿੱਚ ਕਾਲਜ ਪਰਿਵਾਰ ਨੇ ਦੇਸ਼ ਦੇ ਲੋਕਤੰਤਰੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਹਰ ਚੋਣ ਵਿੱਚ ਸਰਗਰਮ ਹਿੱਸਾ ਲੈਣ ਦਾ ਪ੍ਰਣ ਲਿਆ। ਇਸ ਮੌਕੇ ਕਾਲਜ ਦਾ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਸੀ।



## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਬਸੰਤ ਪੰਚਮੀ ਦਾ ਆਯੋਜਨ



**ਸੁਲਤਾਨਪੁਰ ਲੋਧੀ, (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਬਸੰਤ ਪੰਚਮੀ ਦਾ ਸਮਾਗਮ ਕਰਵਾਇਆ ਗਿਆ, ਜਿਸ ਦੀ ਸ਼ੁਰੂਆਤ 'ਨਾਨਕ ਤਿਨਾ ਬਸੰਤ ਹੈ' ਦੇ ਸੁੰਦਰ ਸ਼ਬਦ ਗਾਇਨ ਨਾਲ ਕੀਤੀ ਗਈ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਕਵਿਤਾਵਾਂ, ਭਾਸ਼ਣ, ਪੋਸਟਰ ਮੇਕਿੰਗ ਰਾਹੀਂ ਬਸੰਤ ਪੰਚਮੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਦੱਸਿਆ। ਵਿਦਿਆਰਥੀਆਂ ਦੁਆਰਾ ਪੀਲੇ ਰੰਗ ਦੇ ਪਹਿਰਾਵੇ ਵਿੱਚ ਸ਼ਾਮਲ ਹੋਣਾ, ਕਾਈਟ ਮੇਕਿੰਗ ਅਤੇ ਕਾਈਟ ਫਲਾਇੰਗ ਸਮਾਗਮ ਦੀ ਖਿੱਚ ਦਾ ਕੇਂਦਰ ਬਣਿਆ ਰਿਹਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਰਵਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਨੇ ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੇ ਤਿਉਹਾਰ ਦੀ ਵਧਾਈ ਦਿੱਤੀ।

## 'ਪੁਆਧ: ਖ਼ਾਲਸਾ ਪੰਥ ਦੀ ਜਨਮ-ਭੂਮੀ' 'ਤੇ ਵਿਚਾਰ-ਚਰਚਾ 28 ਨੂੰ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਭਾਸ਼ਾ ਦਫ਼ਤਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਪੁਆਧੀ ਪੰਜਾਬੀ ਸੱਥ, ਮੁਹਾਲੀ ਦੇ ਸਹਿਯੋਗ ਨਾਲ ਸ. ਮਨਮੋਹਨ ਸਿੰਘ ਦਾਊਂ ਅਤੇ ਡਾ. ਮੁਖਤਿਆਰ ਸਿੰਘ ਵੱਲੋਂ ਸੰਪਾਦਿਤ ਪੁਸਤਕ 'ਪੁਆਧ: ਖ਼ਾਲਸਾ ਪੰਥ ਦੀ ਜਨਮ-ਭੂਮੀ' 'ਤੇ ਵਿਚਾਰ-ਚਰਚਾ ਵਿਚਾਰ-ਚਰਚਾ ਮਿਤੀ 28 ਜਨਵਰੀ ਨੂੰ ਸਵੇਰੇ 10.30 ਵਜੇ,ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਕਮਰਾ ਨੰ. 520, ਚੌਥੀ ਮੰਜ਼ਿਲ, ਸੈਕਟਰ 76, ਐੱਸ.ਏ.ਐੱਸ.ਨਗਰਵਿਖੇ ਕਰਵਾਈ ਜਾਵੇਗੀ।

# ਡਿਪਟੀ ਕਮਿਸ਼ਨਰ ਨੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਲਿਆ ਜਾਇਜ਼ਾ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਆਪਣੇ ਦਫ਼ਤਰ ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ, ਸਵਾਮਿਤਵ, ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿਚ ਯੋਜਨਾਵਾਂ ਅਤੇ ਲੰਬਿਤ ਕੰਮਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਅਤੇ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਵਿੱਚ ਲੰਬਿਤ ਕੰਮ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਦੂਜੇ ਪੜਾਅ ਤਹਿਤ ਤੀਰਥ ਯਾਤਰਾ ਸ਼ੁਰੂ ਕੀਤੀ ਜਾ ਰਹੀ ਹੈ ਜਿਸ ਤਹਿਤ ਜ਼ਿਲ੍ਹੇ ਦੇ ਲੋਕਾਂ ਨੂੰ ਮੁਨਾਦੀ ਰਾਹੀਂ ਦੱਸਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੁਨਾਦੀ ਕਰਵਾਉਣ ਤੋਂ ਬਾਅਦ ਯਾਤਰੀਆਂ ਦੀ ਰਜਿਸਟ੍ਰੇਸ਼ਨ ਦਾ ਕੰਮ ਕੀਤਾ ਜਾਵੇਗਾ। ਰਜਿਸਟ੍ਰੇਸ਼ਨ ਸਬੰਧੀ ਫਾਰਮ ਬੂਥ ਪੱਧਰ ਉੱਤੇ ਭਰਵਾਏ ਜਾਣਗੇ। ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦੀ ਚੋਣ ਡਰਾਅ ਰਾਹੀਂ ਪੂਰਨ ਪਾਰਦਰਸ਼ੀ ਢੰਗ ਨਾਲ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਯਾਤਰਾ ਦੌਰਾਨ ਸੰਗਤ ਨਾਲ ਇਕ ਮੈਡੀਕਲ ਟੀਮ ਵੀ ਜਾਵੇਗੀ ਤਾਂ ਕਿ ਕਿਸੇ ਵੀ ਹੰਗਾਮੀ ਸਥਿਤੀ ਵਿਚ ਤੁਰੰਤ ਸਹਾਇਤਾ ਦਿੱਤੀ ਜਾ ਸਕੇ। ਉਨ੍ਹਾਂ ਦੱਸਿਆ ਕਿ ਯਾਤਰਾ



ਲਈ 50 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯੋਗ ਹੋਣਗੇ। ਇਸ ਲਈ ਰਜਿਸਟ੍ਰੇਸ਼ਨ ਵਾਸਤੇ ਵੋਟਰ ਕਾਰਡ ਲਾਜ਼ਮੀ ਹੋਵੇਗਾ। ਉਨ੍ਹਾਂ ਕਿਹਾ ਕਿ ਹਰੇਕ ਰਜਿਸਟਰਡ ਵਿਅਕਤੀਆਂ ਵਿਚੋਂ ਹਰੇਕ ਬੂਥ ਤੋਂ ਡਰਾਅ ਰਾਹੀਂ ਸ਼ਰਧਾਲੂਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਬੰਧਤ ਏਜੰਸੀ ਨਾਲ ਤਾਲਮੇਲ ਕਰਕੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੱਸਾਂ ਦੇ ਸ਼ਡਿਊਲ ਅਨੁਸਾਰ ਯਾਤਰਾ ਦੇ ਯੋਗ ਪ੍ਰਬੰਧਾਂ ਨੂੰ ਯਕੀਨੀ ਬਣਾਉਣ। ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸਮੀਖਿਆ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਨਾਗਰਿਕਾਂ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਗਈ ਹੈ ਜਿਸ ਅਧੀਨ ਹਰੇਕ ਨਾਗਰਿਕ ਨੂੰ ਕਵਰ ਕੀਤਾ ਜਾਣਾ ਹੈ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਹਰੇਕ ਪਰਵਾਰ ਨੂੰ 10 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਯੋਜਨਾ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਲਾਭਪਾਤਰੀਆਂ ਦੇ ਸਿਹਤ ਬੀਮਾ ਕਾਰਡ ਬਣਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ ਤੇ ਇਸ ਦੇ ਨਾਲ ਹੀ ਇੰਪੈਨਲਡ ਹਸਪਤਾਲਾਂ ਵਿਚ ਲਾਭਪਾਤਰੀ ਅਪਣਾ ਇਲਾਜ ਕਰਵਾ ਕੇ ਇਸ ਦਾ ਲਾਭ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਨੇ ਦੱਸਿਆ ਕਿ ਕਾਰਡ ਬਣਾਉਣ ਲਈ ਹਰ ਪਿੰਡ 'ਚ ਕੈਂਪ ਲਾਏ ਜਾਣਗੇ ਤੇ ਕਾਮਨ ਸਰਵਿਸ ਸੈਂਟਰਾਂ 'ਤੇ ਵੀ ਬਿਨਾਂ ਕਿਸੇ ਫੀਸ ਦੇ ਕਾਰਡ ਬਣਾਏ ਜਾਣਗੇ। ਰਜਿਸਟ੍ਰੇਸ਼ਨ ਲਈ 18 ਸਾਲ ਤੋਂ ਵੱਧ ਉਮਰ ਵਾਲਿਆਂ ਲਈ ਆਧਾਰ ਕਾਰਡ ਤੇ ਵੋਟਰ ਕਾਰਡ, ਜਦਕਿ 18 ਸਾਲ ਤੋਂ ਘੱਟ ਉਮਰ ਵਾਲਿਆਂ ਲਈ ਆਧਾਰ ਕਾਰਡ, ਜਨਮ ਸਰਟੀਫਿਕੇਟ ਤੇ ਮਾਤਾ ਜਾਂ ਪਿਤਾ ਦਾ ਵੋਟਰ ਕਾਰਡ ਲਾਜ਼ਮੀ ਹੋਵੇਗਾ।

# ਸਮਾਜ ਸੇਵਕ ਗੁਰਮੀਤ ਸਿੰਘ ਫੁਗਲਾਣਾ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਮ ਵਿਦਾਇਗੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਫੁਗਲਾਣਾ ਦੇ ਉੱਘੇ ਸਮਾਜ ਸੇਵਕ ਗੁਰਮੀਤ ਸਿੰਘ ਫੁਗਲਾਣਾ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਮ ਵਿਦਾਇਗੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ



ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਗੁਰਮੀਤ ਸਿੰਘ ਫੁਗਲਾਣਾ ਦੀ ਚਿਤਾ ਨੂੰ ਉਨ੍ਹਾਂ ਦੇ ਬੇਟੇ ਜਸਕਰਨ ਸਿੰਘ ਅਗਨੀ ਦਿਖਾਈ।ਇਸ ਮੌਕੇ ਸੰਤ ਬਾਬਾ ਹਰਦੀਪ ਸਿੰਘ ਰਿਹਾਣਾ ਜੱਟਾਂ, ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ, ਬ੍ਰਹਮ ਸ਼ੰਕਰ ਜਿੰਪਾ ਸਾਬਕਾ ਕੈਬਨਿਟ ਮੰਤਰੀ ਪੰਜਾਬ, ਡਾਕਟਰ ਜਤਿੰਦਰ ਕੁਮਾਰ ਹੁਸ਼ਿਆਰਪੁਰ, ਬੀਬੀ ਮਹਿੰਦਰ ਕੌਰ ਜੋਸ਼ ਭਾਜਪਾ ਆਗੂ, ਮਹਿੰਦਰ ਸਿੰਘ ਸਾਬਕਾ ਸਰਪੰਚ ਮੁੱਖਲਿਆਣਾ, ਜਥੇਦਾਰ ਸੁਰਜੀਤ ਸਿੰਘ ਮਸੂਤਾ, ਡਾਕਟਰ ਇਕਬਾਲ ਸਿੰਘ ਮੇਹਟੀਆਣਾ,ਪੱਪੀ ਪਰਮਾਰ, ਜਗਤਾਰ ਸਿੰਘ ਭੁੰਗਰਨੀ ਪੱਤਰਕਾਰ, ਡਾਕਟਰ ਪਾਲ ਅੱਤੋਵਾਲ, ਸਰਪੰਚ ਵਿਪਨ ਠਾਕਰ ਫੁਗਲਾਣਾ, ਮਲਕੀਅਤ ਸਿੰਘ ਠੰਡਲ, ਜਸਪਾਲ ਸਿੰਘ ਮੰਡੇਰ ਪੰਡੋਰੀ ਬੀਬੀ, ਪ੍ਰਧਾਨ ਰਣਜੀਤ ਸਿੰਘ, ਜਗਤਾਰ ਸਿੰਘ ਤਾਰੀ, ਮਨਜਿੰਦਰ ਸਿੰਘ ਸੋਨੂੰ, ਲਖਵਿੰਦਰ ਸਿੰਘ ਸੈਕਟਰੀ, ਰਾਜੂ ਫੁਗਲਾਣਾ, ਚਰਨ ਸਿੰਘ, ਰਵੀ ਮੇਹਟੀਆਣਾ, ਬਲਵੀਰ ਸਿੰਘ ਫੁਗਲਾਣਾ, ਲੰਬਰਦਾਰ ਭੁਪਿੰਦਰ ਸਿੰਘ ਹੇੜੀਆ, ਬਲਦੇਵ ਸਿੰਘ ਐਡਵੋਕੇਟ, ਜੋਗਿੰਦਰ ਪਾਲ, ਹਰਿੰਦਰ ਸਿੰਘ ਬੇਟਾ, ਜਸਕਰਨ ਸਿੰਘ ਬੇਟਾ, ਸਿਕੰਦਰ ਭੈਣ, ਰਾਜੂ ਭੈਣ, ਡਾਕਟਰ ਮੋਹਣ ਲਾਲ ਫੁਗਲਾਣਾ, ਲੰਬਰਦਾਰ ਜਤਿੰਦਰ ਸਿੰਘ ਘੁੰਮਣ ਬੱਡਲਾ, ਜਰਨੈਲ ਸਿੰਘ ਖਾਲਸਾ ਨਡਾਲੋਂ, ਉਕਾਰ ਸਿੰਘ ਮਿਨਹਾਸ ਤੋਂ ਇਲਾਵਾ ਵੱਡੀ ਗਿਣਤੀ ਵਿਚ ਰਿਸ਼ਤੇਦਾਰ ਸੱਜਣ ਮਿੱਤਰ ਅਤੇ ਪ੍ਰਮੁੱਖ ਸ਼ਖਸ਼ੀਅਤਾਂ ਹਾਜ਼ਰ ਸਨ।


## LOVELY PROFESSIONAL UNIVERSITY

Jalandhar-Delhi G.T. Road, Phagwara, Distt. Kapurthala, Punjab (India) -144411

### TENDER NOTICE

Lovley Professional University invites sealed bids from eligible and qualified bidders for the procurement of machines for the National Technical Textile Ministry Project.

Opener Cum But Feeder, Shuttle-less loom (rapier), Handloom with Jacquard, Handloom with Dobby, Sample Warping Machine, Single cone Sizing Machine, Circular Knitting-double jersey (rib) 12G, Braiding Machine, Curing & Heat setting chamber, Jet Dyeing Machine, Open Lab Jigger Dyeing, Infra Red Dyeing Machine, Hank Dyeing Machine, Open Bath Dyeing Machine, Flat Bed cum Rotary Printing Machine, Laboratory Coating Machine, Needle Punching Non woven fabric Manufacturing Machine, Steam Ager, Cutting Machine, Reach CAD Software, digitizer, plotter (10 User), Reach CAD 3D Design Studio (10 User), Jacquard and Dobby Design Software (1 User), Single Needle Lockstitch (10 pcs), Double Needle lockstitch (Brother), 4 thread overlock, 5 thread overlock, Blind stitch, Ultrasonic Sewing Machine, Automatic Kansai machine (4), Gravity Feed Iron, Cork Handle Iron, Stain Removing Unit, Vibrodyne, Water Vapour Transmission Tester (Mocon), Liquid Absorbency Capacity Test Kit, WIRA Run-off Test Kit, Lister, Cover Stock Wetback, Crump Flex Tester, Elemendorf Tear Tester, Yarn Friction Tester, Fabric stiffness tester (2), MAC Lab (30 Machines), MAC Lab (30 Machines), 3 D Printers (2).

**Eligibility Criteria:**
- Bidders must have a minimum of 5 years of experience in the supply and installation of similar equipment.
- Bidders must have successfully completed at least 2 projects of similar nature and complexity.
- Registration Fee of Rs. 1000

**Bid Submission:**
Completed bids must be submitted to nttmlpu@lpu.co.in by 02.02.2026

**Important Dates:**
- Last Date for Submission of Bids: 02.02.2026

**Contact Information:**
For further details or queries, please contact:
- Purchase Department
- Phone: 9779253724
- Email: purchase@lpu.co.in
- Website: www.lpu.in

**Note:**
- Lovely Professional University reserves the right to accept or reject any bid, and to annul the bidding process and reject all bids at any time prior to the award of the contract, without thereby incurring any liability to the affected bidder or bidders.
- Late bids will be rejected.


# ਨਕਸਲੀਆਂ ਨੂੰ 'ਮੁਕਾਬਲਿਆਂ' ਵਿਚ ਮਾਰਨਾ ਬੰਦ ਕਰੇ ਮੋਦੀ ਸਰਕਾਰ : ਜਮਹੂਰੀ ਫਰੰਟ

**ਬੰਗਾ (ਅਵਤਾਰ ਕਲੇਰ)**- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਤੇ ਯਸ਼ਪਾਲ ਨੇ 22 ਜਨਵਰੀ ਨੂੰ ਝਾਰਖੰਡ ਦੇ ਪੱਛਮੀ ਸਿੰਘਭੂਮ ਦੇ ਜੰਗਲਾਂ ਵਿਚ ਸੀ ਪੀ ਆਈ (ਮਾਓਵਾਦੀ) ਦੇ ਕੇਂਦਰੀ ਕਮੇਟੀ ਮੈਂਬਰ ਪਤੀਰਾਮ ਮਾਂਝੀ ਤੇ ਪੰਜ ਔਰਤਾਂ ਸਮੇਤ 16 ਨਕਸਲੀ ਕਾਡਰਾਂ ਦੀ ਕਥਿਤ ਮੁਕਾਬਲੇ ਵਿਚ ਹੱਤਿਆ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਹਾਸ਼ੀਏ 'ਤੇ ਧੱਕੇ ਆਦਿਵਾਸੀਆਂ, ਦਲਿਤਾਂ ਅਤੇ ਹੋਰ ਪੀੜਤ ਹਿੱਸਿਆਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕੋਈ ਠੋਸ ਨੀਤੀ ਪੇਸ਼ ਕਰਨ ਦੀ ਬਜਾਏ ਭਾਜਪਾ ਸਰਕਾਰ ਜੰਗਲੀ-ਪਹਾੜੀ ਇਲਾਕਿਆਂ ਵਿਚ ਸੁਰੱਖਿਆ ਬਲਾਂ ਦੀਆਂ ਸਥਾਈ ਛਾਉਣੀਆਂ ਬਣਾਉਣ ਤੇ ਨਕਸਲੀ ਲਹਿਰ ਦੇ ਰਾਜਨੀਤਕ ਸਵਾਲ ਨੂੰ ਅਮਨ-ਕਾਨੂੰਨ ਦਾ ਮਸਲਾ ਬਣਾਕੇ ਫਾਸ਼ੀਵਾਦੀ ਤਰੀਕੇ ਨਾਲ ਨਜਿੱਠਣ ਲਈ ਬਜ਼ਿੱਦ ਹੈ। ਮਾਓਵਾਦੀ ਲਹਿਰ ਨੂੰ ਰਾਜਨੀਤਕ ਮਸਲੇ ਵਜੋਂ ਲੈਣ ਦੀ ਬਜਾਏ ਹੁਕਮਰਾਨ ਇਸ ਨੂੰ ਕਰੂਰ ਕਤਲੇਆਮ ਰਾਹੀਂ ਦਬਾਉਣ ਤੇ ਆਪਣੇ ਹੀ ਦੇਸ਼ ਦੇ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੇ ਰਾਹ ਪਏ ਹੋਏ ਹਨ। ਮੋਦੀ-ਅਮਿਤ ਸ਼ਾਹ ਵਜ਼ਾਰਤ ਵੱਲੋਂ 'ਮਾਰਚ 2026 ਤੱਕ ਨਕਸਲਵਾਦ ਮੁਕਤ ਭਾਰਤ' ਬਣਾਉਣ ਦੇ ਐਲਾਨੀਆ ਟੀਚੇ ਮਿੱਥਕੇ ਕਤਲੇਆਮ ਕਰਵਾਉਣਾ ਦਰਸਾਉਂਦਾ ਹੈ ਕਿ ਹਕੂਮਤ ਦਾ ਇੱਕੋ ਇਕ ਉਦੇਸ਼ ਆਦਿਵਾਸੀਆਂ ਦੀ ਹੱਕ-ਜਤਾਈ ਨੂੰ ਕੁਚਲਕੇ ਜੰਗਲਾਂ-ਪਹਾੜਾਂ ਦੀ ਕੁਦਰਤੀ ਦੌਲਤ ਉੱਪਰ ਕਾਰਪੋਰੇਟਾਂ ਦਾ ਕਬਜ਼ਾ ਕਰਾਉਣਾ ਹੈ। ਉਨ੍ਹਾਂ ਮੰਗ ਕੀਤੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤਾ ਜਾਵੇ, ਸਾਰੇ ਸਕਿਊਰਿਟੀ ਕੈਂਪ ਹਟਾਏ ਜਾਣ ਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਤੁਰੰਤ ਵਾਪਸ ਬੁਲਾਈਆਂ ਜਾਣ, ਕਾਰਪੋਰੇਟ ਹਿਤੈਸ਼ੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ ਤੇ ਜਨਤਕ ਅੰਦੋਲਨਾਂ ਨੂੰ ਗ਼ੈਰਕਾਨੂੰਨੀ/ਪਾਬੰਦੀਸ਼ੁਦਾ ਕਰਾਰ ਦੇ ਕੇ ਕੁਚਲਣਾ ਬੰਦ ਕੀਤਾ ਜਾਵੇ।



# ਪੰਜਾਬ ਇਸਤਰੀ ਸਭਾ ਵੱਲੋਂ ਮਨਰੇਗਾ ਵਰਕਰਜ਼ ਦੀ ਵਰਕਸ਼ਾਪ 'ਚ ਸ਼ਮੂਲੀਅਤ

**ਅੰਮ੍ਰਿਤਸਰ**- ਸਿਵਲ ਸੁਸਾਇਟ ਆਰਗੇਨਾਈਜੇਸ਼ਨ ਕਾਂਗਰਸ ਤੇ ਐੱਨ ਐੱਫ ਆਈ ਡਬਲਿਊ ਨੇ ਮਿਲ ਕੇ ਇੱਕ ਵਿਸ਼ਾਲ ਇਕੱਠ ਦਿੱਲੀ ਵਿੱਚ ਜਵਾਹਰ ਭਵਨ ਵਿਖੇ 22 ਜਨਵਰੀ ਨੂੰ ਕੀਤਾ ਜਿਸ ਵਿੱਚ ਸਾਰੇ ਦੇਸ਼ ਵਿੱਚੋਂ ਐਨ ਆਫ ਆਈ ਡਬਲਿਊ ਦੀ ਅਗਵਾਈ ਵਿੱਚ ਮਨਰੇਗਾ ਵਰਕਰਜ਼ ਯੂਨੀਅਨ ਨੇ ਹਿੱਸਾ ਲਿਆ। ਪੰਜਾਬ ਇਸਤਰੀ ਸਭਾ ਵੱਲੋਂ 18 ਮੈਂਬਰਾਂ ਦਾ ਜੱਥਾ ਰੁਪਿੰਦਰ ਮਾੜੀ ਮੇਘਾ ਮੀਤ ਪ੍ਰਧਾਨ ਪੰਜਾਬ ਇਸਤਰੀ ਸਭਾ ਦੀ ਅਗਵਾਈ ਵਿੱਚ ਦਿੱਲੀ ਵਿਖੇ ਪਹੁੰਚਿਆ ।ਮਨਰੇਗਾ ਵਰਕਰਜ ਦੀ ਅਗਵਾਈ ਮਨਜੀਤ ਕੌਰ ਫਰੀਦਕੋਟ ਕਰ ਰਹੇ ਸਨ ਤੇ ਨੈਸ਼ਨਲ ਕੌਂਸਲ ਮੈਂਬਰ ਹਰਜੀਤ ਢੰਡੀਆਂ (ਫਾਜਿਲਕਾ) ਸੱਤ ਔਰਤਾਂ ਦਾ ਜਥਾ ਲੈ ਕੇ ਪਹੁੰਚੇ। ਇਸ ਵਰਕਸ਼ਾਪ ਵਿੱਚ ਮਨਰੇਗਾ ਐਕਟ ਨੂੰ ਬਦਲਣ ਤੇ ਇੱਕ ਤਰ੍ਹਾਂ ਨਾਲ ਖਤਮ ਕਰਨ ਦੀ ਸਾਜਿਸ਼ ਬਾਰੇ ਦੱਸਿਆ ਗਿਆ ।ਇਸ ਇਕੱਠ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਕਾਂਗਰਸ ਪ੍ਰਧਾਨ ਮਲਿਕ ਅਰਜਨ ਖੜਗੇ ਤੇ ਅਰੁਨਾ ਆਸਿਫ ਅਲੀ ਜੋ ਕਿ ਸਿਵਲ ਸੁਸਾਇਟੀਜ ਔਰਗਨਾਈਜੇਸ਼ਨ ਦੇ ਬਾਨੀ ਵੀ ਹਨ ਤੇ ਐਨ ਐਫ ਆਈ ਡਬਲਿਊ ਦੇ ਮੈਂਟਰ ਵੀ ਹਨ ਨੇ ਐਨ ਐਫ ਆਈ ਡਬਲਿਊ ਦੀ ਅਗਵਾਈ ਕੀਤੀ।

# ਐਡਵੋਕੇਟ ਅਮਰਜੀਤ ਸਿੰਘ ਘਮੋਰੀਆ ਦੀ ਮੌਤ 'ਤੇ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

**ਨੰਗਲ (ਸੁਰਜੀਤ ਢੇਰ)**- ਸੋਲਿਸਟਰ ਭਾਰਤ ਸਰਕਾਰ, ਮੈਂਬਰ ਲਾਅ ਕਮਿਸ਼ਨ ਭਾਰਤ ਸਰਕਾਰ ਤੇ ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ ਦੇ ਸਾਬਕਾ ਆਗੂ ਐਡਵੋਕੇਟ ਅਮਰਜੀਤ ਸਿੰਘ ਘਮੋਰੀਆ ਦੀ ਹੋਈ ਬੇਵਕਤ ਮੌਤ ਤੇ ਵੱਖ-ਵੱਖ ਆਗੂਆਂ, ਸੇਵਾ ਮੁਕਤ ਅਫਸਰਾਂ ਤੇ ਹੋਰ ਬੁੱਧੀਜੀਵੀਆਂ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਦੀ ਮੌਤ ਨਾਲ ਪਰਵਾਰ ਨੂੰ ਹੀ ਘਾਟਾ ਨਹੀਂ ਪਿਆ, ਸਗੋਂ ਸਮੁੱਚੇ ਭਾਰਤ ਵਾਸੀਆਂ ਨੂੰ ਵੀ ਭਾਰੀ ਘਾਟਾ ਪਿਆ।ਉਹ ਮਹਾਨ ਸੰਤ ਬਾਬਾ ਜਸਵੰਤ ਸਿੰਘ ਦੇ ਛੋਟੇ ਭਰਾ ਸਨ। ਐਡਵੋਕੇਟ ਅਮਰਜੀਤ ਸਿੰਘ ਨੇ ਗ੍ਰੈਜੂਏਸ਼ਨ ਦੀ ਪੜ੍ਹਾਈ ਖਾਲਸਾ ਕਾਲਜ ਸ੍ਰੀ ਆਨੰਦਪੁਰ ਸਾਹਿਬ ਤੋਂ ਕੀਤੀ। ਇਸ ਬਾਅਦ ਉਨ੍ਹਾਂ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਉੱਚ ਸਿੱਖਿਆ ਪ੍ਰਾਪਤ ਕੀਤੀ। ਆਪਣੇ ਵਿਦਿਆਰਥੀ ਜੀਵਨ ਦੌਰਾਨ ਉਨ੍ਹਾਂ ਨੇ ਵਿਦਿਆਰਥੀ ਸੰਘਰਸ਼ਾਂ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ। ਉਹ ਐਸ ਐਫ ਆਈ ਦੇ ਪਹਿਲੀ ਕਤਾਰ ਦੇ ਆਗੂਆਂ ਵਿੱਚੋਂ ਇੱਕ ਸਨ। ਉਹ ਦੁਨੀਆਂ ਦੇ ਮਹਾਨ ਪ੍ਰਸਿੱਧ ਕਮਿਊਨਿਸਟ ਆਗੂ ਕਾਮਰੇਡ ਹਰਕਿਸ਼ਨ ਸਿੰਘ ਸੁਰਜੀਤ ਦੇ ਬਹੁਤ ਨਜ਼ਦੀਕੀ ਰਹੇ। ਉਹਨਾਂ ਦੀ ਬੇਵਕਤ ਮੌਤ ਤੇ ਸਾਬਕਾ ਪੁਲਸ ਇਨਸਪੈਕਟਰ ਮਹਿੰਦਰ ਸਿੰਘ, ਡਾਕਟਰ ਗੁਰਨਾਇਬ ਸਿੰਘ, ਅਜ਼ਾਦ ਟੈਂਕਰ ਕੰਪਨੀ ਦੇ ਚੇਅਰਮੈਨ ਪ੍ਰੇਮ ਸਿੰਘ ਘੜਾਮਾ, ਐਡਵੋਕੇਟ ਸਰਬਜੀਤ ਸਿੰਘ ਵਿਰਕ, ਐਡਵੋਕੇਟ ਸੁਖਵਿੰਦਰ ਸਿੰਘ ਹੰਜਰਾ, ਸੇਵਾ ਮੁਕਤ ਐਸ ਪੀ ਪਰਮਜੀਤ ਸਿੰਘ ਵਿਰਕ, ਭਾਗ ਸਿੰਘ, ਸੁਰਿੰਦਰ ਸਿੰਘ ਚਿੰਮ, ਡਾਕਟਰ ਸਰਬਜੀਤ ਸਿੰਘ ਕੰਗਣੀਵਾਲ, ਨਰਿੰਦਰ ਸਿੰਘ ਸ਼ੇਰਗਿੱਲ ਚੇਅਰਮੈਨ ਮਿਲਕ ਫੈਡ ਪੰਜਾਬ, ਡਾਕਟਰ ਸੁਰਿੰਦਰ ਸਿੰਘ ਮੰਡ, ਦਵਿੰਦਰਜੀਤ ਸਿੰਘ ਢਿੱਲੋਂ, ਪੱਤਰਕਾਰ ਅਵਤਾਰ ਸਿੰਘ ਬਨੂੜ, ਕੁਲਦੀਪ ਸਿੰਘ ਢਿੱਲੋਂ ਖਰੜ, ਕਾਮਰੇਡ ਸੁਰਜੀਤ ਸਿੰਘ ਢੇਰ, ਸੁਰਿੰਦਰ ਖੀਵਾ, ਸਤਨਾਮ ਸਿੰਘ ਬੜੈਚ, ਐਡਵੋਕੇਟ ਸਵਰਨਜੀਤ ਸਿੰਘ, ਧਰਮ ਸਿੰਘ ਨੰਗਲ, ਬਲਵੀਰ ਸਿੰਘ ਮੁਸਾਫਰ, ਪਰਮਜੀਤ ਸਿੰਘ ਖਿਜ਼ਰਾਬਾਦ, ਗੁਰਦੇਵ ਸਿੰਘ ਬਾਗੀ, ਗੁਰਦੀਪ ਸਿੰਘ ਨੇ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਹ ਆਪਣੇ ਪਿੱਛੇ ਵਿਧਵਾ ਪਤਨੀ ਡਾਕਟਰ ਸਿਮਰਨਜੀਤ ਢਿੱਲੋਂ,ਪੁੱਤਰ ਐਡਵੋਕੇਟ ਬਾਬਾ ਅਨਹਦ ਜੀਤ ਸਿੰਘ ਸਮੇਤ ਹੱਸਦਾ ਵੱਸਦਾ ਵੱਡਾ ਪਰਵਾਰ ਛੱਡ ਗਏ। ਉਹ ਸੰਤ ਬਾਬਾ ਜਸਵੰਤ ਸਿੰਘ ਡੈਂਟਲ ਕਾਲਜ ਲੁਧਿਆਣਾ ਦੇ ਵਾਈਸ ਚੇਅਰਮੈਨ ਵੀ ਸਨ।



## ਆਬਕਾਰੀ ਨੀਤੀ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ ਨੂੰ ਰਾਹਤ, ਭਾਜਪਾ ਦੇ ਝੂਠ ਦਾ ਹੋਇਆ ਪਰਦਾਫਾਸ਼ : ਧਾਲੀਵਾਲ



**ਚੰਡੀਗੜ੍ਹ, (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਕਥਿਤ ਆਬਕਾਰੀ ਨੀਤੀ ਮਾਮਲੇ ਨਾਲ ਜੁੜੇ ਇਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਇੱਕ ਮਾਮਲੇ ਵਿੱਚ ਬਰੀ ਕੀਤੇ ਜਾਣ ਦੇ ਫੈਸਲੇ 'ਤੇ 'ਆਪ' ਵਿਧਾਇਕ ਤੇ ਮੁੱਖ ਬੁਲਾਰੇ ਕੁਲਦੀਪ ਧਾਲੀਵਾਲ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਧਾਲੀਵਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਆਮ ਆਦਮੀ ਪਾਰਟੀ ਨੂੰ ਨੁਕਸਾਨ ਪਹੁੰਚਾਉਣ ਦੇ ਇਰਾਦੇ ਨਾਲ ਅਰਵਿੰਦ ਕੇਜਰੀਵਾਲ ਨੂੰ ਝੂਠੇ ਕੇਸਾਂ ਵਿੱਚ ਫਸਾਇਆ ਸੀ। ਭਾਜਪਾ ਨੂੰ ਇਹ ਗਲਤਫਹਿਮੀ ਸੀ ਕਿ ਕੇਜਰੀਵਾਲ ਦੇ ਜੇਲ੍ਹ ਜਾਣ ਤੋਂ ਬਾਅਦ ਆਮ ਆਦਮੀ ਪਾਰਟੀ ਖਤਮ ਹੋ ਜਾਵੇਗੀ, ਪਰ ਅਜਿਹਾ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਨਾ ਸਿਰਫ਼ ਮਜ਼ਬੂਤ ?ਬਣੀ ਹੋਈ ਹੈ, ਸਗੋਂ ਹੋਰ ਰਾਜਾਂ ਵਿੱਚ ਵੀ ਇਸਦਾ ਵਿਸਥਾਰ ਹੋ ਰਿਹਾ ਹੈ। ਅਦਾਲਤ ਦੇ ਫੈਸਲੇ ਨੇ ਸੱਚਾਈ ਨੂੰ ਸਭ ਦੇ ਸਾਹਮਣੇ ਲਿਆ ਦਿੱਤਾ ਹੈ। ਕੁਲਦੀਪ ਧਾਲੀਵਾਲ ਨੇ ਅਰਵਿੰਦ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ ਦੇ ਸਮਰਥਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਭਾਜਪਾ ਨੇ ਝੂਠ ਦੇ ਸਿਰ 'ਤੇ ਸੱਚ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ, ਪਰ ਨਿਆਂਪਾਲਿਕਾ ਦੇ ਫੈਸਲੇ ਨਾਲ ਸੱਚ ਸਾਹਮਣੇ ਆ ਗਿਆ ਹੈ। ਇਹ ਫੈਸਲਾ ਭਾਜਪਾ ਦੇ ਮੂੰਹ ਤੇ ਕਰਾਰੀ ਚਪੇੜ ਹੈ।ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਜਿੰਨਾ ਜ਼ਿਆਦਾ ਆਮ ਆਦਮੀ ਪਾਰਟੀ ਨੂੰ ਦਬਾਉਣ ਦੀ ਕੋਸ਼ਿਸ਼ ਕਰੇਗੀ, ਪਾਰਟੀ ਉਨੀ ਹੀ ਮਜ਼ਬੂਤੀ ਨਾਲ ਉਭਰ ਕੇ ਸਾਹਮਣੇ ਆਵੇਗੀ।

## ਲਾਇਲਪੁਰ ਖਾਲਸਾ ਕਾਲਜ ਦੇ 11 ਵਿਦਿਆਰਥੀਆਂ ਦੀ ਗਣਤੰਤਰ ਦਿਵਸ ਪਰੇਡ ਲਈ ਚੋਣ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਆਪਣੇ ਵਿਦਿਆਰਥੀਆਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ 'ਤੇ ਨਵੀਆਂ ਉਚਾਈਆਂ 'ਤੇ ਪਹੁੰਚਣ ਦੇ ਭਰਪੂਰ ਮੌਕੇ ਪ੍ਰਦਾਨ ਕਰਦਾ ਹੈ। ਇਸ ਨੂੰ ਬਰਕਰਾਰ ਰੱਖਦੇ ਹੋਏ, ਕਾਲਜ ਦੇ 11 ਐੱਨ ਐੱਸ ਐੱਸ ਵਲੰਟੀਅਰ ਗਣਤੰਤਰ ਦਿਵਸ ਪਰੇਡ 2026 ਵਿੱਚ ਝਾਕੀਆਂ ਦਾ ਹਿੱਸਾ ਬਣਨ ਜਾ ਰਹੇ ਹਨ। ਪ੍ਰਿੰਸੀਪਲ ਡਾ. ਜਸਪਾਲ ਸਿੰਘ ਸੰਧੂ ਨੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਤੇ ਇਸ ਨੂੰ ਇੱਕ ਇਤਿਹਾਸਕ ਮੀਲ ਪੱਥਰ ਐਲਾਨਿਆ ਕਿ ਇੱਕ ਕਾਲਜ ਦੇ 11 ਵਿਦਿਆਰਥੀਆਂ ਨੂੰ ਭਾਰਤ ਸਰਕਾਰ ਦੇ ਰੱਖਿਆ ਮੰਤਰਾਲੇ ਦੁਆਰਾ ਭਾਰਤ ਦੇ ਸੰਵਿਧਾਨ ਨੂੰ ਅਪਣਾਉਣ ਦੇ ਇਸ ਸ਼ਾਨਦਾਰ ਜਸ਼ਨ ਦਾ ਹਿੱਸਾ ਬਣਨ ਲਈ ਚੁਣਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸ਼ਾਨਦਾਰ ਸਮਾਗਮ ਦਾ ਦੁਨੀਆ ਭਰ ਵਿੱਚ ਸਿੱਧਾ ਪ੍ਰਸਾਰਨ ਕੀਤਾ ਜਾਵੇਗਾ ਅਤੇ ਉਨ੍ਹਾਂ ਦੁਨੀਆ ਭਰ ਦੇ ਸਾਰੇ ਪੰਜਾਬੀਆਂ ਨੂੰ ਪੰਜਾਬ ਦੀ ਝਾਕੀ ਦੇਖਣ ਤੇ ਸਮਰਥਨ ਕਰਨ ਦੀ ਅਪੀਲ ਕੀਤੀ। ਮੁੱਖ ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਪ੍ਰੋਫੈਸਰ ਸਤਪਾਲ ਸਿੰਘ ਨੇ ਦੱਸਿਆ ਕਿ ਐੱਨ ਐੱਸ ਐੱਸ ਵਲੰਟੀਅਰ ਇਸ ਪਰੇਡ ਦਾ ਹਿੱਸਾ ਬਣਨ ਲਈ ਪਿਛਲੇ ਇੱਕ ਸਾਲ ਤੋਂ ਸਖ਼ਤ ਮਿਹਨਤ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਰੱਖਿਆ ਮੰਤਰਾਲੇ ਦੁਆਰਾ ਚੁਣਿਆ ਗਿਆ। ਉਨ੍ਹਾਂ ਦੱਸਿਆ ਕਿ ਪੰਜਾਬ ਦੀ ਝਾਕੀ ਵਿੱਚ ਕੁੱਲ 14 ਭਾਗੀਦਾਰ ਹਨ, ਜਿਨ੍ਹਾਂ ਵਿੱਚੋਂ 9 ਐੱਲ ਕੇ ਸੀ ਤੋਂ ਹਨ ਜਦੋਂ ਕਿ ਕਾਲਜ ਦੇ 2 ਹੋਰ ਵਲੰਟੀਅਰ ਇੱਕ ਹੋਰ ਝਾਕੀ ਦੀ ਨੁਮਾਇੰਦਗੀ ਕਰ ਰਹੇ ਹਨ। ਇਹ ਮਾਣ ਵਾਲੀ ਗੱਲ ਹੈ ਕਿ ਲਾਇਲਪੁਰ ਖਾਲਸਾ ਕਾਲਜ, ਜਲੰਧਰ ਦੇ ਐੱਨ ਐੱਸ ਐੱਸ ਵਲੰਟੀਅਰ ਜਸਕਰਨ ਸਿੰਘ ਨੂੰ ਪੰਜਾਬ ਦੀ ਝਾਕੀ ਦਾ ਟੀਮ ਲੀਡਰ ਚੁਣਿਆ ਗਿਆ ਹੈ। ਇਸ ਸਾਲ ਪੰਜਾਬ ਦੀ ਝਾਕੀ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਹੈ ਜੋ ਵਿਸ਼ਵਵਿਆਪੀ ਭਾਈਚਾਰੇ ਦੇ ਵਿਸ਼ੇ ਨੂੰ ਦਰਸਾਉਂਦੀ ਹੈ ਅਤੇ ਟੀਮ ਪੰਜਾਬ ਦੁਆਰਾ ਸਵੈ-ਇੱਛਾ ਨਾਲ ਫੈਸਲਾ ਕੀਤਾ ਗਿਆ ਹੈ ਕਿ ਉਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸ਼ਰਧਾਂਜਲੀ ਵਜੋਂ 8 ਕਿਲੋਮੀਟਰ ਲੰਬੇ ਮਾਰਗ 'ਤੇ ਨੰਗੇ ਪੈਰ ਪਰੇਡ ਕਰਨਗੇ। ਐੱਨ ਐੱਸ ਐੱਸ ਵਲੰਟੀਅਰ ਜਸਕਰਨ ਸਿੰਘ, ਜਸਕਰਨ ਗਧਰਾ, ਗੁਰਜਾਪ ਸਿੰਘ, ਗੁਰਵਿੰਦਰ ਕੌਰ, ਅੰਜਲੀ, ਸੁਖਪ੍ਰੀਤ ਕੌਰ, ਆਕ੍ਰਿਤੀ, ਮੁਸਕਾਨ, ਅਭਿਜੀਤ ਸਿੰਘ, ਕਮਲਜੀਤ ਸਿੰਘ ਐਲਕੇਸੀ ਤੋਂ ਹਨ ਜਦੋਂ ਕਿ ਅਰਮਾਨਪ੍ਰੀਤ ਸਿੰਘ, ਰਾਹੁਲਪ੍ਰੀਤ ਸਿੰਘ, ਹਰਜੋਤ ਸਿੰਘ, ਜਸਪ੍ਰੀਤ ਸਿੰਘ ਤੇ ਹਰਮਨ ਸਿੰਘ, ਹੋਰ ਕਾਲਜਾਂ ਤੋਂ, ਇਸ ਪਰੇਡ ਵਿੱਚ ਹਿੱਸਾ ਲੈ ਰਹੇ ਹਨ।

## ਗਣਤੰਤਰ ਦਿਵਸ 'ਤੇ ਪੰਜਾਬ ਸਰਕਾਰ ਦੀ ਝਾਕੀ ਮਨੁੱਖੀ ਏਕਤਾ ਤੇ ਕੁਰਬਾਨੀ ਦਾ ਪ੍ਰਤੀਕ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਗਣਤੰਤਰ ਦਿਵਸ ਪਰੇਡ- 2026 ਲਈ ਪੰਜਾਬ ਸਰਕਾਰ ਦੁਆਰਾ ਤਿਆਰ ਕੀਤੀ ਗਈ ਝਾਕੀ ਮਨੁੱਖੀ ਏਕਤਾ, ਦਇਆ-ਭਾਵਨਾ ਅਤੇ ਧਾਰਮਿਕ ਕਦਰਾਂ-ਕੀਮਤਾਂ ਦੇ ਉੱਚਤਮ ਆਦਰਸ਼ਾਂ ਨੂੰ ਕਾਇਮ ਰੱਖਣ ਲਈ ਅਧਿਆਤਮਕਤਾ ਅਤੇ ਕੁਰਬਾਨੀ ਦੀ ਨਿਰਸਵਾਰਥ ਭਾਵਨਾ ਦਾ ਵਿਲੱਖਣ ਪ੍ਰਤੀਕ ਹੈ।ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਝਾਕੀ ਦੇ ਦੋ ਹਿੱਸੇ ਹਨ- ਟਰੈਕਟਰ ਅਤੇ ਟ੍ਰੇਲਰ।ਝਾਕੀ ਦੇ ਟਰੈਕਟਰ ਹਿੱਸੇ ਵਿੱਚ ਹੱਥ ਦਾ ਨਿਸ਼ਾਨ ਬਣਿਆ ਹੋਇਆ ਹੈ ਜੋ ਮਨੁੱਖਤਾਵਾਦੀ ਅਤੇ ਦਇਆ-ਭਾਵਨਾ ਵਾਲੇ ਦ੍ਰਿਸ਼ਟੀਕੋਣ ਨੂੰ ਦਰਸਾਉਂਦਿਆਂ ਅਧਿਆਤਮਿਕਤਾ ਦਾ ਚਾਨਣ ਬਿਖੇਰਦਾ ਹੈ। ਇਸ ਦੇ ਨਾਲ ਹੀ ਇਸ ਦੇ ਮੁਹਰਲੇ ਹਿੱਸੇ ਵਿੱਚ 'ਇਕ ਓਅੰਕਾਰ' (ਪਰਮਾਤਮਾ ਇੱਕ ਹੈ) ਦਾ ਨਿਸ਼ਾਨ, ਜਿਸ ਨੂੰ ਘੁੰਮਦੇ ਹੋਏ ਦਿਖਾਇਆ ਗਿਆ ਹੈ ਤੇ ਕੱਪੜੇ ਦਾ ਇੱਕ ਟੁਕੜਾ ਜਿਸ 'ਤੇ 'ਹਿੰਦ ਦੀ ਚਾਦਰ' ਦੀ ਉਕਰੀ ਹੋਈ ਲਿਖਤ ਹੈ, ਜੋ ਜ਼ੁਲਮ ਤੋਂ ਰਾਖੀ ਦੀ ਗੁਹਾਰ ਲਾਉਣ ਵਾਲਿਆਂ ਲਈ ਸੁਰੱਖਿਆ ਦਾ ਪ੍ਰਤੀਕ ਹੈ।ਟ੍ਰੇਲਰ ਵਾਲੇ ਹਿੱਸੇ ਵਿੱਚ ਰਾਗੀ ਸਿੰਘਾਂ ਦੁਆਰਾ 'ਸ਼ਬਦ ਕੀਰਤਨ' ਕੀਤਾ ਜਾ ਰਿਹਾ ਹੈ ਜਿਸ ਦੇ ਪਿੱਛਲੇ ਹਿੱਸੇ ਵਿੱਚ 'ਖੰਡਾ ਸਾਹਿਬ' ਦਾ ਨਿਸ਼ਾਨ ਹੈ ਜੋ ਸਮੁੱਚੇ ਆਲੇ ਦੁਆਲੇ ਨੂੰ ਇੱਕ ਅਲੌਕਿਕ ਤੇ ਅਧਿਆਤਮਕ ਰੰਗਤ ਵਿੱਚ ਰੰਗਦਾ ਹੈ। ਇਹ ਅਸਥਾਨ ਦਿੱਲੀ ਦੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦੇ ਬਿਲਕੁਲ ਸਾਹਮਣੇ ਸੁਸ਼ੋਭਿਤ ਹੈ ਤੇ ਇਸ ਚੱਕ 'ਤੇ ਰੋਜ਼ਾਨਾ ਸ਼ਬਦ ਕੀਰਤਨ ਹੁੰਦਾ ਹੈ।ਟ੍ਰੇਲਰ ਵਾਲੇ ਹਿੱਸੇ ਦੇ ਕਿਨਾਰੇ 'ਤੇ ਗੁਰਦੁਆਰਾ ਸ੍ਰੀ ਸੀਸ ਗੰਜ ਸਾਹਿਬ ਦਾ ਮਾਡਲ ਸੁਸ਼ੋਭਿਤ ਹੈ, ਜਿਸ ਅਸਥਾਨ ਵਿਖੇ ਨੌਵੇਂ ਸਿੱਖ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸ਼ਹੀਦ ਕੀਤਾ ਗਿਆ ਸੀ।ਸਾਈਡ ਪੈਨਲ ਗੁਰੂ ਸਾਹਿਬ ਦੇ ਸ਼ਰਧਾਲੂ ਸਿੱਖਾਂ ਭਾਈ ਮਤੀ ਦਾਸ ਜੀ, ਜਿਨ੍ਹਾਂ ਨੂੰ ਜ਼ਿੰਦਾ ਆਰੇ ਨਾਲ ਚੀਰ ਕੇ ਸ਼ਹੀਦ ਕੀਤਾ ਗਿਆ ਸੀ, ਭਾਈ ਸਤੀ ਦਾਸ ਜੀ, ਜਿਨ੍ਹਾਂ ਨੂੰ ਉੱਨ ਵਿੱਚ ਲਪੇਟ ਕੇ ਜ਼ਿੰਦਾ ਸਾੜ ਦਿੱਤਾ ਗਿਆ ਸੀ ਤੇ ਭਾਈ ਦਿਆਲਾ ਜੀ, ਜਿਨ੍ਹਾਂ ਨੂੰ ਉਬਲਦੀ ਦੇਗ ਵਿੱਚ ਪਾ ਕੇ ਸ਼ਹੀਦ ਕੀਤਾ ਗਿਆ ਸੀ, ਦੀ ਸ਼ਹਾਦਤ ਨੂੰ ਦਰਸਾਉਂਦੇ ਹਨ। ਇਹ ਸਿੱਖ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ ਸਮਰਪਿਤ ਸ਼ਰਧਾਲੂ ਸਨ ਅਤੇ ਗੁਰੂ ਸਾਹਿਬ ਦੇ ਉੱਚਤਮ ਆਦਰਸ਼ਾਂ ਦੀ ਨਿਤਨੇਮ ਨਾਲ ਪਾਲਣਾ ਕਰਦੇ ਹੋਏ ਉਨ੍ਹਾਂ ਨੇ ਸ਼ਹਾਦਤ ਦਾ ਰਾਹ ਚੁਣਿਆ। ਬੁਲਾਰੇ ਨੇ ਅੱਗੇ ਕਿਹਾ ਕਿ ਇਨ੍ਹਾਂ ਸਿੱਖ ਸ਼ਰਧਾਲੂਆਂ ਦੀ ਸ਼ਹਾਦਤ ਨੇ ਮਨੁੱਖਤਾ ਲਈ ਇੱਕ ਅਲੌਕਿਕ ਮਿਸਾਲ ਕਾਇਮ ਕੀਤੀ।

## ਬਰਸਾਤੀ ਪਾਣੀ ਦੇ ਨਿਕਾਸ ਨੂੰ ਠੀਕ ਕਰਨ ਦੀ ਮੰਗ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਬਲਜੀਤ ਸਿੰਘ ਪਨੇਸਰ ਦੀ ਅਗਵਾਈ ਹੇਠ ਸਕੀਮ ਨੰਬਰ 11, ਨੇੜੇ ਮਿਨੀ ਸਕੱਤਰੇਤ ਹੁਸ਼ਿਆਰਪੁਰ, ਦੇ ਮੁਹੱਲਾ ਨਿਵਾਸੀ ਮਿੰਨੀ ਸਕੱਤਰੇਤ ਤੋਂ ਪੁਲਸ ਲਾਈਨ ਨੂੰ ਜਾਂਦੀ ਸੜਕ ਉੱਪਰ ਸਥਾਨਕ ਐਮ ਐਲ ਏ ਬ੍ਰਹਮ ਸ਼ੰਕਰ ਜਿੰਪਾ ਵਲੋਂ ਸੜਕ ਟੁੱਟ ਜਾਂਦੀ ਹੈ। ਸੜਕ ਤੇ ਪਾਣੀ ਖੜਾ ਹੋਣ ਕਰਕੇ ਸੜਕ ਦੇ ਵਿੱਚ ਪਏ ਹੋਏ ਟੋਏ ਅਕਸਰ ਦੁਰਘਟਨਾ ਦਾ ਕਾਰਨ ਬਣਦੇ ਹਨ। ਕਈ ਵਾਰ ਮੁਹੱਲੇ ਦੇ ਬੱਚਿਆਂ, ਬਜ਼ੁਰਗਾਂ ਅਤੇ ਰਾਹਗੀਰਾਂ ਦੇ ਸਾਈਕਲਾਂ ਤੇ ਸਕੂਟਰਾਂ ਤੋਂ ਡਿੱਗਣ ਕਰਕੇ ਸੱਟਾਂ ਵੀ ਲੱਗ ਚੁੱਕੀਆਂ ਹਨ। ਬਰਸਾਤੀ



ਮੌਸਮ ਦੌਰਾਨ ਲੰਬਾ ਸਮਾਂ ਪਾਣੀ ਦੇ ਖੜੇ ਹੋਣ ਨਾਲ ਮੱਛਰ ਪੈਦਾ ਹੋਣ ਦੇ ਨਾਲ ਬਿਮਾਰੀਆਂ ਵੀ ਫੈਲਦੀਆਂ ਹਨ। ਮੁਹੱਲਾ ਨਿਵਾਸੀਆਂ ਨੇ ਸਥਾਨਕ ਐੱਮ ਐੱਲ ਏ, ਮੇਅਰ ਤੇ ਨਗਰ ਨਿਗਮ ਅਧਿਕਾਰੀਆਂ ਤੇ ਸਥਾਨਕ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸੜਕ ਉੱਪਰ ਖੜਦੇ ਖੜ੍ਹਦੇ ਬਰਸਾਤੀ ਪਾਣੀ ਦੇ ਨਿਕਾਸ ਲਈ ਦੋ ਸਾਲ ਪਹਿਲਾਂ ਕੀਤੇ ਉਦਘਾਟਨ ਵਾਲੇ ਸਥਾਪਿਤ ਪੱਥਰ ਕੋਲ ਇਕੱਠੇ ਹੋਏ। ਇਸ ਮੌਕੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਬਲਜੀਤ ਸਿੰਘ ਪਨੇਸਰ ਨੇ ਦੱਸਿਆ ਕਿ ਬਰਸਾਤ ਦੌਰਾਨ ਸੜਕ ਦੇ ਨੀਵੀਂ ਹੋਣ ਕਰਕੇ ਪਾਣੀ ਇਨਾ ਖੜ ਜਾਂਦਾ ਹੈ ਕਿ ਜਿਵੇਂ ਕੋਈ ਦਰਿਆ ਵਗ ਰਿਹਾ ਹੋਵੇ। ਬਰਸਾਤ ਦੇ ਦੌਰਾਨ ਬਜ਼ੁਰਗਾਂ, ਬੱਚਿਆਂ, ਔਰਤਾਂ ਅਤੇ ਵਹੀਕਲਾਂ ਦਾ ਲੰਘਣਾ ਮੁਸ਼ਕਿਲ ਹੋ ਜਾਂਦਾ ਹੈ ਤੇ ਬਰਸਾਤੀ ਪਾਣੀ ਦੇ ਨਿਕਾਸ ਨੂੰ ਠੀਕ ਕਰਕੇ ਮਹੱਲਾ ਨਿਵਾਸੀਆਂ ਤੇ ਰਾਹਗੀਰਾਂ ਨੂੰ ਸਹੂਲਤ ਪ੍ਰਦਾਨ ਕੀਤੀ ਜਾਵੇ। ਇਸ ਮੌਕੇ ਸੁਰਿੰਦਰ ਸੈਣੀ, ਐਸ ਕੇ ਸ਼ਰਮਾ, ਬਲਜੀਤ ਸਿੰਘ ਪਨੇਸਰ, ਹਰਮਨਜੀਤ ਸਿੰਘ, ਅਮਰੀਕ ਸਿੰਘ ਭੱਟੀ, ਹਰਵਿੰਦਰ ਸਿੰਘ, ਧਰਮਪਾਲ, ਵਰੁਣ ਗੁਪਤਾ, ਗੁਰਜੀਤ ਸਿੰਘ ਢਿੱਲੋਂ, ਕਮਲਜੀਤ ਸਿੰਘ, ਰਜਿੰਦਰ ਸਿੰਘ, ਲਖਵਿੰਦਰ ਸਿੰਘ, ਸੰਦੀਪ ਸਿੱਧੂ, ਦਲਜੀਤ ਸਿੰਘ ਭੱਟੀ ਆਦਿ ਹਾਜ਼ਰ ਸਨ।

## ਗਣਤੰਤਰ ਦਿਵਸ 'ਤੇ ਨੰਗਲ 'ਚ ਸਚਿਨ ਪਾਠਕ ਲਹਿਰਾਉਣਗੇ ਰਾਸ਼ਟਰੀ ਝੰਡਾ



**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਉਪ ਮੰਡਲ ਪੱਧਰ ਦਾ ਗਣਤੰਤਰ ਦਿਵਸ ਸਮਾਰੋਹ 26 ਜਨਵਰੀ ਨੂੰ ਸਕੂਲ ਆਫ ਐਮੀਨੈਂਸ ਨੰਗਲਵਿਖੇ ਮਨਾਇਆ ਜਾਵੇਗਾ। ਸਕੂਲ ਆਫ ਐਮੀਨੈਂਸ ਵਿੱਚ ਹੋਣ ਵਾਲੇ ਇਸ ਪ੍ਰਭਾਵਸ਼ਾਲੀ ਸਮਾਰੋਹ ਦੀਆਂ ਤਿਆਰੀਆਂ ਨੂੰ ਫੁੱਲ ਡਰੈਸ ਰਿਹਰਸਲ ਕਰਵਾ ਕੇ ਅੰਤਿਮ ਛੋਹਾ ਦਿੱਤੀਆ ਗਈਆਂ। ਬੀ ਬੀ ਐੱਮ ਬੀ ਦੇ ਆਡੀਟੋਰੀਅਮ ਵਿੱਚ ਹੋਈ ਰਿਹਸਲ ਉਪਰੰਤ ਜਾਣਕਾਰੀ ਦਿੰਦੇ ਹੋਏ ਤਹਿਸੀਲਦਾਰ ਜਸਵੀਰ ਸਿੰਘ ਨੇ ਦੱਸਿਆ ਕਿ ਸਮਾਰੋਹ ਲਈ ਮਾਰਚ ਪਾਸਟ, ਪਰੇਡ, ਪੀ ਟੀ ਸ਼ੋਅ ਦੀ ਰਿਹਰਸਲ ਕਰਵਾਈ ਗਈ। ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਪੇਸ਼ਕਾਰੀਆਂ ਵਿੱਚ ਵਿਦਿਆਰਥੀਆਂ ਨੇ ਖ਼ੂਬ ਰੰਗ ਬੰਨਿਆ। ਰਾਸ਼ਟਰੀ ਗੀਤ ਨਾਲ ਸਮਾਰੋਹ ਦੀ ਸਮਾਪਤੀ ਹੋਵੇਗੀ। ਰਾਸ਼ਟਰੀ ਝੰਡਾ ਸਚਿਨ ਪਾਠਕ ਉਪ ਮੰਡਲ ਮੈਜਿਸਟ੍ਰੇਟ ਨੰਗਲ ਲਹਿਰਾਉਣਗੇ। ਉਨ੍ਹਾਂ ਵੱਲੋਂ ਦੇਸ਼ ਵਾਸੀਆਂ ਨੂੰ ਸੰਦੇਸ਼ ਵੀ ਦਿੱਤਾ ਜਾਵੇਗਾ। ਸਮਾਰੋਹ ਮੌਕੇ ਵੱਖ ਵੱਖ ਵਿਭਾਗਾ ਦੇ ਅਧਿਕਾਰੀ ਆਉਣ ਵਾਲੇ ਪਤਵੰਤਿਆਂ ਤੇ ਵਿਦਿਆਰਥੀਆਂ ਲਈ ਲੋੜੀਦੇ ਪ੍ਰਬੰਧ ਕਰ ਰਹੇ ਹਨ। ਇਸ ਮੌਕੇ ਮੰਚ ਸੰਚਾਲਨ ਦੀ ਭੂਮਿਕਾ ਸੁਧੀਰ ਕੁਮਾਰ ਵੱਲੋਂ ਨਿਭਾਈ ਗਈ। ਇਸ ਮੌਕੇ ਗੁਰਦੀਪ ਸਿੰਘ ਈ ਓ, ਪ੍ਰਿੰਸੀਪਲ ਵਿਜੈ ਬੰਗਲਾ, ਪ੍ਰਿੰ.ਕਿਰਨ ਸ਼ਰਮਾ, ਮੁਕੇਸ਼ ਸ਼ਰਮਾ ਸੁਪਰਡੈਂਟ ਐਮ ਸੀ ਨੰਗਲ, ਹਰਨੇਕ ਸਿੰਘ, ਮੋਹਿਤ ਸ਼ਰਮਾ, ਮੋਨਿਕਾ ਐਸ ਡੀ ਐਮ ਦਫਤਰ ਨੰਗਲ, ਰਵਿੰਦਰ ਸਿੰਘ, ਰਾਕੇਸ਼ ਸ਼ਰਮਾ, ਰਣਦੀਪ ਕੌਰ, ਸੁਰਿੰਦਰ ਕੌਰ, ਪੂਨਮ ਰਾਣਾ, ਸ਼ਵੇਤਾ, ਜਗਮੋਹਨ ਸਿੰਘ, ਰਾਜੇਸ਼ ਕਟਾਰੀਆ, ਮਨਜੀਤ ਕੌਰ,ਸੁਖਦੀਪ ਕੌਰ, ਪਰਵੇਸ਼ ਸ਼ਰਮਾ, ਰਮਨਦੀਪ ਕੌਰ, ਨੀਰਜਾ, ਪ੍ਰਿਆ, ਸੋਨੀਆ , ਗੁਰਮੁਖ ਸਿੰਘ, ਰਾਜ ਵੀਰ ਸਿੰਘ ਮਾਰਕਫੈੱਡ ਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਹਾਜ਼ਰ ਸਨ।

## ਮਰਨ ਉਪਰੰਤ ਮੈਡੀਕਲ ਖੋਜ ਲਈ ਸਰੀਰ ਦਾਨ

**ਫਗਵਾੜਾ (ਜਸਵਿੰਦਰ ਢੱਡਾ)**- ਬੀਤੇ ਦਿਨੀ ਚਰਨਜੀਤ ਕੁਮਾਰ ਬਿੱਲਾ ਮੂਲਨਿਵਾਸੀ ਪਿੰਡ ਉੱਚਾ (ਕਪੂਰਥਲਾ) ਦੇ ਸਤਿਕਾਰਯੋਗ ਮਾਤਾ ਬਚਨੀ ਦੇਵੀ ਜੀ ਦਾ ਦੇਹਾਂਤ ਹੋ ਗਿਆ ਸੀ।ਮੌਤ ਉਪਰੰਤ ਮਾਤਾ ਜੀ ਦੇ ਜੀਵਨ ਸਾਥੀ ਜਮਨਾ ਦਾਸ ਅਤੇ ਪਰਵਾਰਕ ਮੈਂਬਰਾਂ ਨੇ ਮਿਲ ਕੇ ਇੱਕ ਐਸਾ ਫੈਸਲਾ ਲਿਆ ਜੋ ਵਿਗਿਆਨ, ਮਨੁੱਖਤਾ ਅਤੇ ਸਮਾਜ ਭਲਾਈ ਦੀ ਉੱਚੀ ਮਿਸਾਲ ਹੈ।ਉਨ੍ਹਾਂ ਨੇ ਮਾਤਾ ਬਚਨੀ ਦੇਵੀ ਜੀ ਦੇ ਸਰੀਰ ਨੂੰ ਪਿੰਮਸ ਹਸਪਤਾਲ ਜਲੰਧਰ ਨੂੰ ਮੈਡੀਕਲ ਖੋਜ ਕਾਰਜ਼ਾ ਲਈ ਦਾਨ ਕਰ ਦਿੱਤਾ। 16 ਜਨਵਰੀ ਨੂੰ ਪਰਿਵਾਰਿਕ ਮੈਂਬਰਾਂ ਵੱਲੋਂ ਮਾਤਾ ਦੀ ਯਾਦ ਵਿੱਚ ਇੱਕ ਸਤਿਕਾਰ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਦੀ ਸਭ ਤੋਂ ਵੱਡੀ ਵਿਸ਼ੇਸ਼ਤਾ ਇਹ ਰਹੀ ਕਿ ਇੱਥੇ ਕੋਈ ਵੀ ਧਾਰਮਿਕ ਰਸਮ ਅਦਾ ਨਹੀਂ ਕੀਤੀ ਗਈ।ਸਿਰਫ ਅਤੇ ਸਿਰਫ ਮਾਤਾ ਜੀ ਦੀ ਯਾਦ ਨੂੰ ਤਰਕਸ਼ੀਲ, ਵਿਗਿਆਨਕ ਅਤੇ ਮਨੁੱਖੀ ਮੁੱਲਾਂ ਨਾਲ ਜੋੜਕੇ ਨਮਨ ਕੀਤਾ ਗਿਆ।ਅੰਤ ਵਿੱਚ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਮਾਤਾ ਬਚਨੀ ਦੇਵੀ ਜੀ ਦਾ ਜੀਵਨ ਅਤੇ ਮੌਤ ਦੋਵੇਂ ਹੀ ਸਮਾਜ ਲਈ ਇੱਕ ਸਿੱਖਿਆ ਹਨ।ਉਨ੍ਹਾਂ ਦਾ ਸਰੀਰ ਦਾਨ ਕਰਨ ਦਾ ਫੈਸਲਾ ਤੇ ਉਨ੍ਹਾਂ ਦੀ ਯਾਦ ਵਿੱਚ ਕਰਵਾਇਆ ਗਿਆ ਵਿਗਿਆਨ ਅਤੇ ਤਰਕਸ਼ੀਲ ਸਤਿਕਾਰ ਸਮਾਗਮ ਅਗਲੀ ਪੀੜ੍ਹੀ ਨੂੰ ਅੰਧ ਵਿਸ਼ਵਾਸ਼ਾਂ ਤੋਂ ਦੂਰ ਹੋਕੇ ਵਿਗਿਆਨ, ਤਰਕ ਤੇ ਮਨੁੱਖਤਾ ਦੇ ਰਾਹ ਤੇ ਤੁਰਨ ਲਈ ਪ੍ਰੇਰਿਤ ਕਰਦਾ ਰਹੇਗਾ।

## ਗੁਰਦੇ ਦੇ ਮਰੀਜ਼ ਨੂੰ ਪਹਿਲੀ ਵਾਰ ਲਗਾਈ ਵਿਸ਼ੇਸ਼ ਪਲਾਸਟਿਕ ਟਿਊਬ

**ਮੋਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਹਸਪਤਾਲ ਨੇ ਲੋਕਾਂ ਨੂੰ ਗੁਰਦੇ ਦੀਆਂ ਬੀਮਾਰੀਆਂ ਤੋਂ ਰਾਹਤ ਦਿਵਾਉਣ 'ਚ ਇਕ ਹੋਰ ਕਾਮਯਾਬੀ ਹਾਸਲ ਕੀਤੀ ਹੈ। ਹਸਪਤਾਲ ਵਿਚ ਗੁਰਦੇ



ਦੇ ਮਰੀਜ਼ ਨੂੰ ਪਹਿਲੀ ਵਾਰ ਵਿਸ਼ੇਸ਼ ਪਰਮਾਕੈਥ ਟਿਊਬ ਲਗਾਈ ਗਈ ਹੈ। ਇਹ ਲੰਮੀ ਪਲਾਸਟਿਕ ਟਿਊਬ ਹੁੰਦੀ ਹੈ ਜਿਸ ਨੂੰ ਗੁਰਦੇ ਖ਼ਰਾਬ ਹੋਣ 'ਤੇ ਡਾਇਲਾਸਿਸ ਵਾਸਤੇ ਖ਼ੂਨ ਕੱਢਣ ਤੇ ਵਾਪਸ ਸਰੀਰ ਵਿਚ ਭੇਜਣ ਲਈ ਵਰਤਿਆ ਜਾਂਦਾ ਹੈ। ਇਸ ਪ੍ਰਕ੍ਰਿਆ ਮਗਰੋਂ ਮਰੀਜ਼ ਦੀ ਹਾਲਤ ਸਥਿਰ ਰਹੀ ਤੇ ਉਸ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਜ਼ਿਕਰਯੋਗ ਹੈ ਕਿ ਪਰਮਾਕੈਥ ਖ਼ਾਸਕਰ ਉਨ੍ਹਾਂ ਮਰੀਜ਼ਾਂ ਵਾਸਤੇ ਵਰਤੀ ਜਾਂਦੀ ਹੈ ਜਿਨ੍ਹਾਂ ਨੂੰ ਤੁਰੰਤ ਡਾਇਲਾਸਿਸ ਦੀ ਲੋੜ ਹੋਵੇ ਜਾਂ ਏ.ਵੀ ਫਿਸਟੂਲਾ ਹਾਲੇ ਤਿਆਰ ਨਾ ਹੋਈ ਹੋਵੇ। ਜੇ ਇਸ ਟਿਊਬ ਲਗਾਤਾਰ ਸਾਫ਼-ਸਫ਼ਾਈ ਹੁੰਦੀ ਰਹੇ ਤਾਂ ਇਹ ਛੇ ਮਹੀਨੇ ਤਕ ਕੰਮ ਕਰ ਸਕਦੀ ਹੈ। ਅਜਿਹੀ ਸਹੂਲਤ ਹੁਣ ਤਕ ਪੀ ਜੀ ਆਈ ਵਰਗੇ ਵੱਡੇ ਹਸਪਤਾਲਾਂ ਵਿਚ ਹੀ ਮਿਲਦੀ ਸੀ।

## 31 ਨੂੰ ਅੱਧੇ ਦਿਨ ਦੀ ਛੁੱਟੀ ਦਾ ਐਲਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਮੈਜਿਸਟ੍ਰੇਟ ਆਸ਼ਿਕਾ ਜੈਨ ਨੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਸਤਿਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਕੱਢੇ ਜਾ ਰਹੇ ਨਗਰ ਕੀਰਤਨ ਦੇ ਮੱਦੇਨਜ਼ਰ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਮੂਹ ਸਰਕਾਰੀ/ਪ੍ਰਾਈਵੇਟ ਸਕੂਲਾਂ, ਕਾਲਜਾਂ, ਵਿੱਦਿਅਕ ਸੰਸਥਾਵਾਂ ਵਿਚ 31 ਜਨਵਰੀ, ਦਿਨ ਸ਼ਨੀਵਾਰ ਨੂੰ ਬਾਅਦ ਦੁਪਹਿਰ ਅੱਧੇ ਦਿਨ ਦੀ ਛੁੱਟੀ ਕਰਨ ਦਾ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਵਿਚ ਇਹ ਸਪੱਸ਼ਟ ਕੀਤਾ ਗਿਆ ਹੈ ਕਿ ਜਿਨ੍ਹਾਂ ਸਕੂਲਾਂ/ਕਾਲਜਾਂ ਵਿਚ ਬੋਰਡ/ਯੂਨੀਵਰਸਿਟੀ/ਕਾਲਜ ਦੀਆਂ ਆਪਣੀਆਂ ਪ੍ਰੀਖਿਆਵਾਂ ਉਕਤ ਮਿਤੀ 'ਤੇ ਹੋ ਰਹੀਆਂ ਹਨ, ਉਨ੍ਹਾਂ ਵਿੱਚ ਇਹ ਛੁੱਟੀ ਦੇ ਹੁਕਮ ਲਾਗੂ ਨਹੀਂ ਹੋਣਗੇ।

## ਮਨਰੇਗਾ ਮਜ਼ਦੂਰਾਂ ਦੀ ਮੀਟਿੰਗ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪਿੰਡ ਬੱਡੋਆਣ ਟੂਟੋਮਜ਼ਾਰਾ ਨਰਿਆਲਾ ਦੇ ਪਿੰਡਾਂ ਵਿੱਚ ਮਨਰੇਗਾ ਮਜ਼ਦੂਰਾਂ ਦੀਆਂ ਭਰਵੀਆਂ ਮੀਟਿੰਗਾਂ ਹੋਈਆ। ਇਨ੍ਹਾਂ ਮੀਟਿੰਗਾਂ ਨੂੰ ਸੀਟੂ ਦੇ ਸੂਬਾਈ ਆਗੂ ਮਹਿੰਦਰ ਕੁਮਾਰ ਬੱਡੋਆਣ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਮੋਦੀ ਸਰਕਾਰ ਨੇ ਮਨਰੇਗਾ ਸਕੀਮ ਦਾ ਭੋਗ ਪਾ ਦਿੱਤਾ। ਮੋਦੀ ਸਰਕਾਰ 4 ਲੇਬਰ ਕੋਡ ਲਾਗੂ ਕਰਕੇ ਲੇਬਰ ਮਹਿਕਮੇ ਦੀਆਂ ਸ਼ਕਤੀਆਂ ਨੂੰ ਕਮਜ਼ੋਰ ਕਰ ਦਿੱਤਾ। ਇਸ ਨਾਲ ਯੂਨੀਅਨ ਬਣਾਉਣ ਦਾ ਅਧਿਕਾਰ, ਧਰਨਾ, ਹੜਤਾਲ ਕਰਨ ਦਾ ਹੱਕ ਵੀ ਖੋਹ ਲਿਆ। ਮੋਦੀ ਸਰਕਾਰ ਨੇ ਬਾਬਾ ਸਾਹਿਬ ਦੇ ਬਣਾਏ ਸੰਵਿਧਾਨ ਤੇ ਹਮਲਾ, ਘੱਟ ਗਿਣਤੀਆ ਦਲਿਤਾ ਤੇ ਹਮਲੇ ਅਗਾਂਹ ਵਧੂ ਸੋਚ ਦੇ ਆਗੂਆ ਪੱਤਰਕਾਰਾ ਤੇ ਹਮਲੇ ਤੇਜ਼ ਕਰ ਦਿੱਤਾ। ਇਸ ਮੌਕੇ ਆਗੂ ਨੇ ਕਿਹਾ ਮੋਦੀ ਸਰਕਾਰ ਦੀਆ ਮਜ਼ਦੂਰਾਂ/ਕਿਸਾਨਾਂ ਵਿਰੋਧੀ ਪਾਸ ਕੀਤੇ ਕਾਨੂੰਨਾਂ ਵਿਰੁਧ ਦੇਸ਼ ਦੀਆਂ ਟਰੇਡ ਯੂਨੀਅਨਾਂ ਮੁਲਾਜ਼ਮਾਂ ਦੀਆ ਫੈਡਰੇਸ਼ਨਾ ਵਲੋ 12 ਫਰਵਰੀ ਨੂੰ ਦੇਸ਼ ਪੱਧਰੀ ਹੜਤਾਲ ਕੀਤੀ ਜਾ ਰਹੀ ਹੈ। ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਇਸ ਹੜਤਾਲ ਨੂੰ ਸਫਲ ਕਰਨ ਵਿੱਚ ਕੋਈ ਕਸਰ ਨਾ ਛੱਡੀ ਜਾਵੇ। ਇਸ ਮੌਕੇ ਉਕਾਰ ਸਿੰਘ, ਲਛਮਣ ਦਾਸ, ਪਰਮਜੀਤ, ਬਖਸ਼ ਕੋਰ ਸੁਨੀਤਾ ਰਾਣੀ, ਹਰਬੰਸ ਕੋਰ ਨੇ ਵੀ ਸੰਬੋਧਨ ਕੀਤਾ।

## ਮੋਹਾਲੀ ਕਾਰਨੀਵਾਲ 30 ਤੋਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਜ਼ਿਲ੍ਹਾ ਪ੍ਰਸ਼ਾਸਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਮੋਹਾਲੀ ਕਾਰਨੀਵਾਲ-ਪੰਜਾਬ ਸਖੀ ਸ਼ਕਤੀ ਮੇਲਾ 30 ਜਨਵਰੀ ਤੋਂ 8 ਫਰਵਰੀ ਤੱਕ ਸਾਰਸ ਮੇਲਾ ਗ੍ਰਾਊਂਡ, ਸੈਕਟਰ 88, ਮੋਹਾਲੀ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਪਿੰਡ ਵਿਕਾਸ) ਸ੍ਰੀਮਤੀ ਸੋਨਮ ਚੌਧਰੀ ਨੇ ਦਿੱਤੀ।ਵਿਸਥਾਰ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਉਨ੍ਹਾਂ ਦੱਸਿਆ ਕਿ ਇਹ ਦਸ ਦਿਨਾਂ ਦਾ ਮੇਲਾ ਸਵੈ-ਸਹਾਇਤਾ ਸਮੂਹਾਂ (ਐੱਸ ਐੱਚ ਜੀਜ਼) ਤੇ ਛੋਟੇ ਅਤੇ ਦਰਮਿਆਨੇ ਉੱਦਮਾਂ (ਐੱਸ ਐੱਮ ਈਜ਼) ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਦੇ ਉਤਪਾਦਾਂ ਨੂੰ ਪ੍ਰਚਾਰ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੇਲਾ ਜ਼ਿਲ੍ਹਾ ਨਿਵਾਸੀਆਂ ਲਈ ਖਾਸ ਆਕਰਸ਼ਣ ਦਾ ਕੇਂਦਰ ਰਹੇਗਾ, ਜਿਸ ਵਿੱਚ ਵੱਖ-ਵੱਖ ਕਿਸਮਾਂ ਦੇ ਖਾਣ-ਪੀਣ ਦੇ ਸਟਾਲ, ਝੂਲੇ ਅਤੇ ਮਨਮੋਹਕ ਸੱਭਿਆਚਾਰਕ ਕਾਰਜਕ੍ਰਮ ਸ਼ਾਮਲ ਹੋਣਗੇ।

## ਕੈਸ਼ਲੈੱਸ ਸਿਹਤ ਯੋਜਨਾ ਸ਼ੁਰੂ ਕਰਨ 'ਤੇ ਡਿਪਟੀ ਸਪੀਕਰ ਰੌੜੀ ਨੇ ਕੀਤਾ ਮੁੱਖ ਮੰਤਰੀ ਦਾ ਧੰਨਵਾਦ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਦੇ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਹੋਰ ਮਜ਼ਬੂਤ ਕਰਨ ਲਈ 10



ਲੱਖ ਰੁਪਏ ਤੱਕ ਦੀ ਕੈਸ਼ਲੈਸ ਸਿਹਤ ਯੋਜਨਾ ਲਾਂਚ ਕਰਨ ਦਾ ਵੱਡਾ ਐਲਾਨ ਕੀਤਾ ਗਿਆ ਹੈ। ਇਸ ਇਤਿਹਾਸਕ ਯੋਜਨਾ ਨਾਲ ਪੰਜਾਬ ਦੇ ਹਰ ਵਰਗ ਦੇ ਨਾਗਰਿਕਾਂ ਨੂੰ ਬਿਨਾਂ ਕਿਸੇ ਵਿੱਤੀ ਬੋਝ ਦੇ ਉੱਚ-ਮਿਆਰੀ ਇਲਾਜ ਦੀ ਸਹੂਲਤ ਮਿਲੇਗੀ। ਇਸ ਸਬੰਧੀ ਪੰਜਾਬ ਵਿਧਾਨ ਸਭਾ ਦੇ ਮਾਣਯੋਗ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੋਜਨਾ ਆਮ ਆਦਮੀ ਦੀ ਸਿਹਤ ਨੂੰ ਪ੍ਰਾਥਮਿਕਤਾ ਦੇਣ ਵਾਲੀ ਆਮ ਆਦਮੀ ਪਾਰਟੀ ਸਰਕਾਰ ਦੀ ਲੋਕ-ਹਿਤੈਸ਼ੀ ਸੋਚ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿਹਤ ਖੇਤਰ ਵਿੱਚ ਇਹ ਕਦਮ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਲਈ ਵਰਦਾਨ ਸਾਬਤ ਹੋਵੇਗਾ। ਡਿਪਟੀ ਸਪੀਕਰ ਰੌੜੀ ਨੇ ਕਿਹਾ ਕਿ ਅਕਸਰ ਗੰਭੀਰ ਬੀਮਾਰੀਆਂ ਦੇ ਇਲਾਜ ਲਈ ਲੋਕਾਂ ਨੂੰ ਆਪਣੀ ਜਾਇਦਾਦ ਵੇਚਣ ਜਾਂ ਕਰਜ਼ੇ ਲੈਣੇ ਪੈਂਦੇ ਸਨ, ਪਰ ਹੁਣ ਇਸ ਕੈਸ਼ਲੈੱਸ ਯੋਜਨਾ ਨਾਲ ਪੰਜਾਬ ਵਾਸੀਆਂ ਨੂੰ ਇਲਾਜ ਲਈ ਕਿਸੇ ਵੀ ਤਰ੍ਹਾਂ ਦੀ ਵਿੱਤੀ ਚਿੰਤਾ ਨਹੀਂ ਰਹੇਗੀ। ਇਹ ਯੋਜਨਾ ਸਰਕਾਰੀ ਦੇ ਨਾਲ-ਨਾਲ ਚੁਣਿੰਦੇ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਲਾਗੂ ਹੋਵੇਗੀ, ਜਿਸ ਨਾਲ ਇਲਾਜ ਦੀ ਪਹੁੰਚ ਹੋਰ ਵੀ ਵਧੇਗੀ। ਡਿਪਟੀ ਸਪੀਕਰ ਰੌੜੀ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਗੰਭੀਰ ਬੀਮਾਰੀਆਂ ਦਾ ਇਲਾਜ ਬਿਨਾਂ ਨਕਦ ਰਕਮ ਦੇ ਕੀਤਾ ਜਾ ਸਕੇਗਾ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੋਵਾਂ ਵਿੱਚ ਰਹਿੰਦੇ ਲੋਕਾਂ ਲਈ ਇਕਸਾਰ ਤੌਰ 'ਤੇ ਲਾਗੂ ਹੋਵੇਗੀ, ਜਿਸ ਨਾਲ ਸਿਹਤ ਸੇਵਾਵਾਂ ਵਿੱਚ ਬਰਾਬਰੀ ਆਵੇਗੀ। ਇਸ ਮੌਕੇ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ ਦੇ ਮੈਂਬਰ, ਬਲਾਕ ਸੰਮਤੀ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਵਰਕਰ ਵੀ ਹਾਜ਼ਰ ਸਨ।

## ਵਿਧਾਇਕ ਨੇ 5 ਸੜਕਾਂ ਦੇ ਬਣਨ ਦਾ ਰੱਖਿਆ ਨੀਂਹ ਪੱਥਰ



**ਮੋਹਾਲੀ, (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਵਿਕਾਸ ਕਾਰਜਾਂ ਦੀ ਰਫਤਾਰ ਇਸੇ ਤਰ੍ਹਾਂ ਆਉਣ ਵਾਲੇ ਸਮੇਂ ਵਿੱਚ ਵੀ ਬਰਕਰਾਰ ਰਹੇਗੀ ਹਲਕੇ ਵਿੱਚ 60 ਪਿੰਡ ਹਨ, ਤੇ ਇਹਨਾਂ ਵਿੱਚੋਂ ਲਗਭਗ 30 ਸੜਕਾਂ ਦੇ ਬਣਨ ਦਾ ਕੰਮ ਸ਼ੁਰੂ ਹੋ ਚੁੱਕਾ ਤੇ ਵਿਧਾਨ ਸਭਾ ਹਲਕਾ ਮੋਹਾਲੀ ਵਿੱਚ ਪੈਂਦੀਆਂ 5 ਸੜਕਾਂ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਇਹ ਗੱਲ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪਿੰਡ ਬਲਿਆਲੀ ਦੀ ਫਿਰਨੀ, ਬੱਲੋ ਮਾਜਰੇ ਦੀ ਫਿਰਨੀ-ਜੋ ਕਿ ਮੇਨ ਸੜਕ ਤੋਂ ਪਹੁੰਚ ਮਾਰਗ ਵੀ ਬਣ ਰਹੀ ਤੇ ਮੇਨ ਰੋਡ ਤੋਂ ਨਾਲ ਹੀ ਮੇਨ ਰੋਡ ਤੋਂ ਗੁਰਦੁਆਰਾ ਸਾਹਿਬ ਵਾਲੇ ਪਾਸੇ, ਖਰੜ ਚੰਡੀਗੜ੍ਹ ਰੋਡ ਤੇ ਪੈਂਦੇ ਪਿੰਡ ਰਾਏਪੁਰ ਅਤੇ ਪਿੰਡ ਤੜੌਲੀ ਜਿਹੜੀ ਅੱਜ ਬਣ ਰਹੀ ਇਹ ਕੰਮ ਕਰੀਬ ਸਵਾ ਕਰੋੜ ਰੁਪਏ ਦੀ ਲਾਗਤ ਦੇ ਨਾਲ ਪੂਰੇ ਹੋਣਗੇ , ਅਤੇ ਇਹ ਸਭ ਕੰਮ ਛੇ ਮਹੀਨਿਆਂ ਦੀ ਸਮਾਂਬੱਧ ਸਮੇਂ ਦੇ ਵਿੱਚ ਪੂਰੇ ਹੋ ਜਾਣਗੇ।

## ਡਿਜੀਟਲ ਪਲੇਟਫਾਰਮ ਈ ਸੀ ਆਈ-ਨੈੱਟ ਦੀ ਸ਼ੁਰੂਆਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਭਾਰਤ ਦੇ ਚੋਣ ਕਮਿਸ਼ਨ ਨੇ ਲੋਕਤੰਤਰ ਅਤੇ ਚੋਣ ਪ੍ਰਬੰਧਨ 'ਤੇ ਅੰਤਰਰਾਸ਼ਟਰੀ ਕਾਨਫਰੰਸ (ਆਈ ਆਈ ਸੀ ਡੀ ਈ ਐੱਮ) 2026 ਵਿਖੇ ਚੋਣਾਂ ਨਾਲ




ਸਬੰਧਤ ਸਾਰੀਆਂ ਜਾਣਕਾਰੀਆਂ ਅਤੇ ਸੇਵਾਵਾਂ ਲਈ ਆਪਣਾ ਵਨ-ਸਟਾਪ ਡਿਜੀਟਲ ਪਲੇਟਫਾਰਮ ਈ ਸੀ ਆਈ-ਨੈੱਟ ਲਾਂਚ ਕੀਤਾ ਹੈ। ਇਹ ਤਿੰਨ ਰੋਜ਼ਾ ਕਾਨਫਰੰਸ 21-23 ਜਨਵਰੀ ਤੱਕ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਕਰਵਾਈ ਜਾ ਰਹੀ ਹੈ।ਈ ਸੀ ਆਈ-ਨੈੱਟ ਦਾ ਵਿਚਾਰ ਭਾਰਤ ਦੇ ਮੁੱਖ ਚੋਣ ਕਮਿਸ਼ਨਰ (ਸੀ ਈ ਸੀ) ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ (ਈ ਸੀ) ਡਾ. ਸੁਖਬੀਰ ਸਿੰਘ ਸੰਧੂ ਤੇ ਡਾ. ਵਿਵੇਕ ਜੋਸ਼ੀ ਦੁਆਰਾ ਕੀਤਾ ਗਿਆ ਸੀ ਤੇ ਇਸਨੂੰ ਡਿਜ਼ਾਈਨ ਕਰਨ ਦਾ ਐਲਾਨ ਮਈ, 2025 ਵਿੱਚ ਕੀਤਾ ਗਿਆ।ਈਸੀਆਈ-ਨੈੱਟ ਦੇ ਲਾਂਚ ਮੌਕੇ ਬੋਲਦਿਆਂ ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ ਨੇ ਦੱਸਿਆ ਕਿ ਇਸ ਪਲੇਟਫਾਰਮ ਨੂੰ ਕਾਨੂੰਨ ਦੀ ਸਖ਼ਤੀ ਨਾਲ ਪਾਲਣਾ ਕਰਦਿਆਂ ਤਿਆਰ ਕੀਤਾ ਗਿਆ ਹੈ, ਇਹ 22 ਭਾਸ਼ਾਵਾਂ ਤੇ ਅੰਗਰੇਜ਼ੀ ਵਿੱਚ ਉਪਲਬਧ ਹੈ।

## ਕਵੀ ਦਰਬਾਰ 25 ਨੂੰ

**ਅਲਾਵਲਪੁਰ (ਬੰਗੜ)**- ਡੇਰਾ ਬਾਬਾ ਮਾਘੂ ਸ਼ਾਹ ਦੀ ਪ੍ਰਬੰਧਕ ਕਮੇਟੀ ਤੇ ਪਿੰਡ ਰੰਧਾਵਾ ਮਸੰਦਾਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਫ਼ੱਕਰ ਸ਼ਾਇਰ ਮਰਹੂਮ ਜਨਾਬ ਰਾਏ ਚੰਦ ਰਾਏ ਦੀ ਯਾਦ ਨੂੰ ਸਮਰਪਤ ਇੱਕ ਕਵੀ ਦਰਬਾਰ 25 ਜਨਵਰੀ ਨੂੰ ਕਰਵਾਇਆ ਜਾ ਰਿਹਾ ਹੈ । ਕਵੀ ਦਰਬਾਰ ਵਿੱਚ ਇਲਾਕੇ ਦੇ ਨਾਮਵਰ ਕਵੀ ਆਪਣੀਆਂ ਰਚਨਾਵਾਂ ਨਾਲ ਸੰਗਤਾਂ ਦਾ ਆਸ਼ੀਰਵਾਦ ਪ੍ਰਾਪਤ ਕਰਨਗੇ।ਇਹ ਪ੍ਰੋਗਰਾਮ ਹਰ ਸਾਲ ਦੀ ਤਰ੍ਹਾਂ ਬਾਬੇ ਮਾਘੂ ਸ਼ਾਹ ਦੇ ਡੇਰੇ ਤੇ ਕਰਵਾਇਆ ਜਾ ਰਿਹਾ ਹੈ। ਕਵੀ ਦਰਬਾਰ ਵਿੱਚ ਕੇਵਲ ਪ੍ਰਬੰਧਕਾਂ ਵਲੋਂ ਬੁਲਾਏ ਗਏ ਕਵੀਆਂ ਦੀ ਹੀ ਹਾਜ਼ਰੀ ਲੱਗੇਗੀ। ਇਸ ਸਬੰਧੀ ਜਾਣਕਾਰੀ ਡੇਰੇ ਦੇ ਗੱਦੀ ਨਸ਼ੀਨ ਸਾਈਂ ਕੁੰਦਨ ਲਾਲ ਤੇ ਇਲਾਕੇ ਦੇ ਪ੍ਰਸਿੱਧ ਸ਼ਾਇਰ ਜਨਾਬ ਆਸ਼ੀ ਈਸਪੁਰੀ ਵਲੋਂ ਸਾਂਝੇ ਤੌਰ 'ਤੇ ਦਿੱਤੀ ਗਈ ।

## ਸ੍ਰੀ ਗੁਰੂ ਰਵਿਦਾਸ ਜਨਮ ਦਿਹਾੜੇ ਦੇ ਸੰਬੰਧ 'ਚ ਪ੍ਰਭਾਤ ਫੇਰੀਆਂ ਸ਼ੁਰੂ



**ਨੂਰਪੁਰ ਬੇਦੀ (ਜਗਤਾਰ ਜੱਗੀ)**- ਬਲਾਕ ਦੇ ਪਿੰਡ ਨਲਹੋਟੀ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਦੀ ਲੜੀ ਸ਼ੁਰੂ ਕਰ ਦਿੱਤੀ ਗਈ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਪਿੰਡ ਦੇ ਸਰਪੰਚ ਹਰਮੇਸ਼ ਚੰਦ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਜਨਮ ਦਿਹਾੜੇ ਤੇ ਪ੍ਰਭਾਤ ਫੇਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ । ਉਹਨਾਂ ਇਹ ਵੀ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਇਲਾਕਾ ਨਿਵਾਸੀ ਸਮੂਹ ਸੰਗਤਾਂ ਵਲੋਂ ਪ੍ਰਭਾਤ ਫੇਰੀ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ ਤੇ ਕਾਫੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ ਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਅੰਮ੍ਰਿਤਮਈ ਬਾਣੀ ਤੋਂ ਪ੍ਰਭਾਵਤ ਹੋ ਕੇ ਬਾਣੀ ਦਾ ਜਾਪ ਕਰ ਰਹੀਆਂ ਹਨ ਉੱਥੇ ਪ੍ਰਭਾਤ ਫੇਰੀ ਵਿੱਚ ਸ਼ਾਮਿਲ ਸੰਗਤਾਂ ਦਾ ਭਰਪੂਰ ਸਵਾਗਤ ਕਰ ਰਹੀਆਂ ਹਨ। ਇਸ ਮੌਕੇ ਸਰਪੰਚ ਹਰਮੇਸ਼ ਚੰਦ, ਕਮਲ ਸਿੰਘ, ਰਿੰਕੂ, ਸੁਰਿੰਦਰ ਸਿੰਘ, ਗੁਰਚਰਨ, ਕਸ਼ਮੀਰ ਸਿੰਘ,ਜੋਗਿੰਦਰ, ਬਲਵੀਰ, ਸੁੱਖਾ, ਪ੍ਰਭਜੋਤ, ਨੀਲਮ, ਚਰਨੋ, ਸਮੇਤ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## 'ਮੁੱਖ ਮੰਤਰੀ ਸਿਹਤ ਯੋਜਨਾ' ਸਿਹਤ ਖੇਤਰ 'ਚ ਇਤਿਹਾਸਕ ਕ੍ਰਾਂਤੀ : ਹਰਜੀ ਮਾਨ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਆਮ ਆਦਮੀ ਪਾਰਟੀ ਵੱਲੋਂ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਮੌਜੂਦਗੀ 'ਚ ਮੋਹਾਲੀ ਵਿਖੇ ਲਾਂਚ ਕੀਤੀ ਗਈ ਸਿਹਤ ਬੀਮਾ ਯੋਜਨਾ ਨੂੰ ਲੈ ਕੇ ਪਾਰਟੀ ਦੇ ਸਟੇਟ ਸਪੋਕਸਮੈਨ ਅਤੇ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਹਰਨੂਰ ਸਿੰਘ (ਹਰਜੀ) ਮਾਨ ਨੇ ਕਿਹਾ ਕਿ ਪੰਜਾਬ ਵਿੱਚ ਸਿਹਤ ਖੇਤਰ ਦੇ ਇਤਿਹਾਸ ਦੀ ਸਭ ਤੋਂ ਵੱਡੀ ਤੇ ਕ੍ਰਾਂਤੀਕਾਰੀ ਯੋਜਨਾ ਦੀ ਸ਼ੁਰੂਆਤ ਹੋਈ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ ਹੁਣ ਪੰਜਾਬ ਦੇ ਹਰ ਪਰਵਾਰ ਨੂੰ 10 ਲੱਖ ਤੱਕ ਦਾ ਪੂਰੀ ਤਰ੍ਹਾਂ ਨਕਦੀ ਰਹਿਤ ਇਲਾਜ ਦੀ ਸੁਵਿਧਾ ਮਿਲੇਗੀ। ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਤੋਂ ਸੱਤਾ ਵਿੱਚ ਆਈ ਹੈ, ਆਮ ਲੋਕਾਂ ਦੀ ਸਿਹਤ ਨੂੰ ਸਭ ਤੋਂ ਉੱਚੀ ਤਰਜੀਹ ਦੇ ਰਹੀ ਹੈ। ਇਸ ਤੋਂ ਪਹਿਲਾਂ ਸੂਬੇ ਭਰ ਵਿੱਚ ਪਹਿਲੀ ਵਾਰ ਮੁੱਹਲਾ ਕਲੀਨਿਕਾਂ ਰਾਹੀਂ ਘਰੋਂ-ਘਰੀਂ ਇਲਾਜ ਦੀ ਸਹੂਲਤ ਪਹੁੰਚਾਉਣ ਦਾ ਕੰਮ ਵੀ ਕੀਤਾ ਗਿਆ ਹੈ। ਹਰਜੀ ਮਾਨ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲਗਭਗ 65 ਲੱਖ ਪਰਿਵਾਰਾਂ ਨਾਲ ਸਬੰਧ ਰੱਖਦੇ ਕਰੀਬ ਤਿੰਨ ਕਰੋੜ ਤੋਂ ਵੱਧ ਨਾਗਰਿਕਾਂ ਨੂੰ ਸਿੱਧਾ ਲਾਭ ਮਿਲੇਗਾ। ਹੁਣ ਕਿਸੇ ਵੀ ਪੰਜਾਬੀ ਨੂੰ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ। ਮਹਿੰਗੇ ਇਲਾਜ, ਹਸਪਤਾਲਾਂ ਦੇ ਭਾਰੀ ਬਿੱਲਾਂ ਅਤੇ ਕਰਜ਼ੇ ਦੇ ਬੋਝ ਤੋਂ ਲੋਕਾਂ ਨੂੰ ਰਾਹਤ ਦਿਵਾਉਣ ਵੱਲ ਇਹ ਯੋਜਨਾ ਇੱਕ ਮੀਲ ਪੱਥਰ ਸਾਬਤ ਹੋਵੇਗੀ।

## ਰਾਸ਼ਟਰੀ ਯੁਵਾ ਦਿਵਸ 'ਤੇ ਸੈਮੀਨਾਰ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਵਿਖੇ ਯੂਨੀਵਰਸਿਟੀ ਸਕੂਲ ਆਫ਼ ਫਾਰਮਾਸਿਊਟੀਕਲ ਸਾਇੰਸਿਜ਼ ਨੇ ਰਾਸ਼ਟਰੀ ਯੁਵਾ ਦਿਵਸ ਮਨਾਉਣ ਲਈ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ। ਸੈਮੀਨਾਰ ਦੀ ਪ੍ਰਧਾਨਗੀ



ਵਾਈਸ ਚਾਂਸਲਰ ਪ੍ਰੋ. (ਡਾ.) ਚੰਦਰ ਮੋਹਨ ਨੇ ਕੀਤੀ। ਡਾਇਰੈਕਟਰ-ਪ੍ਰਿੰਸੀਪਲ ਡਾ. ਮਨਿੰਦਰ ਸਿੰਘ ਗਰੋਵਰ ਨੇ ਦੱਸਿਆ ਕਿ ਇਹ ਸੈਮੀਨਾਰ ਸਵਾਮੀ ਵਿਵੇਕਾਨੰਦ ਦੇ ਜਨਮ ਦਿਵਸ ਨੂੰ ਸਮਰਪਿਤ ਸੀ ਤੇ 'ਸਕ੍ਰੀਨ ਟਾਈਮ ਤੋਂ ਗ੍ਰੀਨ ਟਾਈਮ ਤੱਕ: ਵਾਤਾਵਰਣ ਲਈ ਯੁਵਾ' ਵਿਸ਼ੇ 'ਤੇ ਆਯੋਜਿਤ ਕੀਤਾ ਗਿਆ ਸੀ। ਵਿਦਿਆਰਥੀਆਂ, ਅਧਿਆਪਕਾਂ ਅਤੇ ਸਿੱਖਿਆ ਸ਼ਾਸਤਰੀਆਂ ਨੇ ਸੈਮੀਨਾਰ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਬਹੁਤ ਜ਼ਿਆਦਾ ਸਕ੍ਰੀਨ ਸਮੇਂ ਤੋਂ ਬਚਣ ਤੇ ਵਾਤਾਵਰਣ ਸੁਰੱਖਿਆ ਤੇ ਟਿਕਾਊ ਵਿਕਾਸ ਨਾਲ ਸਬੰਧਤ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਸੀ। ਮੁੱਖ ਮਹਿਮਾਨ ਅਵਿਨਾਸ਼ ਰਾਏ ਖੰਨਾ, ਸਾਬਕਾ ਸੰਸਦ ਮੈਂਬਰ (ਲੋਕ ਸਭਾ ਅਤੇ ਰਾਜ ਸਭਾ) ਨੇ ਨੌਜਵਾਨਾਂ ਨੂੰ ਸੰਬੋਧਨ ਕੀਤਾ, ਰਾਸ਼ਟਰ ਨਿਰਮਾਣ ਤੇ ਵਾਤਾਵਰਣ ਸੁਰੱਖਿਆ ਵਿੱਚ ਨੌਜਵਾਨਾਂ ਦੀ ਮਹੱਤਵ ਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਿਰਫ਼ ਯੁਵਾ ਸ਼ਕਤੀ ਹੀ ਹਰੇ ਤੇ ਟਿਕਾਊ ਭਵਿੱਖ ਦੀ ਨੀਂਹ ਰੱਖ ਸਕਦੀ ਹੈ। ਇਸ ਮੌਕੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਚੰਦਰ ਮੋਹਨ ਨੇ ਆਪਣੇ ਪ੍ਰੇਰਨਾਦਾਇਕ ਭਾਸ਼ਣ ਵਿੱਚ, ਮੁੱਲ-ਅਧਾਰਤ ਸਿੱਖਿਆ, ਯੁਵਾ ਸਸ਼ਕਤੀਕਰਨ ਅਤੇ ਵਾਤਾਵਰਣ ਸਥਿਰਤਾ ਪ੍ਰਤੀ ਸਮੂਹਿਕ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀਆਂ ਰੋਜ਼ਾਨਾ ਆਦਤਾਂ 'ਤੇ ਵਿਚਾਰ ਕਰਨ ਅਤੇ ਆਪਣੇ ਨਿੱਜੀ ਅਤੇ ਪੇਸ਼ੇਵਰ ਜੀਵਨ ਵਿੱਚ ਵਾਤਾਵਰਣ ਅਨੁਕੂਲ ਉਪਾਅ ਅਪਣਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ 'ਤੇ ਫਾਰਮੇਸੀ ਵਿਭਾਗ ਦੇ ਸਾਰੇ ਫੈਕਲਟੀ ਅਤੇ ਵਿਦਿਆਰਥੀ ਮੌਜੂਦ ਸਨ।

## ਸੀ ਈ ਟੀ-2025 ਦੇ ਤਹਿਤ ਪੁਲਸ ਕਾਂਸਟੇਬਲ ਭਰਤੀ ਵਿੱਚ 3 ਸਾਲ ਦੀ ਉਮਰ ਛੋਟ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਦੇ ਚੇਅਰਮੈਨ ਹਿੰਮਤ ਸਿੰਘ ਨੇ ਜਾਣਕਾਰੀ ਦਿੱਤੀ ਹੈ ਕਿ ਸੀ ਈ ਟੀ-2025 ਦੇ ਤਹਿਤ ਇਸ਼ਤਿਹਾਰ ਦਿੱਤੀ ਗਈ ਪੁਲਸ ਕਾਂਸਟੇਬਲ ਭਰਤੀ ਵਿੱਚ ਉਮਰ ਛੋਟ ਨੂੰ ਲੈ ਕੇ ਉਮੀਦਵਾਰਾਂ ਵੱਲੋਂ ਚੁੱਕੀ ਗਈ ਮੰਗ 'ਤੇ ਹਰਿਆਣਾ ਸਰਕਾਰ ਨੇ ਸਕਾਰਾਤਮਕ ਰੁੱਖ ਅਪਣਾਇਆ ਹੈ। ਉਨ੍ਹਾਂ ਨੇ ਦਸਿਆ ਕਿ ਉਮੀਦਵਾਰਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਹਰਿਆਣਾ ਸਰਕਾਰ ਵੱਲੋਂ ਪੁਲਸ ਕਾਂਸਟੇਬਲ ਭਰਤੀ ਵਿੱਚ 3 ਸਾਲ ਦੀ ਉਮਰ ਛੋਟ ਪ੍ਰਦਾਨ ਕਰਨ 'ਤੇ ਸਹਿਮਤੀ ਪ੍ਰਗਟ ਕੀਤੀ ਗਈ ਹੈ, ਜਿਸ ਦੇ ਸਬੰਧ ਵਿੱਚ ਕਮਿਸ਼ਨਰ ਨੂੰ ਜਾਣੂ ਕਰਾਇਆ ਗਿਆ ਹੈ। ਕਮਿਸ਼ਨ ਵੱਲੋਂ ਨਿਯਮ ਅਨੁਸਾਰ ਜ਼ਰੂਰੀ ਪ੍ਰਕ੍ਰਿਆ ਅਪਣਾਈ ਜਾ ਰਹੀ ਹੈ।ਹਿੰਮਤ ਸਿੰਘ ਨੇ ਸਪਸ਼ਟ ਕੀਤਾ ਕਿ ਇਹ ਫੈਸਲਾ ਵਿਸ਼ੇਸ਼ ਰੂਪ ਨਾਲ ਉਨ੍ਹਾਂ ਉਮੀਦਵਾਰਾਂ ਦੇ ਹਿੱਤ ਵਿੱਚ ਕੀਤਾ ਗਿਆ ਹੈ, ਜੋ ਸਾਲ 2022 ਦੇ ਬਾਅਦ ਵੱਖ-ਵੱਖ ਕਾਰਨਾ ਨਾਲ ਸੀ ਈ ਟੀ ਪ੍ਰੀਖਿਆ ਆਯੋਜਿਤ ਨਾ ਹੋ ਪਾਣ ਦੇ ਕਾਰਨ ਉਮਰ ਸੀਮਾ ਤੋਂ ਵਾਂਝੇ ਹੋ ਗਏ ਸਨ, ਜਦੋਂ ਕਿ ਸਾਲ 2025 ਵਿੱਚ ਮੁੜ ਸੀ ਈ ਟੀ ਪ੍ਰੀਖਿਆ ਆਯੋਜਿਤ ਕੀਤੀ ਗਈ ਹੈ।ਕਮਿਸ਼ਨ ਚੇਅਰਮੈਨ ਨੇ ਕਿਹਾ ਕਿ ਇਹ ਉਮਰ ਛੋਟ ਯੋਗ ਉਮੀਦਵਾਰਾਂ ਨੂੰ ਸਮਾਨ ਮੌਕਾ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ ਮਹਤੱਵਪੂਰਣ ਕਦਮ ਹੈ, ਜਿਸ ਨਾਲ ਵੱਧ ਤੋਂ ਵੱਧ ਯੋਗ ਨੋਜੁਆਨ ਭਰਤੀ ਪ੍ਰਕ੍ਰਿਆ ਵਿੱਚ ਸ਼ਾਮਿਲ ਹੋ ਸਕਣਗੇ।ਵਰਨਣਯੋਗ ਹੈ ਕਿ ਹਰਿਆਣਾ ਕਰਮਚਾਰੀ ਚੋਣ ਕਮਿਸ਼ਨ ਵੱਲੋਂ ਹਾਲ ਹੀ ਵਿੱਚ ਇਸ਼ਤਿਹਾਰ ਗਿਣਤੀ 01/2026 ਜਾਰੀ ਕਰਦੇ ਹੋਏ ਸੀ ਈ ਟੀ ਫੇਜ਼-2 ਦੇ ਤਹਿਤ ਹਰਿਆਣਾ ਪੁਲਸ ਕਾਂਸਟੇਬਲ ਅਹੁਦਿਆਂ 'ਤੇ ਭਰਤੀ ਪ੍ਰਕ੍ਰਿਆ ਸ਼ੁਰੂ ਕੀਤੀ ਗਈ ਹੈ। ਇਸ ਇਸ਼ਤਿਹਾਰ ਰਾਹੀਂ ਪੁਰਸ਼ ਕਾਂਸਟੇਬਲ, ਮਹਿਲਾ ਕਾਂਸਟੇਬਲ ਅਤੇ ਹਰਿਆਣਾ ਰੇਲਵੇ ਪੁਲਿਸ ਦੇ ਅਸਾਮੀਆਂ ਲਈ ਆਨਲਾਇਨ ਬਿਨੈ ਮੰਗੇ ਗਏ ਹਨ। ਇਸ ਭਰਤੀ ਇਸ਼ਤਿਹਾਰ ਤਹਿਤ ਕੁੱਲ 5500 ਅਹੁਦੇ ਨਿਰਧਾਰਿਤ ਕੀਤੇ ਗਏ ਹਨ, ਜਿਨ੍ਹਾਂ ਵਿੱਚ 4500 ਅਹੁਦੇ ਪੁਰਸ਼ ਕਾਂਸਟੇਬਲ, 600 ਅਹੁਦੇ ਮਹਿਲਾ ਕਾਂਸਟੇਬਲ ਤੇ 400 ਅਹੁਦੇ ਹਰਿਆਣਾ ਰੇਲਵੇ ਪੁਲਸ ਦੇ ਲਈ ਨਿਰਧਾਰਿਤ ਹਨ।

## ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਵੱਲੋਂ ਰੋਸ ਧਰਨੇ 30 ਤੋਂ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ (ਏਟਕ) ਦੀ ਇੱਕ ਅਹਿਮ ਮੀਟਿੰਗ ਕਾਮਰੇਡ ਜਸਵੰਤ ਸਮਰਾ ਭਵਨ ਜਲੰਧਰ ਵਿਖੇ ਹੋਈ। ਇਸ ਉਪਰੰਤ ਜਥੇਬੰਦੀ ਦੇ ਆਗੂਆਂ ਜਗਦੀਸ਼ ਸਿੰਘ ਚਾਹਲ, ਗੁਰਜੰਟ ਸਿੰਘ




ਕੋਕਰੀ, ਦੀਦਾਰ ਸਿੰਘ ਮੁੱਧ, ਅਵਤਾਰ ਸਿੰਘ ਤਾਰੀ ਅਤੇ ਗੁਰਜੀਤ ਸਿੰਘ ਜਲੰਧਰ ਨੇ ਪ੍ਰੈਸ ਕਲੱਬ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 1997 ਤੋਂ ਬਾਅਦ ਕਿਸੇ ਸਰਕਾਰ ਨੇ ਇਸ ਜਨਤਕ ਅਦਾਰੇ ਲਈ ਬਜਟ ਨਹੀਂ ਰੱਖਿਆ। ਰੋਡਵੇਜ਼ ਦਾ ਬੱਸ ਫਲੀਟ 2407 ਤੋਂ ਘਟ ਕੇ ਕੇਵਲ 1460 ਰਹਿ ਗਿਆ ਹੈ। ਰੋਜ਼ਾਨਾ ਲਗਭਗ 400 ਬੱਸਾਂ ਵਰਕਸ਼ਾਪਾਂ ਵਿੱਚ ਖੜ੍ਹੀਆਂ ਰਹਿੰਦੀਆਂ ਹਨ, ਜਿਸ ਦਾ ਸਿੱਧਾ ਫਾਇਦਾ ਨਿੱਜੀ ਟ੍ਰਾਂਸਪੋਰਟਰਾਂ ਨੂੰ ਹੋ ਰਿਹਾ ਹੈ। ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਕੋਈ ਪਾਲਿਸੀ ਨਹੀਂ ਬਣਾਈ ਗਈ। ਰਿਟਾਇਰ ਹੋ ਰਹੇ ਮੁਲਾਜ਼ਮਾਂ ਨੂੰ ਤਰੱਕੀਆਂ ਤੇ ਮੈਡੀਕਲ ਬਿੱਲਾਂ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ। ਜਥੇਬੰਦੀ ਨੇ ਫੈਸਲਾ ਕੀਤਾ ਕਿ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਕੀਤੇ ਜਾਣਗੇ, ?30 ਜਨਵਰੀ ਲੁਧਿਆਣਾ ਡਿਪੂ, 4 ਫਰਵਰੀ ਅੰਮ੍ਰਿਤਸਰ ਡਿਪੂ, 13 ਫਰਵਰੀ ਪੱਟੀ ਡਿਪੂ, 24 ਫਰਵਰੀ ਰੋਪੜ ਡਿਪੂ, ?28 ਫਰਵਰੀ ਮੁਕਤਸਰ ਡਿਪੂ ਵਿਖੇ ਵਿਸ਼ਾਲ ਗੇਟ ਰੈਲੀਆਂ ਕੀਤੀਆਂ ਜਾਣ ਵਾਲੀਆਂ। ਇਸ ਤੋਂ ਇਲਾਵਾ 7 ਮਾਰਚ 2026 ਨੂੰ ਟ੍ਰਾਂਸਪੋਰਟ ਮੰਤਰੀ ਦੇ ਹਲਕੇ ਵਿੱਚ ਇੱਕ ਵੱਡੀ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ।ਇਸ ਮੌਕੇ ਤੇ ਬਲਵਿੰਦਰ, ਸੁਰਿੰਦਰ ਬਰਾੜ ਵਿਕਰਮਜੀਤ, ਅੰਗਰੇਜ਼, ਅਜੇ ਕੁਮਾਰ ਮਲਹੋਤਰਾ, ਹਰਬੰਸ ਨਵਦੀਪ, ਹਰੀਸ਼ ਤੇ ਜਸਵਿੰਦਰ ਹਾਜ਼ਰ ਸਨ।

## ਡਿਪਟੀ ਸਪੀਕਰ ਵੱਲੋਂ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਰਵਿਦਾਸ ਜਨਮ ਦਿਹਾੜੇ ਮੌਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ 649ਵੇਂ ਜਨਮਦਿਨ ਮੌਕੇ ਕਰਵਾਏ ਜਾ ਰਹੇ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਦਾ ਪੰਜਾਬ ਵਿਧਾਨ ਸਭਾ ਦੇ



ਮਾਨਯੋਗ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਵੱਲੋਂ ਵਿਸਤ੍ਰਿਤ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਸਮਾਗਮ ਸਥਲ 'ਤੇ ਪਹੁੰਚ ਕੇ ਪ੍ਰਬੰਧਾਂ ਦਾ ਮੌਕੇ 'ਤੇ ਨਿਰੀਖਣ ਕੀਤਾ ਤੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਤਿਆਰੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਡਿਪਟੀ ਸਪੀਕਰ ਰੌੜੀ ਨੇ ਸਮਾਗਮ ਦੌਰਾਨ ਸੰਗਤਾਂ ਲਈ ਕੀਤੇ ਜਾ ਰਹੇ ਬੈਠਕ ਪ੍ਰਬੰਧ, ਪੀਣ ਵਾਲੇ ਪਾਣੀ, ਬਿਜਲੀ ਸਪਲਾਈ, ਸਾਫ਼-ਸਫ਼ਾਈ, ਸਿਹਤ ਸਹੂਲਤਾਂ, ਲੰਗਰ ਪ੍ਰਬੰਧ ਅਤੇ ਐਮਰਜੈਂਸੀ ਸੇਵਾਵਾਂ ਦੀ ਗਹਿਰਾਈ ਨਾਲ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਸਪਸ਼ਟ ਨਿਰਦੇਸ਼ ਦਿੱਤੇ ਕਿ ਦੇਸ਼-ਵਿਦੇਸ਼ ਤੋਂ ਆਉਣ ਵਾਲੀਆਂ ਲੱਖਾਂ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਆਵੇ ਤੇ ਸਾਰੇ ਪ੍ਰਬੰਧ ਸੁਚੱਜੇ ਢੰਗ ਨਾਲ ਸਮੇਂ ਸਿਰ ਪੂਰੇ ਕੀਤੇ ਜਾਣ। ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਪ੍ਰਸ਼ਾਸਨ, ਸਿਹਤ ਵਿਭਾਗ, ਲੋਕ ਨਿਰਮਾਣ ਵਿਭਾਗ, ਬਿਜਲੀ ਵਿਭਾਗ, ਜਲ ਸਪਲਾਈ ਵਿਭਾਗ, ਟ੍ਰਾਂਸਪੋਰਟ ਵਿਭਾਗ ਅਤੇ ਨਗਰ ਨਿਗਮ/ਪੰਚਾਇਤੀ ਵਿਭਾਗਾਂ ਦੇ ਉੱਚ ਅਧਿਕਾਰੀ ਮੌਜੂਦ ਸਨ। ਸਾਰੇ ਅਧਿਕਾਰੀਆਂ ਵੱਲੋਂ ਡਿਪਟੀ ਸਪੀਕਰ ਨੂੰ ਤਿਆਰੀਆਂ ਸਬੰਧੀ ਵਿਸਤ੍ਰਿਤ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਹਰ ਵਿਭਾਗ ਨੂੰ ਆਪਣੀ-ਆਪਣੀ ਜ਼ਿੰਮੇਵਾਰੀ ਸੌਂਪੀ ਗਈ ਹੈ। ਡਿਪਟੀ ਸਪੀਕਰ ਰੌੜੀ ਨੇ ਸੁਰੱਖਿਆ ਪ੍ਰਬੰਧਾਂ 'ਤੇ ਖ਼ਾਸ ਜ਼ੋਰ ਦਿੰਦਿਆਂ ਕਿਹਾ ਕਿ ਸੰਗਤਾਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਟ੍ਰੈਫਿਕ ਪ੍ਰਬੰਧ ਸੁਚੱਜੇ ਬਣਾਉਣ, ਵੱਖ-ਵੱਖ ਥਾਵਾਂ 'ਤੇ ਪਾਰਕਿੰਗ ਸਥਲ ਨਿਰਧਾਰਤ ਕਰਨ ਅਤੇ ਭੀੜ ਨਿਯੰਤਰਣ ਲਈ ਮਜ਼ਬੂਤ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਸਿਹਤ ਵਿਭਾਗ ਨੂੰ ਐਂਬੂਲੈਂਸਾਂ, ਮੈਡੀਕਲ ਟੀਮਾਂ ਅਤੇ ਫਰਸਟ ਏਡ ਸੈਂਟਰ ਤਾਇਨਾਤ ਕਰਨ ਲਈ ਕਿਹਾ ਗਿਆ।

## ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਦੀ ਲੋੜ : ਖਾਲਸਾ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਪਿੰਡ ਕਾਲਾਂਵਾਲੀ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਵਿਖੇ ਸ਼੍ਰੋਮਣੀ ਭਗਤ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਤ ਲਾਏ ਗਏ ਪੰਜ ਦਿਨਾ ਦਸਤਾਰ ਸਿਖਲਾਈ ਕੈਂਪ ਦੀ ਸਮਾਪਤੀ 'ਤੇ ਬੱਚਿਆਂ ਤੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਹਰਿਆਣਾ ਸਿੱਖ ਗੁਰਦਵਾਰਾ ਕਮੇਟੀ ਦੇ ਸਰਗਰਮ ਮੈਂਬਰ ਭਾਈ ਬਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ਼ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਸਮਾਜਿਕ ਤੇ ਧਾਰਮਿਕ ਆਜ਼ਾਦੀ ਦਾ ਸੰਦੇਸ਼ ਦਿੰਦੀਆਂ ਹਨ। ਆਪਣੀ ਬਾਣੀ ਰਾਹੀਂ ਗੁਰੂ ਜੀ ਨੇ ਰੂੜੀਵਾਦੀ ਰੀਤੀ-ਰਿਵਾਜਾਂ ਤੇ ਜਾਤ-ਪਾਤੀ ਵੰਡਾਂ ਦੀ ਨਿੰਦਾ ਕੀਤੀ ਅਤੇ ਪ੍ਰਮਾਤਮਾ ਨਾਲ ਜੁੜ ਕੇ ਏਕਤਾ ਦਾ ਉਪਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਵਸ 'ਤੇ ਉਨ੍ਹਾਂ ਦੀ ਬਾਣੀ ਨੂੰ ਸਮਝਣਾ ਤੇ ਉਸ ਦਾ ਧਿਆਨ ਕਰਨਾ ਸਾਡਾ ਫਰਜ਼ ਹੈ। ਇਸ ਮੌਕੇ ਐਡਵੋਕੇਟ ਗੁਰਮੀਤ ਸਿੰਘ ਖਾਲਸਾ ਦਾ ਕਹਿਣਾ ਸੀ ਕਿ ਇਹ ਕੈਂਪ ਸ੍ਰੀ ਗੁਰੂ ਨਾਨਕ ਦੇਵ ਜੀ ਸੇਵਾ ਸਮਿਤੀ ਕਾਲਾਂਵਾਲੀ ਦੇ ਸਹਿਯੋਗ ਨਾਲ ਧਾਰਮਿਕ ਪ੍ਰਚਾਰ ਮੁਹਿੰਮ ਦੇ ਹਿੱਸੇ ਵਜੋਂ ਲਾਇਆ ਗਿਆ ਸੀ। ਉਨ੍ਹਾ ਦੱਸਿਆ ਕਿ ਇਸ ਪੰਜ ਦਿਨਾਂ ਕੈਂਪ ਦੌਰਾਨ ਬਹੁਤ ਸਾਰੇ ਬੱਚਿਆਂ ਤੇ ਨੌਜਵਾਨਾਂ ਨੇ ਦਸਤਾਰਾਂ ਬੰਨ੍ਹਣ ਦੀ ਸਿਖਲਾਈ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਅੰਮ੍ਰਿਤਪਾਲ ਸਿੰਘ ਤੇ ਗੁਰਸੇਵਕ ਸਿੰਘ ਨੇ ਦਸਤਾਰ ਸਿਖਲਾਈ ਇੰਸਟਰਕਟਰਾਂ ਵਜੋਂ ਵੀ ਸੇਵਾ ਨਿਭਾਈ। ਭਾਈ ਬਿੰਦਰ ਸਿੰਘ ਖਾਲਸਾ ਤੇ ਭਾਈ ਗੁਰਮੀਤ ਸਿੰਘ ਖਾਲਸਾ ਦਾ ਕਹਿਣਾ ਸੀ ਕਿ ਅਗਲਾ ਕੈਂਪ 23 ਤੋਂ 26 ਜਨਵਰੀ ਤੱਕ ਬਠਿੰਡਾ ਜ਼ਿਲ੍ਹੇ ਦੇ ਕਮਾਲੂ ਸਵੈਚ ਪਿੰਡ ਵਿੱਚ ਲਾਇਆ ਜਾਵੇਗਾ।

## ਜਾਗਦੇ ਰਹੋ ਕਲੱਬ ਨੇ ਲਾਇਆ ਖ਼ੂਨਦਾਨ ਕੈਂਪ

### ਅਨਮੋਲ ਜ਼ਿੰਦਗੀਆਂ ਲਈ ਖ਼ੂਨ ਦਾਨ ਕਰਨਾ ਬਹੁਤ ਜ਼ਰੂਰੀ : ਦੀਦਾਰ ਸਿੰਘ



**ਸਨੌਰ/ਪਟਿਆਲਾ (ਰਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਯੂਥ ਕਲੱਬ ਪਿੰਡ ਬਿਸ਼ਨਗੜ੍ਹ ਸੰਬੰਧਤ ਨਹਿਰੂ ਯੁਵਾ ਕੇਂਦਰ ਪਟਿਆਲਾ ਨੇ ਭਾਰਤ ਗੈਸ ਏਜੰਸੀ ਸਨੌਰ ਵਿਖੇ ਖੂਨਦਾਨ ਕੈਂਪ ਲਾਇਆ।ਖੂਨਦਾਨ ਕੈਂਪ ਦਾ ਰਸਮੀ ਉਦਘਾਟਨ ਭੋਲਾ ਸਿੰਘ ਸਨੌਰ ਨੇ ਖੂਨ ਦਾਨ ਕਰਕੇ ਕੀਤਾ।ਖੂਨਦਾਨ ਕੈਂਪ ਵਿੱਚ ਜਗਦੀਸ਼ ਕੁਮਾਰ, ਮਨਦੀਪ ਸਿੰਘ, ਦਿਲਪ੍ਰੀਤ ਸਿੰਘ, ਗੁਰਦੀਪ ਸਿੰਘ, ਚੇਨ ਸਿੰਘ, ਆਕਾਸ਼ਦੀਪ ਸਿੰਘ, ਸ਼ਿਵ ਕੁਮਾਰ, ਨਰਿੰਦਰ ਸਿੰਘ, ਸੁਖਵਿੰਦਰ ਸਿੰਘ, ਸ਼ਮਿੰਦਰ ਸਿੰਘ, ਜਸਵਿੰਦਰ ਸਿੰਘ, ਦਵਿੰਦਰਪਾਲ ਸਿੰਘ ਤੇ ਰਾਜਵੀਰ ਸਿੰਘ ਸਮੇਤ 21 ਖੂਨਦਾਨੀਆਂ ਨੇ ਖੂਨ ਦਾਨ ਕੀਤਾ।ਇਸ ਮੌਕੇ ਕਲੱਬ ਦੇ ਜਨਰਲ ਸਕੱਤਰ ਦੀਦਾਰ ਸਿੰਘ ਬੋਸਰ ਨੇ ਕਿਹਾ ਕਿ ਅਨਮੋਲ ਜ਼ਿੰਦਗੀਆਂ ਬਚਾਉਣ ਲਈ ਖੂਨ ਦਾਨ ਕਰਨਾ ਬਹੁਤ ਜ਼ਰੂਰੀ ਹੈ।ਖੂਨਦਾਨ ਮਹਾਂਦਾਨ ਹੈ, ਕੋਈ ਵੀ ਖੂਨਦਾਨੀ ਹਰ ਤਿੰਨ ਮਹੀਨੇ ਬਾਅਦ ਖੂਨਦਾਨ ਕਰ ਸਕਦਾ ਹੈ।ਚਾਚਾ ਜਗਰਾਜ ਸਿੰਘ ਚਹਿਲ ਵੱਲੋਂ ਸਮੂਹ ਖੂਨਦਾਨੀਆਂ ਨੂੰ ਸਰਟੀਫਿਕੇਟ ਦੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲੱਬ ਪ੍ਰਧਾਨ ਅਮਰਜੀਤ ਸਿੰਘ ਜਾਗਦੇ ਰਹੋ, ਦੀਦਾਰ ਸਿੰਘ ਬੋਸਰ, ਸੰਜੀਵ ਕੁਮਾਰ ਸਨੌਰ, ਬਿੰਦਰ ਸਿੰਘ ਭਾਰਤ ਗੈਸ, ਤੇਜਿੰਦਰ ਸਿੰਘ ਮੰਡੌਰ, ਹਰਕ੍ਰਿਸ਼ਨ ਸਿੰਘ ਸੁਰਜੀਤ, ਰਣਜੀਤ ਸਿੰਘ ਬੋਸਰ, ਚਾਚਾ ਜਗਰਾਜ ਸਿੰਘ ਚਹਿਲ, ਵਿਸ਼ਾਲ ਕੁਮਾਰ ਸ਼ਿਵ ਸੈਨਾ ਪੰਜਾਬ ਤੇ ਸੰਜੂ ਭਾਰਤ ਗੈਸ ਆਦਿ ਹਾਜ਼ਰ ਸੀ।

## ਐੱਨ ਸੀ ਸੀ ਵਿਭਾਗ ਨੇ ਲਾਇਆ ਸੈਮੀਨਾਰ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਅਜੋਕੇ ਸਮੇਂ 'ਚ ਜਿੱਥੇ ਬੱਚਿਆਂ ਨੂੰ ਸਿੱਖਿਆ ਦੇਣੀ ਲਾਜ਼ਮੀ ਹੈ, ਉੱਥੇ ਉਨ੍ਹਾਂ ਨੂੰ ਆਪਣਾ ਜੀਵਨ ਸੁਰੱਖਿਅਤ ਤੇ ਅਨੁਸ਼ਾਸਤ ਬਣਾਉਣਾ ਬਹੁਤ ਜ਼ਰੂਰੀ ਹੋ ਚੁੱਕਾ ਹੈ, ਜਿਸ ਤਹਿਤ ਸਕੂਲ ਆਫ਼ ਐਮੀਨਸ ਵਿਖੇ ਐੱਨਸੀਸੀ ਵਿਭਾਗ ਵੱਲੋਂ ਸੈਮੀਨਾਰ ਦਾ ਆਯੋਜਨ ਕੀਤਾ ਗਿਆ।ਇੰਚਾਰਜ ਅਮਨਪ੍ਰੀਤ ਤਲਵਾੜ ਨੇ ਦੱਸਿਆ ਕਿ ਸੈਮੀਨਾਰ ਵਿਚ ਧਰਮਿੰਦਰ ਸਿੰਘ ਐੱਸਐੱਮ ਵਿਸ਼ੇਸ਼ ਤੌਰ 'ਤੇ ਪੁੱਜੇ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਦੱਸਿਆ ਗਿਆ ਕਿ ਐੱਨਸੀਸੀ ਰੱਖਣ ਨਾਲ ਇਕੱਲੇ ਫੌਜ ਹੀ ਨਹੀਂ, ਸਾਨੂੰ ਜੀਵਨ ਜਾਂਚ ਵੀ ਆਉਂਦੀ ਹੈ।ਅਸੀਂ ਆਪਣੀ ਜ਼ਿੰਦਗੀ ਨੂੰ ਅਨੁਸ਼ਾਸ਼ਨ, ਡਿਊਟੀ, ਸਮਰਪਣ ਦੀ ਭਾਵਨਾ ਨਾਲ ਜਿਉਣਾ ਸਿੱਖ ਜਾਂਦੇ ਹਾਂ।ਉਨ੍ਹਾਂ ਕਿਹਾ ਕਿ ਅੱਜ ਸਾਨੂੰ ਆਪਣੀ ਰੱਖਿਆ ਖੁਦ ਕਰਨੀ ਜ਼ਰੂਰੀ ਹੋ ਗਈ ਹੈ।ਐੱਨਸੀਸੀ ਰਾਹੀਂ ਅਸੀਂ ਫੌਜ ਤੋਂ ਇਲਾਵਾ ਹੋਰਨਾਂ ਜਗ੍ਹਾ 'ਤੇ ਵੀ ਕਿਸਮਤ ਅਜ਼ਮਾ ਸਕਦੇ ਹਾਂ।ਇਸ ਮੌਕੇ ਪੁੱਜੇ ਐੱਨਸੀਸੀ ਅਫ਼ਸਰ ਇੰਦਰਪਾਲ ਸਿੰਘ ਨੇ ਵੀ ਸੰਬੋਧਨ ਕੀਤਾ।ਉਨ੍ਹਾਂ ਦੱਸਿਆ ਕਿ ਤੁਸੀਂ ਕਿਵੇਂ ਐੱਨਸੀਸੀ ਰੱਖ ਕੇ ਹਰ ਖੇਤਰ 'ਚ ਅੱਗੇ ਵਧ ਸਕਦੇ ਹਾਂ।ਉਨ੍ਹਾਂ ਨੇ ਕਿਹਾ ਕਿ ਤੁਸੀਂ ਤੇ ਆਪਣੇ ਸਾਥੀਆਂ ਨੂੰ ਵੱਧ ਤੋਂ ਵੱਧ ਐੱਨਸੀਸੀ ਨਾਲ ਜੋੜੋ ਤਾਂ ਜੋ ਅਸੀਂ ਆਪਣੇ ਦੇਸ਼ ਨੂੰ ਮਜ਼ਬੂਤ ਬਣਾ ਸਕੀਏ।ਪ੍ਰਿੰਸੀਪਲ ਰਾਜੇਸ਼ ਮਹਿਤਾ ਨੇ ਆਏ ਮਹਿਮਾਨਾਂ ਦਾ ਜਿੱਥੇ ਧੰਨਵਾਦ ਕੀਤਾ, ਉੱਥੇ ਐੱਨਸੀਸੀ ਵਿਭਾਗ ਦੀ ਤਾਰੀਫ਼ ਕਰਦਿਆਂ ਕਿਹਾ ਕਿ ਸਾਡੇ ਯੂਥ ਨੂੰ ਨਰੋਇਆ ਬਣਾਉਣ ਵਿਚ ਵਿਭਾਗ ਅਹਿਮ ਰੋਲ ਅਦਾ ਕਰ ਰਿਹਾ ਹੈ।

## ਬਾਲ ਵਿਆਹ ਰੋਕਣ ਲਈ ਮਾਨਸਾ ਤੇ ਦਿਆਲਪੁਰਾ 'ਚ ਜਾਗਰੂਕਤਾ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਡਿਪਟੀ ਕਮਿਸ਼ਨਰ ਸ਼੍ਰੀਮਤੀ ਨਵਜੋਤ ਕੌਰ ਆਈ.ਏ.ਐੱਸ ਦੇ ਦਿਸ਼ਾ-ਨਿਰਦੇਸ਼ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼੍ਰੀਮਤੀ ਖੁਸ਼ਵੀਰ ਕੌਰ ਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਹਰਜਿੰਦਰ ਕੌਰ ਦੀ ਅਗਵਾਈ ਹੇਠ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਬਾਲ ਵਿਆਹ ਦੀ ਰੋਕਥਾਮ ਲਈ ਮਾਨਸਾ ਤੇ ਦਿਆਲਪੁਰਾ ਵਿਖੇ ਵਿਸ਼ੇਸ਼ ਜਾਗਰੂਕਤਾ ਕੈਂਪ ਲਾਇਆ ਗਿਆ।ਇਸ ਮੁਹਿੰਮ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਦੇ ਕਾਊਂਸਲਰ ਰਜਿੰਦਰ ਵਰਮਾ ਨੇ ਆਂਗਣਵਾੜੀ ਵਰਕਰਾਂ ਤੇ ਵਿਦਿਆਰਥੀਆਂ ਨੂੰ ਨੂੰ ਦੱਸਿਆ ਕਿ ਬਾਲ ਵਿਆਹ ਨਾ ਸਿਰਫ਼ ਕਾਨੂੰਨੀ ਅਪਰਾਧ ਹੈ, ਸਗੋਂ ਇਹ ਬੱਚਿਆਂ ਦੇ ਸਰੀਰਕ, ਮਾਨਸਿਕ ਤੇ ਸਿੱਖਿਆਕ ਵਿਕਾਸ ਵਿੱਚ ਵੱਡੀ ਰੁਕਾਵਟ ਬਣਦਾ ਹੈ।ਕਾਨੂੰਨ ਅਨੁਸਾਰ ਲੜਕੇ ਦੀ ਉਮਰ 21 ਸਾਲ ਅਤੇ ਲੜਕੀ ਦੀ ਉਮਰ 18 ਸਾਲ ਤੋਂ ਘੱਟ ਹੋਣ 'ਤੇ ਵਿਆਹ ਕਰਾਉਣਾ ਜੁਰਮ ਹੈ। ਵਿਦਿਆਰਥੀਆਂ ਅਤੇ ਮਾਪਿਆਂ ਨੂੰ ਬੱਚਿਆਂ ਦੇ ਅਧਿਕਾਰਾਂ ਬਾਰੇ ਜਾਗਰੂਕ ਕਰਦਿਆਂ ਅਪੀਲ ਕੀਤੀ ਗਈ ਕਿ ਬਾਲ ਵਿਆਹ ਵਰਗੀ ਕੁਰੀਤੀ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਮਾਜ ਇਕਜੁਟ ਹੋਵੇ। ਨਾਲ ਹੀ ਇਹ ਵੀ ਕਿਹਾ ਗਿਆ ਕਿ ਜੇ ਕਿਤੇ ਵੀ ਬਾਲ ਵਿਆਹ ਹੋਣ ਦੀ ਜਾਣਕਾਰੀ ਮਿਲੇ ਤਾਂ ਤੁਰੰਤ ਚਾਈਲਡ ਹੈਲਪਲਾਈਨ 1098 ਜਾਂ ਨਜ਼ਦੀਕੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸੰਪਰਕ ਕੀਤਾ ਜਾਵੇ।

## ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ ਹਰੀ ਝੰਡੀ ਦੇ ਕੇ ਰਵਾਨਾ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਹੇਠ 'ਪਿੰਡਾਂ ਦੇ ਪਹਿਰੇਦਾਰ' ਦੇ ਦੂਜੇ ਪੜਾਅ ਨੂੰ ਲਾਗੂ ਕਰਨ ਲਈ ਵਿਧਾਇਕ ਸਰਵਜੀਤ ਕੌਰ ਮਾਣੂੰਕੇ ਤੇ ਐਲਆਰ ਡੀਏਵੀ ਕਾਲਜ, ਪ੍ਰਿੰਸੀਪਲ ਡਾ. ਅਨੁਜ ਕੁਮਾਰ ਸ਼ਰਮਾ ਦੀ ਅਗਵਾਈ ਹੇਠ ਐਲਆਰਡੀਏਵੀ ਕਾਲਜ ਦੀਆਂ ਐਨਸੀਸੀ, ਐਨਐਸਐਸ ਯੂਨਿਟਾਂ ਤੇ ਵਿਦਿਆਰਥੀ ਪ੍ਰੀਸ਼ਦ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਰੈਲੀ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਹਿੱਸਾ ਲਿਆ।ਸਕੂਲਾਂ ਦੇ ਵੱਡੀ ਗਿਣਤੀ ਵਿਦਿਆਰਥੀ ਕਾਲਜ ਵਿਖੇ ਇਕੱਠੇ ਹੋਏ, ਜਿੱਥੇ ਕਾਲਜ ਪ੍ਰਿੰਸੀਪਲ ਤੇ ਸ਼ਹਿਰ ਦੇ ਪਤਵੰਤਿਆਂ ਨੇ ਰੈਲੀ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਹ ਰੈਲੀ ਜੋ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚੋਂ ਲੰਘਦੀ ਹੋਈ ਨਗਰ ਨਿਗਮ ਦਫ਼ਤਰ ਪਹੁੰਚੀ, ਨਸ਼ਾ ਵਿਰੋਧੀ ਨਾਅਰੇ ਲਾਉਂਦੀ ਹੋਈ, ਨਸ਼ਿਆਂ ਵਿਰੁੱਧ ਬੈਨਰ ਫੜੀ, ਵਿਧਾਇਕ ਸਰਵਜੀਤ ਕੌਰ ਮਾਣੂੰਕੇ ਰੈਲੀ ਵਿੱਚ ਸ਼ਾਮਲ ਹੋਈ ਤੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਨੂੰ ਪ੍ਰਭਾਵਤ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਨੌਜਵਾਨਾਂ ਦਾ ਅੱਗੇ ਆਉਣਾ ਹੈ।ਉਸ ਨੇ ਇਕੱਠੇ ਹੋਏ ਸਾਰੇ ਸਕੂਲਾਂ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੀ ਪਹਿਲਕਦਮੀ ਲਈ ਧੰਨਵਾਦ ਕੀਤਾ ਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਵਿਦਿਅਕ ਸੰਸਥਾਵਾਂ ਸਾਡੇ ਸਮਾਜ ਵਿੱਚੋਂ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦੀਆਂ ਹਨ।ਉਸ ਨੇ ਕਾਲਜ ਪ੍ਰਿੰਸੀਪਲ, ਡਾ. ਅਨੁਜ ਸ਼ਰਮਾ ਦਾ ਵੀ ਧੰਨਵਾਦ ਕੀਤਾ ਕਿ ਉਹ ਨਾ ਸਿਰਫ਼ ਉਨ੍ਹਾਂ ਦੇ ਕਾਲਜ ਨੂੰ ਅਜਿਹੀਆਂ ਜਾਗਰੂਕਤਾ ਮੁਹਿੰਮਾਂ 'ਚ ਸ਼ਾਮਲ ਕਰਦੇ ਹਨ, ਸਗੋਂ ਆਪਣਾ ਸਮਾਂ ਤੇ ਮਿਹਨਤ ਵੱਧ ਤੋਂ ਵੱਧ ਯੋਗਦਾਨ ਪਾਉਂਦੇ ਹਨ।

## ਬਜ਼ੁਰਗ ਨੇ ਨਹਿਰ 'ਚ ਛਾਲ ਮਾਰ ਕੇ ਕੀਤੀ ਆਤਮ-ਹੱਤਿਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਰਣਜੀਤਨਗਰ ਦੇ ਵਾਸੀ ਬਜ਼ੁਰਗ ਮਹਿਬੂਬ ਸਿੰਘ (74) ਨੇ ਨਹਿਰ ਵਿਚ ਛਾਲ ਮਾਰ ਕੇ ਆਤਮ-ਹੱਤਿਆ ਕਰ ਲਈ।

ਪਰਵਾਰਕ ਮੈਂਬਰਾਂ ਵਲੋਂ ਮਾਛੀਵਾੜਾ ਪੁਲਸ ਥਾਣਾ 'ਚ 15 ਜਨਵਰੀ ਨੂੰ ਮਹਿਬੂਬ ਸਿੰਘ ਦੀ ਗੁੰਮਸ਼ੁਦਗੀ ਸਬੰਧੀ ਰਿਪੋਰਟ ਦਰਜ ਕਰਵਾਈ ਸੀ। ਅੱਜ ਮਹਿਬੂਬ ਸਿੰਘ ਦੀ ਲਾਸ਼ ਪਿੰਡ ਕੁੱਬੇ ਨੇੜੇ ਸਰਹਿੰਦ ਨਹਿਰ ਵਿਚ ਤੈਰਦੀ ਮਿਲੀ। ਪਰਵਾਰਕ ਮੈਂਬਰਾਂ ਅਨੁਸਾਰ ਮਹਿਬੂਬ ਸਿੰਘ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ ਜੋ ਘਰੋਂ ਦਵਾਈ ਲੈਣ ਗਿਆ ਪਰ ਵਾਪਸ ਨਾ ਪਰਤਿਆ। ਮਹਿਬੂਬ ਸਿੰਘ ਵਲੋਂ ਗੜ੍ਹੀ ਪੁਲ ਤੋਂ ਨਹਿਰ ਵਿਚ ਛਾਲ ਮਾਰੀ ਗਈ ਅਤੇ ਅੱਜ ਉਸ ਦੀ ਲਾਸ਼ ਬਰਾਮਦ ਹੋ ਗਈ। ਪੁਲਸ ਵਲੋਂ ਮਹਿਬੂਬ ਸਿੰਘ ਦੀ ਲਾਸ਼ ਨੂੰ ਪੋਸਟ ਮਾਰਟਮ ਲਈ ਕਬਜ਼ੇ ਵਿਚ ਲੈ ਲਿਆ ਅਤੇ ਪਰਵਾਰਕ ਮੈਂਬਰਾਂ ਦੇ ਬਿਆਨ ਦਰਜ ਕਰ ਅਗਲੇਰੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਪੁਰਾਣੇ ਅਧਿਆਪਕਾਂ 'ਤੇ ਟੀ ਈ ਟੀ ਦੀ ਸ਼ਰਤ ਲਾਉਣਾ ਗ਼ੈਰ ਵਾਜਿਬ : ਡੀ ਟੀ ਐੱਫ਼



**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਪਿਛਲੇ ਸਾਲ 2025 ਦੌਰਾਨ ਸਤੰਬਰ ਮਹੀਨੇ ਸਰਵ ਉੱਚ ਅਦਾਲਤ ਦੇ ਤਰੱਕੀ ਲਈ ਟੀ. ਈ. ਟੀ. ਜ਼ਰੂਰੀ ਬਾਰੇ ਆਏ ਫੈਸਲੇ ਨੇ ਪਹਿਲਾਂ ਤੋਂ ਨੌਕਰੀ ਕਰ ਰਹੇ ਅਧਿਆਪਕਾਂ ਨੂੰ ਨਵੀਂ ਪ੍ਰੇਸ਼ਾਨੀ ਵਿੱਚ ਪਾ ਦਿੱਤਾ ਹੈ।ਇਸ ਫੈਸਲੇ ਦੇ ਅਧਾਰ 'ਤੇ ਲੰਬੇ ਸਮੇਂ ਤੋਂ ਲਟਕੀਆਂ ਹੋਈਆਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਹੋਣ ਵਾਲੀਆਂ ਤਰੱਕੀਆਂ 'ਤੇ ਰੋਕ ਲੱਗ ਗਈ ਹੈ। ਅਧਿਆਪਕਾਂ ਦੀ ਪ੍ਰਤੀਨਿੱਧ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਬਠਿੰਡਾ ਜ਼ਿਲ੍ਹੇ ਦੇ ਪ੍ਰਧਾਨ ਬਲਜਿੰਦਰ ਸਿੰਘ ਤੇ ਸਕੱਤਰ ਜਸਵਿੰਦਰ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਿੱਖਿਆ ਦਾ ਅਧਿਕਾਰ ਐਕਟ-2009 ਦੇ ਆਧਾਰ ਤੇ 23 ਅਗਸਤ 2010 ਤੋਂ ਬਾਅਦ ਭਰਤੀ ਹੋਣ ਵਾਲੇ ਪਹਿਲੀ ਤੋਂ ਪੰਜਵੀਂ ਜਮਾਤ ਦੇ ਅਧਿਆਪਕਾਂ ਲਈ ਟੀ ਈ ਟੀ-1 ਤੇ ਛੇਵੀਂ ਤੋਂ ਅੱਠਵੀਂ ਦੇ ਅਧਿਆਪਕਾਂ ਲਈ ਟੀ ਈ ਟੀ-2 ਦਾ ਟੈਸਟ ਪਾਸ ਕਰਨਾ ਲਾਜ਼ਮੀ ਕਰ ਦਿੱਤਾ ਸੀ, ਪਰ ਪਿਛਲੇ ਸਾਲ ਸਤੰਬਰ ਮਹੀਨੇ ਸੁਪਰੀਮ ਕੋਰਟ ਨੇ ਇੱਕ ਫੈਸਲੇ ਵਿੱਚ 23 ਅਗਸਤ 2010 ਤੋਂ ਪਹਿਲਾਂ ਨੌਕਰੀ ਵਿੱਚ ਆਏ ਅਧਿਆਪਕਾਂ ਨੂੰ ਵੀ 2 ਸਾਲ ਦੇ ਅੰਦਰ ਅੰਦਰ ਟੀ.ਈ. ਟੀ. ਟੈਸਟ ਪਾਸ ਕਰਨ ਦੀ ਸ਼ਰਤ ਲਗਾ ਦਿੱਤੀ ਹੈ ਤੇ ਤਰੱਕੀ ਲੈਣ ਲਈ ਵੀ ਟੀ. ਈ. ਟੀ. ਦੀ ਸ਼ਰਤ ਰੱਖ ਦਿੱਤੀ ਹੈ, ਜਿਸ ਕਾਰਨ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਹੋਣ ਵਾਲੀਆਂ ਲਗਭਗ 5000 ਅਧਿਆਪਕਾਂ ਦੀਆਂ ਤਰੱਕੀਆਂ ਰੁਕ ਗਈਆਂ ਹਨ। ਜਥੇਬੰਦੀ ਦੇ ਮੀਤ ਪ੍ਰਧਾਨ ਵਿਕਾਸ ਗਰਗ ਸੰਯੁਕਤ ਸਕੱਤਰ ਕੁਲਵਿੰਦਰ ਸਿੰਘ, ਵਿੱਤ ਸਕੱਤਰ ਅਨਿਲ ਭੱਟ, ਪ੍ਰੈੱਸ ਸਕੱਤਰ ਗੁਰਪ੍ਰੀਤ ਸਿੰਘ ਖੇਮੂਆਣਾ ਨੇ ਕਿਹਾ ਸਿੱਖਿਆ ਵਿਭਾਗ ਵਿੱਚ ਭਰਤੀ ਹੋਏ ਸਾਰੇ ਅਧਿਆਪਕ ਆਪਣੇ ਆਪਣੇ ਸਮੇਂ 'ਤੇ ਭਰਤੀ ਹੋਣ ਲਈ ਤੈਅ ਹੋਏ ਨਿਯਮਾਂ ਤੇ ਸ਼ਰਤਾਂ ਨੂੰ ਪੂਰੀਆਂ ਕਰ ਕੇ ਨੌਕਰੀ ਵਿੱਚ ਆਏ ਹਨ। ਉਨ੍ਹਾਂ ਉੱਪਰ ਬਾਅਦ ਵਿੱਚ ਲਾਗੂ ਹੋਈਆਂ ਸ਼ਰਤਾਂ ਮੜ੍ਹਨਾ ਸਰਾਸਰ ਧੱਕਾ ਹੈ। ਇਸ ਤੋਂ ਵੀ ਅੱਗੇ 2018 ਵਿੱਚ ਤਰੱਕੀਆਂ ਤੋਂ ਵਾਂਝੇ ਰਹਿ ਗਏ ਬੈਕਲਾਗ ਵਾਲੇ ਅਧਿਆਪਕਾਂ ਨੂੰ 7 ਸਾਲਾਂ ਬਾਅਦ ਤਰੱਕੀ ਦੇ ਆਰਡਰ ਦੇਣ ਤੇ ਨੈਸ਼ਨਲ ਜੁਆਨਿੰਗ ਕਰਵਾਉਣ ਦੇ ਬਾਵਜੂਦ ਸਟੇਸ਼ਨ ਅਲਾਟ ਨਹੀਂ ਕੀਤੇ ਗਏ।ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਸੁਪਰੀਮ ਕੋਰਟ ਵਿੱਚ ਪੁਨਰ ਵਿਚਾਰ ਯਾਚਿਕਾ ਦਾਖਲ ਕਰਨ ਜਾਂ ਸੰਸਦ ਵਿੱਚ ਆਰਡੀਨੈਂਸ ਲਿਆ ਕੇ ਨੌਕਰੀ ਕਰ ਰਹੇ ਅਧਿਆਪਕਾਂ ਤੇ ਤਰੱਕੀਆਂ ਲਈ ਟੀ. ਈ. ਟੀ. ਤੋਂ ਛੋਟ ਦਿਵਾਉਣ ਅਤੇ ਪੈਂਡਿੰਗ ਪਈਆਂ ਤਰੱਕੀਆਂ ਨੂੰ ਤੁਰੰਤ ਨੇਪਰੇ ਚਾੜ੍ਹਨ।

# ਅਖਿਲ ਭਾਰਤੀ ਤਰੁਣ ਸੰਗਮ ਕਲੱਬ ਦੀ ਚੋਣ

### ਵਿਸ਼ਾਲ ਜੈਨ ਮੁੜ ਪ੍ਰਧਾਨ ਤੇ ਦਿਨੇਸ਼ ਸਿੰਗਲਾ ਚੇਅਰਮੈਨ ਚੁਣੇ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-'ਅਖਿਲ ਭਾਰਤੀ ਤਰੁਣ ਸੰਗਮ ਕਲੱਬ (ਰਜਿ.)' ਦੀ ਸਾਲਾਨਾ ਚੋਣ ਮੀਟਿੰਗ ਮਲਕੀਅਤ ਸਿੰਘ ਚਾਂਗਲੀ ਦੀ ਅਗਵਾਈ ਹੇਠ ਸੰਪੰਨ ਹੋਈ।ਮੀਟਿੰਗ ਦੀ ਸ਼ੁਰੂਆਤ ਵਿੱਚ ਖ਼ਜ਼ਾਨਚੀ ਪਵਨ ਸਿੰਗਲਾ ਵੱਲੋਂ ਕਲੱਬ ਦੇ ਬੀਤੇ ਵਰ੍ਹੇ ਦਾ ਮੁਕੰਮਲ ਲੇਖਾ-ਜੋਖਾ ਪੇਸ਼ ਕੀਤਾ ਗਿਆ, ਜਿਸ ਨੂੰ ਹਾਜ਼ਰ ਮੈਂਬਰਾਂ ਨੇ ਸਰਬਸੰਮਤੀ ਨਾਲ ਪ੍ਰਵਾਨਗੀ ਦਿੱਤੀ।ਇਸ ਉਪਰੰਤ ਪੁਰਾਣੀ ਕਾਰਜਕਾਰਨੀ ਨੂੰ ਭੰਗ ਕਰਦਿਆਂ ਨਵੀਂ ਟੀਮ ਦੀ ਚੋਣ ਪ੍ਰਕਿਰਿਆ ਸ਼ੁਰੂ ਕੀਤੀ ਗਈ।ਚੋਣ ਦੌਰਾਨ ਕਲੱਬ ਦੇ ਸਮੂਹ ਮੈਂਬਰਾਂ ਨੇ ਇਕਜੁੱਟਤਾ ਦਿਖਾਉਂਦਿਆਂ ਸਰਬਸੰਮਤੀ ਨਾਲ ਦਿਨੇਸ਼ ਕੁਮਾਰ ਸਿੰਗਲਾ ਨੂੰ ਚੇਅਰਮੈਨ ਤੇ ਵਿਸ਼ਾਲ ਜੈਨ ਨੂੰ ਪ੍ਰਧਾਨ ਵਜੋਂ ਮੁੜ ਸੇਵਾਵਾਂ ਨਿਭਾਉਣ ਦੀ ਜ਼ਿੰਮੇਵਾਰੀ ਸੌਂਪੀ।ਇਸ ਦੇ ਨਾਲ ਹੀ ਮਲਕੀਤ ਸਿੰਘ ਚਾਂਗਲੀ ਤੇ ਸੁਰੇਸ਼ ਬਾਂਸਲ ਨੂੰ ਸੰਸਥਾ ਦੇ ਸਰਪ੍ਰਸਤ ਵਜੋਂ ਚੁਣਿਆ ਗਿਆ।



ਹੋਰਨਾਂ ਅਹੁਦੇਦਾਰਾਂ ਵਿੱਚ ਸੁਰੇਸ਼ ਕੁਮਾਰ ਸਿੰਗਲਾ ਨੂੰ ਸੀਨੀਅਰ ਮੀਤ ਪ੍ਰਧਾਨ, ਵਿਪਨ ਅਰੋੜਾ ਨੂੰ ਮੀਤ ਪ੍ਰਧਾਨ ਤੇ ਸੇਵਾਮੁਕਤ ਡਿਪਟੀ ਡਾਇਰੈਕਟਰ (ਲੋਕ ਸੰਪਰਕ ਵਿਭਾਗ) ਮਨਜੀਤ ਸਿੰਘ ਬਖਸ਼ੀ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ।ਇਸੇ ਤਰ੍ਹਾਂ ਵਿਜੇ ਜੈਨ ਨੂੰ ਸਕੱਤਰ ਅਤੇ ਪਵਨ ਸਿੰਗਲਾ ਨੂੰ ਮੁੜ ਖ਼ਜ਼ਾਨਚੀ ਦੀ ਅਹਿਮ ਜ਼ਿੰਮੇਵਾਰੀ ਸੌਂਪੀ ਗਈ। ਵਿਵੇਕ ਗੁਪਤਾ ਇਸ ਸਾਲ ਵੀ ਪ੍ਰੋਜੈਕਟ ਚੇਅਰਮੈਨ ਵਜੋਂ ਸਮਾਜ ਭਲਾਈ ਦੇ ਕਾਰਜਾਂ ਦੀ ਦੇਖ-ਰੇਖ ਕਰਨਗੇ।ਕਲੱਬ ਦੀ ਕਾਰਜਕਾਰਨੀ ਵਿੱਚ ਸੁਸ਼ੀਲ ਪਾਠਕ, ਤਰਸੇਮ ਮਿੱਤਲ, ਰਾਜਿੰਦਰ ਨਿੱਕਾ, ਜੈ ਗੋਪਾਲ, ਮਨਮੋਹਨ ਵਰਮਾ, ਪ੍ਰਮੋਦ ਸ਼ਰਮਾ, ਅਮਿਤ ਗਰਗ, ਰਾਜਕੁਮਾਰ ਗੋਇਲ, ਪੁਰਸ਼ੋਤਮ ਗੋਇਲ, ਧਨਪਤ ਰਾਏ ਤੇ ਅਮਨਪ੍ਰੀਤ ਨੂੰ ਬਤੌਰ ਮੈਂਬਰ ਸ਼ਾਮਲ ਕੀਤਾ ਗਿਆ ਹੈ।

ਚੁਣੇ ਗਏ ਅਹੁਦੇਦਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਪਹਿਲਾਂ ਵਾਂਗ ਹੀ ਪੂਰੀ ਤਨਦੇਹੀ ਤੇ ਮੈਂਬਰਾਂ ਦੇ ਸਹਿਯੋਗ ਨਾਲ ਲੋਕ ਭਲਾਈ ਦੇ ਕੰਮਾਂ ਨੂੰ ਜਾਰੀ ਰੱਖਣਗੇ। ਅੰਤ 'ਚ ਮਨਜੀਤ ਸਿੰਘ ਬਖਸ਼ੀ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ।

## ਜਾਨੋਂ ਮਾਰਨ ਦੀਆਂ ਧਮਕੀਆਂ ਦੇਣ 'ਤੇ ਨੌਜਵਾਨ ਖਿਲਾਫ਼ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵਲੋਂ ਵਿਦੇਸ਼ ਗਈ ਮੰਗੇਤਰ ਨੂੰ ਬਲੈਕਮੇਲ ਕਰ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਕਥਿਤ ਦੋਸ਼ ਹੇਠ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਪਰਵਿੰਦਰ ਸਿੰਘ ਵਾਸੀ ਮਾਛੀਵਾੜਾ ਹਾਲ ਵਾਸੀ ਚੰਡੀਗੜ੍ਹ ਵਜੋਂ ਹੋਈ ਹੈ। ਹਰਦੀਪ ਸਿੰਘ ਨੇ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਇੱਕ ਸ਼ਿਕਾਇਤ ਦਰਜ ਕਰਵਾਈ ਕਿ ਉਸ ਦੀ ਲੜਕੀ ਚਰਨਪ੍ਰੀਤ ਕੌਰ 2 ਸਾਲ ਤੋਂ ਵਿਦੇਸ਼ ਯੂਕੇ ਗਈ ਹੋਈ ਹੈ ਅਤੇ ਆਪਣੀ ਪੜ੍ਹਾਈ ਪੂਰੀ ਕਰ ਰੋਜ਼ਗਾਰ ਕਰ ਰਹੀ ਹੈ।

ਬਿਆਨਕਰਤਾ ਅਨੁਸਾਰ ਉਸ ਦੀ ਲੜਕੀ ਨੂੰ ਪਰਵਿੰਦਰ ਸਿੰਘ ਗਲਤ ਮੈਸੇਜ, ਗਾਲੀ ਗਲੋਚ ਤੇ ਬਲੈਕਮੇਲ ਕਰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਿਹਾ ਹੈ। ਇਹ ਵੀ ਧਮਕੀਆਂ ਦੇ ਰਿਹਾ ਹੈ ਕਿ ਉਸ ਨੂੰ ਉਹ ਯੂਕੇ ਵਿਚ ਹੀ ਖਤਮ ਕਰਵਾ ਦੇਵੇਗਾ। ਸ਼ਿਕਾਇਤਕਰਤਾ ਪਰਵਿੰਦਰ ਸਿੰਘ ਪਹਿਲਾਂ ਮਾਛੀਵਾੜਾ ਵਿਖੇ ਰਹਿੰਦਾ ਸੀ ਅਤੇ ਮੇਰੀ ਲੜਕੀ ਇਸ ਨਾਲ ਵਿਆਹ ਕਰਵਾਉਣ ਲਈ ਮੰਨ ਗਈ ਸੀ ਪ੍ਰੰਤੂ ਜਦੋਂ ਕੁਝ ਸਮੇਂ ਬਾਅਦ ਇਸ ਨੂੰ ਪਤਾ ਲੱਗਾ ਕਿ ਪਰਵਿੰਦਰ ਸਿੰਘ ਨਸ਼ਾ ਤੇ ਸ਼ਰਾਬ ਪੀਣ ਦਾ ਆਦੀ ਹੈ ਤਾਂ ਇਸ ਨੂੰ ਵਿਆਹ ਕਰਵਾਉਣ ਤੋਂ ਜਵਾਬ ਦੇ ਦਿੱਤਾ ਸੀ। ਸ਼ਿਕਾਇਤਕਰਤਾ ਹਰਦੀਪ ਸਿੰਘ ਅਨੁਸਾਰ ਪਰਵਿੰਦਰ ਸਿੰਘ ਹੁਣ ਵੀ ਉਸ ਦੀ ਲੜਕੀ ਚਰਨਪ੍ਰੀਤ ਕੌਰ ਨੂੰ ਯੂ.ਕੇ. ਵਿਚ ਫੋਨ ਕਰਕੇ ਤੰਗ ਪ੍ਰੇਸ਼ਾਨ ਕਰ ਰਿਹਾ ਹੈ ਅਤੇ ਉਸ ਦਾ ਪਿੱਛਾ ਨਹੀਂ ਛੱਡ ਰਿਹਾ ਜਿਸ ਕਾਰਨ ਉਸ ਦੀ ਲੜਕੀ ਮਾਨਸਿਕ ਪ੍ਰੇਸ਼ਾਨ ਹੋ ਕੇ ਕੰਮ ਤੋਂ ਵਿਹਲੀ ਬੈਠੀ ਹੈ। ਇਸ ਲਈ ਮੇਰੀ ਲੜਕੀ ਨੂੰ ਉਕਤ ਵਿਅਕਤੀ ਤੋਂ ਖ਼ਤਰਾ ਹੈ ਜਿਸ ਖਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ। ਪੁਲਸ ਵਲੋਂ ਮਾਮਲੇ ਦੀ ਜਾਂਚ ਉਪਰੰਤ ਪਰਵਿੰਦਰ ਸਿੰਘ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸਹੇਲੀ ਨੂੰ ਬਚਾਉਣ ਗਏ ਤਾਂ ਅੱਗੋਂ ਵਿਅਕਤੀ ਨੇ ਪਿਸਤੌਲਨੁਮਾ ਚੀਜ਼ ਨਾਲ ਮਾਰੀ ਗੋਲੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵਲੋਂ ਬਿਕਰਮਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਪਿਸਤੌਲਾ-ਨੁਮਾ ਚੀਜ਼ ਨਾਲ ਗੋਲੀ ਮਾਰ ਕੇ ਕਾਤਲਾਨਾ ਹਮਲਾ ਕਰਨ ਦੇ ਦੋਸ਼ ਹੇਠ ਇੱਕ ਵਿਅਕਤੀ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਹਿਚਾਣ ਹਰਜਿੰਦਰ ਸਿੰਘ ਵਾਸੀ ਸ਼ਹੀਦ ਭਗਤ ਸਿੰਘ ਨਗਰ ਵਜੋਂ ਹੋਈ ਹੈ। ਮਾਛੀਵਾੜਾ ਪੁਲਸ ਵਲੋਂ ਬਿਕਰਮਜੀਤ ਸਿੰਘ ਨੇ ਬਿਆਨ ਦਰਜ ਕਰਵਾਏ ਕਿ ਉਸ ਦੀ ਮਨਦੀਪ ਕੌਰ ਨਾਲ ਦੋਸਤੀ ਹੈ। ਕੱਲ੍ਹ 11.30 ਵਜੇ ਮਨਦੀਪ ਕੌਰ ਦਾ ਫੋਨ ਆਇਆ ਕਿ ਉਸ ਦੇ ਘਰ ਹਰਜਿੰਦਰ ਸਿੰਘ ਆਇਆ ਹੈ ਜਿਸ ਦੇ ਹੱਥ ਵਿਚ ਪਿਸਤੌਲ-ਨੁਮਾ ਚੀਜ਼ ਫੜੀ ਹੋਈ ਹੈ ਅਤੇ ਮੇਰੇ ਨਾਲ ਗਾਲੀ-ਗਲੋਚ ਕਰ ਰਿਹਾ ਹੈ ਜਿਸ ਕਰਕੇ ਤੂੰ ਜਲਦ ਘਰ ਆ। ਬਿਆਨਕਰਤਾ ਬਿਕਰਮਜੀਤ ਸਿੰਘ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਮਨਦੀਪ ਕੌਰ ਦੇ ਘਰ ਪਹੁੰਚਿਆ ਤਾਂ ਅੱਗੋਂ ਹਰਜਿੰਦਰ ਸਿੰਘ ਖੜ੍ਹਾ ਸੀ ਜਿਸ ਦੇ ਹੱਥ ਵਿਚ ਪਿਸਤੌਲ-ਨੁਮਾ ਚੀਜ਼ ਫੜੀ ਹੋਈ ਸੀ ਅਤੇ ਉਸ ਨੇ ਮਾਰ ਦੇਣ ਦੀ ਨੀਅਤ ਨਾਲ ਉਸ ਉੱਪਰ ਗੋਲੀ ਚਲਾ ਦਿੱਤੀ ਜੋ ਉਸ ਦੇ ਖੱਬੇ ਪੱਟ ਵਿਚ ਜਾ ਵੱਜੀ। ਉਹ ਘਬਰਾ ਕੇ ਜ਼ਮੀਨ 'ਤੇ ਡਿਗ ਗਿਆ ਜਿਸ ਨੇ ਬਚਾਓ ਦਾ ਰੌਲਾ ਪਾਇਆ ਤਾਂ ਗੁਆਂਢੀ ਇਕੱਠੇ ਹੋ ਗਏ ਜਿਨ੍ਹਾਂ ਨੂੰ ਦੇਖ ਕੇ ਹਰਜਿੰਦਰ ਸਿੰਘ ਮੌਕੇ ਤੋਂ ਫ਼ਰਾਰ ਹੋ ਗਿਆ। ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਇਸ ਘਟਨਾ ਦੀ ਵਜ੍ਹਾ ਰੰਜਿਸ਼ ਇਹ ਸਾਹਮਣੇ ਆਈ ਹੈ ਕਿ ਗੋਲੀ ਮਾਰਨ ਵਾਲਾ ਹਰਜਿੰਦਰ ਸਿੰਘ ਜੋ ਕਿ ਮਨਦੀਪ ਕੌਰ ਦਾ ਪੁਰਾਣਾ ਦੋਸਤ ਹੈ ਅਤੇ ਉਸ ਨੇ ਨਵੇਂ ਬਣੇ ਦੋਸਤ ਬਿਕਰਮਜੀਤ ਸਿੰਘ ਨਾਲ ਖ਼ਾਰ ਰੱਖਦਿਆਂ ਘਟਨਾ ਨੂੰ ਅੰਜਾਮ ਦਿੱਤਾ।

# ਵਰਜੀਤ ਵਾਲੀਆ ਨੇ ਡੀ ਸੀ ਵਜੋਂ ਅਹੁਦਾ ਸੰਭਾਲਿਆ

**ਪਟਿਆਲਾ (ਇਕਬਾਲ ਸਿੰਘ ਬੱਲ)**

2018 ਬੈਚ ਦੇ ਨੌਜਵਾਨ ਆਈ ਏ ਐਸ ਅਧਿਕਾਰੀ ਵਰਜੀਤ ਵਾਲੀਆ ਨੇ ਨਵੇਂ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਨੇ ਡਾ. ਪ੍ਰੀਤੀ ਯਾਦਵ ਦੀ ਜਗ੍ਹਾ ਇਹ ਅਹੁਦਾ ਸੰਭਾਲਿਆ ਹੈ, ਜਿਨ੍ਹਾਂ ਦੀ ਬਦਲੀ ਐਮ.ਡੀ. ਮਾਰਕਫੈਡ ਵਜੋਂ ਹੋਈ ਹੈ।ਵਰਜੀਤ ਵਾਲੀਆ ਨੇ ਅਹੁਦਾ ਸੰਭਾਲਣ ਉਪਰੰਤ ਕਿਹਾ ਕਿ ਉਨ੍ਹਾਂ ਦੀ ਤਰਜੀਹ ਰਹੇਗੀ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਜ਼ਿਲ੍ਹੇ 'ਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਸਮਾਂਬੱਧ ਢੰਗ ਨਾਲ ਨੇਪਰੇ ਚੜ੍ਹਾਇਆ ਜਾਵੇ ਤੇ ਪੰਜਾਬ ਸਰਕਾਰ ਦੀਆਂ ਸਾਰੀਆਂ ਫਲੈਗਸ਼ਿਪ ਸਕੀਮਾਂ ਦਾ ਲਾਭ ਲੋਕਾਂ ਲਈ ਹੇਠਲੇ ਪੱਧਰ ਤੱਕ ਪੁੱਜਦਾ ਕੀਤਾ ਜਾਵੇ।ਵਰਜੀਤ ਵਾਲੀਆ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਦੇ ਤਹਿਤ ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਪੰਜਾਬ ਤੇ ਰੰਗਲਾ ਪੰਜਾਬ ਸਿਰਜਣ ਦੇ ਸੁਪਨੇ ਨੂੰ ਸਾਕਾਰ ਕਰਨ ਸਮੇਤ ਸਿਹਤ ਤੇ ਸਿੱਖਿਆ ਖੇਤਰਾਂ 'ਚ ਹੋਰ ਸੁਧਾਰ ਕਰਨਾ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਘਰ-ਘਰ ਤੱਕ ਪੁੱਜਦਾ ਕਰਨਾ ਵੀ ਉਨ੍ਹਾਂ ਦੀਆਂ ਤਰਜੀਹਾਂ 'ਚ ਸ਼ਾਮਲ ਹੈ, ਜਦਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਪਾਰਦਰਸ਼ੀ ਤੇ ਸਮਾਂਬੱਧ ਢੰਗ ਨਾਲ ਪ੍ਰਦਾਨ ਕਰਵਾਉਣ ਲਈ ਵੀ ਉਹ ਉਚੇਚੇ ਯਤਨ ਕਰਨਗੇ।ਜ਼ਿਕਰਯੋਗ ਹੈ ਕਿ 2018 ਬੈਚ ਦੇ ਆਈ ਏ ਐਸ ਅਧਿਕਾਰੀ ਵਰਜੀਤ ਵਾਲੀਆ, ਆਈ.ਆਈ.ਟੀ. ਦਿੱਲੀ ਤੋਂ ਕੈਮੀਕਲ ਇੰਜੀਨੀਅਰਿੰਗ 'ਚ ਗ੍ਰੈਜੂਏਟ ਹਨ।ਇਸ ਤੋਂ ਪਹਿਲਾਂ ਰੂਪਨਗਰ ਵਿਖੇ ਡਿਪਟੀ ਕਮਿਸ਼ਨਰ ਵਜੋਂ ਸੇਵਾਵਾਂ ਨਿਭਾਅ ਰਹੇ ਸਨ। ਇਸ ਤੋਂ ਪਹਿਲਾਂ ਉਹ ਮੁੱਖ ਮੰਤਰੀ ਦੇ ਵਧੀਕ ਪ੍ਰਮੁੱਖ ਸਕੱਤਰ, ਏ.ਡੀ.ਸੀ. ਸੰਗਰੂਰ ਤੇ ਐਸ.ਡੀ.ਐਮ. ਬਰਨਾਲਾ ਵਜੋਂ ਵੀ ਆਪਣੀਆਂ ਸੇਵਾਵਾਂ ਨਿਭਾਅ ਚੁੱਕੇ ਹਨ।ਅਹੁਦਾ ਸੰਭਾਲਣ ਸਮੇਂ ਉਨ੍ਹਾਂ ਦੇ ਨਾਲ ਉਨ੍ਹਾਂ ਦੇ ਸੁਪਤਨੀ ਤੇ ਆਈ.ਆਰ.ਐਸ. ਅਧਿਕਾਰੀ ਤਾਨੀਆ ਬੈਂਸ ਤੇ ਸਪੁੱਤਰ ਵਰਤਾਜ ਵਾਲੀਆ ਵੀ ਮੌਜੂਦ ਸਨ। ਡੀ.ਸੀ. ਵਜੋਂ ਆਪਣਾ ਅਹੁਦਾ ਸੰਭਾਲਣ ਤੋਂ ਉਪਰੰਤ ਵਰਜੀਤ ਵਾਲੀਆ ਨੇ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਤੇ ਮੰਦਰ ਮਾਤਾ ਸ੍ਰੀ ਕਾਲੀ ਦੇਵੀ ਵਿਖੇ ਵੀ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਇਸ ਤੋਂ ਪਹਿਲਾਂ ਨਵੇਂ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੁੱਜਣ 'ਤੇ ਪਟਿਆਲਾ ਪੁਲਸ ਦੀ ਟੁਕੜੀ ਨੇ ਗਾਰਡ ਆਫ਼ ਆਨਰ ਪੇਸ਼ ਕਰਕੇ ਸਲਾਮੀ ਦਿੱਤੀ।



# ਨੌਕਰੀ ਕਰ ਰਹੇ ਪੁਰਾਣੇ ਅਧਿਆਪਕਾਂ 'ਤੇ ਟੀ ਈ ਟੀ ਸ਼ਰਤ ਲਾਉਣਾ ਗ਼ੈਰ ਪ੍ਰਸੰਗਿਕ

**ਮਾਨਸਾ (ਆਤਮਾ ਸਿੰਘ ਪਮਾਰ)**



ਸਤੰਬਰ ਮਹੀਨੇ ਸਰਵ ਉੱਚ ਅਦਾਲਤ ਦੇ ਤਰੱਕੀ ਲਈ ਟੀ.ਈ.ਟੀ. ਜ਼ਰੂਰੀ ਸਬੰਧੀ ਫੈਸਲੇ ਨੇ ਪਹਿਲਾਂ ਤੋਂ ਨੌਕਰੀ ਕਰ ਰਹੇ ਅਧਿਆਪਕਾਂ ਨੂੰ ਨਵੀਂ ਪ੍ਰੇਸ਼ਾਨੀ 'ਚ ਪਾ ਦਿੱਤਾ ਹੈ।ਇਸ ਫੈਸਲੇ ਦੇ ਆਧਾਰ 'ਤੇ ਲੰਮੇ ਸਮੇਂ ਤੋਂ ਲਟਕੀਆਂ ਪ੍ਰਾਇਮਰੀ ਤੋਂ ਮਾਸਟਰ ਕਾਡਰ ਦੀਆਂ ਤਰੱਕੀਆਂ 'ਤੇ ਰੋਕ ਲੱਗ ਗਈ ਹੈ। ਅਧਿਆਪਕਾਂ ਦੀ ਪ੍ਰਤੀਨਿੱਧ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐਫ਼ ਦੇ ਜਿਲ੍ਹਾ ਮਾਨਸਾ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਇਸ ਬਾਰੇ ਦੱਸਿਆ ਕਿ ਸਿੱਖਿਆ ਦਾ ਅਧਿਕਾਰ ਐਕਟ-2009 ਦੇ ਆਧਾਰ ਤੇ 23 ਅਗਸਤ 2010 ਤੋ ਬਾਅਦ ਭਰਤੀ ਹੋਣ ਵਾਲੇ ਪ੍ਰਾਇਮਰੀ ਅਧਿਆਪਕਾਂ ਲਈ ਟੀ ਈ ਟੀ-1 ਤੇ ਛੇਵੀਂ ਤੋਂ ਅੱਠਵੀਂ ਦੇ ਅਧਿਆਪਕਾਂ ਲਈ ਟੀ ਈ ਟੀ-2 ਪਾਸ ਕਰਨਾ ਲਾਜ਼ਮੀ ਕਰ ਦਿੱਤਾ ਸੀ, ਪਰ ਪਿਛਲੇ ਸਾਲ ਸਤੰਬਰ ਮਹੀਨੇ ਸੁਪਰੀਮ ਕੋਰਟ ਨੇ ਇੱਕ ਫੈਸਲੇ ਰਾਹੀਂ 23 ਅਗਸਤ 2010 ਤੋਂ ਪਹਿਲਾਂ ਨੌਕਰੀ 'ਚ ਆਏ ਅਧਿਆਪਕਾਂ ਨੂੰ ਵੀ 2 ਸਾਲ ਦੇ ਅੰਦਰ ਅੰਦਰ ਟੀ ਈ ਟੀ ਟੈਸਟ ਪਾਸ ਕਰਨ ਦੀ ਸ਼ਰਤ ਲਾ ਦਿੱਤੀ ਹੈ ਤੇ ਤਰੱਕੀ ਲੈਣ ਲਈ ਵੀ ਟੀ.ਈ.ਟੀ ਦੀ ਸ਼ਰਤ ਰੱਖ ਦਿੱਤੀ ਹੈ, ਜਿਸ ਕਾਰਨ ਪ੍ਰਾਇਮਰੀ ਤੋਂ ਮਾਸਟਰ ਕਾਡਰ ਵਿੱਚ ਹੋਣ ਵਾਲੀਆਂ ਲਗਭਗ 5000 ਅਧਿਆਪਕਾਂ ਦੀਆਂ ਤਰੱਕੀਆਂ ਰੁਕ ਗਈਆ ਹਨ। ਡੀ.ਟੀ.ਐਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਸਿੱਖਿਆ ਵਿਭਾਗ ਵਿੱਚ ਭਰਤੀ ਹੋਏ ਸਾਰੇ ਅਧਿਆਪਕ ਆਪਣੇ-ਆਪਣੇ ਸਮੇਂ 'ਤੇ ਭਰਤੀ ਹੋਣ ਲਈ ਤੈਅ ਹੋਏ ਨਿਯਮਾਂ ਤੇ ਸ਼ਰਤਾਂ ਪੂਰੀਆਂ ਕਰਕੇ ਨੌਕਰੀ ਵਿੱਚ ਆਏ ਹਨ। ਉਨ੍ਹਾਂ ਉੱਪਰ ਬਾਅਦ 'ਚ ਲਾਗੂ ਹੋਈਆਂ ਸ਼ਰਤਾਂ ਮੜ੍ਹਨਾ ਸਰਾਸਰ ਧੱਕਾ ਹੈ। ਇਸ ਤੋਂ ਵੀ ਅੱਗੇ 2018 'ਚ ਤਰੱਕੀਆਂ ਤੋਂ ਵਾਂਝੇ ਰਹਿ ਗਏ ਬੈਕਲਾਗ ਵਾਲੇ ਅਧਿਆਪਕਾਂ ਨੂੰ 7 ਸਾਲਾਂ ਬਾਅਦ ਤਰੱਕੀ ਦੇ ਆਰਡਰ ਦੇਣ ਤੇ ਨੈਸ਼ਨਲ ਜੁਆਨਿੰਗ ਕਰਾਉਣ ਦੇ ਬਾਵਜੂਦ ਸਟੇਸ਼ਨ ਅਲਾਟ ਨਹੀਂ ਕੀਤੇ ਗਏ।ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜ੍ਹਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਉਹ ਸੁਪਰੀਮ ਕੋਰਟ ਵਿੱਚ ਪੁਨਰ ਵਿਚਾਰ ਯਾਚਿਕਾ ਦਾਖਿਲ ਕਰਨ ਜਾਂ ਸੰਸਦ ਵਿੱਚ ਆਰਡੀਨੈਂਸ ਲਿਆ ਕੇ ਨੌਕਰੀ ਕਰ ਰਹੇ ਅਧਿਆਪਕਾਂ ਅਤੇ ਤਰੱਕੀਆਂ ਲਈ ਟੀ.ਈ.ਟੀ. ਤੋ ਛੋਟ ਦਿਵਾਉਣ ਤੇ ਪੈਂਡਿੰਗ ਪਈਆਂ ਤਰੱਕੀਆਂ ਨੂੰ ਤੁਰੰਤ ਨੇਪਰੇ ਚਾੜ੍ਹਨ।

## ਵਿਦਿਆਰਥਣਾਂ ਦੀ ਹੋਮੋਗਲੋਬਨ ਜਾਂਚ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਅਨੀਮੀਆ ਮੁਕਤ ਭਾਰਤ ਅਭਿਆਨ ਅਧੀਨ ਸਿਵਲ ਸਰਜਨ ਡਾਕਟਰ ਤਪਿੰਦਰ ਜੋਤ ਦੀਆਂ ਹਦਾਇਤਾਂ ਅਨੁਸਾਰ ਸਿਹਤ ਬਲਾਕ ਭਗਤਾ ਭਾਈਕਾ ਅਧੀਨ ਪੈਂਦੇ ਪਿੰਡਾਂ ਵਿੱਚ ਬੱਚਿਆਂ ਦੇ ਹੋਮੋਗਲੋਬਨ ਦੀ ਜਾਂਚ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਚੰਗੀ ਖੁਰਾਕ ਲੈਣ ਦਾ ਵੀ ਸੱਦਾ ਦਿੱਤਾ ਗਿਆ।ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਸੀਮਾ ਗੁਪਤਾ ਦੀ ਆਗਵਾਈ ਹੇਠ ਪਿੰਡ ਗੁਰੂਸਰ ਦੇ ਸਰਕਾਰੀ ਮਿਡਲ ਸਮਾਰਟ ਸਕੂਲ ਵਿਖੇ ਸਿਹਤ ਵਿਭਾਗ ਦੀ ਟੀਮ ਬਲਾਕ ਐਜੂਕੇਟਰ ਮਾਲਵਿੰਦਰ ਸਿੰਘ ਤਿਉਣਾ ਦੀ ਅਗਵਾਈ ਹੇਠ ਪਹੁੰਚੇ ਇਸ ਟੀਮ ਵਿੱਚ ਐਮ ਪੀ ਐਚ ਡਬਲ ਮੇਲ ਜਗਮੋਹਨ ਸਿੰਘ, ਸ਼ਰਨਜੀਤ ਕੌਰ ਏਐਨਐਮ ਅਤੇ ਸਰਬਜੀਤ ਕੌਰ ਆਸ਼ਾ ਵਰਕਰ ਵੀ ਸ਼ਾਮਲ ਸਨ॥ ਇਸ ਦੌਰਾਨ ਟੀਮ ਵੱਲੋਂ ਵਿਦਿਆਰਥੀਆਂ ਦੇ ਬਲੱਡ ਦੀ ਜਾਂਚ ਕਰਕੇ ਹੋਮੋਗਲੋਬਨ ਚੈੱਕ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਬਲਾਕ ਐਜੂਕੇਟਰ ਮਾਲਵਿੰਦਰ ਸਿੰਘ ਤਿਣਾਂ ਅਤੇ ਐਮਪੀਐਚ ਡਬਲ ਮੇਲ ਜਗਮੋਹਨ ਸਿੰਘ ਨੇ ਵਿਦਿਆਰਥੀਆਂ ਨੂੰ ਪੌਸ਼ਟਿਕ ਖੁਰਾਕ ਜਿਸ ਵਿੱਚ ਹਰੀਆਂ ਪੱਤੇਦਾਰ ਸਬਜ਼ੀਆਂ, ਸਲਾਦ ਆਂਡੇ, ਮੀਟ, ਦੁੱਧ, ਦਹੀਂ, ਮੋਟੇ ਅਨਾਜ ਸ਼ਾਮਿਲ ਹੋਣ, ਲੈਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਸ਼ਰਨਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਹੈਂਡ ਵਾਸ਼ਿੰਗ ਪ੍ਰੈਕਟਿਸ ਵੀ ਕਰਵਾਈ ਗਈ। ਇਸ ਮੌਕੇ ਸਕੂਲ ਮੁਖੀ ਪ੍ਰਵੀਨ ਕੌਰ, ਸਕੂਲ ਮੁਖੀ ਅਤੇ ਪ੍ਰਦੀਪ ਸਿੰਘ ਸਮਾਜਿਕ ਅਧਿਆਪਕ ਵੱਲੋਂ ਵੀ ਅਹਿਮ ਭੂਮਿਕਾ ਨਿਭਾਈ ਗਈ। ਇਸੇ ਤਰ੍ਹਾ ਹੀ ਸਿਹਤ ਮੁਲਾਜ਼ਮਾਂ ਵੱਲੋਂ ਪਿੰਡ ਬੁਰਜ ਲੱਧਾ ਅਤੇ ਪਿੰਡ ਭਾਈਰੂਪਾ ਦੇ ਸਕੂਲਾਂ ਵਿੱਚ ਸਕੂਲੀ ਵਿਦਿਆਰਥਣਾਂ ਦੀ ਹੋਮੋਗਲੋਬਨ ਦੀ ਜਾਂਚ ਕੀਤੀ ਗਈ।

# ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰੇ ਸਰਕਾਰ : ਕੋਕਰੀ, ਸਰਾਭਾ

**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**



ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ ਕਨਵੀਨਰ ਟਹਿਲ ਸਿੰਘ ਸਰਾਭਾ, ਰਣਦੀਪ ਸਿੰਘ ਫ਼ਤਹਿਗੜ੍ਹ ਸਾਹਿਬ ਦੀ ਸਾਂਝੀ ਅਗਵਾਈ ਹੇਠ ਸੂਬਾ ਪੱਧਰੀ ਮੀਟਿੰਗ ਹੋਈ।ਇਸ ਸਮੇਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮੋਰਚੇ ਦੇ ਬੁਲਾਰਿਆਂ ਵੱਲੋਂ ਭਗਵੰਤ ਮਾਨ ਸਰਕਾਰ ਦਾ ਪਿੱਟ ਸਿਆਪਾ ਕਰਦੇ ਹੋਏ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ 01-01-2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਕੀਤੀ ਜਾ ਰਹੀ ਟਾਲ ਮਟੋਲ ਦੀ ਨੀਤੀ ਦੇ ਰੋਸ ਵਜੋਂ ਗਣਤੰਤਰ ਦਿਵਸ ਮੌਕੇ ਸਾਰੇ ਜ਼ਿਲ੍ਹਿਆਂ ਵਿੱਚੋਂ ਤਿਰੰਗਾ ਝੰਡਾ ਲਹਿਰਾਉਣ ਸਮੇਂ ਪੰਜਾਬ ਸਰਕਾਰ ਦੇ ਨਾਮ ਰੋਸ ਪੱਤਰ ਭੇਜੇ ਜਾਣਗੇ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਉੱਤੇ ਮੁਲਾਜ਼ਮਾਂ ਨਾਲ਼ ਧੋਖਾ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ 2021 ਦੀਆਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ 2 ਲੱਖ ਐੱਨ ਪੀ ਐੱਸ ਮੁਲਾਜ਼ਮਾਂ ਨਾਲ਼ ਵਾਅਦਾ ਕੀਤਾ ਸੀ ਕਿ ਉਨ੍ਹਾਂ ਦੀ ਸਰਕਾਰ ਬਣਨ ਤੋਂ ਬਾਅਦ 01-01-2004 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ 'ਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ, ਪਰ ਸਰਕਾਰ ਦੇ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ ਪੰਜਾਬ ਦੇ ਇੱਕ ਵੀ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੋਲ੍ਹਿਆ ਹੈ, ਜਦਕਿ ਰਾਜਸਥਾਨ, ਛੱਤੀਸਗੜ੍ਹ, ਝਾਰਖੰਡ, ਹਿਮਾਚਲ ਪ੍ਰਦੇਸ਼ ਦੀਆਂ ਸੂਬਾ ਸਰਕਾਰਾਂ ਵੱਲੋਂ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ।ਆਗੂਆਂ ਨੇ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਆਮ ਆਦਮੀ ਪਾਰਟੀ ਦੂਜੇ ਰਾਜਾਂ ਵਿੱਚ ਜਾ ਕੇ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਪ੍ਰਚਾਰ ਤਾਂ ਜ਼ੋਰ ਸ਼ੋਰ ਨਾਲ ਕਰਦੇ ਹਨ, ਪਰ ਦੂਜੇ ਪਾਸੇ ਪੰਜਾਬ ਦੇ ਐੱਨਪੀਐੱਸ ਮੁਲਾਜ਼ਮਾਂ ਨਾਲ ਬੇਈਮਾਨੀ ਵਾਲੀ ਨੀਤੀ ਤੇ ਚੱਲ ਰਹੇ ਹਨ। ਜਿਸ ਨਾਲ ਪੰਜਾਬ ਦੇ ਐਨਪੀਐਸ ਮੁਲਾਜ਼ਮਾਂ ਵਿੱਚ ਵਿਆਪਕ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਦੋਸ਼ ਲਗਾਇਆ ਗਿਆ ਕਿ ਪੰਜਾਬ ਸਰਕਾਰ ਵੱਲੋਂ 18-11-2022 ਨੂੰ ਪੰਜਾਬ ਦੇ ਐੱਨ ਪੀ ਐੱਸ ਮੁਲਾਜ਼ਮਾਂ ਉੱਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦਾ ਨੋਟੀਫਿਕੇਸ਼ਨ ਵੀ ਜਾਰੀ ਕਰ ਦਿੱਤਾ ਗਿਆ, ਪਰ ਪੰਜਾਬ ਸਰਕਾਰ ਸਰਮਾਏਦਾਰੀ ਨੀਤੀਆਂ ਉੱਪਰ ਚਲਦੇ ਹੋਏ ਆਪਣੇ ਦੁਆਰਾ ਕੀਤੇ ਗਏ ਨੋਟੀਫਿਕੇਸ਼ਨ ਨੂੰ ਹੀ ਲਾਗੂ ਕਰਨ ਤੋਂ ਡਰ ਰਹੀ ਹੈ।ਇਸ ਸਮੇਂ ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਜਾਰੀ ਕੀਤੀ ਜਾ ਰਹੀ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਰੱਦ ਕਰਦੇ ਹੋਏ ਪੰਜਾਬ ਸਰਕਾਰ ਤੋਂ 1972 ਦੇ ਪੈਨਸ਼ਨ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਕੀਤੀ।ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੇ ਕਿਹਾ ਕਿ ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਸਮੂਹ ਐੱਨਪੀਐੱਸ ਮੁਲਾਜ਼ਮਾਂ ਨੂੰ ਲਾਮਬੰਦ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਇਸ ਸਮੇਂ ਸੰਜੀਵ ਸ਼ਰਮਾ, ਬਲਬੀਰ ਸਿੰਘ ਕੰਗ, ਪਰਦੀਪ ਸਿੰਘ ਸਰਾਭਾ, ਸਤਵਿੰਦਰਪਾਲ ਸਿੰਘ ਦੋਰਾਹਾ, ਕੁਲਵਿੰਦਰ ਸਿੰਘ ਸੰਗਰੂਰ, ਸੁਰਿੰਦਰ ਸਿੰਘ ਮੋਗਾ, ਗੁਰਪ੍ਰੀਤ ਸਿੰਘ ਆਦਿ ਆਗੂ ਹਾਜ਼ਰ ਸਨ।

## ਵੈਨੇਜ਼ੁਏਲਾ ਦੀ ਹਮਾਇਤ 'ਚ ਟਰੰਪ ਦਾ ਪੁਤਲਾ ਸਾੜਿਆ



**ਲੁਧਿਆਣਾ (ਐੱਮ ਐੱਸ ਭਾਟੀਆ)**-ਯੂਨਾਈਟਿਡ ਫਰੰਟ ਆਫ਼ ਟ੍ਰੇਡ ਯੂਨੀਅਨਜ ਨਾਲ ਸਬੰਧਤ ਯੂਨੀਅਨਾਂ ਜਿਨ੍ਹਾਂ ਵਿੱਚ ਏਟਕ, ਇੰਟਕ, ਸੀਟੂ ਤੇ ਸੀਟੀਯੂ ਪੰਜਾਬ, ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਐਫਟੂ ਨਾਲ ਸੰਬੰਧਤ ਯੂਨੀਅਨ ਤੇ ਵੱਖ-ਵੱਖ ਕਿਸਾਨ ਯੂਨੀਅਨਾਂ ਵੱਲੋਂ ਵਫਟੂ ਦੇ ਸੱਦੇ 'ਤੇ ਵੈਨਜ਼ੁਵੇਲਾ ਨਾਲ ਯਕਜਹਿਤੀ ਪ੍ਰਗਟ ਕਰਦੇ ਹੋਏ ਟਰੰਪ ਦਾ ਪੁਤਲਾ ਸਾੜਿਆ ਗਿਆ। ਹਾਜ਼ਰ ਸਾਥੀਆਂ ਨੇ ਸਾਮਰਾਜਵਾਦ ਮੁਰਦਾਬਾਦ, ਡੋਨਲਡ ਟਰੰਪ ਦੀ ਗੁੰਡਾਗਰਦੀ ਨਹੀਂ ਚਲੇਗੀ, ਧੱਕੇਸ਼ਾਹੀ ਨਹੀਂ ਚਲੇਗੀ ਆਦਿ ਨਾਅਰੇ ਲਾਏ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਟ੍ਰੇਡ ਯੂਨੀਅਨ ਹੱਕਾਂ ਤੇ ਕੀਤੇ ਜਾ ਰਹੇ ਹਮਲੇ ਦਾ ਸਖਤੀ ਨਾਲ ਵਿਰੋਧ ਕੀਤਾ।ਇਸ ਪੁਤਲਾ ਫੂਕ ਪ੍ਰਦਰਸ਼ਨ ਵਿੱਚ ਐਮ ਐਸ ਭਾਟੀਆ, ਅਮਰ ਨਾਥ ਕੂਮ ਕਲਾਂ, ਗੁਰਜੀਤ ਸਿੰਘ ਜਗਪਾਲ, ਜਗਦੀਸ਼ ਚੰਦ, ਜੈ ਪ੍ਰਕਾਸ਼ ਨਰਾਇਣ, ਹਰਜਿੰਦਰ ਸਿੰਘ, ਰਮੇਸ਼ ਰਤਨ, ਸੁਦਾਗਰ ਸਿੰਘ ਘੁਡਾਣੀ, ਹਰਨੇਕ ਸਿੰਘ ਗੁੱਜਰਵਾਲ, ਅਮਰਜੀਤ ਸਿੰਘ ਸ਼ਹਿਜ਼ਾਦ, ਮਨੋਹਰ ਸਿੰਘ ਕਲਾਹੜ, ਹਰਬੰਸ ਸਿੰਘ, ਬੇਅੰਤ ਸਿੰਘ , ਜੋਗਿੰਦਰ ਰਾਮ, ਬਲਰਾਮ ਸਿੰਘ, ਅਜੀਤ ਕੁਮਾਰ ਤੇ ਟਾਈਗਰ ਸਿੰਘ ਸ਼ਾਮਲ ਸਨ।

## ਨਸ਼ਾ ਤਸਕਰਾਂ ਦੀ ਉਸਾਰੀ 'ਤੇ ਚੱਲਿਆ ਪੀਲਾ ਪੰਜਾ



**ਲਹਿਰਾਗਾਗਾ (ਰੀਤਵਾਲ)**-ਪੰਜਾਬ ਸਰਕਾਰ ਨਸ਼ਾ ਤਸਕਰਾਂ ਨੂੰ ਠੱਲ੍ਹ ਪਾਉਣ ਲਈ ਉਨ੍ਹਾ ਵਿਰੁੱਧ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ ਅਤੇ ਨਸ਼ਾ ਤਸਕਰਾਂ ਵੱਲੋਂ ਕੀਤੀਆਂ ਨਜਾਇਜ਼ ਉਸਾਰੀਆਂ ਵੀ ਢਾਹੀਆਂ ਜਾ ਰਹੀਆਂ ਹਨ।ਇਸੇ ਸੰਦਰਭ ਦੇ ਚਲਦਿਆਂ ਥਾਣਾ ਲਹਿਰਾ ਦੇ ਪਿੰਡ ਹਰਿਆਊ ਵਿਖੇ ਨਸ਼ਾ ਤਸਕਰਾਂ ਦੀ ਇੱਕ ਨਜਾਇਜ਼ ਉਸਾਰੀ ਪੀਲੇ ਪੰਜੇ ਨਾਲ ਢਹਿ ਢੇਰੀ ਕਰ ਦਿੱਤੀ ਗਈ ਹੈ।ਇਸ ਸਬੰਧੀ ਐੱਸ ਪੀ ਸੰਗਰੂਰ ਰਾਜੇਸ਼ ਛਿੱਬਰ, ਡੀਐੱਸਪੀ ਰਣਬੀਰ ਸਿੰਘ ਲਹਿਰਾ, ਥਾਣਾ ਲਹਿਰਾ ਦੇ ਮੁੱਖ ਅਫਸਰ ਇੰਸਪੈਕਟਰ ਮਨਪ੍ਰੀਤ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਾਨੂੰ ਬੀਡੀਪੀਓ ਦਫਤਰ ਲਹਿਰਾ ਵੱਲੋਂ ਵੀ ਇਸ ਉਸਾਰੀ ਸਬੰਧੀ ਸ਼ਿਕਾਇਤ ਮਿਲੀ ਸੀ।ਜਾਂਚ ਪੜਤਾਲ ਕਰਨ ਉਪਰੰਤ ਪਤਾ ਲੱਗਿਆ ਕਿ ਇਸ ਨਜਾਇਜ਼ ਉਸਾਰੀ ਦੇ ਮਾਲਕ ਗੋਰਾ ਸਿੰਘ ਤੇ ਉਸ ਦੀ ਪਤਨੀ ਸ਼ਿੰਦਰ ਕੌਰ ਹਨ। ਇਨ੍ਹਾਂ ਵਿੱਚੋਂ ਗੋਰਾ ਸਿੰਘ ਖਿਲਾਫ ਤਿੰਨ-ਚਾਰ ਪਰਚੇ ਨਸ਼ਿਆਂ ਸਬੰਧੀ ਹਨ ਤੇ 110 ਦੇ ਕਲੰਦਰੇ ਵੀ ਹਨ, ਜਦੋਂ ਕਿ ਸਿੰਦਰ ਕੌਰ ਖਿਲਾਫ 12 ਮਾਮਲੇ ਦਰਜ ਹਨ।ਇਸ ਸਬੰਧੀ ਪਿੰਡ ਦੀ ਵੀ ਸ਼ਿਕਾਇਤ ਸੀ ਕਿ ਇਨ੍ਹਾਂ ਨੇ ਪਿੰਡ ਦੀ ਸ਼ਾਮਲਾਤ ਜ਼ਮੀਨ ਉੱਤੇ ਨਜਾਇਜ਼ ਉਸਾਰੀ ਕੀਤੀ ਹੈ।ਐੱਸ ਪੀ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜੇ ਸੀ ਬੀ ਮਸ਼ੀਨ ਨਾਲ ਇਹ ਉਸਾਰੀ ਸ਼ਾਂਤੀ ਪੂਰਵਕ ਢਾਹੀ ਗਈ ਹੈ। ਇਸ ਸਮੇਂ ਐੱਸ ਪੀ ਰਾਜੇਸ਼ ਛਿੱਬਰ ਤੇ ਡੀਐੱਸਪੀ ਰਣਵੀਰ ਸਿੰਘ ਨੇ ਨਸ਼ਾ ਤਸਕਰਾਂ ਨੂੰ ਸਖਤ ਤਾੜਨਾ ਕਰਦਿਆਂ ਚੇਤਾਵਨੀ ਦਿੱਤੀ ਕਿ ਨਸ਼ਾ ਤਸਕਰ ਬਾਜ ਆ ਜਾਣ ਨਹੀਂ ਤਾਂ ਉਨ੍ਹਾਂ ਨਾਲ ਪੂਰੀ ਸਖਤੀ ਨਾਲ ਨਜਿੱਠਿਆ ਜਾਵੇਗਾ।

## ਮੁਫਤ ਆਯੂਸ਼ ਕੈਂਪ ਸਫਲਤਾਪੂਰਵਕ ਸੰਪੰਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਦੇ ਹੁਕਮਾਂ ਅਨੁਸਾਰ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫਸਰ ਡਾ. ਮਲਕੀਤ ਸਿੰਘ ਘੱਗਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਗੁਰਦੁਆਰਾ ਯਾਦਗਾਰ ਸ਼ਹੀਦਾਂ ਪੱਤੀ ਦੁੱਲਟ ਲੌਂਗੋਵਾਲ ਵਿਖੇ ਮੁਫਤ ਆਯੂਸ਼ ਕੈਂਪ ਸਫਲਤਾਪੂਰਵਕ ਲਗਾਇਆ ਗਿਆ, ਜਿਸ ਦਾ ਉਦਘਾਟਨ ਜ਼ਿਲ੍ਹਾ ਆਯੂਰਵੇਦਾ ਤੇ ਯੂਨਾਨੀ ਅਫਸਰ ਡਾ. ਮਲਕੀਤ ਸਿੰਘ ਘੱਗਾ ਤੇ ਨਗਰ ਕੌਂਸਲ ਪ੍ਰਧਾਨ ਪਰਮਿੰਦਰ ਕੌਰ ਬਰਾੜ ਵੱਲੋਂ ਕੀਤਾ ਗਿਆ।ਇਸ ਕੈਂਪ ਦੌਰਾਨ ਕੈਂਪ ਇੰਚਾਰਜ ਡਾ. ਅਮਨਦੀਪ ਭਾਰਤੀ, ਡਾ. ਦਿਵਿਆ ਬਾਂਸਲ, ਡਾ. ਰੋਜ਼ੀ, ਡਾ. ਲਲਿਤ ਕਾਂਸਲ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਕੇ ਆਯੂਰਵੈਦਿਕ ਦਵਾਈਆਂ ਤੇ ਡਾ. ਮਨਪ੍ਰੀਤ ਸਿੰਘ ਦੁਆਰਾ ਹੋਮਿਓਪੈਥਿਕ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ ਤੇ ਬਿਮਾਰੀ ਅਨੁਸਾਰ ਖਾਣ-ਪੀਣ ਤੇ ਯੋਗਾ ਬਾਰੇ ਜਾਣਕਾਰੀ ਦਿੱਤੀ ਗਈ।ਇਸ ਕੈਂਪ ਵਿੱਚ ਸਿਕੰਦਰ ਸ਼ਰਮਾ, ਅਮਿਤ ਕੁਮਾਰ, ਰਮੇਸ਼ ਸਿੰਘ, ਸੁਰਜੀਤ ਸਿੰਘ, ਬਬੀਤਾ ਰਾਣੀ ਨੇ ਡਿਊਟੀ ਨਿਭਾਈ।ਕੈਂਪ ਵਿੱਚ ਔਰਤਾਂ ਦੇ ਸਰਵਾਈਕਲ ਕੈਂਸਰ ਦੀ ਜਾਂਚ ਅਤਿ-ਆਧੁਨਿਕ ਮਸ਼ੀਨ ਰਾਹੀਂ ਕੀਤੀ ਗਈ।ਕੈਂਪ ਦੀ ਸਮਾਪਤੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਜੰਟ ਸਿੰਘ, ਸੁਰਜੀਤ ਸਿੰਘ ਦੁੱਲਟ ਤੇ ਸਮੂਹ ਗੁਰਦੁਆਰਾ ਕਮੇਟੀ ਵੱਲੋਂ ਜ਼ਿਲ੍ਹਾ ਆਯੂਰਵੈਦਿਕ ਤੇ ਯੂਨਾਨੀ ਅਫਸਰ, ਨਗਰ ਕੌਂਸਲ ਪ੍ਰਧਾਨ, ਸਮੂਹ ਡਾਕਟਰ ਸਾਹਿਬਾਨ ਤੇ ਸਟਾਫ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਅਖਬਾਰ ਵੰਡਣ ਵਾਲਿਆਂ ਨੂੰ ਸਾਈਕਲ ਤੇ ਜੈਕਟਾਂ ਵੰਡ ਕੇ ਕੀਤਾ ਸਨਮਾਨਤ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਪ੍ਰਸ਼ਾਸਨ ਤੇ ਭਾਰਤੀ ਰੈੱਡ ਕਰਾਸ ਸੋਸਾਇਟੀ ਦੇ ਸਹਿਯੋਗ ਨਾਲ ਇਥੇ ਸਥਾਨਕ ਸ਼ਹੀਦ ਭਗਤ ਸਿੰਘ ਬਹੁ-ਮੰਤਵੀਂ ਖੇਡ ਸਟੇਡੀਅਮ ਵਿਖੇ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਵੱਲੋਂ ਨਿਵੇਕਲੀ ਪਹਿਲਕਦਮੀ 'ਨਵੀਂ ਉਡਾਣ' ਤਹਿਤ ਅਖਬਾਰਾਂ ਵੰਡਣ ਵਾਲੇ 50 ਹਾਕਰਾਂ ਨੂੰ ਸਾਈਕਲਾਂ ਤੇ ਜੈਕਟਾਂ ਦੀ ਵੰਡ ਕੀਤੀ ਗਈ।ਇਸ ਮੌਕੇ ਉਨ੍ਹਾਂ ਨਾਲ ਐੱਸ ਐੱਸ ਪੀ ਡਾ. ਜਯੋਤੀ ਯਾਦਵ ਬੈਂਸ ਤੇ ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਮਾਜ ਵਿੱਚ ਇੱਕ ਵਰਗ ਅਖਬਾਰ ਵੰਡਣ ਵਾਲਿਆਂ ਦਾ ਹੁੰਦਾ ਹੈ।ਇਹ ਮਿਹਨਤਕਸ਼ ਲੋਕ ਹਨ, ਜੋ ਚਾਹੇ ਮੀਂਹ-ਹਨੇਰੀ ਹੋਵੇ, ਇਹ ਸਵੇਰੇ 4-5 ਵਜੇ ਉੱਠ ਕੇ ਲੋਕਾਂ ਦੇ ਘਰਾਂ ਵਿੱਚ ਅਖਬਾਰ ਪਹੁੰਚਾਉਂਦੇ ਹਨ।ਇਹ ਪਾਰਟ ਟਾਇਮ ਕੰਮ ਕਰਦੇ ਹਨ ਤੇ ਅਖਬਾਰ ਵੰਡਣ ਤੋਂ ਬਾਅਦ ਇਹ ਆਪਣੇ ਅਗਲੇ ਕੰਮ ਲਈ ਚਲੇ ਜਾਂਦੇ ਹਨ।ਇਹ ਲੋਕ ਅਖਬਾਰ ਵੰਡਣ ਦਾ ਕੰਮ ਸਾਈਕਲ ਰਾਹੀਂ ਕਰਦੇ ਹਨ।ਆਮ ਤੌਰ 'ਤੇ ਇਹ ਸਾਈਕਲ ਪੁਰਾਣੇ ਹੁੰਦੇ ਹਨ ਤੇ ਅਖਬਾਰ ਵੰਡਣ ਸਮੇਂ ਇਨ੍ਹਾਂ ਵਿੱਚ ਕੋਈ ਨਾ ਕੋਈ ਖਰਾਬੀ ਆ ਜਾਂਦੀ ਹੈ, ਜਿਸ ਨਾਲ ਇਨ੍ਹਾਂ ਨੂੰ ਅਖਬਾਰ ਵੰਡਣ ਤੇ ਆਪਣੇ ਅਗਲੇ ਕੰਮ 'ਤੇ ਜਾਣ ਵਿੱਚ ਦੇਰੀ ਹੋ ਜਾਂਦੀ ਹੈ।ਅਖਬਾਰ ਵੰਡਣ ਵਾਲਿਆਂ ਦੀਆਂ ਇਨ੍ਹਾਂ ਮੁਸ਼ਕਲਾਂ ਨੂੰ ਦੇਖਦੇ ਹੋਏ ਅਖਬਾਰ ਵੰਡਣ ਵਾਲਿਆਂ ਨੂੰ ਇੱਕ ਨਵਾਂ ਸਾਈਕਲ ਬਿਨਾਂ ਕਿਸੇ ਕੀਮਤ ਤੋਂ ਦਿੱਤਾ ਗਿਆ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਤੇ ਭਵਿੱਖ ਵਿੱਚ ਵੀ ਇਹ ਯਕੀਨੀ ਬਣਾਇਆ ਜਾਵੇਗਾ ਕਿ ਜ਼ਿਲ੍ਹੇ ਦਾ ਕੋਈ ਵੀ ਲੋੜਵੰਦ ਵਿਅਕਤੀ ਮੁੱਢਲੀਆਂ ਸਹੂਲਤਾਂ ਤੋਂ ਵਾਂਝਾ ਨਾ ਰਹੇ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਨਾਲ ਮਿਹਨਤੀ ਵਰਗ ਦਾ ਹੌਸਲਾ ਵਧਦਾ ਹੈ।

## ਨੌਜਵਾਨ ਭਾਰਤ ਸਭਾ ਵੱਲੋਂ ਥਾਣਾ ਸਮਾਲਸਰ ਖਿਲਾਫ 2 ਨੂੰ ਧਰਨਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਸੇਖਾ ਕਲਾਂ ਵਿਖੇ ਨੌਜਵਾਨ ਭਾਰਤ ਸਭਾ ਨੇ ਮੀਟਿੰਗ ਕਰਕੇ ਫੈਸਲਾ ਕੀਤਾ ਕਿ ਸਿਕਦਰ ਸਿੰਘ ਦੇ ਹੋਏ ਕਾਤਲ ਵਿੱਚ ਡੇਢ ਮਹੀਨਾ ਬੀਤ ਜਾਣ ਦੇ ਬਾਵਜੂਦ ਵੀ ਪੁਲਿਸ ਨੇ ਮੁਕੱਦਮੇ ਵਿੱਚ ਸ਼ਾਮਿਲ ਰਹਿੰਦੇ ਚਾਰ ਕਾਤਲ ਅਤੇ ਅਣਪਛਾਤੇ ਦੋਸ਼ੀ ਗ੍ਰਿਫਤਾਰ ਨਹੀਂ ਕੀਤੇ ਹਨ। ਐਸ ਐਸ ਪੀ ਮੋਗਾ, ਡੀ ਐਸ ਪੀ ਬਾਘਾਪੁਰਾਣਾ, ਐਸ ਐਚ ਉ ਸਮਾਲਸਰ ਨੂੰ ਮਿਲਣ ਦੇ ਬਾਵਜੂਦ ਵੀ ਇਨਸਾਫ ਨਹੀਂ ਮਿਲਿਆ ਇਸ ਕਰਕੇ 2 ਫਰਵਰੀ ਨੂੰ ਥਾਣਾ ਸਮਾਲਸਰ ਦੇ ਖਿਲਾਫ ਧਰਨਾ ਲਾਇਆ ਜਾਵੇਗਾ।ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਸੇਮਾ ਸਿੰਘ ਸੇਖਾ ਕਲਾਂ, ਮ੍ਰਿਤਕ ਦੇ ਪੁੱਤਰ ਬਲਜੀਤ ਸਿੰਘ ਨੇ ਦੱਸਿਆ ਕਿ 12 ਦਸੰਬਰ ਨੂੰ ਗੁੰਡਿਆਂ ਨੇ ਘੱਟੋ ਘੱਟ ਵੀਹ ਘਰਾਂ ਦੇ ਗੇਟ ਭੰਨੇ, ਇੱਕ ਔਰਤ ਦੀ ਬਾਂਹ ਤੋੜੀ, 7 ਤੋਂ 8 ਬੰਦੇ ਜ਼ਖਮੀ ਕੀਤੇ, ਜਿਸ ਵਿੱਚੋਂ ਸਿਕੰਦਰ ਸਿੰਘ ਦੀ ਮੌਤ ਹੋ ਗਈ।ਉਨ੍ਹਾਂ ਕਿਹਾ ਕਿ ਰਹਿੰਦੇ ਦੋਸ਼ੀਆਂ ਨੂੰ ਐਮ ਐਲ ਏ ਦੀ ਸ਼ਹਿ ਹੋਣ ਕਾਰਨ ਗ੍ਰਿਫਤਾਰ ਨਹੀਂ ਕੀਤਾ ਜਾ ਰਿਹਾ।ਪ੍ਰਸ਼ਾਸਨ ਇਸ ਨੂੰ ਆਮ ਲੜਾਈ ਸਮਝ ਰਿਹਾ ਹੈ, ਪਰ ਹਜੂਮ ਵੱਲੋਂ ਕੀਤੀ ਗੁੰਡਾਗਰਦੀ, ਲਹਿਰਾਏ ਰਵਾਇਤੀ ਹਥਿਆਰ, ਪਿੰਡ ਵਿੱਚ ਸਹਿਮ ਦਾ ਮਾਹੌਲ ਬਣਨ ਨੂੰ ਮੁੱਦਾ ਹੀ ਨਹੀਂ ਸਮਝ ਰਿਹਾ।ਇਹ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਗੁੰਡਾ ਅਨਸਰਾਂ ਦੇ ਹੌਸਲੇ ਬੁਲੰਦ ਹਨ, ਨਹੀਂ ਤਾਂ ਡੇਢ ਮਹੀਨਾ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਦੀ ਗ੍ਰਿਫਤਾਰੀ ਦੀ ਹੋਰ ਕੋਈ ਵਜ੍ਹਾ ਨਹੀਂ ਹੈ।

# ਸੁਨਿਆਰੇ ਦੀ ਦੁਕਾਨ 'ਚੋਂ ਲੱਖਾਂ ਰੁਪਏ ਦੇ ਗਹਿਣੇ ਚੋਰੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)

ਅਲਗੋਂ ਕੋਠੀ ਵਿੱਚ ਸਥਿਤ ਦਲਬੀਰ ਜਿਊਲਰ ਨਾਮਕ ਦੁਕਾਨ 'ਚੋਂ ਚੋਰ ਕੰਧ ਨੂੰ ਸੰਨ੍ਹ ਲਾ ਕੇ ਲੱਖਾਂ ਦੇ ਗਹਿਣੇ ਚੋਰੀ ਕਰਕੇ ਲੈ ਗਏ।ਦੁਕਾਨਦਾਰ ਮੁਤਾਬਕ ਗਹਿਣਿਆਂ ਦੀ ਕੀਮਤ ਪੰਜਾਹ ਲੱਖ ਰੁਪਏ ਹੈ।ਘਟਨਾ ਸੰਬੰਧੀ ਗੱਲਬਾਤ ਕਰਦਿਆਂ ਸਵਰਨਕਾਰ ਦਲਬੀਰ ਸਿੰਘ ਨੇ ਦੱਸਿਆ ਕਿ ਵੀਰਵਾਰ ਸ਼ਾਮ ਨੂੰ ਰੋਜ਼ਾਨਾ ਦੀ ਤਰ੍ਹਾਂ ਉਹ ਆਪਣੀ ਦੁਕਾਨ ਬੰਦ ਕਰਕੇ ਘਰ ਚਲਾ ਗਿਆ।ਅਗਲੀ ਸਵੇਰ ਜਦੋਂ ਉਹ ਦੁਕਾਨ ਦਾ ਸ਼ਟਰ ਖੋਲ੍ਹ ਕੇ ਅੰਦਰ ਦਾਖਲ ਹੋਇਆ ਤਾਂ ਉਸ ਨੇ ਦੇਖਿਆ ਕਿ ਦੁਕਾਨ ਦੇ ਪਿਛਲੇ ਪਾਸੇ ਵਾਲੀ ਕੰਧ ਵਿਚਕਾਰੋਂ ਟੁੱਟੀ ਹੋਈ ਸੀ ਤੇ ਦੁਕਾਨ ਵਿੱਚ ਪਏ ਸੋਨੇ ਤੇ ਚਾਂਦੀ ਦੇ ਗਹਿਣੇ ਗਾਇਬ ਸਨ। ਚੋਰ ਦੁਕਾਨ ਅੰਦਰ ਲੱਗੇ ਸੀਸੀਟੀਵੀ ਕੈਮਰਿਆਂ ਦਾ ਡੀਵੀਆਰ ਵੀ ਕੱਢ ਕੇ ਲੈ ਗਏ।ਦੁਕਾਨਦਾਰ ਦਾ ਕਹਿਣਾ ਸੀ ਕਿ ਉਸ ਦੀ ਦੁਕਾਨ ਪੁਲੀਸ ਚੌਕੀ ਅਲਗੋਂ ਕੋਠੀ ਤੋਂ ਅੱਠ ਕੁ ਸੌ ਮੀਟਰ ਦੀ ਦੂਰੀ 'ਤੇ ਸਥਿਤ ਹੈ ਪਰ ਚੋਰ ਬਿਨਾਂ ਕਿਸੇ ਡਰ-ਭੈਅ ਤੋਂ ਚੋਰੀ ਦੀ ਵਾਰਦਾਤ ਨੂੰ ਅੰਜਾਮ ਦੇ ਗਏ।ਉਨ੍ਹਾਂ ਜ਼ਿਲ੍ਹੇ ਦੇ ਐੱਸਐੱਸਪੀ ਪਾਸੋਂ ਚੋਰਾਂ ਨੂੰ ਜਲਦ ਤੋਂ ਜਲਦ ਕਾਬੂ ਕਰਨ ਦੀ ਮੰਗ ਕੀਤੀ ਹੈ।ਇਸ ਮਾਮਲੇ ਸੰਬੰਧੀ ਜਦੋਂ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤ ਇੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਦੁਕਾਨਦਾਰ ਦੇ ਬਿਆਨਾਂ ਦੇ ਆਧਾਰ ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।ਡੀਐੱਸਪੀ ਦਾ ਕਹਿਣਾ ਸੀ ਕਿ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਖੰਗਾਲਿਆ ਜਾ ਰਿਹਾ ਹੈ ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।

# ਡੇਢ ਕਿੱਲੋ ਹੈਰੋਇਨ ਸਮੇਤ ਗ੍ਰਿਫ਼ਤਾਰ



ਖਾਸਾ, (ਸ਼ਬਪਾਲ ਸਿੰਘ)-ਥਾਣਾ ਘਰਿੰਡਾ ਦੀ ਪੁਲਸ ਨੇ ਇਕ ਨਸ਼ਾ ਤਸਕਰ ਨੂੰ 1 ਕਿੱਲੋ 523 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਅਟਾਰੀ ਯਾਦਵਿੰਦਰ ਸਿੰਘ ਨੇ ਦੱਸਿਆ ਕਿ ਥਾਣਾ ਘਰਿੰਡਾ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਕਿ ਦਿਲਬਾਗ ਸਿੰਘ ਉਰਫ਼ ਬਾਗਾ ਵਾਸੀ ਰਾਜਾਤਾਲ ਪਾਕਿਸਤਾਨ ਤੋਂ ਹੈਰੋਇਨ ਮੰਗਵਾ ਕੇ ਅੱਗੇ ਸਪਲਾਈ ਕਰਦਾ ਹੈ ਤੇ ਇਹ ਹੈਰੋਇਨ ਦੀ ਖੇਪ ਦੀ ਡਲਿਵਰੀ ਦੇਣ ਲਈ ਪਿੰਡ ਰਾਜਾਤਾਲ ਦੀ ਡਰੇਨ ਦੇ ਨਾਲ ਗੱਲੂਵਾਲ ਨੂੰ ਜਾਂਦੇ ਕੱਚੇ ਰਸਤੇ 'ਤੇ ਬਣੇ ਸ਼ਮਸ਼ਾਨ ਘਾਟ ਕੋਲ ਖੜ੍ਹਾ ਹੈ। ਇਸ ਸੂਚਨਾ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਥਾਣਾ ਘਰਿੰਡਾ ਪੁਲਿਸ ਵੱਲੋਂ ਇਕ ਰੇਡ ਪਾਰਟੀ ਬਣਾ ਕੇ ਉਕਤ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਤੇ ਤਲਾਸ਼ੀ ਕਰਨ 'ਤੇ ਉਸ ਕੋਲੋਂ 1 ਕਿੱਲੋ 523 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਸੰਬੰਧੀ ਉਕਤ ਮੁਲਜ਼ਮਾਂ ਖਿਲਾਫ ਥਾਣਾ ਘਰਿੰਡਾ ਵਿਚ ਕੇਸ ਦਰਜ ਕਰਕੇ ਤਫਤੀਸ਼ ਅਮਲ ਵਿਚ ਲਿਆਂਦੀ ਜਾ ਰਹੀ ਹੈ।

# ਅੰਤਰਰਾਸ਼ਟਰੀ ਬਾਲ ਕਵੀ ਦਰਬਾਰ 'ਚ ਅਕਾਲ ਅਕੈਡਮੀ ਤਿੱਬੜ ਦੇ ਵਿਦਿਆਰਥੀ ਛਾਏ

**ਧਾਰੀਵਾਲ, (ਮਨਦੀਪ ਵਿੱਕੀ)**
ਟਰੱਸਟ ਬੜੂ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਅਕਾਲ ਅਕੈਡਮੀ ਤਿੱਬੜ (ਜ਼ਿਲ੍ਹਾ ਗੁਰਦਾਸਪੁਰ) ਦੇ ਵਿਦਿਆਰਥੀਆਂ ਨੇ ਜ਼ੂਮ ਐਪ ਰਾਹੀਂ ਕਰਵਾਏ ਗਏ ਅੰਤਰਰਾਸ਼ਟਰੀ ਬਾਲ ਕਵੀ ਦਰਬਾਰ ਮੁਕਾਬਲੇ ਵਿੱਚ ਹਿੱਸਾ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੀ ਸੰਸਥਾ, ਮਾਤਾ ਪਿਤਾ ਅਤੇ ਜ਼ਿਲ੍ਹਾ ਗੁਰਦਾਸਪੁਰ ਦਾ ਨਾਮ ਰੌਸ਼ਨ ਕੀਤਾ ਹੈ। ਇਸ ਕਵੀ ਬਾਲ ਦਰਬਾਰ ਵਿੱਚ ਅਕਾਲ ਅਕੈਡਮੀ ਤਿੱਬੜ ਦੇ ਵਿਦਿਆਰਥੀ ਰੂਹਾਨਦੀਪ ਸਿੰਘ ਅਤੇ ਵਿਦਿਆਰਥਣ ਸਹਿਜਪ੍ਰੀਤ ਕੌਰ ਬਾਜਵਾ ਨੇ ਕ੍ਰਮਵਾਰ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਕੇ ਨਕਦ ਇਨਾਮ ਅਤੇ ਸਰਟੀਫਿਕੇਟ ਅਤੇ ਇਨ੍ਹਾਂ ਤੋਂ ਇਲਾਵਾ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸੰਬੰਧੀ ਅਕਾਲ ਅਕੈਡਮੀ ਤਿੱਬੜ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਦੱਸਿਆ ਕਿ ਆਰ. ਐੱਸ. ਐੱਫ. ਓ. ਕੈਨੇਡਾ ਅਤੇ ਅੰਤਰਰਾਸ਼ਟਰੀ ਸਰਬ ਸਾਂਝਾ ਸਾਹਿਤਕ ਮੰਚ (ਰਜਿ.) ਕੈਨੇਡਾ ਅਤੇ ਭਾਰਤ ਇਕਾਈ ਵੱਲੋਂ ਜ਼ੂਮ ਐਪ ਰਾਹੀਂ ਕਰਵਾਏ ਗਏ ਪਹਿਲੇ ਬਾਲ ਕਵੀ ਦਰਬਾਰ ਮੁਕਾਬਲੇ ਵਿੱਚ ਦੇਸ਼ ਵਿਦੇਸ਼ ਤੋਂ 29 ਬੱਚਿਆਂ ਨੇ ਭਾਗ ਲਿਆ,



ਜਿਸ ਵਿੱਚ 14 ਬੱਚੇ ਅਕਾਲ ਅਕੈਡਮੀ ਤਿੱਬੜ (ਜ਼ਿਲ੍ਹਾ ਗੁਰਦਾਸਪੁਰ) ਪੰਜਾਬ, ਭਾਰਤ ਤੋਂ ਸ਼ਾਮਲ ਹੋਏ। ਇਸ ਮੁਕਾਬਲੇ ਵਿੱਚੋਂ ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਬੱਚਿਆਂ ਨੂੰ ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਮੰਚ ਦੇ ਚੇਅਰਮੈਨ ਦਲਜੀਤ ਸਿੰਘ ਗੈਦੂ ਅਤੇ ਕੈਨੇਡਾ ਪ੍ਰਧਾਨ ਜਰਨੈਲ ਸਿੰਘ ਮਠਾਰੂ ਦੀ ਅਗਵਾਇ ਹੇਠ ਵਿਸ਼ੇਸ਼ ਮਹਿਮਾਨਾਂ ਵਿੱਚ ਹਰਜਿੰਦਰ ਸਿੱਧੂ ਬਠਿੰਡਾ ਵਾਲੇ, ਭਾਰਤੀ ਕਮੇਟੀ ਦੇ ਪ੍ਰਧਾਨ ਡਾ. ਹਰਮੀਤ ਕੌਰ ਮੀਤ, ਚੀਫ਼ ਕੁਆਰਡੀਨੇਟਰ ਡਾ. ਸੁਰਜੀਤ ਕੌਰ ਭੋਗਪੁਰ, ਸਕੱਤਰ ਕੁਲਵਿੰਦਰ ਸਿੰਘ ਗਾਖਲ ਸ਼ਾਮਲ ਸਨ। ਇਸ ਕਵੀ ਬਾਲ ਦਰਬਾਰ ਵਿੱਚ ਅਕਾਲ ਅਕੈਡਮੀ ਤਿੱਬੜ ਦੇ ਵਿਦਿਆਰਥੀ ਰੂਹਾਨਦੀਪ ਸਿੰਘ ਨੇ ਦੂਜਾ ਸਥਾਨ ਅਤੇ ਵਿਦਿਆਰਥਣ ਸਹਿਜਪ੍ਰੀਤ ਕੌਰ ਬਾਜਵਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਲੰਧਰ ਦੀ ਖ਼ੁਸ਼ਪ੍ਰੀਤ ਕੌਰ ਪਹਿਲੇ ਸਥਾਨ 'ਤੇ ਰਹੀ। ਮੰਚ ਵੱਲੋਂ ਭੇਜੇ ਗਏ ਸਰਟੀਫਿਕੇਟ ਅਤੇ ਇਨਾਮ (ਨਕਦ ਰਾਸ਼ੀ) ਜੇਤੂ ਬੱਚਿਆਂ ਨੂੰ ਦਿੱਤੇ ਗਏ ਅਤੇ ਇਨ੍ਹਾਂ ਤੋਂ ਇਲਾਵਾ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਅਕੈਡਮੀ ਦੇ ਪ੍ਰਿੰਸੀਪਲ ਗੁਰਵਿੰਦਰ ਕੌਰ ਨੇ ਮੰਚ ਦੇ ਚੇਅਰਮੈਨ ਦਲਜੀਤ ਸਿੰਘ ਗੈਦੂ ਅਤੇ ਕੈਨੇਡਾ ਪ੍ਰਧਾਨ ਜਰਨੈਲ ਸਿੰਘ ਮਠਾਰੂ ਸਮੇਤ ਸਮੁੱਚੀ ਟੀਮ ਦਾ ਧੰਨਵਾਦ ਕੀਤਾ ਅਤੇ ਜੇਤੂ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਬੱਚਿਆਂ ਨੂੰ ਅੱਗੇ ਤੋਂ ਵੀ ਅਜਿਹੇ ਪ੍ਰੋਗਰਾਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# 'ਗੈਂਗਸਟਰਵਾਦ ਵਾਂਗ ਹੀ ਬੇਹੱਦ ਖਤਰਨਾਕ ਹੋ ਚੁੱਕਾ ਚਾਈਨਾ ਡੋਰ ਵਰਤਣ ਦਾ ਰੁਝਾਨ'

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**
ਖਤਰਨਾਕ ਚਾਈਨਾ ਡੋਰ ਨਾਲ ਪਤੰਗਬਾਜ਼ੀ ਕਰਨ ਦੇ ਰੁਝਾਨ ਨੇ ਇਨਸਾਨਾਂ ਤੇ ਬੇਜ਼ੁਬਾਨ ਪੰਛੀਆਂ ਲਈ ਬਹੁਤ ਵੱਡਾ ਖਤਰਾ ਪੈਦਾ ਕਰ ਦਿੱਤਾ ਹੈ।ਆਏ ਦਿਨ ਕੋਈ ਨਾ ਕੋਈ ਬੱਚਾ ਨੌਜਵਾਨ ਤੇ ਬਜ਼ੁਰਗ ਇਸਦੀ ਭੇਟ ਚੜ੍ਹ ਰਿਹਾ ਹੈ।ਪਰ ਇਸ ਸਭ ਦੇ ਬਾਵਜੂਦ ਵੀ ਚਾਈਨਾ ਡੋਰ ਦੀ ਵਿਕਰੀ ਧੜੱਲੇ ਨਾਲ ਹੋ ਰਹੀ ਹੈ।ਇਸ ਸੰਬੰਧੀ ਪਿੰਡ ਮਾਨ ਸੈਂਡਵਾਲ ਦੇ ਸਾਬਕਾ ਸਰਪੰਚ ਕੁਲਦੀਪ ਸਿੰਘ ਮਾਨ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਹਰ ਸ਼ਹਿਰ ਕਸਬੇ ਤੇ ਪਿੰਡ ਵਿੱਚ ਦੁਕਾਨਦਾਰ ਲਾਲਚ ਵੱਸ ਚਾਈਨਾ ਡੋਰ ਵੇਚ ਰਹੇ ਹਨ।ਉਹ ਆਪਣੇ ਥੋੜੇ ਜਿਹੇ ਮੁਨਾਫੇ ਖਾਤਰ ਇਨਸਾਨੀ ਤੇ ਪੰਛੀਆਂ ਜਾਨਵਰਾਂ ਦੀ ਜਾਨ ਖਤਰੇ ਵਿੱਚ ਪਾ ਰਹੇ ਹਨ।ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਅਪੀਲ ਕਰਦਿਆ ਕਿਹਾ ਕੇ ਇਸ ਸੰਬੰਧ ਵਿਚ ਹੋਰ ਸਖਤੀ ਵਰਤੀ ਜਾਵੇ। ਇਸੇ ਤਰ੍ਹਾਂ ਇਸ ਸੰਬੰਧੀ ਨੌਜਵਾਨ ਗੁਰਿੰਦਰ ਸਿੰਘ ਮਾਨ ਨੇ ਗੱਲਬਾਤ ਕਰਦਿਆਂ ਕਿਹਾ ਕੇ ਇਹ ਖੂਨੀ ਡੋਰ ਇਨਸਾਨਾਂ ਤੇ





ਪੰਛੀਆਂ ਦੇ ਖੂਨ ਦੀ ਪਿਆਸੀ ਹੈ।ਇਹ ਚਾਈਨਾ ਡੋਰ ਹੁਣ ਬਾਰਡਰ ਪਾਰ ਤੋਂ ਨਹੀਂ ਬਲਕਿ ਸਾਡੇ ਪੰਜਾਬ ਦੇ ਕਈ ਸ਼ਹਿਰਾਂ ਵਿਚ ਵੀ ਤਿਆਰ ਹੋ ਰਹੀ ਹੈ।ਹਰ ਸੀਜ਼ਨ ਦੌਰਾਨ ਇਸ ਨਾਲ ਬੜੇ ਭਿਆਨਕ ਹਾਦਸੇ ਵਾਪਰਦੇ ਨੇ ਪਰ ਫਿਰ ਵੀ ਅਸੀਂ ਸੁਚੇਤ ਨਹੀਂ ਹੋ ਰਹੇ ਹਾਂ।ਉਨ੍ਹਾਂ ਦੱਸਿਆ ਕਿ ਚਾਈਨਾ ਡੋਰ ਇਕ ਤਰ੍ਹਾਂ ਦਾ ਆਤੰਕ ਦਾ ਨਾਂਅ ਬਣ ਕੇ ਰਹਿ ਗਈ ਹੈ ਤੇ ਗੈਂਗਸਟਰਵਾਦ ਵਾਂਗ ਹੀ ਬੇਹੱਦ ਖਤਰਨਾਕ ਰੂਪ ਧਾਰਨ ਕਰ ਚੁੱਕੀ ਹੈ।ਇਸ ਲਈ ਪ੍ਰਸ਼ਾਸਨ ਨੂੰ ਅਪੀਲ ਹੈ ਕਿ ਹੋਰ ਸਖਤੀ ਵਰਤਦੇ ਹੋਏ ਇਸਦੀ ਵਿਕਰੀ ਮੁਕੰਮਲ ਤੌਰ 'ਤੇ ਬੰਦ ਕੀਤੀ ਜਾਵੇ।

# ਸੈਕਟਰ ਬਮਿਆਲ 'ਚ ਇਕ ਵਾਰ ਫਿਰ ਦਹਿਸ਼ਤ ਦਾ ਮਾਹੌਲ

**ਪਠਾਨਕੋਟ (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਦੇ ਨੇੜੇ ਪੈਂਦੇ ਸਰਹੱਦੀ ਪਿੰਡ ਬਹਾਦਰਪੁਰ ਵਿਖੇ ਸਥਿਤ ਇੱਕ ਨਿੱਜੀ ਡਿਗਰੀ ਫਾਰ ਵੂਮੈਨ ਕਾਲਜ ਅਤੇ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਭਰੀ ਈ-ਮੇਲ ਮਿਲਣ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ ਹੈ।ਮਿਲੀ ਜਾਣਕਾਰੀ ਅਨੁਸਾਰ ਸਕੂਲ ਦੀ ਆਫ਼ੀਸ਼ੀਅਲ ਈ-ਮੇਲ ਤੇ ਭੇਜੇ ਗਏ ਸੁਨੇਹੇ ਵਿੱਚ ਸਾਫ਼ ਲਿਖਿਆ ਗਿਆ ਹੈ ਕਿ ਜੇਕਰ 26 ਜਨਵਰੀ ਨੂੰ ਤਿਰੰਗਾ ਝੰਡਾ ਲਹਿਰਾਇਆ ਗਿਆ ਤਾਂ ਸਕੂਲ ਅਤੇ ਕਾਲਜ ਨੂੰ ਉਡਾ ਦਿੱਤਾ ਜਾਵੇਗਾ।ਧਮਕੀ ਮਿਲਦੇ ਹੀ ਸਕੂਲ ਪ੍ਰਬੰਧਨ ਵੱਲੋਂ ਤੁਰੰਤ ਬੱਚਿਆਂ ਦੀ ਛੁੱਟੀ ਕਰ ਦਿੱਤੀ ਗਈ ਅਤੇ ਇਸ ਸਬੰਧੀ ਪੁਲਸ ਨੂੰ ਸੂਚਿਤ ਕੀਤਾ ਗਿਆ।ਸੂਚਨਾ ਮਿਲਣ 'ਤੇ ਪੁਲਸ ਤੁਰੰਤ ਮੌਕੇ ਤੇ ਪਹੁੰਚੀ ਅਤੇ ਸਕੂਲ ਤੇ ਕਾਲਜ ਨੂੰ ਪੁਲਸ ਛਾਉਣੀ ਵਿੱਚ ਤਬਦੀਲ ਕਰ ਦਿੱਤਾ ਗਿਆ।ਡੌਗ ਸਕੁਐਡ ਟੀਮ ਵੱਲੋਂ ਸਕੂਲ ਦੇ ਹਰ ਕੋਨੇ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ, ਜਦਕਿ ਆਸ-ਪਾਸ ਦੇ ਇਲਾਕਿਆਂ ਵਿੱਚ ਵੀ ਸੁਰੱਖਿਆ ਏਜੰਸੀਆਂ ਵੱਲੋਂ ਸਰਚ ਅਭਿਆਨ ਜਾਰੀ ਹੈ।ਭਾਰਤ-ਪਾਕਿ ਸਰਹੱਦ ਦੇ ਨੇੜੇ ਹੋਣ ਕਾਰਨ ਸੁਰੱਖਿਆ ਪ੍ਰਬੰਧ ਹੋਰ ਵੀ ਮਜ਼ਬੂਤ ਕਰ ਦਿੱਤੇ ਗਏ ਹਨ।ਇਸ ਮੌਕੇ ਜਾਣਕਾਰੀ ਦਿੰਦਿਆਂ ਡੀਐੱਸਪੀ ਸੁਖਜਿੰਦਰ ਕੁਮਾਰ ਨੇ ਦੱਸਿਆ ਕਿ ਸਕੂਲ ਦੀ ਆਫ਼ੀਸ਼ੀਅਲ ਈ-ਮੇਲ 'ਤੇ ਇੱਕ ਬੌਂਬ ਰਾਹੀਂ ਧਮਕੀ ਭਰੀ ਈ-ਮੇਲ ਪ੍ਰਾਪਤ ਹੋਈ ਹੈ।ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਲਾਕੇ ਵਿੱਚ ਤਲਾਸ਼ੀ ਅਭਿਆਨ ਚਲਾਇਆ ਜਾ ਰਿਹਾ ਹੈ, ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਪੂਰੇ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।ਉੱਧਰ ਆਏ ਦਿਨ ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਸਕੂਲਾਂ ਅਤੇ ਹੋਰ ਸੰਸਥਾਵਾਂ ਧਮਕੀਆਂ ਦਿੱਤੀਆਂ ਜਾ ਰਹੀਆਂ ਸਨ।

# ਕਤਲ ਦੇ ਕੇਸ 'ਚ ਲੋੜੀਂਦਾ ਦੋਸ਼ੀ ਪਿਸਤੌਲ ਤੇ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ

ਬਿਆਸ (ਪਰਮਜੀਤ ਸਿੰਘ ਰੱਖੜਾ)-ਸ੍ਰੀ ਸੰਦੀਪ ਗੋਇਲ ਆਈਪੀਐੱਸ., ਡੀਆਈਜੀ ਬਾਰਡਰ ਰੇਂਜ ਦੇ ਦਿਸ਼ਾ-ਨਿਰਦੇਸ਼ਾਂ ਅਤੇ ਸ੍ਰੀ ਸੁਹੇਲ ਮੀਰ ਆਈਪੀਐੱਸ., ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੀ ਅਗਵਾਈ ਹੇਠ ਥਾਣਾ ਖਲਚੀਆਂ ਪੁਲਸ ਵੱਲੋਂ ਇੱਕ ਸੰਖੇਪ ਮੁਕਾਬਲੇ ਤੋਂ ਬਾਅਦ ਮਡਰ ਕੇਸ ਵਿੱਚ ਲੋੜੀਂਦਾ ਦੋਸ਼ੀ ਜਸਪਾਲ ਸਿੰਘ ਉਰਫ਼ ਭੱਟੀ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਪੱਟੀ ਥਾਣਾ ਚੱਬੇਵਾਲ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਕਾਬੂ ਕੀਤਾ ਗਿਆ ਹੈ।ਪੁਲਸ ਪਾਰਟੀ ਨੂੰ ਖੁਫੀਆ ਸੂਚਨਾ ਮਿਲੀ ਕਿ ਉਕਤ ਦੋਸ਼ੀ ਇਲਾਕੇ ਵਿੱਚ ਘੁੰਮ ਰਿਹਾ ਹੈ। ਦੱਸਣਯੋਗ ਹੈ ਕਿ ਦੋਸ਼ੀ ਖ਼ਿਲਾਫ਼ 69 ਨੰਬਰ ਮਿਤੀ 13.01.2025, ਥਾਣਾ ਕੋਤਵਾਲੀ ਜ਼ਿਲ੍ਹਾ ਕਪੂਰਥਲਾ ਵਿਖੇ ਮਰਡਰ ਦਾ ਮਾਮਲਾ ਦਰਜ ਹੈ।ਦੋਸ਼ ਹੈ ਕਿ ਉਸ ਨੇ ਨਿੱਜੀ ਰੰਜਿਸ਼ ਦੇ ਚਲਦੇ ਲਖਵਿੰਦਰ ਸਿੰਘ, ਪੁੱਤਰ ਲਖਸ਼ਮਣ ਸਿੰਘ ਵਾਸੀ ਪਿੰਡ ਫੁੱਲੇਵਾਲ ਕਪੂਰਥਲਾ ਦਾ ਕਤਲ ਕੀਤਾ ਸੀ।ਸੂਚਨਾ ਮੁਤਾਬਕ ਦੋਸ਼ੀ ਕੋਲ ਆਧੁਨਿਕ ਹਥਿਆਰ ਮੌਜੂਦ ਹੋਣ ਦੀ ਸੰਭਾਵਨਾ ਸੀ।ਸੂਚਨਾ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਵੱਲੋਂ ਇਲਾਕੇ ਵਿੱਚ ਨਾਕਾਬੰਦੀ ਕਰਕੇ ਚੈਕਿੰਗ ਸ਼ੁਰੂ ਕੀਤੀ ਗਈ।ਤਲਾਸ਼ੀ ਦੌਰਾਨ ਜਦੋਂ ਦੋਸ਼ੀ ਨਜ਼ਰ ਆਇਆ ਤਾਂ ਉਸ ਨੇ ਪੁਲਸ ਪਾਰਟੀ ਨੂੰ ਦੇਖ ਕੇ ਗ੍ਰਿਫ਼ਤਾਰੀ ਤੋਂ ਬਚਣ ਦੀ ਨੀਅਤ ਨਾਲ ਅੰਨ੍ਹੇਵਾਹ ਫਾਇਰਿੰਗ ਕਰ ਦਿੱਤੀ।ਪੁਲਸ ਵੱਲੋਂ ਜਵਾਬੀ ਕਾਰਵਾਈ ਦੌਰਾਨ ਦੋਸ਼ੀ ਦੇ ਪੈਰ ਵਿੱਚ ਗੋਲੀ ਲੱਗੀ, ਜਿਸ ਤੋਂ



ਬਾਅਦ ਉਸਨੂੰ ਕਾਬੂ ਕਰ ਲਿਆ ਗਿਆ।ਦੋਸ਼ੀ ਦੇ ਕਬਜ਼ੇ ਵਿਚੋਂ .30 ਬੋਰ ਪਿਸਤੌਲ, ਇੱਕ ਜ਼ਿੰਦਾ ਕਾਰਤੂਸ ਮੈਗਜ਼ੀਨ ਸਮੇਤ ਅਤੇ ਇੱਕ ਮੋਟਰਸਾਈਕਲ ਬਰਾਮਦ ਕੀਤੀ ਗਈ। ਜ਼ਖ਼ਮੀ ਦੋਸ਼ੀ ਨੂੰ ਤੁਰੰਤ ਇਲਾਜ ਲਈ ਹਸਪਤਾਲ ਭੇਜਿਆ ਗਿਆ ਹੈ।ਗ੍ਰਿਫ਼ਤਾਰ ਦੋਸ਼ੀ ਦੇ ਫਾਰਵਰਡ ਅਤੇ ਬੈਕਵਰਡ ਲਿੰਕਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਹੋਰ ਮਹੱਤਵਪੂਰਨ ਖੁਲਾਸਿਆਂ ਦੀ ਸੰਭਾਵਨਾ ਹੈ।

# ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਦੀ ਕਨਵੈਨਸ਼ਨ 27 ਨੂੰ : ਸੁਰਿੰਦਰ ਪੱਪੂ

**ਗੁਰਦਾਸਪੁਰ, (ਜਨਕ ਮਹਾਜਨ)**
ਪਾਵਰਕਾਮ ਤੇ ਟਰਾਂਸਕੋ ਸਰਕਲ ਗੁਰਦਾਸਪੁਰ ਦੇ ਸਰਕਲ ਸਕੱਤਰ ਸੁਰਿੰਦਰ ਪੱਪੂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਸੰਸਾਰੀਕਰਨ, ਉਦਾਰੀਕਰਣ ਨੀਤੀਆਂ ਤਹਿਤ ਪਬਲਿਕ ਸੈਕਟਰ ਦੇ ਅਦਾਰਿਆਂ ਨੂੰ ਤੋੜ ਕੇ ਪ੍ਰਾਈਵੇਟ ਨਿਜੀ ਕੰਪਨੀਆਂ ਨੂੰ ਵੇਚਣ, ਬਿਜਲੀ ਬਿੱਲ 2025, ਬੀਜ ਸੋਧ ਬਿੱਲ, ਪੰਜਾਬ ਸਰਕਾਰ ਵਲੋਂ ਇਨ੍ਹਾਂ ਬਿੱਲਾਂ ਦਾ ਵਿਰੋਧ ਨਾ ਕਰਨ ਤੋਂ ਇਲਾਵਾ ਪਾਵਰਕਾਮ ਅਤੇ ਹੋਰ ਅਦਾਰਿਆਂ ਦੀਆਂ ਜ਼ਮੀਨਾਂ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ ਵੇਚਣ ਦੇ ਵਿਰੋਧ ਵਿਚ 12 ਫਰਵਰੀ ਨੂੰ ਟਰੇਡ ਯੂਨੀਅਨ ਵੱਲੋਂ ਕੀਤੀ ਜਾ ਰਹੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਲਈ 27 ਜਨਵਰੀ ਨੂੰ ਸੂਬਾ ਕਮੇਟੀ ਪੈਨਸ਼ਨਰ ਐਸੋਸੀਏਸ਼ਨ ਦੇ ਸੱਦੇ 'ਤੇ ਰਾਮ ਸਿੰਘ ਦੱਤ ਮੈਮੋਰੀਅਲ ਹਾਲ ਗੁਰਦਾਸਪੁਰ ਵਿਖੇ ਕਨਵੈਨਸ਼ਨ ਬੁਲਾਈ ਗਈ ਹੈ। ਸ਼੍ਰੀ ਪੱਪੂ ਨੇ ਦੱਸਿਆ ਕਿ ਇਸ ਕਨਵੈਨਸ਼ਨ ਵਿੱਚ ਸੂਬਾ ਆਗੂ ਉਚੇਚੇ ਤੌਰ 'ਤੇ ਪਹੁੰਚ ਕੇ ਪੈਨਸ਼ਨਾਂ ਨੂੰ



ਲਾਮਬੰਦ ਕਰਨਗੇ ਅਤੇ ਕੇਂਦਰ, ਪੰਜਾਬ ਸਰਕਾਰ ਦੀਆਂ ਕਿਸਾਨ ਮਜ਼ਦੂਰ ਮੁਲਾਜ਼ਮ ਮਾਰੂ ਨੀਤੀਆਂ ਬਾਰੇ ਚਾਨਣਾ ਪਾਉਣਗੇ। ਉਨ੍ਹਾਂ ਕਿਹਾ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੇ 16 ਫੀਸਦੀ ਡੀ.ਏ., ਉਨਾਂ ਦਾ ਰਹਿੰਦਾ ਬਕਾਇਆ ਅਤੇ ਛੇਵੇਂ ਪੇ ਕਮਿਸ਼ਨ ਦੀ ਸਿਫਾਰਿਸ਼ਾਂ ਮੁਤਾਬਕ ਪੈਨਸ਼ਨਰਾਂ ਦਾ 2016 ਤੋਂ ਪਹਿਲਾਂ 2.45 ਫੈਕਟਰ ਦੀ ਬਜਾਏ 2.59 ਫੈਕਟਰ ਨਾਲ ਪੈਨਸ਼ਨ ਵਿਚ ਵਾਧਾ ਨਾ ਕਰਕੇ ਉਸ ਦਾ ਪਿਛਲਾ ਬਕਾਇਆ ਨਾ ਦੇਣ 'ਤੇ ਮੁੱਖ ਦਫਤਰ ਪਟਿਆਲਾ ਵਿਖੇ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ ਪੰਜਾਬ ਪੱਧਰ ਦਾ ਧਰਨਾ ਦੇਣ ਦਾ ਐਲਾਨ ਕੀਤਾ ਜਾਵੇਗਾ। ਸੁਰਿੰਦਰ ਪੱਪੂ ਨੇ ਸਮੂਹ ਮੰਡਲ ਦੇ ਅਹੁਦੇਦਾਰਾਂ ਨੂੰ ਸਰਕਲ ਆਗੂਆਂ ਨੂੰ ਇਸ ਕਨਵੈਂਸ਼ਨ ਵਿੱਚ ਪਹੁੰਚਣ ਦੀ ਅਪੀਲ ਕੀਤੀ ਤਾਂ ਜੋ ਇਸ ਕਨਵੈਂਸ਼ਨ ਨੂੰ ਕਾਮਯਾਬ ਕਰਕੇ ਪੰਜਾਬ ਸਰਕਾਰ ਕੋਲੋਂ ਆਪਣੇ ਬਕਾਏ ਲਏ ਜਾਣ ਤੇ ਕੇਂਦਰ ਸਰਕਾਰ ਕੋਲੋਂ ਚਾਰ ਲੇਬਰ ਕੋਡ, ਬੀਜ ਸੋਧ ਬਿੱਲ ਅਤੇ ਬਿਜਲੀ ਬਿੱਲ -2025 ਰੱਦ ਕਰਵਾਏ ਜਾ ਸਕਣ।

# ਕਿਸਾਨਾਂ ਦੇ ਹੱਕ ਕਾਰਪੋਰੇਟ ਘਰਾਣਿਆਂ ਨੂੰ ਸੌਂਪ ਦੇਣੇ ਅਤਿਅੰਤ ਚਿੰਤਾਜਨਕ : ਰਮਨਜੀਤ ਸਿੰਘ ਸਿੱਕੀ

**ਖਡੂਰ ਸਾਹਿਬ, ਚੋਹਲਾ ਸਾਹਿਬ (ਸਰਬਜੋਤ ਸਿੰਘ ਸੰਧਾ, ਰਮਨ ਚੱਢਾ)**
ਸੀਨੀਅਰ ਕਾਂਗਰਸ ਨੇਤਾ ਅਤੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਪੱਤਰਕਾਰਾਂ ਨਾਲ ਫੋਨ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸ਼ੂਗਰ ਮਿੱਲ ਸ਼ੇਰੋਂ ਨੂੰ ਕਿਸੇ ਪ੍ਰਾਈਵੇਟ ਘਰਾਣੇ ਨੂੰ ਦੇਣ ਦੀਆਂ ਕੋਝੀਆਂ ਚਾਲਾਂ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਸ਼ੂਗਰ ਮਿੱਲ ਵਿੱਚ 60 ਫੀਸਦੀ ਹਿੱਸਾ ਕਿਸਾਨਾਂ ਦਾ ਹੈ।ਇਸ ਲਈ ਸਰਕਾਰ ਦਾ ਇਹ ਫੈਸਲਾ ਜਿਥੇ ਇਲਾਕੇ ਦੇ ਕਿਸਾਨਾਂ ਲਈ ਮੰਦਭਾਗਾ ਹੈ, ਉਥੇ ਉਨ੍ਹਾਂ ਨਾਲ ਜਬਰ ਤੇ ਧੋਖਾ ਵੀ ਹੈ।ਨਾਲ ਨਾਲ ਕਿਸਾਨਾਂ ਦੇ ਹੱਕਾਂ 'ਤੇ ਡਾਕਾ ਵੀ ਹੈ।ਸਰਦਾਰ ਸਿੱਕੀ ਨੇ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਸ਼ੂਗਰ ਮਿੱਲ ਦੀ ਨਿੱਜੀ ਮਾਲਕੀਅਤ ਨੂੰ ਤੁਰੰਤ ਕੈਂਸਲ ਕਰ ਕੇ ਮਿੱਲ ਨੂੰ ਸਰਕਾਰੀ ਮਾਲਕੀਅਤ ਅਧੀਨ ਚਾਲੂ ਕੀਤਾ ਜਾਵੇ ਨਹੀਂ ਤਾਂ ਕਾਂਗਰਸ ਪਾਰਟੀ ਨੂੰ ਇਸ ਸਰਕਾਰੀ ਫੈਸਲੇ ਦੇ ਵਿਰੁੱਧ ਕੁਝ ਸੋਚਣ ਲਈ ਮਜਬੂਰ ਹੋਣਾ ਪਵੇਗਾ।ਬਿਹਤਰ ਹੋਵੇਗਾ ਜੇਕਰ ਸਰਕਾਰ ਇਸ ਮਿੱਲ ਨੂੰ ਉਚਿੱਤ ਤਰੀਕੇ ਨਾਲ ਚਾਲੂ ਕਰਵਾ ਕੇ ਇਸਦਾ ਲਾਭ ਕਿਸਾਨਾਂ ਨੂੰ ਦੇਵੇ।ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਸੂਬੇ ਨੂੰ ਦਿਵਾਲੀਆ ਕਰਕੇ ਰੱਖ ਦਿੱਤਾ ਹੈ।ਸਰਕਾਰ ਵੱਲੋਂ ਪਹਿਲਾਂ ਵੀ ਕਈ ਵਾਰ ਪੰਜਾਬ ਦੀਆਂ ਬੇਸ਼ੁਮਾਰ ਕੀਮਤੀ ਜਾਇਦਾਦਾਂ ਨੂੰ ਵੇਚਣ ਦੀਆਂ



ਕੋਝੀਆਂ ਹਰਕਤਾਂ ਕੀਤੀਆਂ ਗਈਆਂ ਹਨ ਪਰ ਸੂਬੇ ਦੇ ਲੋਕ ਅਜਿਹਾ ਹਰਗਿਜ਼ ਬਰਦਾਸ਼ਤ ਨਹੀਂ ਕਰਨਗੇ।ਉਨ੍ਹਾਂ ਪੰਜਾਬ ਕਾਂਗਰਸ ਦੀ ਗੱਲ ਕਰਦਿਆਂ ਕਿਹਾ ਕਿ ਹੁਣ ਚੋਣਾਂ ਬਹੁਤੀ ਦੂਰ ਨਹੀਂ ਹਨ, ਕੁਝ ਮਹੀਨੇ ਹੀ ਬਾਕੀ ਹਨ, ਸੂਬੇ ਦੇ ਸੂਝਵਾਨ ਵੋਟਰ ਆਉਣ ਵਾਲੇ ਸਮੇਂ ਵਿੱਚ ਇਸ ਸਰਕਾਰ ਨੂੰ ਬਿਲਕੁਲ ਵੀ ਮੂੰਹ ਨਹੀਂ ਲਾਉਣਗੇ।ਪੰਜਾਬ ਵਿੱਚ ਕਾਂਗਰਸ ਪਾਰਟੀ ਦਾ ਸਾਥ ਦੇਣਗੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦੀ ਸਰਕਾਰ ਹੀ ਪੰਜਾਬ ਵਿੱਚ ਖੁਸ਼ਹਾਲੀ ਬਹਾਲ ਕਰ ਸਕਦੀ ਹੈ। ਇਸ ਮੌਕੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਕਿਸਾਨ ਜਥੇਬੰਦੀਆਂ ਵੱਲੋਂ ਜੋ ਵੀ ਫੈਸਲਾ ਲਿਆ ਜਾਵੇਗਾ ਅਸੀਂ ਪੂਰਨ ਸਮਰਥਨ ਦੇਵਾਂਗੇ ਅਤੇ ਖੰਡ ਮਿੱਲ ਸ਼ੇਰੋਂ ਦੀ ਜ਼ਮੀਨ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਹਰ ਲੜਾਈ ਲੜਨ ਲਈ ਤਿਆਰ ਹੈ।

# ਫਿਰੌਤੀ ਮੰਗਣ ਵਾਲੇ ਦੋ ਹਥਿਆਰਾਂ ਸਮੇਤ ਕਾਬੂ

**ਮਜੀਠਾ (ਸੋਇਮ ਆਨੰਦ)**
ਮਜੀਠਾ ਪੁਲਸ ਨੇ ਦੇਰ ਸ਼ਾਮ ਫੋਨ 'ਤੇ ਫਿਰੌਤੀ ਮੰਗਣ ਵਾਲਾ ਸਾਥੀ ਸਣੇ ਪਿਸਤੌਲ ਸਮੇਤ ਕਾਬੂ ਕੀਤਾ ਹੈ।ਮਾਸਟਰ ਹਰਚਰਨ ਸਿੰਘ ਵਾਸੀ ਪਿੰਡ ਸੋਹੀਆਂ ਕਲਾਂ ਨੇ ਥਾਣਾ ਮਜੀਠਾ ਵਿਖੇ ਲਿਖਤੀ ਇਤਲਾਹ ਦਿੱਤੀ ਸੀ ਕਿ 18 ਜਨਵਰੀ ਨੂੰ ਉਸ ਦੇ ਮੋਬਾਇਲ 'ਤੇ ਇੱਕ ਵਿਅਕਤੀ ਨੇ ਕਾਲ ਕੀਤੀ ਜਿਸਨੇ ਆਪਣਾ ਨਾਂਅ ਡੌਨੀ ਗੈਂਗਸਟਰ ਦੱਸਿਆ ਤੇ 10 ਲੱਖ ਰੁਪਏ ਦੀ ਫਿਰੌਤੀ ਮੰਗੀ।ਫਿਰੌਤੀ ਦੀ ਰਕਮ ਨਾ ਦੇਣ 'ਤੇ ਉਸ ਦੇ ਪਰਿਵਾਰ ਨੂੰ ਜਾਨ ਤੋਂ ਮਾਰਨ ਦੀ ਧਮਕੀ ਦਿੱਤੀ ਗਈ।ਅਗਲੇ ਰਾਤ ਨੂੰ ਫਿਰ ਕੁਝ ਕਾਲਾਂ ਆਈਆਂ ਜਿਹੜੀਆਂ ਉਸ ਨੇ ਅਟੈਂਡ ਨਹੀਂ ਕੀਤੀਆਂ। ਫਿਰ 20 ਜਨਵਰੀ ਨੂੰ ਸਵੇਰੇ ਦੁਬਈ ਦੇ ਨੰਬਰ ਤੋਂ ਵਟਸਅਪ ਤੇ ਮੈਸੇਜ ਆਏ ਜਿਸ ਵਿਚ ਫਿਰੌਤੀ ਮੰਗਣ ਵਾਲੇ ਨੇ ਕਿਹਾ ਕਿ ਤੂੰ ਅਗਰ 10 ਲੱਖ ਰੁਪਏ ਦਾ ਇੰਤਜ਼ਾਮ ਕਰ ਲਿਆ ਹੈ ਤਾਂ ਸ਼ਾਮ 6 ਵਜੇ ਅਸੀਂ ਇਹ ਰਕਮ ਲਵਾਂਗੇ।ਦੁਬਾਰਾ ਇਸੇ ਨੰਬਰ ਤੋਂ 8 ਵਜੇ ਦੇ ਕਰੀਬ ਵਟਸਅਪ ਨੰਬਰ 'ਤੇ ਵਾਇਸ ਮੈਸੇਜ ਅਉਣ ਲੱਗੇ ਜਿਹੜੇ ਦੇਰ ਰਾਤ ਤੱਕ ਆਉਂਦੇ ਰਹੇ ਅਤੇ 5 ਲੱਖ ਰੁਪਏ ਹੁਣ ਅਤੇ 5 ਲੱਖ ਰੁਪਏ ਹਫਤੇ ਤੱਕ ਦੇਣ ਲਈ ਕਿਹਾ ਗਿਆ ਨਹੀਂ ਤਾਂ ਟਰੇਲਰ ਦਿਖਾਉਣ ਦੀ ਧਮਕੀ ਦਿੱਤੀ ਅਤੇ ਕਿਹਾ ਕਿ ਮੈਂ ਤੇਰੇ ਘਰ ਆਪਣੇ ਬੰਦੇ ਭੇਜ ਰਿਹਾ ਹਾਂ।ਪਿੰਡ ਵਿਚ ਬੱਤੀਆਂ ਜਗ ਰਹੀਆਂ ਸਨ ਅਤੇ ਇੱਕ ਮੋਨਾ ਵਿਅਕਤੀ ਆਇਆ ਜਿਸ ਨੇ ਆਪਣਾ ਮੂੰਹ ਢੱਕਿਆ ਹੋਇਆ ਸੀ ਅਤੇ ਡੱਬ ਵਿੱਚੋਂ ਪਿਸਤੌਲ ਕੱਢ ਕੇ ਕਹਿਣ ਲੱਗਾ ਕਿ ਜਲਦੀ ਨਾਲ ਪੈਸੇ ਹਰਿੰਦਰ ਸਿੰਘ ਮਹਿਤਾ ਨੂੰ ਦੇ ਦੇ। ਮੈਂ ਉਕਤ ਵਿਅਕਤੀ ਨੂੰ ਪਛਾਣ ਲਿਆ ਜੋ ਪਿੰਡ ਸੋਹੀਆਂ ਕਲਾਂ ਦਾ ਸੁਖਮਨਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਸੀ।ਇਤਲਾਹ ਮਿਲਣ ਤੋਂ ਬਾਅਦ ਥਾਣਾ ਮਜੀਠਾ ਦੀ ਪੁਲਸ ਨੇ ਤੁਰੰਤ ਹਰਕਤ ਵਿਚ ਆਉਂਦਿਆਂ ਸੁਖਮਨਪ੍ਰੀਤ ਸਿੰਘ ਵਾਸੀ ਪਿੰਡ ਸੋਹੀਆਂ ਕਲਾਂ ਨੂੰ ਸਮੇਤ ਪਿਸਤੌਲ ਕਾਬੂ ਕਰ ਲਿਆ ਜਿਸ ਨੇ ਮੁੱਢਲੀ ਪੁੱਛਗਿੱਛ ਦੌਰਾਨ ਮੰਨਿਆ ਕਿ ਉਸ ਦੇ ਨਾਲ ਹਰਿੰਦਰ ਸਿੰਘ ਪੁੱਤਰ ਪ੍ਰਕਾਸ਼ ਸਿੰਘ ਅਤੇ ਪ੍ਰਕਾਸ਼ ਸਿੰਘ ਖੁਦ ਵਾਸੀ ਕੁਹਾਟਵਿੰਡ ਹਿੰਦੂਆਂ ਥਾਣਾ ਮਹਿਤਾ ਵੀ ਉਸ ਨਾਲ ਵਾਰਦਾਤ ਵਿਚ ਸ਼ਾਮਲ ਹਨ। ਥਾਣਾ ਮਜੀਠਾ ਦੇ ਐੱਸਐੱਚਓ ਇੰਸਪੈਕਟਰ ਕਰਮਪਾਲ ਸਿੰਘ ਨੇ ਦੱਸਿਆ ਕਿ ਮਾਮਲੇ ਨਾਲ ਸਬੰਧਤ ਵਿਅਕਤੀ ਸੁਖਮਨਪ੍ਰੀਤ ਸਿੰਘ ਵਾਸੀ ਸੋਹੀਆ ਕਲਾਂ ਅਤੇ ਪ੍ਰਕਾਸ਼ ਸਿੰਘ ਵਾਸੀ ਕੁਹਾਟਵਿੰਡ ਹਿੰਦੂਆਂ ਨੂੰ ਸਮੇਤ ਪਿਸਤੌਲ ਕਾਬੂ ਅਤੇ ਹਰਿੰਦਰ ਸਿੰਘ ਨੂੰ ਨਾਮਜ਼ਦ ਕਰ ਲਿਆ ਹੈ ਅਤੇ ਇਨ੍ਹਾਂ ਖਿਲਾਫ ਬਣਦੀਆਂ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿਚ ਹੈ।



# ਨਾਰੀ ਸ਼ਕਤੀ ਕੇਂਦਰ ਗੁਰਦਾਸਪੁਰ ਵਿਖੇ ਆਂਗਣਵਾੜੀ ਵਰਕਰਾਂ ਦੀ ਟਰੇਨਿੰਗ ਕਰਵਾਈ

**ਗੁਰਦਾਸਪੁਰ, (ਜਨਕ ਮਹਾਜਨ)**
ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜਸਮੀਤ ਕੌਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਵਿਚ ਨਾਰੀ ਸ਼ਕਤੀ ਕੇਂਦਰ ਵਿਚ ਵਰਕਰਾਂ ਦੀ 'ਪੋਸ਼ਣ ਵੀ ਪੜ੍ਹਾਈ ਵੀ' ਦੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਜਸਮੀਤ ਕੌਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਰਦਾਸਪੁਰ ਵਲੋਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਟਰੇਨਿੰਗ ਦਾ ਮੁੱਖ ਉਦੇਸ਼ ਆਂਗਣਵਾੜੀ ਸੈਂਟਰਾਂ ਵਿਚ 0-6 ਸਾਲ ਦੇ ਬੱਚਿਆਂ ਨੂੰ ਅਰਲੀ ਚਾਈਲਡ ਹੁੱਡ ਕੇਅਰ ਐਂਡ ਐਜੂਕੇਸ਼ਨ ਸਿੱਖਿਆ ਦੇਣ ਲਈ ਆਂਗਣਵਾੜੀ ਵਰਕਰਾਂ ਨੂੰ ਪ੍ਰੇਰਿਤ ਕਰਨਾ ਹੈ, ਤਾਂ ਜੋ ਆਂਗਣਵਾੜੀ ਸੈਂਟਰਾਂ ਵਿਚ ਬੱਚਿਆਂ ਦਾ ਸਰਵਪੱਖੀ ਵਿਕਾਸ ਦੇ ਉਦੇਸ਼ ਪ੍ਰਾਪਤ ਕੀਤਾ ਜਾ ਸਕੇ ਅਤੇ ਸਕਸ਼ਮ ਸੈਂਟਰਾਂ ਨੂੰ ਲਰਨਿੰਗ ਸੈਂਟਰਾਂ ਵਜੋਂ ਵਿਕਸਿਤ ਕੀਤਾ ਜਾ ਸਕੇ। ਇਸ ਨੂੰ ਮੁੱਖ ਰੱਖਦੇ ਹੋਏ ਪੋਸ਼ਣ 2.0 ਤਹਿਤ ਵਰਕਰਾਂ ਦੇ ਹੁਨਰ ਦਾ ਨਿਖਾਰ ਜਿਵੇਂ ਬੱਚਿਆ ਦੀ ਚੰਗੀ ਸਿਹਤ, ਚੰਗੇ ਪੋਸ਼ਣ, ਬੱਚਿਆਂ ਦੀ ਸੁਰੱਖਿਆ, ਗੁਣਵੰਤਾ, ਸਰਵਪੱਖੀ ਵਿਕਾਸ ਅਤੇ ਦਿਵਿਆਗ ਬੱਚਿਆਂ ਦੇ ਵਿਕਾਸ ਨੂੰ ਮੁੱਖ ਧਾਰਾ ਵਿਚ ਸ਼ਾਮਿਲ ਕਰਨ ਸਬੰਧੀ ਟਰੇਨਿੰਗ ਦਿੱਤੀ ਗਈ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਤੇ ਵੱਖ-ਵੱਖ ਬਲਾਕਾਂ ਵਿਚ 4 ਬੈਚ ਅਧੀਨ ਟਰੇਨਿੰਗ ਮੁਕੰਮਲ ਕਰਵਾਈ ਜਾਵੇਗੀ। ਪਹਿਲਾ ਬੈਚ 23 ਜਨਵਰੀ ਤੱਕ ਪੂਰਾ ਕਰਵਾਇਆ ਜਾਵੇਗਾ। ਜਿਸ ਵਿਚ ਬਲਾਕ ਦੋਰਾਂਗਲਾ ਦੇ 85 ਵਰਕਰਾਂ ਨੂੰ ਟਰੇਨਿੰਗ ਦਿੱਤੀ ਜਾਵੇਗੀ। ਇਸ ਮੌਕੇ ਕਮਲਪ੍ਰੀਤ ਕੌਰ ਡਿਸਟ੍ਰਿਕਟ ਕੋਆਰਡੀਨੇਟਰ, ਨਵਪ੍ਰੀਤ ਕੌਰ, ਰਾਜਵਿੰਦਰ ਕੌਰ ਅਤੇ ਵਰਿੰਦਰ ਕੌਰ ਸੁਪਰਵਾਈਜ਼ਰ, ਬਲਜਿੰਦਰ ਸਿੰਘ ਮੀਡੀਆ ਡਾਕੂਮੈਂਟ ਅਸਿਸਟੈਂਟ, ਗਗਨਦੀਪ, ਅੰਕੁਸ਼ ਸ਼ਰਮਾ ਬਲਾਕ ਕੋਆਰਡੀਨੇਟਰ, ਹਰਪ੍ਰੀਤ ਕੌਰ ਅੱਤਰੀ, ਪ੍ਰਥਮ ਐਜੂਕੇਸ਼ਨ ਫਾਊਂਡੇਸ਼ਨ ਟੀਮ ਅੰਜਲੀ ਸ਼ਰਮਾ, ਕਾਮਨੀ ਠਾਕੁਰ ਨੇ ਟਰੇਨਿੰਗ ਵਿਚ ਭਾਗ ਲਿਆ ਗਿਆ।



# ਮਿਸ਼ਨ ਸਮਰੱਥ 4.0 ਤਹਿਤ ਸਰਕਾਰੀ ਸਕੂਲਾਂ 'ਚ ਅਧਿਆਪਕਾਂ ਦੇ ਸੈਮੀਨਾਰ ਸ਼ੁਰੂ

**ਧਾਰੀਵਾਲ, (ਮਨਦੀਪ ਵਿੱਕੀ)**
ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਾਸਪੁਰ ਪਰਮਜੀਤ ਦੀ ਅਗਵਾਈ ਹੇਠ ਮਿਸ਼ਨ ਸਮੱਰਥ 4.0 ਦੇ ਤਹਿਤ ਬਲਾਕ ਧਾਰੀਵਾਲ 1 ਅਤੇ 2 ਦੇ ਸਰਕਾਰੀ ਸਕੂਲਾਂ ਦੇ ਅੰਗਰੇਜੀ, ਪੰਜਾਬੀ ਅਤੇ ਹਿਸਾਬ ਪੜ੍ਹਾਉਣ ਵਾਲੇ ਅਧਿਆਪਕਾਂ ਦੇ ਦੋ ਰੋਜ਼ਾ ਸੈਮੀਨਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਣੀਆਂ ਵਿਖੇ ਸ਼ੁਰੂ ਕੀਤੇ ਗਏ। ਇਹ ਸੈਮੀਨਾਰ ਜ਼ਿਲ੍ਹਾ ਕੋਆਰਡੀਨੇਟਰ ਅਸ਼ੋਕ ਕੁਮਾਰ ਦੀ ਦੇਖ ਰੇਖ ਹੇਠ ਲਗਾਏ ਜਾ ਰਹੇ ਹਨ। ਸੈਮੀਨਾਰ ਵਿੱਚ ਸ਼ਾਮਲ ਅਧਿਆਪਕਾਂ ਨੂੰ ਵਿਸ਼ਾ ਮਾਹਿਰਾਂ ਨੇ ਮਿਸ਼ਨ ਸਮਰੱਥ 4.0 ਦੇ ਤਹਿਤ ਵਿਦਿਆਰਥੀ ਨੂੰ ਉਸਦੇ ਦਿਮਾਗੀ ਪੱਧਰ ਦੇ ਹਿਸਾਬ ਨਾਲ ਪੜ੍ਹਾਉਣ ਲਈ ਸਿਖਲਾਈ ਦਿੱਤੀ। ਇਸ ਮੌਕੇ ਜਾਣਕਾਰੀ ਦਿੰਦਿਆਂ ਬਲਾਕ ਕੋਆਰਡੀਨੇਟਰ ਰਾਜਨਦੀਪ ਸਿੰਘ ਨੇ ਦੱਸਿਆ ਕਿ ਸੈਮੀਨਾਰ ਕੁੱਲ 4 ਬੈਚਾਂ ਵਿੱਚ ਲਗਾਏ ਜਾਣਗੇ ਅਤੇ ਹਰੇਕ ਬੈਚ ਵਿੱਚ 45 ਦੇ ਕਰੀਬ ਅਧਿਆਪਕ ਟ੍ਰੇਨਿੰਗ ਲੈਣਗੇ। ਹਰੇਕ ਬੈਚ 2 ਦਿਨ ਚੱਲੇਗਾ। ਅਧਿਆਪਕਾਂ ਨੂੰ ਨਵੇਂ ਸ਼ੈਸ਼ਨ ਵਿੱਚ ਵਿਭਾਗ ਵੱਲੋਂ ਸ਼ੁਰੂ ਕੀਤੇ ਜਾ ਰਹੇ ਮਿਸ਼ਨ ਸਮਰੱਥ 4.0 ਦੇ ਤਹਿਤ ਵਿਦਿਆਰਥੀ ਨੂੰ ਉਸਦੇ ਦਿਮਾਗੀ ਪੱਧਰ ਦੇ ਹਿਸਾਬ ਨਾਲ ਪੜ੍ਹਾਉਣ ਲਈ ਸਿਖਲਾਈ ਦਿੱਤੀ ਜਾਏਗੀ। ਇਸ ਨੂੰ ਟੀਚਿੰਗ ਐਟ ਰਾਈਟ ਲੈਵਲ ਅਪਰੋਚ ਦਾ ਨਾਮ ਦਿੱਤਾ ਗਿਆ ਹੈ। ਇਹ ਟ੍ਰੇਨਿੰਗ ਸ਼ੈਸ਼ਨ ਵਿਸ਼ਾ ਮਾਹਿਰ ਰਜਨੀਸ ਕੁਮਾਰ, ਪੰਕਜ ਸੂਦ ਅਤੇ ਰਾਹੁਲ ਸ਼ਰਮਾ ਵਲੋਂ ਸੰਚਾਲਿਤ ਕੀਤਾ ਜਾਏਗਾ। ਇਸ ਮੌਕੇ ਸਕੂਲ ਮੁਖੀ ਕਸ਼ਮੀਰ ਸਿੰਘ ਵਲੋਂ ਹਾਜਰ ਅਧਿਆਪਕਾਂ ਨੂੰ ਸੰਬੋਧਨ ਕੀਤਾ ਗਿਆ ।



# ਤਹਿਸੀਲ ਕੰਪਲੈਕਸ ਬਟਾਲਾ ਵਿਖੇ ਆਰਪੀਓ ਮੋਬਾਈਲ ਵੈਨ ਮੁਹੱਈਆ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਨੇ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਅਤੇ ਨੇੜਲੇ ਖੇਤਰ ਦੇ ਨਾਗਰਿਕਾਂ ਨੂੰ ਆਪਣੀਆਂ ਪਾਸਪੋਰਟ ਅਰਜ਼ੀਆਂ ਜਮ੍ਹਾ ਕਰਾਉਣ ਵਿੱਚ ਸਹੂਲਤ ਦੇਣ ਲਈ ਆਪਣੀ ਪਾਸਪੋਰਟ ਸੇਵਾ ਆਰਪੀਓ ਮੋਬਾਈਲ ਵੈਨ ਤਹਿਸੀਲ ਕੰਪਲੈਕਸ, ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਕੀਤੀ ਹੈ।ਖੇਤਰੀ ਪਾਸਪੋਰਟ ਦਫ਼ਤਰ ਜਲੰਧਰ ਦੇ ਅਧਿਕਾਰੀ ਨੇ ਦੱਸਿਆ ਕਿ ਇਹ ਪਾਸਪੋਰਟ ਸੇਵਾ ਆਰਪੀਓ ਮੋਬਾਈਲ ਵੈਨ 28 ਤੋਂ 30 ਜਨਵਰੀ ਤੱਕ ਤਹਿਸੀਲ ਕੰਪਲੈਕਸ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਉਪਲਬਧ ਰਹੇਗੀ।ਉਨ੍ਹਾਂ ਕਿਹਾ ਕਿ ਜੋ ਲੋਕ ਪਾਸਪੋਰਟ ਲਈ ਅਰਜ਼ੀ ਦੇਣਾ ਚਾਹੁੰਦੇ ਹਨ, ਉਹ ਆਨਲਾਈਨ ਅਰਜ਼ੀ ਫਾਰਮ ਭਰ ਕੇ ਅਤੇ ਅਧਿਕਾਰਤ ਪੋਰਟਲ www.passportindia.gov.in ਤੋਂ ਮੁਲਾਕਾਤਾਂ ਬੁੱਕ ਕਰਕੇ ਇਸ ਸਹੂਲਤ ਦਾ ਲਾਭ ਉਠਾ ਸਕਦੇ ਹਨ।

# ਰਵਾਇਤੀ ਪਾਰਟੀਆਂ ਛੱਡ ਕੇ ਭਾਜਪਾ 'ਚ ਸ਼ਾਮਲ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਭਾਰਤੀ ਜਨਤਾ ਪਾਰਟੀ ਦਾ ਕਾਫਲਾ ਵਧਿਆ ਅਤੇ ਨਵੀਆਂ ਨਿਯੁਕਤੀਆਂ ਵੀ ਕੀਤੀਆਂ। ਅਜਨਾਲਾ ਸ਼ਹਿਰ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਉਸ ਵਕਤ ਭਾਰੀ ਬਲ ਮਿਲਿਆ ਜਦੋਂਕਿ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਕਈ ਪਰਿਵਾਰ ਅਜਨਾਲਾ ਦੇ ਸਾਬਕਾ ਵਿਧਾਇਕ ਅਤੇ ਓਬੀਸੀ ਮੋਰਚਾ ਪੰਜਾਬ ਦੇ ਪ੍ਰਧਾਨ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਵਨ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਦੀ ਅਗਵਾਈ ਹੇਠ ਸ਼ਾਮਿਲ ਹੋ ਗਏ। ਸ਼ਾਮਿਲ ਹੋਣ ਵਾਲਿਆਂ ਵਿੱਚ ਮੈਡਮ ਕਾਜਲ ਸ਼ਰਮਾ, ਮੈਡਮ ਅੰਜੂ ਬਾਲਾ, ਰਜਿੰਦਰ ਕੁਮਾਰ ਫੌਜੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਮੌਕੇ ਕਾਜਲ ਸ਼ਰਮਾ ਨੂੰ ਵਾਰਡ ਨੰਬਰ 7 ਦਾ ਪ੍ਰਧਾਨ ਵੀ ਨਿਯੁਕਤ ਕੀਤਾ ਗਿਆ। ਇਸ ਮੌਕੇ ਡਾਕਟਰ ਅਵਤਾਰ ਕੌਰ, ਬੀਬੀ ਕੁਲਬੀਰ ਕੌਰ, ਨਿਆਮਤ ਮਸੀਹ, ਜਸਪਾਲ ਮਹਿਤਾ, ਬੰਟੀ ਸ਼ਰਮਾ, ਸ਼ਮਸ਼ੇਰ ਸਿੰਘ ਸ਼ੇਰਾ, ਬੀਬੀ ਸੋਨੀਆ, ਹਤਿੰਦਰ ਸਿੰਘ ਬੱਬਰ, ਸ਼ਹਿਰੀ ਪ੍ਰਧਾਨ ਮਾਸਟਰ ਵਾਸਦੇਵ ਸ਼ਰਮਾ ਅਤੇ ਯੂਥ ਦੇ ਪ੍ਰਧਾਨ ਮੌਜੂਦਾ ਕੌਂਸਲਰ ਵਿਕਰਮ ਬੇਦੀ, ਰਜਿੰਦਰ, ਮਸੀਹ ਗੋਲੀ ਅਤੇ ਸਾਜਨ ਆਦਿ ਹਾਜ਼ਰ ਸਨ।

# ਸਕਿਉਰਟੀ ਸੁਪਰਵਾਈਜ਼ਰ ਦੀ ਨੌਕਰੀ ਲਈ ਤਿੰਨ ਮਹੀਨਿਆਂ ਦਾ ਕੋਰਸ ਸ਼ੁਰੂ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਸੂਬੇਦਾਰ (ਸੇਵਾਮੁਕਤ) ਗੁਰਨਾਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਪ੍ਰਧਾਨ ਮੰਤਰੀ ਕੌਸ਼ਲ ਵਿਕ ਯੋਜਨਾ 4.0 ਦੇ ਅੰਤਰਗਤ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਨੌਜਵਾਨਾਂ ਲਈ ਸਕਿਉਰਟੀ ਸੁਪਰਵਾਈਜ਼ਰ ਦੀ ਨੌਕਰੀ ਲਈ ਤਿੰਨ ਮਹੀਨਿਆਂ ਦਾ ਕੋਰਸ ਚਲਾਇਆ ਜਾ ਰਿਹਾ ਹੈ ਜਿਸ ਲਈ ਕੈਂਪ ਵਿਚ ਦਾਖਲਾ ਸ਼ੁਰੂ ਹੈ।ਉਨ੍ਹਾਂ ਦੱਸਿਆ ਕਿ ਸਕਿਉਰਟੀ ਸੁਪਰਵਾਈਜ਼ਰ ਸਿਖਲਾਈ ਲਈ ਸਿਖਿਆਰਥੀ (ਲੜਕੇ ਅਤੇ ਲੜਕੀਆਂ) ਦੀ ਉਮਰ ਸਾਲ ਤੋਂ 35 ਸਾਲ ਤੱਕ ਹੋਣੀ ਚਾਹੀਦੀ ਹੈ ਅਤੇ ਯੋਗਤਾ ਘੱਟੋ ਘੱਟ 10 ਪਾਸ ਹੋਣੀ ਚਾਹੀਦੀ ਹੈ ।ਪੰਜਾਬ ਸਰਕਾਰ ਵੱਲੋਂ ਸਿਖਲਾਈ ਦੇ ਸਰਟੀਫਿਕੇਟ ਦੇ ਨਾਲ ਉਨ੍ਹਾਂ ਨੂੰ ਸਿਖਲਾਈ ਉਪਰੰਤ ਰੋਜ਼ਗਾਰ ਵੀ ਦਿੱਤਾ ਜਾਵੇਗਾ ਅਤੇ ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ ।ਉਨ੍ਹਾਂ ਦੱਸਿਆ ਕਿ ਚਾਹਵਾਨ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਹਨਾਂ ਦੀਆਂ 2 ਫੋਟੋ ਕਾਪੀਆਂ ਸਮੇਤ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਵਿੱਚ ਰਿਪੋਰਟ ਕਰ ਸਕਦੇ ਹਨ ।ਵਧੇਰੇ ਜਾਣਕਾਰੀ ਲਈ 62830-31125,94647-56808, 94174-20125, 84374-42966 ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸਕੂਲ 'ਚ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ




**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ. ਖਾਲਸਾ ਦੀਵਾਨ ਦੇ ਪ੍ਰਧਾਨ ਸਰਦਾਰ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਵਿਖੇ ਬਸੰਤ ਪੰਚਮੀ ਦਾ ਤਿਉਹਾਰ ਮਨਾਇਆ ਗਿਆ।ਮੈਡਮ ਮਨਦੀਪ ਕੌਰ ਵੱਲੋਂ ਬਸੰਤ ਪੰਚਮੀ ਦੇ ਤਿਉਹਾਰ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ।ਪ੍ਰਿੰ. ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨਾਲ ਬਸੰਤ ਪੰਚਮੀ ਬਾਰੇ ਆਪਣੇ ਵਿਚਾਰ ਸਾਂਝੇ ਕਰਦਿਆਂ ਇਸ ਤਿਉਹਾਰ ਨੂੰ ਪਵਿੱਤਰਤਾ, ਭਾਈਚਾਰਕ ਏਕਤਾ ਅਤੇ ਪਿਆਰ ਨਾਲ ਮਨਾਉਣ ਦੇ ਨਾਲ-ਨਾਲ ਬੱਚਿਆਂ ਨੂੰ ਪੜ੍ਹਾਈ ਵਿੱਚ ਸਖਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ।ਪ੍ਰੀ-ਨਰਸਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਬੱਚੇ ਬਸੰਤੀ ਰੰਗ ਦੇ ਕੱਪੜਿਆਂ ਵਿੱਚ ਰੰਗੇ ਹੋਏ ਨਜ਼ਰ ਆਏ ।ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਰਲ ਕੇ ਪੀਲੇ ਪਕਵਾਨ ਖਾਣ ਦਾ ਖ਼ੂਬ ਆਨੰਦ ਮਾਣਿਆ।ਇਸ ਮੌਕੇ ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਜੀ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਵੱਲੋਂ ਵਿਦਿਆਰਥੀਆਂ ਨੂੰ ਬਸੰਤ ਪੰਚਮੀ ਦੀ ਵਧਾਈ ਦਿੱਤੀ ਗਈ ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ ।

# ਸਿਵਲ ਸਰਜਨ ਡਾ. ਮਹੇਸ਼ ਪ੍ਰਭਾਕਰ ਨੇ ਕੀਤਾ ਜ਼ਿਲ੍ਹਾ ਹਸਪਤਾਲ ਦਾ ਅਚਨਚੇਤ ਦੌਰਾ

**ਗੁਰਦਾਸਪੁਰ, (ਜਨਕ ਮਹਾਜਨ)**
ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਵੱਲੋਂ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਦਾ ਅਚਨਚੇਤ ਦੌਰਾ ਕੀਤਾ ਗਿਆ। ਉਨ੍ਹਾਂ ਨੇ ਹਸਪਤਾਲ ਦੇ ਸਮੂਹ ਵਿੰਗਾਂ ਦੀ ਅਚਨਚੇਤ ਚੈਕਿੰਗ ਕੀਤੀ। ਉਨ੍ਹਾਂ ਨੇ ਜ਼ਿਲ੍ਹਾ ਹਸਪਤਾਲ ਦੇ ਅਹਾਤੇ ਵਿਚ ਚੱਲ ਰਹੇ ਐੱਮਸੀਐੱਚ ਵਿੰਗ, ਕ੍ਰਿਟੀਕਲ ਕੇਅਰ ਯੂਨਿਟ, ਨਰਸਿੰਗ ਸਕੂਲ ਹੋਸਟਲ, ਲੈਬਾਰਟਰੀ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ। ਇਸ ਦੇ ਨਾਲ ਹੀ ਮਰੀਜ਼ਾਂ ਦੇ ਇਲਾਜ ਅਤੇ ਸਹੂਲਤ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਸਮੂਹ ਸਟਾਫ਼ ਨੂੰ ਬਿਹਤਰ ਢੰਗ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਹਸਪਤਾਲ ਵਿਚ ਸਾਫ਼ ਸਫ਼ਾਈ ਰੱਖਣ ਲਈ ਵਿਭਾਗੀ ਦਿਸ਼ਾ-ਨਿਰਦੇਸ਼ਾਂ ਦੀ ਪਾਲਨਾ ਕਰਨ ਲਈ ਕਿਹਾ। ਇਸ ਮੌਕੇ ਸਿਵਲ ਸਰਜਨ ਡਾਕਟਰ ਮਹੇਸ਼ ਪ੍ਰਭਾਕਰ ਨੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੀ ਸਮੀਖਿਆ ਕੀਤੀ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਮਰੀਜ਼ਾਂ ਨੂੰ ਸਾਰੀ ਸਰਕਾਰੀ ਸਹੂਲਤਾਂ ਦਾ ਲਾਭ ਦਿੱਤਾ ਜਾਵੇ। ਫਾਰਮੇਸੀ ਦੀ ਚੈਕਿੰਗ ਕਰਕੇ ਉਨ੍ਹਾਂ ਹਦਾਇਤ ਕੀਤੀ ਕਿ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਮੁਹੱਈਆ ਕਰਵਾਇਆਂ ਜਾਣ। ਨਸ਼ਾ ਮੁਕਤੀ ਅਤੇ ਪੁਨਰਵਾਸ ਕੇਂਦਰ ਵਿਚ ਦਾਖਲ ਹੋਣ ਵਾਲੀਆਂ ਨੂੰ ਬਣਦੀ ਸਹੂਲਤਾਂ ਦਿੱਤੀਆਂ ਜਾਣ। ਸਮੂਹ ਫ਼ੀਲਡ ਸਟਾਫ਼ ਨੂੰ ਹਿਦਾਇਤ ਦਿੱਤੀ ਕਿ ਉਹ ਨਸ਼ਾ ਦੇ ਆਦੀ ਵਿਅਕਤੀ ਨੂੰ ਇਸ ਕੇਂਦਰ ਵਿਚ ਇਲਾਜ ਲਈ ਭੇਜਣ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾਕਟਰ ਤੇਜਿੰਦਰ ਕੌਰ, ਡੀਐੱਮਸੀ ਡਾਕਟਰ ਵਰਿੰਦਰ ਮੋਹਨ, ਡਾਕਟਰ ਅੰਕੁਰ ਕੌਸ਼ਲ ਆਦਿ ਹਾਜ਼ਰ ਸਨ।



# ਅੰਨਕੂਟ ਤਿਓਹਾਰ ਧੂਮਧਾਮ ਨਾਲ ਮਨਾਇਆ



**ਛੇਹਰਟਾ, (ਮਨੋਜ ਕੁਮਾਰ)**-ਸ਼ਿਵਾਲਾ ਸ੍ਰੀ ਸੰਤੋਖਸਰ ਪ੍ਰਤਾਪ ਬਾਜ਼ਾਰ ਵਿਖੇ ਅੰਨਕੂਟ ਤਿਓਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸ਼ਹਿਰ ਦੀਆਂ ਪ੍ਰਸਿੱਧ ਭਜਨ ਮੰਡਲੀਆਂ ਵੱਲੋਂ ਭਜਨ ਗਾਏ ਗਏ ਤੇ ਸਵੇਰ ਦੀ ਪੂਜਾ ਕੀਤੀ ਗਈ। ਉਪਰੰਤ ਸਤਿਸੰਗ ਹੋਇਆ ਤੇ ਦੁਪਹਿਰ ਨੂੰ ਬ੍ਰਹਮਭੋਜ ਤੋਂ ਬਾਅਦ ਅੰਨਕੂਟ ਮਨਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਮੁਖੀ ਅਨੁਜ ਖੇਮਕਾ ਨੂੰ ਮੰਦਰ ਦੇ ਮੁਖੀ ਮਹੇਸ਼ ਕੰਧਾਰੀ ਨੇ ਚੁੰਨੀ ਭੇਟ ਕਰ ਕੇ ਸਨਮਾਨਿਤ ਕੀਤਾ। ਇਸ ਮੌਕੇ ਸੰਨੀ ਮਹਿਰਾ, ਸ਼ੰਕਰ ਅਰੋੜਾ, ਅਸ਼ਵਨੀ ਜੋਸ਼ੀ, ਭਜਨ ਗਾਇਕ ਸੁਮਿਤ ਅਗਰਵਾਲ ਤੇ ਮੰਦਰ ਕਮੇਟ ਦੇ ਮੈਂਬਰ ਮੌਜੂਦ ਸਨ।

# ਲਾਲ ਦੁਆਰਾ ਮੰਦਰ 'ਚ ਅੱਜ ਮੂਰਤੀ ਸਥਾਪਨਾ ਦਿਵਸ


**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**-ਸਥਾਨਕ ਸ਼ਹਿਰ ਅਜਨਾਲਾ ਦੇ ਚੋਗਾਵਾਂ ਰੋਡ ਬਾਈਪਾਸ ਵਿਖੇ ਸਥਿਤ ਲਾਲ ਦੁਆਰਾ ਮੰਦਰ ਅਜਨਾਲਾ ਵਿਖੇ 24 ਜਨਵਰੀ ਦਿਨ ਸ਼ਨੀਵਾਰ ਵਾਲੇ ਦਿਨ ਸ਼ਨੀਦੇਵ ਮਹਾਰਾਜ ਦਾ ਮੂਰਤੀ ਸਥਾਪਨਾ ਦਿਵਸ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਦੇ ਨਾਲ ਮਨਾਇਆ ਜਾਵੇਗਾ।ਸਤਿਸੰਗ ਸ਼ਾਮ 8 ਵਜੇ ਤੋਂ ਲੈ ਕੇ ਰਾਤ 10 ਵਜੇ ਤੱਕ ਸਤਿਸੰਗ ਹੋਵੇਗਾ।ਆਰਤੀ ਤੋਂ ਬਾਅਦ ਲੰਗਰ ਭੰਡਾਰਾ ਵੀ ਅਤੁੱਟ ਵਰਤਾਇਆ ਜਾਵੇਗਾ।ਇਹ ਜਾਣਕਾਰੀ ਮੰਦਰ ਲਾਲ ਦੁਆਰਾ ਕਮੇਟੀ ਦੇ ਪ੍ਰਧਾਨ ਰਾਕੇਸ਼ ਕੁਮਾਰ ਮਰਵਾਹਾ ਅਜਨਾਲਾ ਨੇ ਸਾਂਝੀ ਕੀਤੀ।ਉਨ੍ਹਾਂ ਅਜਨਾਲਾ ਸ਼ਹਿਰ ਦੀ ਸੰਗਤ ਨੂੰ ਬੇਨਤੀ ਕੀਤੀ ਕੀ ਲਾਲ ਦੁਆਰਾ ਮੰਦਿਰ ਵਿਖੇ ਪਹੁੰਚ ਕੇ ਸਤਿਸੰਗ ਦੀ ਰੌਣਕ ਨੂੰ ਵਧਾਉਣ। ਸ਼ਨੀਦੇਵ ਮਹਾਰਾਜ ਦਾ ਅਸ਼ੀਰਵਾਦ ਪ੍ਰਾਪਤ ਕਰੋ।ਇਸ ਮੌਕੇ ਲਾਲ ਦੁਆਰਾ ਮੰਦਿਰ ਦੇ ਪੰਡਤ ਰਾਜਿੰਦਰ ਪ੍ਰਸਾਦ, ਸਤੀਸ਼ ਕੁਮਾਰ ਅਰੋੜਾ, ਰਾਜੇਸ਼ ਕੁਮਾਰ ਰਾਜਾ ਸਰੀਨ, ਹਰਜਿੰਦਰ ਕੁਮਾਰ, ਮਨਜੀਤ ਕੁਮਾਰ, ਗੌਤਮ ਕੁਮਾਰ, ਮਾਨਵ ਸ਼ਰਮਾ, ਸੰਦੀਪ ਕੁਮਾਰ ਸਰਪਾਲ, ਡਾ. ਕੇਸ਼ਵ ਕੁਮਾਰ, ਕਰਨ ਸ਼ਰਮਾ, ਇੰਦਰਜੀਤ ਸ਼ਰਮਾ, ਅਜੈ ਕੁਮਾਰ ਸ਼ਰਮਾ, ਰਾਜਿੰਦਰ ਸ਼ਰਮਾ, ਬੰਟੀ ਸ਼ਰਮਾ, ਹੈਪੀ ਸ਼ਰਮਾ ਸ਼ਿਵ ਸ਼ਕਤੀ ਮੈਡੀਕਲ ਸਟੋਰ ਅਜਨਾਲਾ, ਰੋਹਿਤ ਪੁਰੀ, ਰੋਹਣ ਕੁਮਾਰ, ਦਕਸ਼ ਕੁਮਾਰ, ਰਾਮੇਸ਼ ਕੁਮਾਰ, ਰਾਹੁਲ ਸਲਵਾਨ,ਅਜੈ ਮਹਿਤਾ ਆਦਿ ਸੇਵਾਦਾਰ ਹਾਜ਼ਰ ਸਨ।

# ਪਨਿਆੜ ਵਿਖੇ ਟਰੈਫ਼ਿਕ ਸੰਬੰਧੀ ਲਗਾਇਆ ਜਾਗਰੂਕਤਾ ਸੈਮੀਨਾਰ

**ਗੁਰਦਾਸਪੁਰ, (ਜਨਕ ਮਹਾਜਨ)**
ਟਰੈਫ਼ਿਕ ਪੁਲਿਸ ਵੱਲੋਂ ਮਨਾਏ ਜਾ ਰਹੇ ਰੋਡ ਸੇਫ਼ਟੀ ਮਹੀਨੇ ਦੇ ਸਬੰਧ ਵਿਚ ਮਾਨਯੋਗ ਆਰਟੀਏ ਮੈਡਮ ਨਵਜੋਤ ਸ਼ਰਮਾ, ਏਆਰਟੀਏ ਸੰਗਰਾਮ ਸਿੰਘ, ਟਰੈਫ਼ਿਕ ਇੰਚਾਰਜ ਸਤਨਾਮ ਸਿੰਘ ਵੱਲੋਂ ਇਹ ਸਾਂਝਾ ਸੈਮੀਨਾਰ ਪਨਿਆੜ ਵਿਖੇ ਲਗਾਇਆ ਗਿਆ ਜਿਸ ਵਿਚ ਟਰੱਕ ਚਾਲਕਾਂ ਨੂੰ ਸ਼ਾਮਿਲ ਕਰਕੇ ਓਵਰਲੋਡ ਨਾਲ ਹੋਣ ਵਾਲੀਆਂ ਦੁਰਘਟਨਾਵਾਂ ਸਬੰਧੀ ਜਾਗਰੂਕ ਕੀਤਾ ਗਿਆ ਤੇ ਓਵਰਲੋਡ ਸਬੰਧੀ ਹੋਣ ਵਾਲੇ ਟਰੈਫ਼ਿਕ ਚਲਾਨ ਅਤੇ ਜੁਰਮਾਨੇ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ। ਇਸ ਮੌਕੇ ਰੋਡ ਸੇਫ਼ਟੀ ਸਬੰਧੀ ਜਾਣਕਾਰੀ ਮੁਹੱਈਆ ਕੀਤੀ ਗਈ। ਸੜਕ 'ਤੇ ਚੱਲਦੇ ਸਮੇਂ ਗੱਡੀ ਖੜੀ ਕਰਨ ਸਮੇਂ ਸਹੀ ਪਾਰਕਿੰਗ ਲਈ ਪ੍ਰੇਰਿਤ ਕੀਤਾ ਗਿਆ। ਗੱਡੀਆਂ ਦੇ ਪਿੱਛੇ ਰਿਫ਼ਲੈਕਟਰ ਟੇਪਾਂ ਤੇ ਰਿਫ਼ਲੈਕਟਰ ਲਗਾਏ ਗਏ। ਟਰੱਕ ਚਾਲਕਾਂ ਨੂੰ ਹਮੇਸ਼ਾ ਟਰੈਫ਼ਿਕ ਰੂਲ ਦੀ ਪਾਲਨਾ ਕਰਨ ਸਬੰਧੀ ਦੱਸਿਆ ਗਿਆ। ਐਕਸੀਡੈਂਟ ਪੀੜਤ ਦੀ ਮਦਦ ਲਈ ਫ਼ਰਿਸ਼ਤੇ ਸਕੀਮ ਬਾਰੇ ਜਾਣੂੰ ਕਰਵਾਇਆ ਗਿਆ। ਹੈਲਪ ਲਾਈਨ ਨੰਬਰ 112 1033 ਬਾਰੇ ਜਾਗਰੂਕ ਕੀਤਾ ਗਿਆ ਤੇ ਨਸ਼ੇ ਦੇ ਪ੍ਰਭਾਵ ਤੋਂ ਜਾਣੂੰ ਕਰਵਾਇਆ ਗਿਆ। ਇਸ ਮੁਹਿੰਮ ਨੂੰ 31 ਜਨਵਰੀ ਤੱਕ ਜਾਰੀ ਰੱਖਿਆ ਜਾਵੇਗਾ।



ਜਨਮ ਦਿਨ ਮੁਬਾਰਕ



ਆਦਿਤਿਆ
ਤਲਵਣ

ਵਰ੍ਹੇਗੰਢ ਮੁਬਾਰਕ



ਜਸਕਰਨ ਸਿੰਘ ਤੇ ਪਰਮਿੰਦਰ ਕੌਰ ਵਾਸੀ ਲੋਹੀਆਂ ਖਾਸ ਨੇ ਵਿਆਹ ਦੀ ਤੀਸਰੀ ਵਰ੍ਹੇਗੰਢ ਮਨਾਈ।


# ਵੱਖ-ਵੱਖ ਜ਼ਿਲ੍ਹਿਆਂ 'ਚ 26 ਨੂੰ ਹੋਵੇਗਾ ਟਰੈਕਟਰ ਮਾਰਚ : ਚੌਹਾਨ, ਗੋਰਾਇਆ

**ਅੱਡਾ ਸਰਾਂ /ਟਾਂਡਾ ਉੜਮੁੜ (ਜਸਵੀਰ ਕਾਜਲ, ਉਂਕਾਰ ਸਿੰਘ)**- ਦੋਆਬਾ ਕਿਸਾਨ ਕਮੇਟੀ ਪੰਜਾਬ ਦੀ ਇਕ ਅਹਿਮ ਮੀਟਿੰਗ ਟਾਂਡਾ ਉੜਮੁੜ ਵਿਚ ਹੋਈ ਜਿਸ ਵਿਚ ਵੱਖ ਵੱਖ ਜ਼ਿਲ੍ਹਿਆਂ ਦੇ ਆਗੂਆਂ ਨੇ ਭਾਗ ਲਿਆ। ਵਿਸ਼ੇਸ਼ ਤੌਰ ਤੇ ਪਹੁੰਚੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਦੁਆਬਾ ਤੇ ਮੈਂਬਰ ਐੱਸ ਕੇ ਐੱਮ ਭਾਰਤ ਨੇ ਕਿਸਾਨੀ ਮਸਲਿਆਂ ਤੇ ਮੰਗਾਂ ਦੇ ਹੱਕ ਵਿਚ ਅਵਾਜ ਬੁਲੰਦ ਕੀਤੀ । ਇਸ ਮੌਕੇ ਪੰਜਾਬ ਵਿਚ ਕਿਸਾਨੀ ਦੇ ਸੰਕਟ ਬਾਰੇ ਗੱਲਬਾਤ ਕਰਦਿਆਂ ਵੱਖ ਵੱਖ ਬੁਲਾਰਿਆਂ ਸੂਬਾ ਪ੍ਰਧਾਨ ਚੌਹਾਨ, ਪ੍ਰਿਥਪਾਲ ਸਿੰਘ ਗੋਰਾਇਆ ਸੂਬਾ ਜਨਰਲ ਸਕੱਤਰ, ਸਤਪਾਲ ਸਿੰਘ ਮਿਰਜ਼ਾਪੁਰ ਸੂਬਾ ਸਕੱਤਰ, ਸਰਕਲ ਗੜ੍ਹਦੀਵਾਲਾ ਦੇ ਪ੍ਰਧਾਨ ਪਰਮਿੰਦਰ ਸਿੰਘ ਸਮਰਾ, ਮਹਿਤਾਬ ਸਿੰਘ ਹੁੰਦਲ ਕੋਰ ਕਮੇਟੀ ਮੈਂਬਰ, ਬਲਦੇਵ ਸਿੰਘ ਚੰਨਣ ਵਿੰਡੀ ਜ਼ਿਲਾ ਪ੍ਰਧਾਨ ਕਪੂਰਥਲਾ, ਅਵਤਾਰ ਸਿੰਘ ਪਲਾਕੀ ਸਰਕਲ ਪ੍ਰਧਾਨ ਮੁਕੇਰੀਆਂ, ਦਲਜੀਤ ਸਿੰਘ ਮੰਝਪੁਰ ਜਨਰਲ ਸਕੱਤਰ ਜਿਲਾ ਪਠਾਨਕੋਟ, ਬਲਵਿੰਦਰ ਸਿੰਘ ਬਾਬਾ ਸਰਕਲ ਪ੍ਰਧਾਨ ਭੋਗਪੁਰ, ਰਣਜੀਤ ਸਿੰਘ ਰਾਣਾ ਸੀਨੀਅਰ ਮੀਤ ਪ੍ਰਧਾਨ ਜਲੰਧਰ ਨੇ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਜਨਵਰੀ ਨੂੰ ਪੂਰੇ ਭਾਰਤ ਵਿਚ ਤਹਿਸੀਲ ਪੱਧਰਾਂ ਤੇ ਟਰੈਕਟਰ ਮਾਰਚ ਕੀਤੇ ਜਾਣੇ ਹਨ। ਇਸ ਦੌਰਾਨ ਸੀਡ ਬਿੱਲ 2025, ਬਿਜਲੀ ਬਿੱਲ 2025 ,ਐੱਮ. ਐੱਸ. ਪੀ. ਦਾ ਗਰੰਟੀ ਕਾਨੂੰਨ, ਲੇਬਰ ਬਿਲ ਕਾਨੂੰਨ, ਕਰਜਾ ਮੁਕਤੀ, ਤੇ ਹੋਰ ਮੰਗਾਂ ਨੂੰ ਲੈ ਕੇ ਦੋਆਬਾ ਕਿਸਾਨ ਕਮੇਟੀ ਪੰਜਾਬ ਟਾਂਡਾ ਉੜਮੁੜ, ਦਸੂਹਾ ,ਮੁਕੇਰੀਆਂ ,ਪਠਾਨਕੋਟ ,ਗੜ੍ਹਦੀਵਾਲਾ, ਜਲੰਧਰ, ਕਪੂਰਥਲਾ ਤੇ ਹੋਰ ਜ਼ਿਲ੍ਹਿਆਂ ਵਿਚ ਟਰੈਕਟਰ ਮਾਰਚ ਕੀਤਾ ਜਾਵੇਗਾ। ਇਸ ਮੌਕੇ ਸਿਟੀ ਪ੍ਰਧਾਨ ਟਾਂਡਾ ਰਾਜ ਸਿੰਘ ਵਿਰਕ ਟਾਂਡਾ, ਜਗਮੋਹਨ ਸਿੰਘ ਮੀਰਪੁਰ ਸਰਕਲ ਪ੍ਰਧਾਨ ਕੰਢੀ ਏਰੀਆ, ਚਰਨਜੀਤ ਸਿੰਘ ਸੰਧੂ, ਬਲਵੀਰ ਸਿੰਘ ਬਾਜਵਾ, ਰਾਜਪਾਲ ਸਿੰਘ ਕਾਲਾ ਬੱਕਰਾ, ਅਮਰਜੀਤ ਸਿੰਘ ਕਲੋਏ, ਦਲਬੀਰ ਸਿੰਘ ਚਨੌਤਾ, ਬਲਦੇਵ ਸਿੰਘ ਦਬੁਰਜੀ, ਗੁਰਬਖਸ਼ ਸਿੰਘ ਦਬੁਰਜੀ, ਅੰਮ੍ਰਿਤਪਾਲ ਸਹਿਵਾਜਪੁਰ, ਧਰਮ ਸਿੰਘ ਬਾਬਕ, ਪ੍ਰਗਟ ਸਿੰਘ, ਬਾਬੂ ਮੂਨਕ, ਮਿੰਟੂ ਮੂਨਕਾ, ਹਰਜਿੰਦਰ ਸਿੰਘ ਭਟਨੂਰਾ ਲੁਬਾਣਾ, ਨਿਰੰਜਨ ਸਿੰਘ ਕਮਾਲਪੁਰ, ਅਮਰੀਕ ਸਿੰਘ ਤੱਲਾ, ਤੇਜਿੰਦਰ ਸਿੰਘ ਬੁੱਢੀ ਪਿੰਡ, ਪ੍ਰਦੀਪ ਸਿੰਘ ਬੁੱਢੀ ਪਿੰਡ, ਜਸਵੰਤ ਸਿੰਘ ਢਡਿਆਲਾ, ਰਾਜਵੀਰ ਸਿੰਘ ਰੂਪੋਵਾਲ, ਦਵਿੰਦਰ ਸਿੰਘ ਮਸੀਤੀ, ਕੁਲਵਿੰਦਰ ਸਿੰਘ ਕੰਧਾਲੀ, ਅਮਰਜੀਤ ਸਿੰਘ ਖੁੱਡਾ, ਕੁਲਵੰਤ ਸਿੰਘ ਪਡੋਰੀ, ਅਪਿੰਦਰਪਾਲ ਸਿੰਘ ਗਹੋਤ, ਸੇਵਾ ਸਿੰਘ ਮਾਨਪੁਰ ,ਚਰਨਜੀਤ ਸਿੰਘ ਝਾਵਾਂ, ਦਲਜੀਤ ਸਿੰਘ ਚੁਨੌਤਾ, ਸੁਖਦੇਵ ਸਿੰਘ ਚੁਨੌਤਾ, ਸੁਖਜਿੰਦਰ ਸਿੰਘ ਖੱਖ, ਕੁਲਵੀਰ ਸਿੰਘ ਖੱਖ, ਜਸਵੀਰ ਸਿੰਘ, ਗੋਗਾ ਬਾਜਵਾ ਭੀਖੋਵਾਲ, ਸਿਮਰਨਜੀਤ ਸਿੰਘ ਉੱਚੀ ਬੱਸੀ, ਚੰਦਨ ਸਿੰਘ ਸੈਣੀ, ਜਗਤਾਰ ਸਿੰਘ ਜੌਹਲ, ਜਤਿੰਦਰ ਸਿੰਘ ਭੋਗਪੁਰ, ਗੁਰਦੀਪ ਸਿੰਘ ਨੰਗਲ ਜਮਾਲ, ਗੋਲਡੀ ਕਾਲਕੱਟ, ਓਂਕਾਰ ਸਿੰਘ ਦੇਵੀਦਾਸ, ਗੁਰਪ੍ਰੀਤ ਸਿੰਘ, ਅਮਨਦੀਪ ਸਿੰਘ ਦੁਆਖਰੀ, ਭੁੱਲਾ ਸਿੰਘ ਬੈਂਸ ਅਵਾਣ, ਭੁਪਿੰਦਰ ਸਿੰਘ ਰੂਪੋਵਾਲ, ਬਿੱਲਾ ਸਿੰਘ ਨਰਾਇਣਗੜ੍ਹ ਮੌਜੂਦ ਸਨ।



# ਸੀ ਟੀ ਗਰੁੱਪ ਸ਼ਾਹਪੁਰ ਵਿਖੇ ਨਾਟਕ 'ਬੰਦੇ ਬਣੋ ਬੰਦੇ' ਦਾ ਮੰਚਨ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਸ਼ਾਹਪੁਰ ਕੈਂਪਸ ਸਥਿਤ ਸਰਦਾਰਨੀ ਮਨਜੀਤ ਕੌਰ ਆਡੀਟੋਰੀਅਮ ਵਿੱਚ ਪ੍ਰਸਿੱਧ ਨਾਟਕ 'ਬੰਦੇ ਬਣੋ ਬੰਦੇ' ਦਾ ਪ੍ਰਭਾਵਸ਼ਾਲੀ ਮੰਚਨ ਕੀਤਾ ਗਿਆ। ਪ੍ਰਸਿੱਧ ਰੰਗਕਰਮੀ ਰਾਣਾ ਰਣਬੀਰ ਵੱਲੋਂ ਲਿਖਿਆ ਤੇ ਨਿਰਦੇਸ਼ਿਤ ਇਹ ਨਾਟਕ, ਜਿਸ ਵਿੱਚ ਉਨ੍ਹਾਂ ਨੇ ਰਾਜਵੀਰ ਬੋਪਰਾਏ ਨਾਲ ਅਭਿਨੈ ਵੀ ਕੀਤਾ, ਦਰਸ਼ਕਾਂ ਲਈ ਇੱਕ ਸੋਚਣਯੋਗ ਅਤੇ ਸਿੱਖਿਆਤਮਕ ਅਨੁਭਵ ਬਣਿਆ। ਨਾਟਕ 'ਬੰਦੇ ਬਣੋ ਬੰਦੇ' ਪਛਤਾਵੇ, ਨਿੱਜੀ ਜ਼ਿੰਮੇਵਾਰੀ ਤੇ ਪ੍ਰਾਇਸ਼ਚਿੱਤ ਵਰਗੇ ਗੰਭੀਰ ਵਿਸ਼ਿਆਂ ਨੂੰ ਬਾਖੂਬੀ ਉਜਾਗਰ ਕਰਦਾ ਹੈ। ਕਹਾਣੀ ਦਾ ਕੇਂਦਰੀ ਪਾਤਰ ਆਪਣੇ ਸੁਆਰਥੀ ਅਤੀਤ ਦੇ ਨਤੀਜਿਆਂ ਨਾਲ ਟਕਰਾਉਂਦਾ ਹੈ। ਯਥਾਰਥਕ ਸੰਵਾਦਾਂ ਤੇ ਸੁਭਾਵਿਕ ਹਾਸੇ ਰਾਹੀਂ ਇਹ ਨਾਟਕ ਦਰਸ਼ਕਾਂ ਨੂੰ ਆਪਣੇ ਅੰਦਰ ਝਾਕਣ ਲਈ ਮਜਬੂਰ ਕਰਦਾ ਹੈ।ਇਸ ਮੌਕੇ ਨੇ ਅਕਾਦਮਿਕ ਮਾਹੌਲ ਵਿੱਚ ਰੰਗਮੰਚ ਦੀ ਅਹਿਮੀਅਤ ਨੂੰ ਵੀ ਦਰਸਾਇਆ। ਅਜਿਹੀਆਂ ਪੇਸ਼ਕਾਰੀਆਂ ਵਿਦਿਆਰਥੀਆਂ ਵਿੱਚ ਸੰਵੇਦਨਸ਼ੀਲਤਾ, ਸਹਾਨੁਭੂਤੀ ਤੇ ਸਮਾਜਿਕ ਸੋਚ ਨੂੰ ਮਜ਼ਬੂਤ ਕਰਦੀਆਂ ਹਨ। ਮੰਚ ਉੱਤੇ ਜੀਵਨ ਦੀ ਹਕੀਕਤ ਨੂੰ ਵੇਖ ਕੇ ਵਿਦਿਆਰਥੀ ਨੈਤਿਕ ਮੁੱਲਾਂ ਨੂੰ ਬਿਹਤਰ ਢੰਗ ਨਾਲ ਸਮਝਦੇ ਹਨ। ਅਦਾਕਾਰੀ ਪੱਖੋਂ ਇਹ ਨਾਟਕ ਬੇਹੱਦ ਪ੍ਰਭਾਵਸ਼ਾਲੀ ਰਿਹਾ। ਰਾਣਾ ਰਣਬੀਰ ਤੇ ਰਾਜਵੀਰ ਬੋਪਰਾਏ ਦੀ ਮਜ਼ਬੂਤ ਮੰਚ ਮੌਜੂਦਗੀ ਨੇ ਦਰਸ਼ਕਾਂ ਨੂੰ ਅੰਤ ਤੱਕ ਜੋੜ ਕੇ ਰੱਖਿਆ। ਰਾਣਾ ਰਣਬੀਰ ਦੀ ਲਿਖਤ ਵਿੱਚ ਹਾਸੇ ਤੇ ਭਾਵਨਾਤਮਕ ਗੰਭੀਰਤਾ ਦਾ ਸੁੰਦਰ ਸੰਤੁਲਨ ਸਾਫ਼ ਨਜ਼ਰ ਆਇਆ। ਸਮਾਗਮ ਦੀ ਸ਼ੋਭਾ ਸੀ ਟੀ ਗਰੁੱਪ ਦੇ ਸੀਨੀਅਰ ਪ੍ਰਬੰਧਨ ਦੀ ਹਾਜ਼ਰੀ ਨਾਲ ਹੋਰ ਵੀ ਵਧ ਗਈ। ਚਰਨਜੀਤ ਸਿੰਘ ਚੰਨੀ (ਚੇਅਰਮੈਨ), ਡਾ. ਮਨਬੀਰ ਸਿੰਘ (ਮੈਨੇਜਿੰਗ ਡਾਇਰੈਕਟਰ), ਡਾ. ਸ਼ਿਵ ਕੁਮਾਰ (ਡਾਇਰੈਕਟਰ ਕੈਂਪਸ) ਅਤੇ ਡਾ. ਅਰਜਨ ਸਿੰਘ (ਡੀਨ, ਸਟੂਡੈਂਟ ਵੈਲਫੇਅਰ) ਇਸ ਮੌਕੇ ਮੌਜੂਦ ਰਹੇ। ਇਸ ਮੌਕੇ ਚਰਨਜੀਤ ਸਿੰਘ ਚੰਨੀ ਨੇ ਕਿਹਾ, ਰੰਗਮੰਚ ਜੀਵਨ ਦੇ ਮੁੱਲ ਸਿਖਾਉਣ ਦਾ ਸਸ਼ਕਤ ਮਾਧਿਅਮ ਹੈ। 'ਬੰਦੇ ਬਣੋ ਬੰਦੇ' ਵਰਗੇ ਨਾਟਕ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਅਤੇ ਆਤਮ-ਚਿੰਤਨ ਦੀ ਸਿੱਖ ਦਿੰਦੇ ਹਨ।





# ਕਮਲਾ ਨਹਿਰੂ ਕਾਲਜ ਫਾਰ ਵੂਮੈਨ ਵਿਖੇ ਬਸੰਤ ਪੰਚਮੀ ਦਾ ਜਸ਼ਨ ਮਨਾਇਆ

**ਫਗਵਾੜਾ (ਡਾ. ਰਮਨ)**- ਕਮਲਾ ਨਹਿਰੂ ਕਾਲਜ ਫਾਰ ਵੂਮੈਨ ਪੀਲੇ ਰੰਗ ਦੇ ਇੱਕ ਜੀਵੰਤ ਸਮੁੰਦਰ ਵਿੱਚ ਬਦਲ ਗਿਆ ਕਿਉਂਕਿ ਕਾਲਜ ਭਾਈਚਾਰਾ 'ਬਸੰਤ ਪੰਚਮੀ' ਨੂੰ ਬਹੁਤ ਸੱਭਿਆਚਾਰਕ ਜੋਸ਼ ਤੇ ਰਵਾਇਤੀ ਸ਼ਾਨ ਨਾਲ ਮਨਾਉਣ ਲਈ ਇਕੱਠਾ ਹੋਇਆ। ਬਸੰਤ ਰੁੱਤ ਦੇ ਆਗਮਨ ਤੇ 'ਦੇਵੀ ਸਰਸਵਤੀ' ਦਾ ਸਨਮਾਨ ਕਰਦੇ ਹੋਏ, ਇਸ ਸਮਾਗਮ ਵਿੱਚ ਏਕਤਾ ਦਾ ਇੱਕ ਸ਼ਾਨਦਾਰ ਪ੍ਰਦਰਸ਼ਨ ਦੇਖਿਆ ਗਿਆ, ਜਿਸ ਵਿੱਚ ਹਰੇਕ ਫੈਕਲਟੀ ਮੈਂਬਰ ਪੀਲੇ ਰੰਗ ਦੇ ਸੁੰਦਰ ਪਹਿਰਾਵੇ ਵਿੱਚ ਸਜੇ ਹੋਏ ਸਨ, ਜੋ ਊਰਜਾ ਅਤੇ ਕੁਦਰਤ ਦੇ ਖਿੜਨ ਦਾ ਪ੍ਰਤੀਕ ਸੀ। ਜਸ਼ਨ ਦਾ ਮੁੱਖ ਆਕਰਸ਼ਣ 'ਹੱਥ ਨਾਲ ਬਣਿਆ ਪੀਲਾ ਤਿਉਹਾਰ' ਸੀ, ਜਿੱਥੇ ਅਧਿਆਪਕਾਂ ਨੇ ਕੇਸਰ ਨਾਲ ਭਰੇ ਮਿੱਠੇ ਚੌਲ, ਬਿਰਿਆਨੀ, ਹੱਥ ਨਾਲ ਬਣੇ ਬੇਸਨ ਦੇ ਲੱਡੂ, ਕੇਕ, ਸੁਆਦੀ ਢੋਕਲੇ ਤੇ ਹੋਰ ਬਹੁਤ ਸਾਰੇ ਰਵਾਇਤੀ ਪੀਲੇ ਪਕਵਾਨ ਤਿਆਰ ਕਰਕੇ ਆਪਣੇ ਰਸੋਈ ਹੁਨਰ ਦਾ ਪ੍ਰਦਰਸ਼ਨ ਕੀਤਾ। ਇਸ ਸਾਂਝੇ ਭੋਜਨ ਨੇ ਪਿਆਰ ਦੀ ਮਿਹਨਤ ਦੁਆਰਾ ਏਕਤਾ ਦੀ ਭਾਵਨਾ ਅਤੇ ਵਿਰਾਸਤ ਦੀ ਸੰਭਾਲ 'ਤੇ ਜ਼ੋਰ ਦਿੱਤਾ। ਤਿਉਹਾਰ ਦੌਰਾਨ, ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਰਸਮੀ ਤੌਰ 'ਤੇ ਇਕੱਠ ਨੂੰ ਸੰਬੋਧਨ ਕੀਤਾ, ਸਮੂਹਿਕ ਯਤਨਾਂ 'ਤੇ ਬਹੁਤ ਮਾਣ ਪ੍ਰਗਟ ਕੀਤਾ ਤੇ ਅਜਿਹੇ ਸਹਿਜ ਅਤੇ ਅਨੰਦਮਈ ਸਮਾਗਮ ਦੇ ਆਯੋਜਨ ਵਿੱਚ ਪੂਰੇ ਸਟਾਫ ਦੇ ਸਮਰਪਣ ਲਈ ਉਨ੍ਹਾਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਜਸ਼ਨ ਨੌਜਵਾਨਾਂ ਦੇ ਦਿਲਾਂ ਵਿੱਚ ਸਾਡੇ ਸੱਭਿਆਚਾਰ ਦੀਆਂ ਜੜ੍ਹਾਂ ਨੂੰ ਜ਼ਿੰਦਾ ਰੱਖਣ ਲਈ ਬਹੁਤ ਜ਼ਰੂਰੀ ਹਨ।

# ਪ ਸ ਸ ਫ ਦੀ ਸੂਬਾ ਕਮੇਟੀ ਦੇ 40 ਡੈਲੀਗੇਟ ਕੌਮੀ ਕਾਨਫਰੰਸ 'ਚ ਹੋਣਗੇ ਸ਼ਾਮਲ

**ਸਿਰੜੀ** : ਦੇਸ਼ ਦੇ ਕੇਂਦਰੀ ਅਤੇ ਰਾਜ ਸਰਕਾਰਾਂ ਦੇ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਕੁੱਲ ਹਿੰਦ ਰਾਜ ਸਰਕਾਰੀ ਮੁਲਾਜ਼ਮ ਫੈਡਰੇਸ਼ਨ ਦੀ 18ਵੀਂ ਨੈਸ਼ਨਲ ਕਾਨਫਰੰਸ 23 ਜਨਵਰੀ ਤੋਂ 26 ਜਨਵਰੀ ਚਾਰ ਰੋਜ਼ਾ ਮਹਾਰਾਸ਼ਟਰ ਦੇ ਸ਼ਹਿਰ ਸਿਰੜੀ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ ਜਿਸ ਵਿੱਚ ਪ ਸ ਸ ਫ 1406-22-ਬੀ ਚੰਡੀਗੜ੍ਹ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ, ਸੂਬਾ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਤੇ ਸੂਬਾ ਵਿੱਤ ਸਕੱਤਰ ਗੁਰਦੀਪ ਬਾਜਵਾ ਦੀ ਅਗਵਾਈ ਹੇਠ 40 ਡੈਲੀਗੇਟ ਦਾ ਵਫਦ ਭਾਗ ਲੈ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ ਸ ਸ ਫ ਦੇ ਸੂਬਾ ਪ੍ਰੈੱਸ ਸਕੱਤਰ ਇੰਦਰਜੀਤ ਸਿੰਘ ਵਿਰਦੀ ਅਤੇ ਸਹਾਇਕ ਪ੍ਰੈਸ ਸਕੱਤਰ ਗੁਰਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਕਾਨਫਰੰਸ ਅੰਦਰ ਜਿੱਥੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਵਿਚਾਰ ਚਰਚਾ ਕੀਤੀ ਜਾਵੇਗੀ ਉਥੇ ਆਉਣ ਵਾਲੇ ਸਮੇਂ ਲਈ ਆਲ ਇੰਡੀਆ ਸਟੇਟ ਗੌਰਮੈਂਟ ਫੈਡਰੇਸ਼ਨ ਦੀ ਕੇਂਦਰੀ ਕਮੇਟੀ ਦੀ ਚੋਣ ਵੀ ਕੀਤੀ ਜਾਵੇਗੀ।



ਉਹਨਾਂ ਦੱਸਿਆ ਕਿ ਇਸ ਕਾਨਫਰੰਸ ਵਿੱਚ ਦੇਸ਼ ਦੀਆਂ ਵੱਖ ਵੱਖ ਰਾਜਾਂ ਤੋਂ ਅਤੇ ਕੇਂਦਰੀ ਰਾਜਾਂ ਤੋਂ ਲਗਭਗ ਤਿੰਨ ਦਰਜਨ ਜਥੇਬੰਦੀਆਂ ਭਾਗ ਲੈ ਰਹੀਆਂ ਹਨ। ਇਸ ਕੌਮੀ ਕਾਨਫਰੰਸ ਵਿੱਚ ਗੁਰਵਿੰਦਰ ਸਿੰਘ ਚੰਡੀਗੜ੍ਹ, ਮਨੋਹਰ ਲਾਲ ਸ਼ਰਮਾ, ਬੀਰ ਇੰਦਰਜੀਤ ਪੁਰੀ, ਰਾਮ ਲੁਭਾਇਆ ਦਵੇਦੀ, ਬਲਵਿੰਦਰ ਸਿੰਘ ਭੁੱਟੋ, ਨੇ ਦੱਸਿਆ ਕੀ ਪਿਛਲੀ ਕਾਨਫਰੰਸ ਤੋਂ ਜੋ ਕਿ ਬੇਗੂਸਰਾਏ ਬਿਹਾਰ ਵਿਖੇ ਹੋਈ ਸੀ ਉਸ ਤੋਂ ਬਾਅਦ ਇਸ ਸਮੇਂ ਦੌਰਾਨ ਹੁਣ ਤੱਕ ਕੀਤੇ ਗਏ ਸੰਘਰਸ਼ਾਂ ਦਾ ਲੇਖਾ ਜੋਖਾ ਵੀ ਕੀਤਾ ਜਾਵੇਗਾ। ਇਸ ਮੌਕੇ ਗੁਰਪ੍ਰੀਤ ਸਿੰਘ ਵਕੀਮਪੁਰ, ਰਾਣੋਖੇੜੀ ਗਿੱਲਾ, ਗੁਰਵਿੰਦਰ ਸਿੰਘ ਚੰਡੀਗੜ੍ਹ, ਅਨਿਲ ਕੁਮਾਰ, ਬਲਜਿੰਦਰ ਸਿੰਘ, ਕਰਮ ਸਿੰਘ, ਪੁਸ਼ਪਿੰਦਰ ਕੁਮਾਰ ਪਿੰਕੀ, ਰਾਜਿੰਦਰ ਸਿੰਘ ਰਾਜਨ, ਸੰਜੀਵ ਕੁਮਾਰ, ਅਮਨਦੀਪ ਸਿੰਘ, ਸੁਖਦੇਵ ਸਿੰਘ ਚੰਗਾਲੀਵਾਲਾ, ਲਖਵਿੰਦਰ ਸਿੰਘ ਖ਼ਾਨਪੁਰ, ਦਰਸ਼ਨ ਸਿੰਘ ਚੀਮਾ, ਫ਼ਕੀਰ ਸਿੰਘ ਟਿੱਬਾ, ਬੱਗਾ ਸਿੰਘ, ਸ਼ਵਿੰਦਰ ਭੱਟੀ, ਹੀਰਾ ਸਿੰਘ ਭੱਟੀ, ਪ੍ਰਭਜੋਤ ਕੌਰ, ਸੰਦੀਪ ਕੌਰ, ਰੁਪਿੰਦਰ ਕੌਰ, ਕੁਲਦੀਪ ਸਿੰਘ ਕੌੜਾ, ਬੇਬੀ ਅਬਰੋਲ, ਰਤਨ ਸਿੰਘ ਆਦਿ ਪੰਜਾਬ ਦੇ 40 ਡੈਲੀਗੇਟ ਸਿਰੜੀ ਮਹਾਰਾਸ਼ਟਰ ਕੌਮੀ ਕਾਨਫਰੰਸ ਵਿਚ ਭਾਗ ਲੈ ਰਹੇ ਹਨ।

# ਬਲੱਡ ਸ਼ੂਗਰ ਚੈਕਅੱਪ ਕੈਂਪ ਲਗਾਇਆ

**ਬੰਗਾ (ਅਵਤਾਰ ਕਲੇਰ)**- ਇੰਟਰਨੈਸ਼ਨਲ ਪ੍ਰਧਾਨ ਏ ਪੀ ਸਿੰਘ ਦੀਆਂ ਹਦਾਇਤਾਂ ਤੇ ਕਲੱਬ ਐਡਮਿਨਿਸਟ੍ਰੇਸ਼ਨ ਧੀਰਜ ਕੁਮਾਰ ਮੱਕੜ ਅਮਰੀਕਾ ਦੇ ਦਿਸ਼ਾ ਨਿਰਦੇਸ਼ ਅਨੁਸਾਰ ਕਲੱਬ ਪ੍ਰਧਾਨ ਮੀਨੂੰ ਭੁੱਟਾ ਦੀ ਅਗਵਾਈ ਹੇਠ ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਕਲੱਬ ਡਾਇਬਟੀਜ਼ ਚੇਅਰਮੇਨ ਅਮਰਜੀਤ ਸਿੰਘ ਨਾਗਰਾ ਦੇ ਸਹਿਯੋਗ ਨਾਲ ਛੇਵਾਂ ਬਲੱਡ ਸ਼ੂਗਰ ਚੈਕਅੱਪ ਕੈਂਪ ਪਾਲ ਲੈਬੋਰਟਰੀ ਬੰਗਾ ਵਿਖੇ ਲਗਾਇਆ ਗਿਆ। ਅਮਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਕੁੱਲ 53 ਮਰੀਜ਼ਾਂ ਦੀ ਸ਼ੂਗਰ ਟੈਸਟ ਕੀਤੀ ਗਈ, ਜਿਸ ਵਿੱਚ 9 ਮਰੀਜ਼ਾਂ ਦੀ ਸ਼ੂਗਰ ਦੀ ਬੀਮਾਰੀ ਸਾਹਮਣੇ ਆਈ ਤੇ ਉਨ੍ਹਾਂ ਨੂੰ ਸਪੈਸ਼ਲਿਸਟ ਡਾਕਟਰ ਕੋਲ ਇਲਾਜ ਕਰਵਾਉਣ ਤੇ ਪ੍ਰਹੇਜ਼ ਕਰਨ ਤੇ ਕਸਰਤ ਕਰਨ ਲਈ ਕਿਹਾ ਗਿਆ। ਪ੍ਰਧਾਨ ਮੀਨੂੰ ਭੁੱਟਾ ਨੇ ਕਿਹਾ ਕਿ ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਲਗਾਇਆ ਸ਼ੂਗਰ ਕੈਂਪ ਇਕ ਸ਼ਲਾਘਾਯੋਗ ਕਾਰਜ ਹੈ। ਦੇਸ਼ ਅੰਦਰ ਹਰ ਸਾਲ ਸ਼ੂਗਰ ਦੇ ਮਰੀਜ਼ਾ ਦੀ ਗਿਣਤੀ 'ਚ ਭਾਰੀ ਵਾਧਾ ਹੋ ਰਿਹਾ ਹੈ ਜੋ ਚਿੰਤਾ ਦਾ ਵਿਸ਼ਾ ਹੈ। ਉਹਨਾਂ ਦੱਸਿਆ ਕਿ ਇਹ ਪ੍ਰੋਜੈਕਟ ਉਨ੍ਹਾਂ ਦੇ ਕਲੱਬ ਦਾ ਪੰਜਵਾਂ ਪ੍ਰੋਜੈਕਟ ਹੈ ਤੇ ਆਉਣ ਵਾਲੇ ਦਿਨਾਂ 'ਚ ਕਲੱਬ ਵੱਲੋਂ ਵੱਧ ਤੋਂ ਵੱਧ ਪ੍ਰੋਜੈਕਟ ਲਗਾਏ ਜਾਣਗੇ।



# ਮੀਂਹ ਨਾਲ ਖੁੱਲ੍ਹ ਜਾਂਦੀ ਵਿਕਾਸ ਕਾਰਜਾਂ ਦੀ ਪੋਲ : ਧਰਮਜੀਤ ਰਾਜਾ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਗੜ੍ਹਸ਼ੰਕਰ ਤੋਂ ਧਰਮਜੀਤ ਸਿੰਘ ਰਾਜਾ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਗੜ੍ਹਸ਼ੰਕਰ ਦੀ ਗੱਲ ਕੀਤੀ ਜਾਵੇ ਤਾਂ ਇੱਥੋਂ ਦੇ ਵਿਕਾਸ ਕਾਰਜਾਂ ਦੀ ਪੋਲ ਦਰਮਿਆਨੇ ਜਾਂ ਹਲਕੇ ਮੀਹ ਨਾਲ ਹੀ ਖੁੱਲ ਜਾਂਦੀ ਹੈ ਕਿਉਂਕਿ ਸਥਾਨਕ ਸ਼ਹਿਰ ਦੀਆਂ ਬਹੁਤ ਸਾਰੀਆਂ ਥਾਵਾਂ ਤੇ ਅੱਜ ਵੀ ਥੋੜੇ ਜਾ ਦਰਮਿਆਨੇ ਮੀਂਹ ਨਾਲ ਗੋਡੇ ਗੋਡੇ ਪਾਣੀ ਖੜ ਜਾਂਦਾ ਹੈ ਜਿਸ ਨਾਲ ਹਰ ਆਮ ਨੂੰ ਇਸ ਸਮੱਸਿਆ ਨਾਲ ਜੂਝਣਾ ਪੈਂਦਾ ਹੈ । ਧਰਜੀਤ ਰਾਜਾ ਨੇ ਕਿ ਇਥੇ ਇਹ ਵੀ ਦੱਸਣਾ ਬਣਦਾ ਹੈ ਕਈ ਤਾਂ ਉਹ ਥਾਵਾਂ ਤੇ ਪਾਣੀ ਖੜ ਜਾਂਦਾ ਹੈ ਜਿੱਥੇ ਪ੍ਰਸ਼ਾਸਨ ਵੱਲੋਂ ਭਾਵੇ ਮੁੜ ਨਵੀਕਰਨ ਸਬੰਧੀ ਸੜਕਾਂ ਜਾਂ ਗਲੀਆਂ ਦੁਬਾਰਾ ਬਣਾਈਆਂ ਜਾਂਦੀਆਂ ਹਨ ਪਰ ਉਹਨਾ ਥਾਵਾਂ ਦਾ ਲੈਵਲ ਨਹੀਂ ਉੱਚਾ ਕੀਤਾ ਜਾਂਦਾ। ਉਹਨਾਂ ਕਿਹਾ ਕਿ ਇਥੋਂ ਦੇ ਕਈ ਵਾਰਡਾਂ ਵਿੱਚ ਵੀ ਮੀਹ ਨਾਲ ਹਾਲਾਤ ਕਾਫੀ ਬਦ ਤੋ ਬਦਤਰ ਬਣ ਜਾਂਦੇ ਹਨ । ਧਰਮਜੀਤ ਰਾਜਾ ਨੇ ਮੰਗ ਕਰਦੇ ਕਿਹਾ ਸੀ ਇਹਨਾਂ ਥਾਵਾਂ ਦਾ ਲੈਵਲ ਉੱਚਾ ਕੀਤਾ ਜਾਵੇ ਅਤੇ ਮੀਹ ਅਤੇ ਗੰਦੇ ਪਾਣੀ ਦੀ ਨਿਕਾਸੀ ਦਾ ਢੁਕਵਾਂ ਪ੍ਰਬੰਧ ਕੀਤਾ ਜਾਵੇ ਤਾਂ ਜੋ ਗਲੀਆਂ ਨਾਲੀਆਂ ਵਿੱਚ ਪਾਣੀ ਨਾ ਖੜਾ ਹੋ ਸਕੇ।



# ਰਾਸ਼ਟਰੀ ਵੋਟਰ ਦਿਵਸ ਸਮਾਰੋਹ ਕਰਵਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ ਬਲਾਚੌਰ ਵਿਖੇ ਬਸੰਤ ਪੰਚਮੀ ਦੇ ਸ਼ੁਭ ਮੌਕੇ ਨੂੰ ਰਾਸ਼ਟਰੀ ਵੋਟਰ ਦਿਵਸ ਨਾਲ ਜੋੜਨ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ। ਕਾਲਜ ਪ੍ਰਿੰਸੀਪਲ ਡਾ. ਸਤੀਸ਼ ਕੁਮਾਰ ਧੀਮਾਨ ਦੀ ਅਗਵਾਈ ਹੇਠ ਆਯੋਜਿਤ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਲੋਕਤੰਤਰ ਨੂੰ ਮਜ਼ਬੂਤ ??ਕਰਨ ਵਿੱਚ ਵੋਟ ਪਾਉਣ ਦੀ ਭੂਮਿਕਾ ਬਾਰੇ ਜਾਗਰੂਕ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਤੇ ਸਰਸਵਤੀ ਵੰਦਨਾ ਨਾਲ ਹੋਈ। ਕਾਲਜ ਦੀ ਰਾਸ਼ਟਰੀ ਸੇਵਾ ਯੋਜਨਾ ਇਕਾਈ ਦੇ ਮੁਖੀ ਡਾ. ਹਰੀਨਾਥ ਅਤੇ ਡਾ. ਅੰਜਲੀ ਪਾਠਕ ਨੇ ਪ੍ਰੋਗਰਾਮ ਦਾ ਸੰਚਾਲਨ ਕੀਤਾ।ਪ੍ਰੋਗਰਾਮ ਦੇ ਇੱਕ ਮਹੱਤਵਪੂਰਨ ਹਿੱਸੇ ਵਜੋਂ, ਵਿਦਿਆਰਥੀਆਂ ਨੇ ਵੋਟਿੰਗ ਜਾਗਰੂਕਤਾ 'ਤੇ ਆਧਾਰਿਤ ਰਚਨਾਤਮਕ ਪੋਸਟਰ ਬਣਾਏ, ਜਿਸ ਰਾਹੀਂ ਉਨ੍ਹਾਂ ਨੇ ਸਾਰੇ ਨਾਗਰਿਕਾਂ, ਖਾਸ ਕਰਕੇ ਨੌਜਵਾਨਾਂ ਨੂੰ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ। ਕਾਲਜ ਦੇ ਵਿਦਿਆਰਥੀਆਂ ਨੇ ਇਸ ਗਤੀਵਿਧੀ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਕਾਲਜ ਦੇ ਪ੍ਰੋਫੈਸਰ ਡਾ. ਹਰੀਨਾਥ ਸ਼ਰਮਾ ਨੇ ਸਟੇਜ ਸੰਚਾਲਨ ਕਰਦੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਵੋਟ ਪਾਉਣ ਦੀ ਸਹੁੰ ਚੁਕਾਈ। ਉਨ੍ਹਾਂ ਨੇ ਵੋਟ ਪਾਉਣ ਨੂੰ ਨਾਗਰਿਕਾਂ ਦਾ ਪਵਿੱਤਰ ਫਰਜ਼ ਦੱਸਿਆ। ਸਮਾਗਮ ਵਿੱਚ ਵਿਸ਼ੇਸ਼ ਭਾਸ਼ਣ ਦਿੰਦੇ ਹੋਏ, ਰਾਜਨੀਤੀ ਸ਼ਾਸਤਰ ਵਿਭਾਗ ਦੇ ਪ੍ਰੋਫੈਸਰ ਡਾ. ਹਰਜਿੰਦਰ ਸਿੰਘ ਭਾਰਦਵਾਜ ਨੇ ਰਾਸ਼ਟਰੀ ਵੋਟਰ ਦਿਵਸ ਦੇ ਇਤਿਹਾਸ ਤੇ ਮਹੱਤਵ ਤੇ ਲੋਕਤੰਤਰ ਵਿੱਚ ਇੱਕ ਸੁਚੇਤ ਵੋਟਰ ਦੀ ਭੂਮਿਕਾ ਬਾਰੇ ਚਾਨਣਾ ਪਾਇਆ। ਉਨ੍ਹਾਂ ਨੌਜਵਾਨਾਂ ਨੂੰ ਸੁਚੇਤ ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਇਸ ਤੋਂ ਇਲਾਵਾ, ਕਾਲਜ ਦੇ ਪ੍ਰੋਫੈਸਰ ਤੇ ਸੈਕਟਰ ਅਫਸਰ ਰਮਨ ਨਾਹਰ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ, ਵੋਟ ਪਾਉਣ ਦੇ ਅਧਿਕਾਰਾਂ ਤੇ ਕਰਤੱਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।



# ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਆਮ ਲੋਕਾਂ ਨੂੰ ਕੀਤਾ ਜਾਗਰੂਕ



**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਪੰਜਾਬ ਦੀ ਅਗਵਾਈ ਹੇਠ ਪਿੰਡ ਢਾਹੇ ਦੇ ਕਮਿਊਨਿਟੀ ਹਾਲ ਵਿੱਚ ਪੰਜਾਬ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਇਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮਕਸਦ ਵੱਧ ਤੋਂ ਵੱਧ ਲੋਕਾਂ ਨੂੰ ਇਸ ਯੋਜਨਾ ਨਾਲ ਜੋੜ ਕੇ ਉਨ੍ਹਾਂ ਤੱਕ ਮੁਫ਼ਤ ਸਿਹਤ ਸਹੂਲਤਾਂ ਦੀ ਜਾਣਕਾਰੀ ਪਹੁੰਚਾਉਣਾ ਸੀ। ਇਸ ਮੌਕੇ ਜਸਪਾਲ ਢਾਹੇ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਹਰ ਪਰਵਾਰ ਲਈ ਵਰਦਾਨ ਸਾਬਤ ਹੋਵੇਗੀ। ਉਨ੍ਹਾਂ ਕਿਹਾ ਕਿ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਣਾ ਇਕ ਇਤਿਹਾਸਕ ਕਦਮ ਹੈ ਤੇ ਲੋਕਾਂ ਨੂੰ ਵੱਧ ਤੋਂ ਵੱਧ ਇਸ ਯੋਜਨਾ ਨਾਲ ਜੁੜਨਾ ਚਾਹੀਦਾ ਹੈ। ਕਮਿੱਕਰ ਸਿੰਘ ਡਾਢੀ, ਹਲਕਾ ਸੰਗਠਨ ਇੰਚਾਰਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੋਣਾਂ ਦੌਰਾਨ ਜੋ ਵਾਅਦੇ ਕੀਤੇ ਸਨ, ਉਹਨਾਂ ਨੂੰ ਅਮਲ ਵਿੱਚ ਲਿਆ ਕੇ ਸਾਬਤ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਭੇਦਭਾਵ ਦੇ ਹਰ ਪਰਿਵਾਰ ਨੂੰ ਇਸ ਯੋਜਨਾ ਦਾ ਲਾਭ ਮਿਲ ਰਿਹਾ ਹੈ। ਇਸ ਮੌਕੇ ਭਗਵੰਤ ਅਟਵਾਲ ਬਲਾਕ ਪ੍ਰਧਾਨ ,ਐਸ ਸੀ ਵਿੰਗ ਹਲਕਾ ਇੰਚਾਰਜ ਰਕੇਸ਼ ਜਾਂਦਲਾ, ਰਿੰਕੂ ਸਰਪੰਚ, ਸ਼ਿਵ ਕੁਮਾਰ ਸਰਪੰਚ, ਰਾਮਪਾਲ ਕਾਹੀਵਾਲ, ਰਾਮ ਕੁਮਾਰ ਬਲੋਲੀ ਸਰਪੰਚ, ਸਰਪੰਚ ਜੱਗਾ ਬਹਿਲੂ, ਸਰਪੰਚ ਵਿਕਾਸ ਭਾਲੋਵਾਲ, ਪ੍ਰਧਾਨ ਤਰਲੋਚਨ ਸਿੰਘ, ਸਰਪੰਚ ਲੱਕੀ ਕਪਿਲਾ, ਦੀਪਾ ਥਲੂਹ, ਕੈਪਟਨ ਬੱਗਾ ਸਿੰਘ, ਜਸਕਰਨ ਸਿੰਘ , ਜਰਨੈਲ ਸਿੰਘ, ਗੁਰਮੁੱਖ ਸੋਢੀ ਬਲਾਕ ਸੰਮਤੀ ਬਹਿਲੂ, ਮੈਡਮ ਊਸ਼ਾ ਰਾਣੀ, ਮੈਡਮ ਰਿੰਕੀ, ਅਰਜੀਤ ਬਿਲਾ ਸਰਪੰਚ, ਜਰਨੈਲ ਸਿੰਘ, ਸੱਜਣ ਸਿੰਘ, ਗੁਰਸਿਮਰਨ ਸਿੰਘ, ਨਿਤਿਨ ਪੁਰੀ ਬਲਾਕ ਪ੍ਰਧਾਨ, ਰਾਹੁਲ ਸੋਨੀ, ਮਨੂ ਪੁਰੀ, ਮਨੀ ਢਾਹੇ ਤੇ ਵੱਡੀ ਗਿਣਤੀ ਵਿਚ ਪਿੰਡਾਂ ਦੇ ਸਰਪੰਚ, ਪੰਚ ਤੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਰਾਸ਼ਟਰੀ ਵੋਟਰ ਦਿਵਸ 'ਤੇ ਵੋਟਿੰਗ ਸਹੁੰ ਚੁਕਾਈ

**ਜਲੰਧਰ (ਸ਼ੈਲੀ ਐਲਬਰਟ)**- ਭਾਰਤ ਦੇ ਮੁੱਖ ਚੋਣ ਕਮੀਸ਼ਨਰ ਦੀਆਂ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਯੋਗ ਅਗਵਾਈ ਵਿੱਚ 23 ਜਨਵਰੀ ਨੂੰ ਮੇਹਰ ਚੰਦ ਪੋਲੀਟੈਕਨਿਕ ਕਾਲਜ ਵਿਖੇ ਰਾਸ਼ਟਰੀ ਵੋਟਰ ਦਿਵਸ ਦੇ ਮੌਕੇ 'ਤੇ ਵੋਟਿੰਗ ਸਹੁੰ ਚੁਕਾਈ ਗਈ । ਨੋਡਲ ਅਫਸਰ ਕਪਿਲ ਓਹਰੀ ਤੇ ਸਵੀਪ ਇੰਚਾਰਜ ਪ੍ਰੀਤ ਕੰਵਲ ਦੁਆਰਾ ਵੋਟ ਦੀ ਮਹੱਤਤਾ ਸੰਬਧੀ ਚਾਨਣਾਂ ਪਾਉਦੇਂ ਹੋਏ ਬੱਚਿਆਂ ਨੂੰ ਨਿਡਰਤਾ, ਧਰਮ, ਵਰਗ, ਜਾਤੀ, ਸਮੁਦਾਇ, ਭਾਸ਼ਾ ਜਾ ਹੋਰ ਕਿਸੇ ਵੀ ਲਾਲਚ ਦੇ ਪ੍ਰਭਾਵ ਤੋਂ ਬਿਨ੍ਹਾਂ ਆਪਣੇ ਵੋਟ ਦੇ ਇਸਤੇਮਾਲ ਕਰਨ ਦੀ ਗੱਲ ਕਹੀ ਗਈ। ਮੈਡਮ ਪ੍ਰੀਤ ਕੰਵਲ ਨੇ ਸਾਰੇ ਹਾਜਿਰ ਵਿਦਿਆਰਥੀਆਂ ਤੇ ਸਟਾਫ਼ ਮੈਬਰਾਂ ਨੂੰ ਵੋਟ ਪਾਉਣ ਸਬੰਧੀ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ 'ਚ ਸੰਜੇ ਬਾਂਸਲ, ਰਾਜੀਵ ਭਾਟੀਆ, ਮੰਜੂ ਮਨਚੰਦਾ, ਅਮਿਤ ਖੰਨਾ, ਰਾਜੀਵ ਸ਼ਰਮਾ, ਨੇਹਾ, ਸਾਰੇ ਬੀ ਐੱਲ ਓ ਤੇ ਹੋਰ ਸ਼ਾਮਿਲ ਸਨ। ਨੋਡਲ ਅਫਸਰ ਕਪਿਲ ਓਹਰੀ ਦੇ ਯਤਨਾਂ ਸਦਕਾ ਇਹ ਸਹੁੰ ਚੁੱਕ ਸਮਾਰੋਹ ਨੇਪੜੇ ਚੜ੍ਹਿਆ।



# ਦ ਨੋਬੇਲ ਸਕੂਲ 'ਚ ਮਨਾਈ ਬਸੰਤ ਪੰਚਮੀ

**ਕਰਤਾਰਪੁਰ (ਹਰਮੇਸ਼ ਦੱਤ)**- ਬਸੰਤ ਪੰਚਮੀ ਦਾ ਤਿਉਹਾਰ 'ਦ ਨੋਬੇਲ ਸਕੂਲ' ਵਿੱਚ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਤਿਉਹਾਰ ਨੇ ਸਕੂਲ ਨੂੰ ਇੱਕ ਨਵੇਂ ਰੰਗ ਅਤੇ ਉਤਸ਼ਾਹ ਨਾਲ ਭਰ ਦਿੱਤਾ। 23 ਜਨਵਰੀ ਨੂੰ ਮਨਾਏ ਗਏ ਇਸ ਤਿਉਹਾਰ ਵਿੱਚ 6ਵੀਂ ਤੋਂ 9ਵੀਂ ਜਮਾਤ ਦੇ ਬੱਚਿਆਂ ਨੇ ਨਾ ਸਿਰਫ਼ ਅਕਾਦਮਿਕ ਗਤੀਵਿਧੀਆਂ ਵਿੱਚ ਹਿੱਸਾ ਲਿਆ, ਬਲਕਿ ਪਤੰਗ ਬਣਾਉਣ ਦੀ ਗਤੀਵਿਧੀ ਵਿੱਚ ਵੀ ਹਿੱਸਾ ਲੈ ਕੇ ਇਸ ਮੌਕੇ ਨੂੰ ਹੋਰ ਵੀ ਖ਼ਾਸ ਬਣਾਇਆ।ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਪ੍ਰੋ. ਸੀ ਐੱਲ ਕੋਛੜ, ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ, ਡਾਇਰੈਕਟਰ ਸਰੋਜ ਸ਼ਰਮਾ, ਪ੍ਰਿੰਸੀਪਲ ਰਵਿੰਦਰ ਕੌਰ ਅਤੇ ਸਕੂਲ ਦਾ ਸਟਾਫ਼ ਮੌਜੂਦ ਸੀ।ਇਸ ਪ੍ਰੋਗਰਾਮ ਦੀ ਸ਼ੁਰੂਆਤ ਗਿਆਨ ਦੀ ਦੇਵੀ ਸਰਸਵਤੀ ਦੀ ਪੂਜਾ ਨਾਲ ਕੀਤੀ ਗਈ, ਜਿਸ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਮਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਤੇ ਬਸੰਤ ਰੁੱਤ ਦਾ ਸੁਆਗਤ ਕੀਤਾ। ਸਮਾਰੋਹ ਦੇ ਅੰਤ ਵਿੱਚ ਸਕੂਲ ਦੇ ਚੇਅਰਮੈਨ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਤੇ ਪੂਰੀ ਲਗਨ ਅਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ । ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਗਿਆ। ਸਰਸਵਤੀ ਪੂਜਾ ਕੇ ਅੰਤ ਵਿੱਚ ਸਾਰੇ ਬੱਚਿਆਂ ਨੂੰ ਪੀਲੇ ਚੌਲਾਂ ਦਾ ਪ੍ਰਸ਼ਾਦ ਵੀ ਵੰਡਿਆ ਗਿਆ।



# ਏ ਜੀ ਆਈ ਇੰਫਰਾ ਲਿਮਟਿਡ ਵੱਲੋਂ ਖੇਡਾਂ ਦੇ ਖੇਤਰ 'ਚ ਸ਼ਾਨਦਾਰ ਪਹਿਲ

**ਜਲੰਧਰ (ਰਾਜੇਸ਼ ਥਾਪਾ)**- ਏ ਜੀ ਆਈ ਇੰਫਰਾ ਲਿਮਿਟੇਡ, ਜੋ ਕਿ ਇਲਾਕੇ ਦੀ ਇੱਕ ਪ੍ਰਮੁੱਖ ਰੀਅਲ ਅਸਟੇਟ ਤੇ ਇੰਫਰਾਸਟਰਕਚਰ ਕੰਪਨੀ ਹੈ, ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਤੇ ਉਨ੍ਹਾਂ ਨੂੰ ਅੱਗੇ ਵਧਾਉਣ ਲਈ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਕੰਪਨੀ ਆਪਣੀ ਸਹਾਇਕ ਸੰਸਥਾ ਏ ਜੀ ਆਈ ਸਪੋਰਟਸ ਇੰਸਟੀਟਿਊਟ ਆਫ ਇੰਡੀਆ ਦੇ ਅਧੀਨ ਕ੍ਰਿਕਟ ਐਕਸਲੈਂਸ ਸੈਂਟਰ ਤਿਆਰ ਕਰ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਦਾਰ ਸੁਖਦੇਵ ਸਿੰਘ, ਮੈਨੇਜਿੰਗ ਡਾਇਰੈਕਟਰ, ਏਜੀਆਈ ਇੰਫਰਾ ਲਿਮਿਟੇਡ ਨੇ ਦੱਸਿਆ ਕਿ ਇਸ ਸੈਂਟਰ ਵਿੱਚ ਲੜਕਿਆਂ ਤੇ ਲੜਕੀਆਂ ਦੋਵਾਂ ਲਈ ਉੱਚ ਦਰਜੇ ਦੀਆਂ ਕ੍ਰਿਕਟ ਸਹੂਲਤਾਂ ਉਪਲਬਧ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਹੁਣ ਤੱਕ ਪੰਜ ਕ੍ਰਿਕਟ ਪ੍ਰੈਕਟਿਸ ਪਿਚਾਂ ਤਿਆਰ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚੋਂ ਦੋ ਜਲੰਧਰ ਹਾਈਟਸ-1 ਅਤੇ ਤਿੰਨ ਜਲੰਧਰ ਹਾਈਟਸ-2, ਅਰਬਾਨਾ ਵਿੱਚ ਹਨ। ਇਸ ਤੋਂ ਇਲਾਵਾ ਸਕਾਈ ਗਾਰਡਨ ਪ੍ਰੋਜੈਕਟ, ਜੀ ਟੀ ਰੋਡ, ਜਲੰਧਰ ਵਿੱਚ ਜਲਦੀ ਹੀ ਹੋਰ ਤਿੰਨ ਕ੍ਰਿਕਟ ਪਿਚਾਂ ਦਾ ਨਿਰਮਾਣ ਸ਼ੁਰੂ ਕੀਤਾ ਜਾਵੇਗਾ।ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸੈਂਟਰ ਨੂੰ ਸਭ ਤੋਂ ਵਧੀਆ ਬਣਾਉਣ ਲਈ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਅਧਿਕਾਰੀਆਂ ਤੇ ਤਜਰਬੇਕਾਰ ਕ੍ਰਿਕਟ ਕੋਚਾਂ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ ਗਈ ਹੈ। ਅਭਿਜੀਤ ਸਿੰਘ, ਡਾਇਰੈਕਟਰ, ਏ ਜੀ ਆਈ ਇੰਫਰਾ ਲਿਮਿਟੇਡ, ਜੋ ਕਿ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਲਾਈਫ ਮੈਂਬਰ ਤੇ ਏ ਜੀ ਆਈ ਕ੍ਰਿਕਟ ਅਕੈਡਮੀ ਦੇ ਪ੍ਰਧਾਨ ਹਨ, ਨੇ ਦੱਸਿਆ ਕਿ ਮੌਜੂਦਾ ਸਮੇਂ ਵਿੱਚ ਇੱਥੇ ਦੋ ਮਿੱਟੀ ਦੀਆਂ ਪਿਚਾਂ, ਤਿੰਨ ਕਾਂਕਰੀਟ ਪਿਚਾਂ ਤੇ ਇੱਕ ਸਿੰਥੈਟਿਕ ਪਿਚ ਉਪਲਬਧ ਹਨ।ਉਨ੍ਹਾਂ ਦੱਸਿਆ ਕਿ ਦੋ ਹੋਰ ਮਿੱਟੀ ਦੀਆਂ ਪਿਚਾਂ ਅਤੇ ਇੱਕ ਸਿੰਥੈਟਿਕ ਪਿਚ ਦਾ ਕੰਮ ਜਾਰੀ ਹੈ ਅਤੇ ਫਲੱਡਲਾਈਟ ਸਹੂਲਤ ਵਾਲਾ ਬਾਕਸ ਕ੍ਰਿਕਟ ਗ੍ਰਾਊਂਡ ਲਗਭਗ ਤਿਆਰ ਹੋ ਚੁੱਕਾ ਹੈ।ਸੁਰਿੰਦਰ ਭਾਂਬਰੀ, ਮੈਨੇਜਿੰਗ ਡਾਇਰੈਕਟਰ, ਏਜੀਆਈ ਸਪੋਰਟਸ ਇੰਸਟੀਟਿਊਟ ਆਫ ਇੰਡੀਆ ਨੇ ਦੱਸਿਆ ਕਿ ਇਹ ਕ੍ਰਿਕਟ ਐਕਸਲੈਂਸ ਸੈਂਟਰ ਦੇਸ਼ ਭਰ ਤੋਂ ਆਉਣ ਵਾਲੇ ਉਭਰਦੇ ਖਿਡਾਰੀਆਂ ਲਈ ਖੁੱਲ੍ਹਾ ਰਹੇਗਾ।ਬਾਹਰਲੇ ਖਿਡਾਰੀਆਂ ਲਈ ਰਹਿਣ ਵਾਸਤੇ ਪੰਜ ਪੂਰੀ ਤਰ੍ਹਾਂ ਸਜਾਏ ਹੋਏ ਫਲੈਟ ਤਿਆਰ ਕੀਤੇ ਗਏ ਹਨ। ਇੱਥੇ ਉੱਚ ਪੱਧਰ ਦੇ ਕ੍ਰਿਕਟ ਕੋਚ ਨਿਯੁਕਤ ਕੀਤੇ ਜਾਣਗੇ। ਇਹ ਸੈਂਟਰ ਜਲੰਧਰ ਹਾਈਟਸ-2, ਅਰਬਾਨਾ, 66 ਫੁੱਟ ਰੋਡ, ਜਲੰਧਰ ਵਿੱਚ ਸਥਿਤ ਹੈ।



# ਪੰਜਾਬ ਸਰਕਾਰ ਪੱਛੜੇ ਵਰਗਾਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਕਰ ਰਹੀ ਮਜ਼ਬੂਤ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸਮਾਵੇਸ਼ੀ ਵਿਕਾਸ ਦੀ ਵਚਨਬੱਧਤਾ ਦੁਹਰਾਉਂਦਿਆਂ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਅਨੁਸੂਚਿਤ ਜਾਤੀਆਂ, ਹੋਰ ਪੱਛੜੇ ਵਰਗਾਂ ਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ।ਅਸ਼ੀਰਵਾਦ ਸਕੀਮ ਦੇ ਵੇਰਵੇ ਸਾਂਝੇ ਕਰਦਿਆਂ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਵਿੱਤੀ ਸਾਲ 2025-26 ਦੌਰਾਨ ਪੰਜਾਬ ਸਰਕਾਰ ਨੇ ਪੱਛੜੇ ਵਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ 2,559 ਪਰਿਵਾਰਾਂ ਨੂੰ ਲਾਭ ਪਹੁੰਚਾਉਣ ਲਈ 13.05 ਕਰੋੜ ਰੁਪਏ ਜਾਰੀ ਕੀਤੇ ਹਨ। ਉਨ੍ਹਾਂ ਕਿਹਾ, 'ਅਸ਼ੀਰਵਾਦ ਸਕੀਮ ਤਹਿਤ ਦਿੱਤੀ ਇਹ ਸਹਾਇਤਾ ਇਹਨਾਂ ਪਰਵਾਰਾਂ ਨੂੰ ਰਾਹਤ ਦੇਣ ਅਤੇ ਉਨ੍ਹਾਂ ਦੇ ਵਿੱਤੀ ਬੋਝ ਨੂੰ ਘਟਾਉਣ ਲਈ ਪ੍ਰਦਾਨ ਕੀਤੀ ਗਈ ਹੈ।'

# ਵਿਦਿਆਰਥੀਆਂ ਵੱਲੋਂ ਖੇਤੀਬਾੜੀ ਕਾਲਜ ਦਾ ਵਿੱਦਿਅਕ ਦੌਰਾ



**ਬਲਾਚੌਰ (ਜਸਵਿੰਦਰ ਬੈਂਸ)**- ਵਿਦਿਆਰਥੀਆਂ ਨੂੰ ਖੇਤੀਬਾੜੀ ਦੇ ਖੇਤਰ ਵਿੱਚ ਵਿਗਿਆਨਕ ਗਿਆਨ ਤੇ ਵਿਹਾਰਕ ਅਨੁਭਵ ਪ੍ਰਦਾਨ ਕਰਨ ਦੇ ਮਕਸਦ ਨਾਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਮਲਾਹ ਰੂਪਨਗਰ ਦੇ ਵਿਦਿਆਰਥੀਆਂ ਵੱਲੋਂ ਪੀ ਏ ਯੂ ਖੇਤੀਬਾੜੀ ਕਾਲਜ ਤੇ ਖੇਤਰੀ ਖੋਜ ਕੇਂਦਰ, ਬੱਲੋਵਾਲ ਸੌਂਖੜੀ ਦਾ ਇੱਕ ਵਿੱਦਿਅਕ ਦੌਰਾ ਕੀਤਾ ਗਿਆ। ??ਇਸ ਮੌਕੇ ਕਾਲਜ ਦੇ ਡੀਨ ਡਾ. ਮਨਮੋਹਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖੇਤਰੀ ਖੋਜ ਕੇਂਦਰ ਦੇ ਕੰਮਾਂ ਤੇ ਖੇਤੀਬਾੜੀ ਕਾਲਜ ਵਿੱਚ ਚੱਲ ਰਹੇ ਵੱਖ-ਵੱਖ ਕੋਰਸਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਮਿਸ ਆਂਚਲ ਕਟਾਰੀਆ ਨੇ ਵਿਦਿਆਰਥੀਆਂ ਦਾ ਨਿੱਘਾ ਸੁਆਗਤ ਕੀਤਾ ਤੇ ਬੀ ਐੱਸ ਸੀ ਖੇਤੀਬਾੜੀ ਵਿੱਚ ਦਾਖਲੇ ਦੀ ਪ੍ਰਕਿਰਿਆ, ਪੜ੍ਹਾਈ ਦੇ ਮਹੱਤਵ ਅਤੇ ਭਵਿੱਖ ਵਿੱਚ ਰੁਜ਼ਗਾਰ ਤੇ ਸਵੈ-ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਦੱਸਿਆ। ਡਾ. ਸ਼ਮਿੰਦਰ ਕੁਮਾਰ, ਡਾ. ਸਰਵਣ ਕੁਮਾਰ ਅਤੇ ਡਾ. ਮਨਜੀਤ ਕੌਰ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਕਾਲਜ ਦੀਆਂ ਆਧੁਨਿਕ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀ ਤੇ ਕਲਾਸ ਰੂਮਾਂ ਦਾ ਨਿਰੀਖਣ ਕੀਤਾ। ?ਡਾ. ਵਰੁਣ ਅੱਤਰੀ ਨੇ ਵਿਦਿਆਰਥੀਆਂ ਨੂੰ ਹਰਬਲ ਗਾਰਡਨ ਅਤੇ ਜੰਗਲਾਤ ਖੋਜ ਫਾਰਮ ਦਿਖਾਇਆ।ਮਿੱਟੀ ਦੀ ਪਰਖ ਬਾਰੇ ਡਾ. ਬਾਲ ਕ੍ਰਿਸ਼ਨ ਸੇਪਨ ਤੋਪਲੈ ਤੇ ਮੌਸਮ ਆਬਜ਼ਰਵੇਟਰੀ ਦੀ ਕਾਰਜਪ੍ਰਣਾਲੀ ਬਾਰੇ ਡਾ. ਨਵਨੀਤ ਕੌਰ ਨੇਵਿਦਿਆਰਥੀਆਂ ਨੂੰ ਵਡਮੁੱਲੀ ਜਾਣਕਾਰੀ ਪ੍ਰਦਾਨ ਕੀਤੀ।

# ਬਾਬਾ ਜੀ ਦੋ ਗੁੱਤਾਂ ਵਾਲਿਆਂ ਦੇ ਬਰਸੀ ਸਮਾਗਮ 'ਤੇ ਜੋੜ ਮੇਲੇ ਦੀਆਂ ਤਿਆਰੀਆਂ ਸ਼ੁਰੂ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਮਹਾਨ ਤਿਆਗੀ ਤੇ ਤਪੱਸਵੀ ਫ਼ਕੀਰ ਬਾਬਾ ਜੀ ਦੋ ਗੁੱਤਾਂ ਵਾਲਿਆਂ ਦੇ ਡੇਰਾ ਬੈਕੁੰਠ ਧਾਮ ਭੁੱਲੇਵਾਲ ਗੁੱਜਰਾਂ ਵਿਖੇ ਸਾਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਦੇਸ਼ ਵਿਦੇਸ਼ ਵਸਦੀਆਂ ਸੰਗਤਾਂ ਵਲੋਂ ਪੂਰਨ ਮਰਿਯਾਦਾ ਅਨੁਸਾਰ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸਭ ਧਰਮਾਂ ਦਾ ਬਰਾਬਰ ਸਤਿਕਾਰ ਤੇ ਸਾਂਝੀਵਾਲਤਾ ਦਾ ਉਪਦੇਸ਼ ਦੇਣ ਵਾਲੇ ਬਾਬਾ ਜੀ ਨੇ ਹਮੇਸ਼ਾ ਇਨਸਾਨੀਅਤ ਦਾ ਮਹੱਤਵ ਸਮਝਣ ਤੇ ਬੇਲੋੜੇ ਪਾਖੰਡਾਂ ਤੇ ਕਰਮ ਕਾਂਡਾਂ ਤੋਂ ਦੂਰ ਰਹਿਕੇ ਸੱਚੀ ਸੁੱਚੀ ਕਿਰਤ ਕਰਨ ਤੇ ਲੋੜਵੰਦਾਂ ਦੀ ਸਹਾਇਤਾ ਕਰਨ ਦਾ ਉਪਦੇਸ਼ ਸੰਗਤਾਂ ਨੂੰ ਦਿੱਤਾ। ਇਸ ਜੋੜ ਮੇਲੇ ਦੌਰਾਨ 31 ਜਨਵਰੀ, 1 ਫਰਵਰੀ ਨੂੰ ਗੋਲਡ ਕੱਪ ਕੁਸ਼ਤੀ ਮੁਕਾਬਲੇ, 2 ਫਰਵਰੀ ਨੂੰ ਬਾਬਾ ਜੀ ਦਾ ਜਨਮ ਦਿਹਾੜਾ ਤੇ 3 ਫਰਵਰੀ ਨੂੰ ਬਰਸੀ ਸਮਾਗਮ ਕਰਵਾਏ ਜਾਣਗੇ। ਬਾਬਾ ਜੀ ਦੋ ਗੁੱਤਾਂ ਵਾਲਿਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਕੁਸ਼ਤੀਆਂ ਦੇ ਮੁਕਾਬਲਿਆਂ ਵਿੱਚ ਦੇਸ਼ ਭਰ ਦੇ ਨਾਮੀ ਤੇ ਉੱਭਰ ਰਹੇ ਪਹਿਲਵਾਨ ਹਿੱਸਾ ਲੈਣਗੇ। ਕੁਸ਼ਤੀਆਂ ਦੇ ਮੁਕਾਬਲੇ ਕਰਵਾਉਣ ਦੀ ਜ਼ਿੰਮੇਵਾਰੀ ਤੇ ਪੂਰਾ ਪ੍ਰਬੰਧ ਹਰ ਸਾਲ ਦੀ ਤਰ੍ਹਾਂ ਪਹਿਲਵਾਨ ਹਰਜੀਤ ਸਿੰਘ ਬਿਲਨ ਤੇ ਉਨ੍ਹਾਂ ਦੇ ਭਰਾ ਬਲਜੀਤ ਸਿੰਘ ਬਿਲਨ ਪਿੰਡ ਰਾਏਪੁਰ ਡੱਬਾ ਹਾਲ ਵਾਸੀ ਕੈਨੇਡਾ ਦੇ ਪਰਿਵਾਰ ਤੇ ਸਹਿਯੋਗੀ ਸੱਜਣਾਂ ਵਲੋਂ ਬਾਬਾ ਜੀ ਦੇ ਆਸੀਰਵਾਦ ਨਾਲ ਕੀਤਾ ਜਾਵੇਗਾ। ਜਿਸ ਵਿੱਚ ਇਲਾਕਾ ਨਿਵਾਸੀਆਂ ਨੂੰ ਵਧ ਚੜ੍ਹ ਕੇ ਪਹੁੰਚਣ ਤੇ ਆਪੋ ਆਪਣੇਂ ਪਿੰਡਾਂ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੁਸ਼ਤੀ ਮੇਲੇ ਵਿੱਚ ਪਹੁੰਚੇ ਰਾਸ਼ਟਰੀ ਤੇ ਅੰਤਰਸਟਰੀ ਪੱਧਰ ਦੇ ਪਹਿਲਵਾਨਾਂ ਦੇ ਜੌਹਰ ਦੇਖਣ ਲਈ ਅਨਾਊਂਸਮੈਂਟਾਂ ਕਰਾਉਣ ਲਈ ਵੀ ਬੇਨਤੀ ਕੀਤੀ ਗਈ। ਬਾਬਾ ਜੀ ਦੇ ਜਨਮ ਦਿਵਸ ਤੇ ਪੰਜਾਬ ਦੇ ਨਾਮੀ ਕਲਾਕਾਰ ਪਹੁੰਚਣਗੇ ਤੇ ਸੰਗਤਾਂ ਨੂੰ ਸੰਤਾਂ ਦੀ ਮਹਿਮਾ ਦਾ ਗੁਣਗਾਨ ਸੁਣਾਉਣਗੇ।ਫਰਵਰੀ 3 ਬਰਸੀ ਵਾਲੇ ਦਿਨ ਇਲਾਕੇ ਦੇ ਸਮੂਹ ਡੇਰਿਆਂ ਦੇ ਸੰਤ ਮਹਾਂਪੁਰਸ਼ ਪਹੁੰਚ ਕੇ ਸੰਗਤਾਂ ਨੂੰ ਆਪਣੇਂ ਪ੍ਰਵਚਨਾਂ ਰਾਹੀਂ ਨਿਹਾਲ ਕਰਨਗੇ। ਡੇਰੇ ਦੀਆਂ ਸ਼ਰਧਾਲੂ ਸੰਗਤਾਂ ਵਾਸਤੇ ਲੰਗਰ ਤੇ ਚਾਹ ਪਾਣੀ ਚਾਰੋਂ ਦਿਨ ਅਤੁੱਟ ਵਰਤੇਗਾ। ਹਲਕਾ ਚੱਬੇਵਾਲ ਦੇ ਐੱਮ ਐੱਲ ਏ ਡਾਕਟਰ ਇਸ਼ਾਕ ਕੁਮਾਰ ਤੇ ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਐੱਮ ਪੀ ਡਾਕਟਰ ਰਾਜ ਕੁਮਾਰ ਵੀ ਹਰ ਸਾਲ ਦੀ ਤਰ੍ਹਾਂ ਇਸ ਮੇਲੇ ਵਿੱਚ ਪਹੁੰਚਣਗੇ ਤੇ ਬਾਬਾ ਜੀ ਦਾ ਆਸੀਰਵਾਦ ਪ੍ਰਾਪਤ ਕਰਨਗੇ। ਉਨ੍ਹਾਂ ਵਲੋਂ ਮੇਲੇ ਦੇ ਪ੍ਰਬੰਧਕਾਂ ਨੂੰ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਨੂੰ ਸੱਦਾ ਪੱਤਰ ਦੇਣ ਲਈ ਬਾਬਾ ਜੀ ਦੇ ਅਨਿਨ ਭਗਤ ਤੇ ਡੇਰਾ ਬੈਕੁੰਠ ਧਾਮ ਦੇ ਸੇਵਾਦਾਰ ਮਦਨ ਲਾਲ, ਪਰਮਜੀਤ ਸਿੰਘ,ਗ_ਰਪ੍ਰੀਤ ਮਾਹਿਲਪੁਰੀ, ਸੁਮਿਤ ਗੌਤਮ, ਤਲਵਿੰਦਰ ਸਿੰਘ ਹੀਰ, ਮਹਿੰਦਰ ਸਿੰਘ ਮੱਲ, ਅਮਨਦੀਪ ਸਿੰਘ ਕੰਮੋਵਾਲ, ਬਿੱਲਾ ਮਾਹਿਲਪੁਰ, ਇਕਬਾਲ ਸਿੰਘ, ਮੱਖਣ ਸਿੰਘ, ਪਰਮਿੰਦਰ ਸਿੰਘ, ਕੁਲਦੀਪ ਸਿੰਘ, ਜਸਵਿੰਦਰ ਸਿੰਘ, ਸੁਰਿੰਦਰ ਸਿੰਘ, ਯੋਧਾ ਸਿੰਘ ਸਮੇਤ ਵੱਡੀ ਗਿਣਤੀ 'ਚ ਸ਼ਰਧਾਲੂ ਪਹੁੰਚੇ ਹੋਏ ਸਨ।



# ਸੰਤ ਤਰਮਿੰਦਰ ਸਿੰਘ ਵੱਲੋਂ ਸੁੱਖ ਰਿਜ਼ੋਰਟ ਦਾ ਉਦਘਾਟਨ

**ਗੁਰਾਇਆ (ਬਿੰਦਰ ਸੁਮਨ)**- ਗੁਰਾਇਆ ਨੇੜਲੇ ਪਿੰਡ ਰੁੜਕਾ ਕਲਾਂ ਵਿਖੇ ਦਾ ਸੁੱਖ ਰਿਜ਼ੋਰਟ ਦੀ ਗ੍ਰੈਂਡ ਓਪਨਿੰਗ ਹੋਈ। ਇਸ ਰਿਜ਼ੋਰਟ ਦਾ ਰਸਮੀ ਉਦਘਾਟਨ ਡੇਰਾ ਸੰਤ ਤਰਲੋਕ ਸਿੰਘ ਜੀ ਸਤਿਸੰਗ ਘਰ ਕਾਹਨਾ ਢੇਸੀਆਂ ਦੇ ਮੁੱਖ ਸੇਵਾਦਾਰ ਸੰਤ ਤਰਮਿੰਦਰ ਸਿੰਘ ਨੇ ਰੀਬਨ ਕੱਟ ਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਰਿਜੋਰਟ ਦੇ ਐੱਮ ਡੀ ਅਮਰੀਕ ਸਿੰਘ ਵਿੱਕੀ ਤੇ ਗੁਰਦੀਪ ਸਿੰਘ ਮੌਜੂਦ ਰਹੇ। ਇਸ ਮੌਕੇ ਪੰਜਾਬ ਪ੍ਰਸਿੱਧ ਗਾਇਕ ਬੱਬੂ ਮਾਨ ਨੇ ਆਪਣੇ ਗੀਤਾਂ ਨਾਲ ਇਸ ਸ਼ਾਨਦਾਰ ਸਮਾਗਮ ਨੂੰ ਚਾਰ ਚੰਨ ਲਗਾਏ। ਇਸ ਦੇ ਨਾਲ ਹੀ ਗਾਇਕ ਬਲਰਾਜ਼ ਬਿਲਗਾ, ਜਸਵੀਰ ਮਾਹੀ ਅਤੇ ਐਲੀ ਮਾਂਗਟ ਨੇ ਆਪਣੇ ਗੀਤਾਂ ਨਾਲ ਹਾਜ਼ਰ ਲੋਕਾਂ ਨੂੰ ਝੂਮਣ ਲਾ ਦਿੱਤਾ। ਇਸ ਮੌਕੇ ਬੋਲਦਿਆਂ ਵੱਖ-ਵੱਖ ਬੁਲਾਰਿਆ ਨੇ ਕਿਹਾ ਕਿ ਦੁਆਬੇ ਦੇ ਪ੍ਰਸਿੱਧ ਪਿੰਡ ਰੁੜਕਾ ਕਲਾਂ ਵਿੱਚ ਇਹੋ ਜਿਹੇ ਰਿਜ਼ੋਰਟ ਦੇ ਨਿਰਮਾਣ ਨਾਲ ਇਲਾਕੇ ਭਰ ਦੇ ਲੋਕਾਂ ਨੂੰ ਲਾਭ ਮਿਲੇਗਾ। ਇਸ ਰਿਜ਼ੋਰਟ ਵਿੱਚ ਵਿਆਹ ਸ਼ਾਦੀਆ ਦੇ ਮੌਕੇ ਵੱਡੇ ਹਾਲ ਦੇ ਨਾਲ ਆਊਟ ਡੋਰ ਵਿੱਚ ਵੀ ਬੈਠਣ ਦਾ ਖਾਸ ਪ੍ਰਬੰਧ ਹੈ ਇਸ ਦੇ ਨਾਲ ਹੀ ਰਿਜ਼ੋਰਟ ਅੰਦਰ ਹੀ ਸੈਂਕੜੇ ਗੱਡੀਆਂ ਖੜੀਆਂ ਕਰਨ ਲਈ ਪਾਰਕਿੰਗ ਦਾ ਵੀ ਖਾਸ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਵਿਸ਼ੇਸ ਤੌਰ ਤੇ ਪ੍ਰਿੰਸੀਪਲ ਪ੍ਰੇਮ ਕੁਮਾਰ ਆਪ ਇੰਚਾਰਜ ਵਿਧਾਨ ਸਭਾ ਹਲਕਾ ਫਿਲੌਰ, ਸਰਪੰਚ ਅਕਵਿੰਦਰ ਕੌਰ, ਨਾਇਬ ਤਹਿਸੀਲਦਾਰ ਕੰਵਲਜੀਤ ਸਿੰਘ, ਗੁਰਮੰਗਲਦਾਸ ਸੋਨੀ, ਬੀ ਡੀ ਪੀ ਓ ਰਾਮ ਪਾਲ, ਐਕਸੀਅਨ ਸੁਖਬੀਰ ਸਿੰਘ ਧੀਮਾਨ, ਅਵਤਾਰ ਸਿੰਘ ਬਾਸੀ ਸਰਪੰਚ, ਗੁਰਮਿੰਦਰ ਸਿੰਘ ਕਾਨੂੰਗੋ, ਅਮਰਜੀਤ ਸਿੰਘ ਸੰਧੂ, ਕੁਲਵੰਤ ਸਿੰਘ ਸੰਧੂ, ਮੇਲਾ ਸਿੰਘ, ਹਰਮੇਸ਼ ਲਾਲ ਪ੍ਰਧਾਨ ਨਗਰ ਕੌਂਸ਼ਲ ਗੁਰਾਇਆ, ਗੁਰਵਿੰਦਰ ਸਿੰਘ ਸਰਪੰਚ, ਸਤਵਿੰਦਰ ਸਿੰਘ ਸਰਪੰਚ, ਸੋਡੀ ਸਿੰਘ ਰੂਪਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



# ਆਂਗਣਵਾੜੀ ਸੈਂਟਰਾਂ 'ਚ ਈ ਸੀ ਸੀ ਈ ਦਿਵਸ ਮਨਾਇਆ

**ਹੁਸ਼ਿਆਰਪੁਰ, (ਓ ਪੀ ਰਾਣਾ)**- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗਗਨਦੀਪ ਸਿੰਘ ਦੀ ਅਗਵਾਈ ਹੇਠ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਮੂਹ ਬਲਾਕਾਂ ਦੇ ਆਂਗਨਵਾੜੀ ਸੈਂਟਰਾਂ 'ਚ ਈ ਸੀ ਸੀ ਈ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਲਈ ਵੱਖ- ਵੱਖ ਸਿੱਖਿਆਤਮਕ ਤੇ ਮਨੋਰੰਜਕ ਗਤੀਵਿਧੀਆਂ, ਜਿਵੇਂ ਕਿ ਚਿੱਤਰਕਾਰੀ ਮੁਕਾਬਲੇ, ਕਵਿਤਾ ਪਾਠ, ਕਹਾਣੀ ਸੁਣਾਉਣਾ, ਖੇਡਾਂ ਅਤੇ ਸੱਭਿਆਚਾਰ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਦੌਰਾਨ ਮਾਵਾਂ ਨੂੰ ਬੱਚਿਆਂ ਦੀ ਸਿਹਤ ,ਪੋਸ਼ਣ, ਸਫ਼ਾਈ ਤੇ ਟੀਕਾਕਰਨ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ ਆਂਗਨਵਾੜੀ ਵਰਕਰਾਂ ਵੱਲੋਂ ਮਾਵਾਂ ਨੂੰ ਗਰਭ ਅਵਸਥਾ ਦੌਰਾਨ ਸਹੀ ਖ਼ੁਰਾਕ, ਸਿਹਤ ਜਾਂਚ, ਆਇਰਨ ਅਤੇ ਫੋਲਿਕ ਐਸਿਡ ਦੀ ਮਹੱਤਤਾ ਬਾਰੇ ਜਾਣਕਾਰੀ ਵੀ ਦਿੱਤੀ ਗਈ। ਇਸ ਮੌਕੇ ਆਂਗਨਵਾੜੀ ਕੇਂਦਰਾਂ ਵਿੱਚ ਸਿਹਤ ਵਿਭਾਗ ਦੇ ਕਰਮਚਾਰੀਆਂ ਵੱਲੋਂ ਮਾਵਾਂ ਅਤੇ ਬੱਚਿਆਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਪੌਸ਼ਟਿਕ ਖ਼ੁਰਾਕ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਮੁੱਚੇ ਵਿਕਾਸ, ਬੌਧਿਕ, ਭਾਵਨਾਤਮਕ ਤੇ ਸਮਾਜਿਕ ਪੱਖਾਂ ਨੂੰ ਮਜ਼ਬੂਤ ਕਰਨ ਵਿੱਚ ਮਦਦਗਾਰ ਸਾਬਿਤ ਹੁੰਦੀਆਂ ਹਨ।

